ਵੀਰਵਾਰ, 25 ਅਪ੍ਰੈਲ, 2024
13 ਵਿਸਾਖ ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 72
ਅੰਕ/NO. : 325

# ਨਵਾਂ ਜ਼ਮਾਨਾ

DAILY NAWAN ZAMANA • THURSDAY, 25 APRIL, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੁਪਰੀਮ ਕੋਰਟ ਪ੍ਰਧਾਨ ਮੰਤਰੀ ਦੇ ਭੜਕਾਊ ਭਾਸ਼ਣਾਂ ਦਾ ਨੋਟਿਸ ਲਵੇ : ਐੱਸ ਕੇ ਐੱਮ

### ਲੋਕਾਂ ਨੂੰ ਫਿਰਕੂ ਪਾੜਾ ਪਾਉਣ ਦੀਆਂ ਕੋਸ਼ਿਸ਼ਾਂ ਤੋਂ ਖ਼ਬਰਦਾਰ ਰਹਿਣ ਦਾ ਸੱਦਾ

**ਨਵੀਂ ਦਿੱਲੀ** : ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਨੇ ਮੰਗ ਕੀਤੀ ਹੈ ਕਿ ਇਕ ਖਾਸ ਫਿਰਕੇ ਦੇ ਖਿਲਾਫ ਬੇਹੱਦ ਨਫਰਤੀ ਭਾਸ਼ਣ ਦੇ ਕੇ ਕੌਮੀ ਏਕਤਾ ਨਾਲ ਜੁੜੇ ਕਾਨੂੰਨਾਂ ਦੀ ਉਲੰਘਣਾ ਕਰਨ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖਿਲਾਫ ਮੁਕੱਦਮਾ ਦਰਜ ਕੀਤਾ ਜਾਵੇ ਤੇ ਉਨ੍ਹਾ ਦੇ ਚੋਣ ਲੜਨ 'ਤੇ ਛੇ ਸਾਲ ਦੀ ਰੋਕ ਲਾਈ ਜਾਵੇ। ਪ੍ਰਧਾਨ ਮੰਤਰੀ ਨੂੰ ਫੌਰੀ ਤੌਰ 'ਤੇ ਹਟਾਇਆ ਜਾਣਾ ਚਾਹੀਦਾ ਹੈ, ਨਹੀਂ ਤਾਂ ਸੰਵਿਧਾਨਕ ਸੰਕਟ ਦਾ ਸਾਹਮਣਾ ਕਰਨਾ ਪਵੇਗਾ। ਮੋਦੀ ਦੇ ਭੜਕਾਊ ਭਾਸ਼ਣ ਦਾ ਉਦੇਸ਼ ਸਮਾਜੀ ਮਾਹੌਲ ਨੂੰ ਖਰਾਬ ਤੇ ਫਿਰਕਿਆਂ ਵਿਚਾਲੇ ਖ਼ੂਨ-ਖਰਾਬਾ ਕਰਨਾ ਹੈ, ਇਸ ਲਈ ਸੁਪਰੀਮ ਕੋਰਟ ਨੂੰ ਖੁਦ ਨੋਟਿਸ ਲੈ ਕੇ ਦਖਲ ਦੇਣਾ ਚਾਹੀਦਾ ਹੈ।

ਐੱਸ ਕੇ ਐੱਮ ਦੀ ਮੰਗਲਵਾਰ ਨੂੰ ਹੋਈ ਬੈਠਕ ਵਿਚ ਜੋਗਿੰਦਰ ਸਿੰਘ ਉਗਰਾਹਾਂ, ਦਰਸ਼ਨ ਪਾਲ, ਉਦੈ ਭਾਨ ਵਰਗੇ ਆਗੂਆਂ ਨੇ ਹਿੱਸਾ ਲਿਆ ਤੇ ਉਸ ਤੋਂ ਬਾਅਦ ਜਾਰੀ ਬਿਆਨ ਵਿਚ ਕਿਹਾ ਗਿਆ-20 ਅਪ੍ਰੈਲ ਨੂੰ ਰਾਜਸਥਾਨ ਦੇ ਬਾਂਸਵਾੜਾ ਵਿਚ ਪ੍ਰਧਾਨ ਮੰਤਰੀ ਦਾ ਬੇਹੱਦ ਭੜਕਾਊ ਭਾਸ਼ਣ ਕਾਨੂੰਨ ਦੇ ਸ਼ਾਸਨ ਪ੍ਰਤੀ ਉਨ੍ਹਾ ਦੇ ਪੂਰੀ ਤਰ੍ਹਾਂ ਅਨਾਦਰ ਤੇ ਦੇਸ਼ ਦੇ ਬਹੁਲਵਾਦੀ ਸਮਾਜੀ ਤਾਣੇ-ਬਾਣੇ ਪ੍ਰਤੀ ਘੋਰ ਅਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਪ੍ਰਧਾਨ ਮੰਤਰੀ ਨੇ ਦੇਸ਼ ਦੇ ਮੁੱਖ ਘੱਟਗਿਣਤੀ ਸਮੂਹ ਦੇ ਸਾਰੇ ਮੈਂਬਰਾਂ 'ਤੇ ਬਿਨਾਂ ਕਿਸੇ ਤੱਥ ਦੇ ਘੁਸਪੈਠੀਏ ਹੋਣ ਦਾ ਦੋਸ਼ ਲਾਇਆ ਹੈ, ਇਹ ਧਰਮਨਿਰਪੱਖ ਸੰਵਿਧਾਨ ਦੇ ਖਿਲਾਫ ਹੈ।

ਐੱਸ ਕੇ ਐੱਮ ਨੇ ਕਿਹਾ ਹੈ ਕਿ ਮੋਦੀ ਦਾ ਕਾਂਗਰਸ 'ਤੇ ਲੋਕਾਂ ਦੀ ਸੰਪਤੀ ਨੂੰ ਜ਼ਬਤ ਕਰਕੇ ਇਕ ਖਾਸ ਫਿਰਕੇ ਨੂੰ ਦੇਣ ਦਾ ਦੋਸ਼ ਅਸਲ ਵਿਚ ਮੋਦੀ ਸਰਕਾਰ ਦੇ ਪਿਛਲੇ 10 ਸਾਲਾਂ ਦੌਰਾਨ ਸੰਪਤੀ ਵਿਚ ਨਾਬਰਾਬਰੀ ਤੋਂ ਲੋਕਾਂ ਦਾ ਧਿਆਨ ਭਟਕਾਉਣ ਦੀ ਕੋਸ਼ਿਸ਼ ਹੈ। ਐੱਸ ਕੇ ਐੱਮ ਨੇ ਕਿਹਾ ਹੈ ਕਿ ਆਕਸਫੈਮ ਦੀ ਤਾਜ਼ਾ ਰਿਪੋਰਟ ਤੋਂ ਪਤਾ ਲਗਦਾ ਹੈ ਕਿ ਆਬਾਦੀ ਦਾ ਸਿਖਰਲਾ ਇਕ ਫੀਸਦੀ ਹਿੱਸਾ, ਜੋ ਸਾਰੇ ਅਰਬਪਤੀਆਂ ਦੀ ਨੁਮਾਇੰਦਗੀ ਕਰਦਾ ਹੈ, ਦੇਸ਼ ਦੀ ਸਾਢੇ 40 ਫੀਸਦੀ ਸੰਪਤੀ ਦਾ ਮਾਲਕ ਹੈ ਜਦਕਿ ਹੇਠਲੀ 50 ਫੀਸਦੀ ਆਬਾਦੀ ਜਾਂ 70 ਕਰੋੜ ਗਰੀਬ, ਪੇਂਡੂ ਮਜ਼ਦੂਰ ਤੇ ਦਰਮਿਆਨੇ ਕਿਸਾਨਾਂ ਕੋਲ ਦੇਸ਼ ਦੀ ਸੰਪਤੀ ਦਾ ਸਿਰਫ 3 ਫੀਸਦੀ ਹਿੱਸਾ ਹੈ। ਇਸ ਨੇ ਕਿਹਾ ਹੈ ਕਿ ਇਨ੍ਹਾਂ ਗਰੀਬ ਵਰਗਾਂ ਵਿਚਾਲੇ ਹਿੰਦੂ ਜਾਂ ਮੁਸਲਿਮ ਵੰਡ ਨਹੀਂ ਹੈ। ਮੋਦੀ ਸਰਕਾਰ ਨੇ ਪਿਛਲੇ 10 ਸਾਲਾਂ ਦੌਰਾਨ ਕਾਰਪੋਰੇਟ ਟੈਕਸ ਨੂੰ 30 ਫੀਸਦੀ ਤੋਂ ਘਟਾ ਕੇ 22 ਫੀਸਦੀ-16 ਫੀਸਦੀ ਵਿਚਾਲੇ ਕਰ ਦਿੱਤਾ ਹੈ। ਮੁਕੇਸ਼ ਅੰਬਾਨੀ ਦੇ ਕਾਰਪੋਰੇਟ ਸਮੂਹਾਂ ਵਿੱਚੋਂ ਇਕ ਰਿਲਾਇੰਸ ਨੇ ਆਪਣੀ ਸੰਪਤੀ 2014 ਵਿਚ 1,67,000 ਕਰੋੜ ਰੁਪਏ ਤੋਂ ਵਧਾ ਕੇ 2023 ਵਿਚ 8,03,000 ਕਰੋੜ ਰੁਪਏ ਕਰ ਲਈ ਹੈ। ਮੋਦੀ ਸਰਕਾਰ ਨੇ 2014-22 ਦੌਰਾਨ ਕਾਰਪੋਰੇਟ ਘਰਾਣਿਆਂ ਦੇ 14.55 ਲੱਖ ਕਰੋੜ ਰੁਪਏ ਦੇ ਕਰਜ਼ੇ ਵੱਟੇ-ਖਾਤੇ ਪਾ ਦਿੱਤੇ ਹਨ ਜਦਕਿ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਕਰਜ਼ਿਆਂ ਵਿਚ ਇਕ ਰੁਪਈਏ ਦੀ ਰਾਹਤ ਨਹੀਂ ਦਿੱਤੀ ਹੈ। ਮੋਦੀ ਰਾਜ ਵਿਚ ਭਾਰਤ ਵਿਚ ਰੋਜ਼ਾਨਾ ਔਸਤ 154 ਖੁਦਕੁਸ਼ੀਆਂ ਹੋ ਰਹੀਆਂ ਹਨ। ਮੋਰਚੇ ਨੇ ਮੌਜੂਦਾ ਹਾਲਾਤ ਨੂੰ ਅਸਾਧਾਰਨ ਦੱਸਦਿਆਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕੌਮੀ ਏਕਤਾ ਤੇ ਆਪਸੀ ਭਾਈਚਾਰੇ ਲਈ ਹਾਨੀਕਾਰਕ ਸੌੜੇ ਸੁਆਰਥੀਆਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਭੜਕਾਹਟ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਪ੍ਰਤੀ ਸਾਵਧਾਨ ਰਹਿਣ। ਇਸ ਨੇ ਕਿਹਾ ਹੈ ਕਿ ਸਿਰਫ ਲੋਕ ਹੀ ਫਿਰਕੂ ਵੰਡ ਦੀ ਸਿਆਸਤ ਨੂੰ ਹਰਾ ਸਕਦੇ ਹਨ ਅਤੇ ਭਾਰਤ ਦੇ ਧਰਮਨਿਰਪੱਖ ਤਾਣੇ-ਬਾਣੇ ਦੀ ਰਾਖੀ ਲਈ ਮਜ਼ਬੂਤੀ ਨਾਲ ਖੜ੍ਹੇ ਹੋ ਸਕਦੇ ਹਨ।

## ਲੇਹ-ਮਨਾਲੀ ਸੜਕ ਆਵਾਜਾਈ ਲਈ ਖੁੱਲ੍ਹੀ



**ਲੇਹ** : ਸਰਦੀਆਂ ਦੌਰਾਨ ਭਾਰੀ ਬਰਫਬਾਰੀ ਕਾਰਨ ਕਰੀਬ ਪੰਜ ਮਹੀਨਿਆਂ ਤੱਕ ਬੰਦ ਰਹਿਣ ਤੋਂ ਬਾਅਦ ਬਾਰਡਰ ਰੋਡਜ਼ ਆਰਗੇਨਾਈਜੇਸ਼ਨ ਨੇ 428 ਕਿਲੋਮੀਟਰ ਲੰਬੇ ਲੇਹ-ਮਨਾਲੀ ਰਾਸ਼ਟਰੀ ਰਾਜਮਾਰਗ ਨੂੰ ਮੁੜ ਵਾਹਨਾਂ ਦੀ ਆਵਾਜਾਈ ਲਈ ਖੋਲ੍ਹ ਦਿੱਤਾ ਹੈ। ਹਿਮਾਚਲ ਦੇ ਜ਼ਰੀਏ ਲੱਦਾਖ ਨੂੰ ਦੇਸ਼ ਦੇ ਬਾਕੀ ਹਿੱਸਿਆਂ ਨਾਲ ਜੋੜਨ ਵਾਲਾ ਮਾਰਗ ਨਵੰਬਰ 'ਚ ਸਰਦੀਆਂ ਦੀ ਸ਼ੁਰੂਆਤ ਅਤੇ ਬਰਫ ਜਮ੍ਹਾਂ ਹੋਣ ਦੇ ਨਾਲ ਬੰਦ ਕਰ ਦਿੱਤਾ ਗਿਆ ਸੀ। ਬਰਫ ਹਟਾਉਣ ਦੀ ਕਾਰਵਾਈ ਪੂਰੀ ਹੋਣ ਤੋਂ ਬਾਅਦ ਸੜਕ ਨੂੰ ਵਾਹਨਾਂ ਦੀ ਆਵਾਜਾਈ ਲਈ ਖੋਲ੍ਹ ਦਿੱਤਾ ਗਿਆ ਹੈ।

### ਜੱਸੀ ਖੰਗੂੜਾ ਨੇ ਆਪ ਛੱਡੀ

**ਲੁਧਿਆਣਾ** : ਕਾਂਗਰਸ ਦੇ ਸਾਬਕਾ ਵਿਧਾਇਕ ਜੱਸੀ ਖੰਗੂੜਾ, ਜੋ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 'ਆਪ' 'ਚ ਸ਼ਾਮਲ ਹੋਏ ਸਨ, ਨੇ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਹੈ। ਉਹ ਲੁਧਿਆਣਾ ਤੋਂ ਲੋਕ ਸਭਾ ਚੋਣਾਂ ਲਈ ਪਾਰਟੀ ਟਿਕਟ ਦੇ ਦਾਅਵੇਦਾਰਾਂ ਵਿੱਚੋਂ ਇੱਕ ਸਨ। ਪਾਰਟੀ ਨੇ ਲੁਧਿਆਣਾ ਲੋਕ ਸਭਾ ਸੀਟ ਲਈ ਮੌਜੂਦਾ ਵਿਧਾਇਕ ਅਸ਼ੋਕ ਪੱਪੀ ਪਰਾਸ਼ਰ ਨੂੰ ਉਮੀਦਵਾਰ ਐਲਾਨਿਆ ਹੈ।

### ਏ ਡੀ ਜੀ ਪੀ ਢਿੱਲੋਂ ਵੀ ਸਿਆਸਤ 'ਚ ਕੁੱਦਣਗੇ



**ਚੰਡੀਗੜ੍ਹ** : ਪੰਜਾਬ ਦੇ ਏ ਡੀ ਜੀ ਪੀ ਲਾਅ ਐਂਡ ਆਰਡਰ ਗੁਰਿੰਦਰ ਸਿੰਘ ਢਿੱਲੋਂ ਨੇ ਕਿਹਾ ਹੈ ਕਿ ਉਨ੍ਹਾ ਨੇ ਆਪਣੇ ਅਹੁਦੇ ਤੋਂ ਅਸਤੀਫਾ ਨਹੀਂ ਦਿੱਤਾ ਹੈ, ਪਰ ਸਵੈ-ਇੱਛਤ ਸੇਵਾਮੁਕਤੀ ਸਕੀਮ (ਵੀ ਆਰ ਐੱਸ) ਲਈ ਹੈ। ਸੂਤਰਾਂ ਮੁਤਾਬਕ ਉਹ ਜਲਦੀ ਹੀ ਕਿਸੇ ਸਿਆਸੀ ਪਾਰਟੀ 'ਚ ਸ਼ਾਮਲ ਹੋ ਸਕਦੇ ਹਨ। ਆਈ ਏ ਐੱਸ ਅਧਿਕਾਰੀ ਪਰਮਪਾਲ ਕੌਰ ਸਿੱਧੂ ਨੇ ਵੀ ਭਾਜਪਾ 'ਚ ਸ਼ਾਮਲ ਹੋਣ ਲਈ ਵੀ ਆਰ ਐੱਸ ਦੀ ਚੋਣ ਕੀਤੀ ਅਤੇ ਉਹ ਬਠਿੰਡਾ ਤੋਂ ਚੋਣ ਲੜ ਰਹੀ ਹੈ।

### ਪ੍ਰੇਮੀ 'ਤੇ ਤੇਜ਼ਾਬ ਸੁੱਟਿਆ

**ਬਲੀਆ** : ਯੂ ਪੀ ਦੇ ਬਲੀਆ ਜ਼ਿਲ੍ਹੇ ਦੇ ਬਾਂਸਡੀਹ ਰੋਡ ਇਲਾਕੇ ਦੇ ਪਿੰਡ 'ਚ ਮੁਟਿਆਰ ਨੇ ਕਿਸੇ ਹੋਰ ਕੁੜੀ ਨਾਲ ਵਿਆਹ ਕਰਨ ਤੋਂ ਨਾਰਾਜ਼ ਹੋ ਕੇ ਕਥਿਤ ਤੌਰ 'ਤੇ ਆਪਣੇ ਪ੍ਰੇਮੀ ਦੇ ਮੂੰਹ 'ਤੇ ਤੇਜ਼ਾਬ ਸੁੱਟ ਦਿੱਤਾ। ਪੁਲਸ ਨੇ ਕੁੜੀ ਨੂੰ ਹਿਰਾਸਤ 'ਚ ਲੈ ਲਿਆ ਹੈ। ਮੰਗਲਵਾਰ ਸ਼ਾਮ ਰਾਕੇਸ਼ ਬਿੰਦ ਦੀ ਬਰਾਤ ਨਿਕਲਣ ਵਾਲੀ ਸੀ ਕਿ ਇਸ ਦੌਰਾਨ ਪਿੰਡ ਦੀ ਹੀ ਲਕਸ਼ਮੀ ਨੇ ਉਸ ਦੇ ਚਿਹਰੇ 'ਤੇ ਤੇਜ਼ਾਬ ਸੁੱਟ ਦਿੱਤਾ। ਪੁੱਛ-ਪੜਤਾਲ ਦੌਰਾਨ ਖੁਲਾਸਾ ਹੋਇਆ ਕਿ ਰਾਕੇਸ਼ ਦੇ ਲਕਸ਼ਮੀ ਨਾਲ ਪਹਿਲਾਂ ਪ੍ਰੇਮ ਸੰਬੰਧ ਸਨ।

### ਰਾਇਸੀ ਸ੍ਰੀਲੰਕਾ ਪੁੱਜੇ

**ਕੋਲੰਬੋ** : ਮੱਧ-ਪੂਰਬ 'ਚ ਤਣਾਅ ਦੇ ਬਾਵਜੂਦ ਈਰਾਨ ਦੇ ਰਾਸ਼ਟਰਪਤੀ ਇਬਰਾਹਿਮ ਰਾਇਸੀ ਪਾਕਿਸਤਾਨ ਦੇ ਤਿੰਨ ਦਿਨਾਂ ਦੌਰੇ ਮਗਰੋਂ ਬੁੱਧਵਾਰ ਸ੍ਰੀਲੰਕਾ ਪੁੱਜੇ। ਉਨ੍ਹਾ ਦੀ ਸੁਰੱਖਿਆ ਲਈ ਥਲ, ਜਲ ਤੇ ਹਵਾਈ ਫੌਜ ਦੀਆਂ ਸੇਵਾਵਾਂ ਦੇ ਨਾਲ ਪੁਲਸ ਇਲੀਟ ਫੋਰਸ ਤੇ ਪੁਲਸ ਸਪੈਸ਼ਲ ਟਾਸਕ ਫੋਰਸ ਤਾਇਨਾਤ ਕੀਤੀ ਗਈ ਹੈ।

### ਗਡਕਰੀ ਸਟੇਜ 'ਤੇ ਬੇਹੋਸ਼



**ਯਵਤਮਾਲ** : ਕੇਂਦਰੀ ਮੰਤਰੀ ਨਿਤਿਨ ਗਡਕਰੀ (66) ਮਹਾਰਾਸ਼ਟਰ ਦੇ ਯਵਤਮਾਲ 'ਚ ਭਾਸ਼ਣ ਦਿੰਦੇ ਹੋਏ ਅਚਾਨਕ ਸਟੇਜ 'ਤੇ ਬੇਹੋਸ਼ ਹੋ ਗਏ। ਗਾਰਡ ਉਨ੍ਹਾ ਨੂੰ ਸਟੇਜ ਤੋਂ ਪਾਸੇ ਲੈ ਗਏ। ਕੁਝ ਦੇਰ ਬਾਅਦ ਗਡਕਰੀ ਫਿਰ ਸਟੇਜ 'ਤੇ ਆਏ ਤੇ ਭਾਸ਼ਣ ਪੂਰਾ ਕੀਤਾ। ਗਡਕਰੀ ਨੇ ਬਾਅਦ ਵਿਚ ਕਿਹਾ ਕਿ ਉਹ ਪੁਸਦ ਵਿਚ ਗਰਮੀ ਕਾਰਨ ਅਸਹਿਜ ਹੋ ਗਏ ਸਨ, ਪਰ ਹੁਣ ਠੀਕ ਹਨ ਤੇ ਵਰੂੜ ਦੀ ਚੋਣ ਰੈਲੀ ਲਈ ਜਾ ਰਹੇ ਹਨ।

### ਕੋਟਕ ਮਹਿੰਦਰਾ 'ਤੇ ਰੋਕ

**ਮੁੰਬਈ** : ਭਾਰਤੀ ਰਿਜ਼ਰਵ ਬੈਂਕ ਨੇ ਕੋਟਕ ਮਹਿੰਦਰਾ ਬੈਂਕ ਨੂੰ ਆਨਲਾਈਨ ਅਤੇ ਮੋਬਾਇਲ ਬੈਂਕਿੰਗ ਰਾਹੀਂ ਨਵੇਂ ਗਾਹਕਾਂ ਨੂੰ ਜੋੜਨ ਅਤੇ ਕ੍ਰੈਡਿਟ ਕਾਰਡ ਜਾਰੀ ਕਰਨ 'ਤੇ ਤੁਰੰਤ ਪਾਬੰਦੀ ਲਗਾ ਦਿੱਤੀ ਹੈ। ਉਸ ਨੇ ਕਿਹਾ ਕਿ ਕੋਟਕ ਬੈਂਕ ਦੇ ਆਈ ਟੀ ਜੋਖਮ ਪ੍ਰਬੰਧਨ ਅਤੇ ਸੂਚਨਾ ਸੁਰੱਖਿਆ ਕਾਰਜਾਂ 'ਚ ਕਮੀ ਕਾਰਨ ਇਹ ਕਾਰਵਾਈ ਕੀਤੀ ਗਈ ਹੈ।

## ਮੋਦੀ ਨੇ ਅਰਬਪਤੀ ਮਿੱਤਰਾਂ ਦਾ 16 ਲੱਖ ਕਰੋੜ ਦਾ ਕਰਜ਼ਾ ਮੁਆਫ ਕੀਤਾ : ਰਾਹੁਲ ਗਾਂਧੀ

**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਬੁੱਧਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਅਰਬਪਤੀ ਮਿੱਤਰਾਂ ਦਾ 16 ਲੱਖ ਕਰੋੜ ਰੁਪਏ ਦਾ ਕਰਜ਼ਾ ਮੁਆਫ ਕੀਤਾ। ਏਨੇ ਪੈਸਿਆਂ ਨਾਲ 16 ਕਰੋੜ ਨੌਜਵਾਨਾਂ ਨੂੰ ਇਕ ਲੱਖ ਰੁਪਏ ਸਾਲ ਦੇ ਹਿਸਾਬ ਨਾਲ ਨੌਕਰੀ ਮਿਲ ਸਕਦੀ ਸੀ। 16 ਕਰੋੜ ਮਹਿਲਾਵਾਂ ਨੂੰ ਇਕ ਲੱਖ ਰੁਪਏ ਸਾਲਾਨਾ ਦੇ ਕੇ ਉਨ੍ਹਾਂ ਦੀ ਜ਼ਿੰਦਗੀ ਬਦਲੀ ਜਾ ਸਕਦੀ ਸੀ। ਜਿਹੜਾ ਪੈਸਾ ਹਿੰਦੁਸਤਾਨੀਆਂ ਦੇ ਦਰਦ ਦੀ ਦਵਾ ਬਣ ਸਕਦਾ ਸੀ, ਉਸਨੂੰ ਅਡਾਨੀਆਂ ਦੀ ਹਵਾ ਬਣਾਉਣ ਵਿਚ ਖਰਚ ਕਰ ਦਿੱਤਾ ਗਿਆ। ਦੇਸ਼ ਮੋਦੀ ਨੂੰ ਇਸ ਅਪਰਾਧ ਲਈ ਕਦੇ ਮੁਆਫ ਨਹੀਂ ਕਰੇਗਾ।

ਰਾਹੁਲ ਨੇ ਇਹ ਵੀ ਕਿਹਾ ਕਿ ਜਿੰਨਾ ਅਰਬਪਤੀਆਂ ਦਾ ਕਰਜ਼ਾ ਮੁਆਫ ਕੀਤਾ ਗਿਆ, ਉਸ ਨਾਲ 10 ਕਰੋੜ ਕਿਸਾਨ ਪਰਵਾਰਾਂ ਦਾ ਕਰਜ਼ਾ ਮੁਆਫ ਕਰਕੇ ਅਣਗਿਣਤ ਖੁਦਕੁਸ਼ੀਆਂ ਰੋਕੀਆਂ ਜਾ ਸਕਦੀਆਂ ਸਨ। ਪੂਰੇ ਦੇਸ਼ ਨੂੰ 20 ਸਾਲਾਂ ਤੱਕ ਸਿਰਫ 400 ਰੁਪਏ ਵਿਚ ਗੈਸ ਸਿਲੰਡਰ ਦਿੱਤਾ ਜਾ ਸਕਦਾ ਸੀ। ਤਿੰਨ ਸਾਲ ਤੱਕ ਭਾਰਤੀ ਫੌਜ ਦਾ ਪੂਰਾ ਖਰਚਾ ਉਠਾਇਆ ਜਾ ਸਕਦਾ ਸੀ। ਦਲਿਤ, ਆਦਿਵਾਸੀ ਤੇ ਪਛੜੇ ਵਰਗ ਦੇ ਹਰ ਨੌਜਵਾਨ ਦੀ ਗ੍ਰੈਜੂਏਸ਼ਨ ਤੱਕ ਦੀ ਪੜ੍ਹਾਈ ਮੁਫਤ ਕਰਾਈ ਜਾ ਸਕਦੀ ਸੀ।

ਰਾਹੁਲ ਨੇ ਦਿੱਲੀ ਦੇ ਜਵਾਹਰ ਭਵਨ ਵਿਚ ਪਾਰਟੀ ਕਾਰਕੁਨਾਂ ਦੇ ਇਕ ਹੋਰ ਪ੍ਰੋਗਰਾਮ ਵਿਚ ਕਿਹਾ ਕਿ ਕਾਂਗਰਸ ਦੇ ਇਨਕਲਾਬੀ ਚੋਣ ਮੈਨੀਫੈਸਟੋ ਨੂੰ ਦੇਖ ਪ੍ਰਧਾਨ ਮੰਤਰੀ ਮੋਦੀ ਘਬਰਾ ਗਏ ਹਨ। ਬਿਲਕੁਲ ਹਿਲ ਗਏ ਹਨ। ਉਨ੍ਹਾ ਕਿਹਾ ਕਿ ਲੋਕ ਸਭਾ ਚੋਣਾਂ ਸਰਕਾਰ ਬਣਾਉਣ ਲਈ ਨਹੀਂ, ਸਗੋਂ ਦੇਸ਼ ਤੇ ਸੰਵਿਧਾਨ ਨੂੰ ਬਚਾਉਣ ਦੀਆਂ ਚੋਣਾਂ ਹਨ।

### ਟੀਚਰ ਨਿਯੁਕਤੀਆਂ ਰੱਦ ਕਰਨ ਖਿਲਾਫ ਪਟੀਸ਼ਨ

**ਨਵੀਂ ਦਿੱਲੀ** : ਪੱਛਮੀ ਬੰਗਾਲ ਸਰਕਾਰ ਨੇ ਰਾਜ ਸਕੂਲ ਸੇਵਾ ਕਮਿਸ਼ਨ (ਐੱਸ ਐੱਸ ਸੀ) ਵੱਲੋਂ 25753 ਅਧਿਆਪਕਾਂ ਅਤੇ ਗੈਰ-ਅਧਿਆਪਕ ਸਟਾਫ ਦੀ ਨਿਯੁਕਤੀ ਨੂੰ ਅਯੋਗ ਕਰਾਰ ਦੇਣ ਵਾਲੇ ਕਲਕੱਤਾ ਹਾਈ ਕੋਰਟ ਦੇ ਆਦੇਸ਼ ਨੂੰ ਸੁਪਰੀਮ ਕੋਰਟ 'ਚ ਚੈਲੰਜ ਕੀਤਾ ਹੈ। ਕਮਿਸ਼ਨ ਨੇ ਸਰਕਾਰੀ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਲਈ ਨਿਯੁਕਤੀਆਂ ਕੀਤੀਆਂ ਸਨ। ਰਾਜ ਸਰਕਾਰ ਨੇ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਵਾਲੀ ਸੁਪਰੀਮ ਕੋਰਟ 'ਚ ਕਿਹਾ ਕਿ ਹਾਈ ਕੋਰਟ ਨੇ 'ਆਪਹੁਰਦੇ ਢੰਗ ਨਾਲ' ਨਿਯੁਕਤੀਆਂ ਰੱਦ ਕਰ ਦਿੱਤੀਆਂ ਹਨ।

### ਰਾਹੁਲ ਅਮੇਠੀ ਤੇ ਪ੍ਰਿਅੰਕਾ ਰਾਏ ਬਰੇਲੀ ਤੋਂ ਖੜ੍ਹੇ ਹੋਣਗੇ



**ਨਵੀਂ ਦਿੱਲੀ** : ਰਾਹੁਲ ਗਾਂਧੀ ਦਾ ਅਮੇਠੀ ਤੇ ਪ੍ਰਿਅੰਕਾ ਗਾਂਧੀ ਦਾ ਰਾਏ ਬਰੇਲੀ ਤੋਂ ਲੋਕ ਸਭਾ ਚੋਣ ਲੜਨਾ ਤੈਅ ਹੈ। ਕਾਂਗਰਸ ਵੱਲੋਂ ਦੋਹਾਂ ਸੀਟਾਂ 'ਤੇ ਕਰਵਾਏ ਗਏ ਅੰਦਰੂਨੀ ਸਰਵੇ ਤੋਂ ਬਾਅਦ ਤੈਅ ਹੋਇਆ ਹੈ ਕਿ ਦੋਨੋਂ ਚੋਣ ਮੈਦਾਨ ਵਿਚ ਉਤਰਨਗੇ। ਪ੍ਰਿਅੰਕਾ ਦੀ ਇਹ ਪਹਿਲੀ ਚੋਣ ਹੋਵੇਗੀ।

### ਹਾਈ ਕੋਰਟ ਦੇ ਫੈਸਲਾ ਨਾ ਦੇਣ 'ਤੇ ਸੋਰੇਨ ਸੁਪਰੀਮ ਕੋਰਟ 'ਚ

**ਨਵੀਂ ਦਿੱਲੀ** : ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਬੁੱਧਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਹਾਈ ਕੋਰਟ ਮਨੀ ਲਾਂਡਰਿੰਗ ਮਾਮਲੇ 'ਚ ਈ ਡੀ ਵੱਲੋਂ ਕੀਤੀ ਗ੍ਰਿਫਤਾਰੀ ਨੂੰ ਚੁਣੌਤੀ ਦੇਣ ਵਾਲੀ ਉਨ੍ਹਾ ਦੀ ਪਟੀਸ਼ਨ 'ਤੇ ਆਪਣਾ ਫੈਸਲਾ ਨਹੀਂ ਦੇ ਰਹੀ ਹੈ। ਸੋਰੇਨ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਦੀਪਾਂਕਰ ਦੱਤਾ ਦੀ ਬੈਂਚ ਨੂੰ ਦੱਸਿਆ ਕਿ ਹਾਈ ਕੋਰਟ ਨੇ 28 ਫਰਵਰੀ ਨੂੰ ਫੈਸਲਾ ਸੁਰੱਖਿਅਤ ਰੱਖ ਲਿਆ ਸੀ, ਪਰ ਹਾਲੇ ਤੱਕ ਕੋਈ ਫੈਸਲਾ ਨਹੀਂ ਸੁਣਾਇਆ। ਝਾਰਖੰਡ ਦੇ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਸੋਰੇਨ ਨੂੰ ਇਸ ਮਾਮਲੇ 'ਚ 31 ਜਨਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਉਨ੍ਹਾ ਗ੍ਰਿਫਤਾਰੀ ਤੋਂ ਪਹਿਲਾਂ ਟਰਾਂਸਪੋਰਟ ਮੰਤਰੀ ਚੰਪਾਈ ਸੋਰੇਨ ਨੂੰ ਰਾਜ ਦੀ ਕਮਾਨ ਸੌਂਪ ਦਿੱਤੀ ਸੀ।

## ਤਾਮਿਲਨਾਡੂ ਦੇ ਕਿਸਾਨਾਂ ਦਾ ਦਿੱਲੀ 'ਚ ਪ੍ਰਦਰਸ਼ਨ



**ਨਵੀਂ ਦਿੱਲੀ** : ਤਾਮਿਲਨਾਡੂ ਦੇ ਕੁਝ ਕਿਸਾਨਾਂ, ਜਿਨ੍ਹਾਂ 'ਚ ਔਰਤਾਂ ਵੀ ਸ਼ਾਮਲ ਸਨ, ਨੇ ਬੁੱਧਵਾਰ ਇੱਥੇ ਮੋਬਾਈਲ ਟਾਵਰ ਉੱਤੇ ਚੜ੍ਹਨ ਦੀ ਕੋਸ਼ਿਸ਼ ਕੀਤੀ। ਇਹ ਕਿਸਾਨ ਆਪਣੀਆਂ ਫਸਲਾਂ ਦੇ ਬਿਹਤਰ ਭਾਅ, ਆਮਦਨੀ ਦੁੱਗਣੀ ਕਰਨ, ਪੰਜ ਹਜ਼ਾਰ ਰੁਪਏ ਪੈਨਸ਼ਨ, ਵਿਅਕਤੀਗਤ ਬੀਮਾ ਅਤੇ ਨਦੀ ਨੂੰ ਜੋੜਨ ਦੇ ਮੁੱਦੇ 'ਤੇ ਦਿੱਲੀ ਦੇ ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕਰ ਰਹੇ ਹਨ। ਪੁਲਸ ਨੇ ਦੱਸਿਆ ਕਿ ਤਾਮਿਲਨਾਡੂ ਦੇ ਬਹੁਤ ਸਾਰੇ ਕਿਸਾਨ ਜੰਤਰ-ਮੰਤਰ 'ਤੇ ਇਕੱਠੇ ਹੋਏ, ਜਿਨ੍ਹਾਂ ਵਿੱਚੋਂ ਕੁਝ ਨੇ ਨੇੜਲੇ ਦਰੱਖਤਾਂ ਅਤੇ ਮੋਬਾਈਲ ਟਾਵਰ 'ਤੇ ਚੜ੍ਹਨ ਦੀ ਕੋਸ਼ਿਸ਼ ਕੀਤੀ। ਪੁਲਸ ਨੇ ਪ੍ਰਦਰਸ਼ਨਕਾਰੀ ਕਿਸਾਨਾਂ ਵਿੱਚੋਂ ਇੱਕ ਨੂੰ ਮੋਬਾਈਲ ਟਾਵਰ ਤੋਂ ਉਤਾਰਨ ਲਈ ਫਾਇਰ ਬ੍ਰਿਗੇਡ ਕਰੇਨ ਦੀ ਵਰਤੋਂ ਕੀਤੀ। ਪ੍ਰਦਰਸ਼ਨਕਾਰੀਆਂ ਨੇ ਇਹ ਵੀ ਕਿਹਾ ਕਿ ਜੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਵਾਰਾਨਸੀ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਖਿਲਾਫ ਚੋਣ ਲੜਨਗੇ।

## ਯੂ ਜੀ ਸੀ ਖਿਲਾਫ ਜ਼ਬਰਦਸਤ ਮੁਜ਼ਾਹਰਾ




**ਨਵੀਂ ਦਿੱਲੀ** : ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ ਦੀ ਅਗਵਾਈ ਹੇਠ ਇਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਹੋਰ ਵਿਦਿਆਰਥੀ ਜਥੇਬੰਦੀਆਂ ਨਾਲ ਮਿਲ ਕੇ ਆਈ ਟੀ ਓ ਸਥਿਤ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ (ਯੂ ਜੀ ਸੀ) ਦੇ ਹੈੱਡਕੁਆਟਰ ਅੱਗੇ ਪ੍ਰਦਰਸ਼ਨ ਕੀਤਾ ਤੇ ਯੂਨੀਵਰਸਿਟੀ 'ਚ ਐਨ ਈ ਟੀ ਕ੍ਰਾਈਟੇਰੀਆ ਤਹਿਤ ਪੀਐੱਚ ਡੀ ਕਰਨ ਬਾਰੇ ਕੀਤੇ ਐਲਾਨ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ। ਵਿਦਿਆਰਥੀ ਬਹਾਦਰਸ਼ਾਹ ਜ਼ਫ਼ਰ ਮਾਰਗ ਵਾਲੇ ਪਾਸਿਉਂ ਯੂ ਜੀ ਸੀ ਦੇ ਮੁੱਖ ਦਫ਼ਤਰ ਵਲ ਵਧੇ ਪਰ ਦਿੱਲੀ ਪੁਲਸ ਨੇ ਉਨ੍ਹਾਂ ਨੂੰ ਉੱਥੇ ਹੀ ਰੋਕ ਲਿਆ ਤਾਂ ਵਿਦਿਆਰਥੀਆਂ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਤਿੱਖੀ ਧੁੱਪ 'ਚ ਉਨ੍ਹਾਂ ਨੇ ਧਰਨਾ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ 'ਐਨ ਈ ਟੀ' ਪਾਸ ਕੀਤੇ ਵਿਦਿਆਰਥੀਆਂ ਨੂੰ ਦੇਸ਼ ਦੀਆਂ ਯੂਨੀਵਰਸਿਟੀਆਂ 'ਚ ਪੀਐੱਚ ਡੀ ਕਰਨ ਬਾਰੇ ਘਾਤਕ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਮਤਿਹਾਨਾਂ ਬਾਰੇ ਮੋਡ ਬਦਲ ਦਿੱਤਾ ਗਿਆ ਹੈ ਤੇ ਫ਼ੀਸਾਂ 'ਚ ਖਾਸਾ ਵਾਧਾ ਕੀਤਾ ਗਿਆ ਹੈ। ਫ਼ੀਸਾਂ ਦਾ ਇਹ ਵਾਧਾ ਯੂ ਜੀ ਸੀ ਵੱਲੋਂ ਐਨ ਈ ਟੀ ਇਮਤਿਹਾਨਾਂ 'ਚ ਕੀਤੇ ਜਾਣ ਕਰਕੇ ਗ਼ਰੀਬ ਵਿਦਿਆਰਥੀਆਂ ਅੱਗੇ ਨਵੀਂ ਪ੍ਰੇਸ਼ਾਨੀ ਪੈਦਾ ਹੋ ਗਈ ਹੈ। ਵਿਦਿਆਰਥੀ ਆਗੂਆਂ ਨੇ ਕਿਹਾ ਕਿ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੀ ਖ਼ੁਦਮੁਖ਼ਤਿਆਰੀ ਨੂੰ ਚੁਣੌਤੀ ਦਿੱਤੀ ਜਾ ਰਹੀ ਹੈ ਤੇ ਇਸ ਦੀਆਂ ਤਾਕਤਾਂ ਘਟਾਈਆਂ ਜਾ ਸਕਦੀਆਂ ਹਨ। ਜੇ ਐਨ ਯੂ ਦੇ ਕਈ ਵਿਦਿਆਰਥੀ ਯੂਨੀਵਰਸਿਟੀ ਦੇ ਗੰਗਾ ਢਾਬੇ ਤੋਂ ਬੱਸਾਂ ਰਾਹੀਂ ਆਈ ਟੀ ਓ ਵਿਖੇ ਪੁੱਜਣ ਵਿੱਚ ਸਫਲ ਰਹੇ। ਪ੍ਰਦਰਸ਼ਨ 'ਚ ਹੋਰ ਵਿਦਿਆਰਥੀ ਜਥੇਬੰਦੀਆਂ ਦੇ ਨੁਮਾਇੰਦੇ ਵੀ ਸ਼ਾਮਲ ਸਨ।

### ਐੱਲ ਆਈ ਸੀ ਨੇ ਲੋਕਾਂ ਨੂੰ ਕੀਤਾ ਖ਼ਬਰਦਾਰ

**ਨਵੀਂ ਦਿੱਲੀ** : ਭਾਰਤੀ ਜੀਵਨ ਬੀਮਾ ਨਿਗਮ (ਐੱਲ ਆਈ ਸੀ) ਨੇ ਬੁੱਧਵਾਰ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਸੀਨੀਅਰ ਅਧਿਕਾਰੀਆਂ ਦੀਆਂ ਤਸਵੀਰਾਂ, ਕੰਪਨੀ ਦੇ ਬ੍ਰਾਂਡ ਨਾਂਅ ਅਤੇ ਲੋਗੋ ਦੀ ਦੁਰਵਰਤੋਂ ਕਰਕੇ ਧੋਖਾਧੜੀ ਵਾਲੇ ਇਸ਼ਤਿਹਾਰ ਦੇਣ ਵਾਲੇ ਕੁਝ ਲੋਕਾਂ/ ਇਕਾਈਆਂ ਖਿਲਾਫ ਲੋਕਾਂ ਨੂੰ ਸਾਵਧਾਨ ਕੀਤਾ ਹੈ।

ਨਿਗਮ ਨੇ ਆਪਣੇ ਪਾਲਿਸੀ ਧਾਰਕਾਂ ਅਤੇ ਜਨਤਾ ਨੂੰ ਸਾਵਧਾਨ ਰਹਿਣ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਐੱਕਸ 'ਤੇ ਅਜਿਹੀਆਂ ਸਾਰੀਆਂ ਪੋਸਟਾਂ ਦੀ ਪ੍ਰਮਾਣਿਕਤਾ ਦੀ ਜਾਂਚ ਕਰਨ ਲਈ ਕਿਹਾ ਹੈ। ਉਸ ਨੇ ਜਨਤਕ ਨੋਟਿਸ 'ਚ ਕਿਹਾ—ਸਾਡੇ ਧਿਆਨ 'ਚ ਆਇਆ ਹੈ ਕਿ ਕੁਝ ਲੋਕ ਅਤੇ ਸੰਸਥਾਵਾਂ ਸਾਡੀ ਸਹਿਮਤੀ ਤੋਂ ਬਿਨਾਂ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਧੋਖਾਧੜੀ ਨਾਲ ਇਸ਼ਤਿਹਾਰ ਦੇਣ ਲਈ ਸਾਡੇ ਸੀਨੀਅਰ ਅਧਿਕਾਰੀਆਂ ਜਾਂ ਸਾਬਕਾ ਅਧਿਕਾਰੀਆਂ ਦੀਆਂ ਤਸਵੀਰਾਂ, ਸਾਡੇ ਬ੍ਰਾਂਡ ਨਾਂਅ ਅਤੇ ਲੋਗੋ ਦੀ ਦੁਰਵਰਤੋਂ ਕਰ ਰਹੇ ਹਨ। ਇਸ ਤੋਂ ਆਮ ਲੋਕ ਤੇ ਪਾਲਿਸੀ ਧਾਰਕ ਸਾਵਧਾਨ ਰਹਿਣ।

## ਪਿਤਰੋਦਾ ਦੇ ਬਿਆਨ ਨੂੰ ਸਨਸਨੀਖੇਜ਼ ਬਣਾ ਕੇ ਪੇਸ਼ ਕੀਤਾ ਜਾ ਰਿਹੈ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇ ਬੁੱਧਵਾਰ ਅਮਰੀਕਾ ਦੇ ਵਿਰਾਸਤ ਟੈਕਸ 'ਤੇ ਸੈਮ ਪਿਤਰੋਦਾ ਦੇ ਬਿਆਨ ਤੋਂ ਆਪਣੇ ਆਪ ਨੂੰ ਵੱਖ ਕਰਦੇ ਹੋਏ ਕਿਹਾ ਕਿ ਉਨ੍ਹਾ ਦੀਆਂ ਗੱਲਾਂ ਨੂੰ ਸਨਸਨੀਖੇਜ਼ ਬਣਾ ਕੇ ਪੇਸ਼ ਕੀਤਾ ਜਾ ਰਿਹਾ ਹੈ ਤਾਂ ਜੋ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮੰਦਭਾਵਨਾ ਅਤੇ ਨਫਰਤ ਨਾਲ ਭਰੇ ਚੋਣ ਪ੍ਰਚਾਰ ਤੋਂ ਧਿਆਨ ਹਟਾਇਆ ਜਾ ਸਕੇ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ-ਸੈਮ ਪਿਤਰੋਦਾ ਮੇਰੇ ਸਮੇਤ ਦੁਨੀਆ ਭਰ ਦੇ ਬਹੁਤ ਸਾਰੇ ਲੋਕਾਂ ਦੇ ਗੁਰੂ, ਦੋਸਤ, ਦਾਰਸ਼ਨਿਕ ਅਤੇ ਮਾਰਗਦਰਸ਼ਕ ਹਨ। ਉਨ੍ਹਾ ਨੇ ਭਾਰਤ ਦੇ ਵਿਕਾਸ 'ਚ ਬਹੁਤ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਹ ਇੰਡੀਅਨ ਓਵਰਸੀਜ਼ ਕਾਂਗਰਸ ਦੇ ਪ੍ਰਧਾਨ ਹਨ। ਉਹ ਹਮੇਸ਼ਾ ਆਪਣੀ ਗੱਲ ਖੁੱਲ੍ਹ ਕੇ ਰੱਖਦੇ ਹਨ।

ਪਿਤਰੋਦਾ ਦੇ ਬਿਆਨ ਨੂੰ ਆਪਣੇ ਢੰਗ ਨਾਲ ਵਰਤਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਛੱਤੀਸਗੜ੍ਹ ਦੇ ਅੰਬਿਕਾਪੁਰ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ ਕਹਿੰਦੀ ਹੈ ਕਿ ਉਹ ਮਾਤਾ-ਪਿਤਾ ਤੋਂ ਮਿਲਣ ਵਾਲੀ ਵਿਰਾਸਤ 'ਤੇ ਵੀ ਟੈਕਸ ਲਾਵੇਗੀ। ਤੁਸੀਂ ਆਪਣੀ ਮਿਹਨਤ ਨਾਲ ਜੋ ਸੰਪਤੀ ਜੁਟਾਉਂਦੇ ਹੋ, ਉਹ ਤੁਹਾਡੇ ਬੱਚਿਆਂ ਨੂੰ ਨਹੀਂ ਮਿਲੇਗੀ। ਉਹ ਵੀ ਕਾਂਗਰਸ ਦਾ ਪੰਜਾ ਖੋਹ ਲਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਪਿਤਰੋਦਾ ਦੇ ਬਿਆਨ ਤੋਂ ਬਾਅਦ ਕਾਂਗਰਸ ਦੀ ਅਸਲੀ ਮਨਸ਼ਾ ਸਾਹਮਣੇ ਆ ਗਈ ਹੈ। ਪਿਤਰੋਦਾ ਨੇ ਕਿਹਾ ਹੈ ਕਿ ਅਮਰੀਕਾ ਦੀ ਤਰ੍ਹਾਂ ਸੰਪਤੀ ਦੀ ਵੰਡ ਹੋਣੀ ਚਾਹੀਦੀ ਹੈ। ਰਾਹੁਲ ਗਾਂਧੀ ਨੇ ਕਿਹਾ ਕਿ ਉਹ ਸਿਰਫ ਇਹ ਕਹਿ ਰਹੇ ਹਨ ਕਿ ਦੇਸ਼ ਵਿਚ ਜਿਨ੍ਹਾਂ ਨਾਲ ਬੇਇਨਸਾਫੀ ਹੋ ਰਹੀ ਹੈ, ਉਨ੍ਹਾਂ ਨੂੰ ਇਨਸਾਫ ਮਿਲਣਾ ਚਾਹੀਦਾ ਹੈ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਦੇਸ਼ ਵਿਚ ਇਕ ਸੰਵਿਧਾਨ ਹੈ। ਕਾਂਗਰਸ ਦੀ ਅਜਿਹੀ ਕੋਈ ਮਨਸ਼ਾ ਨਹੀਂ। ਮੋਦੀ ਵੋਟਾਂ ਖਾਤਰ ਖੇਡ ਖੇਡ ਰਹੇ ਹਨ। ਪਿਤਰੋਦਾ ਨੇ ਅਮਰੀਕਾ ਦੀ ਵਿਰਾਸਤ ਟੈਕਸ ਪ੍ਰਣਾਲੀ ਦਾ ਜ਼ਿਕਰ ਕਰਦੇ ਹੋਏ ਕਿਹਾ ਸੀ—ਅਮਰੀਕਾ 'ਚ ਵਿਰਾਸਤੀ ਟੈਕਸ ਲਗਾਇਆ ਜਾਂਦਾ ਹੈ। ਜੇ ਕਿਸੇ ਕੋਲ 10 ਕਰੋੜ ਡਾਲਰ ਦੀ ਜਾਇਦਾਦ ਹੈ ਅਤੇ ਜਦੋਂ ਉਹ ਮਰਦਾ ਹੈ ਤਾਂ ਇਸ ਦਾ ਸਿਰਫ 45 ਪ੍ਰਤੀਸ਼ਤ ਉਸ ਦੇ ਬੱਚਿਆਂ ਕੋਲ ਜਾ ਸਕਦਾ ਹੈ, ਬਾਕੀ 55 ਫੀਸਦੀ ਜਾਇਦਾਦ ਸਰਕਾਰ ਕੋਲ ਜਾਂਦੀ ਹੈ। ਭਾਰਤ 'ਚ ਅਜਿਹਾ ਕੋਈ ਕਾਨੂੰਨ ਨਹੀਂ ਹੈ। ਜੇ ਕਿਸੇ ਦੀ ਦੌਲਤ 10 ਅਰਬ ਹੈ ਅਤੇ ਉਹ ਮਰ ਜਾਂਦਾ ਹੈ, ਉਸ ਦੇ ਬੱਚਿਆਂ ਨੂੰ 10 ਅਰਬ ਮਿਲਦੇ ਹਨ ਅਤੇ ਲੋਕਾਂ ਨੂੰ ਕੁਝ ਨਹੀਂ ਮਿਲਦਾ। ਲੋਕਾਂ ਨੂੰ ਅਜਿਹੇ ਮੁੱਦਿਆਂ 'ਤੇ ਚਰਚਾ ਕਰਨ ਦੀ ਲੋੜ ਹੈ। ਮੈਨੂੰ ਨਹੀਂ ਪਤਾ ਕਿ ਅੰਤ 'ਚ ਸਿੱਟਾ ਕੀ ਨਿਕਲੇਗਾ, ਪਰ ਜਦੋਂ ਅਸੀਂ ਦੌਲਤ ਦੀ ਮੁੜ ਵੰਡ ਦੀ ਗੱਲ ਕਰਦੇ ਹਾਂ ਤਾਂ ਅਸੀਂ ਉਨ੍ਹਾਂ ਨਵੀਆਂ ਨੀਤੀਆਂ ਅਤੇ ਨਵੇਂ ਪ੍ਰੋਗਰਾਮਾਂ ਦੀ ਗੱਲ ਕਰ ਰਹੇ ਹਾਂ, ਜੋ ਨਾ ਸਿਰਫ ਅਮੀਰਾਂ, ਸਗੋਂ ਬਹੁਤ ਅਮੀਰਾਂ ਦੇ ਹਿੱਤ 'ਚ ਹਨ।

## ਅੱਜ-ਨਾਮਾ

ਲੱਗ ਰਹੇ ਦੋਸ਼ ਤਾਂ ਲੱਗੀ ਹਨ ਇੰਜ ਜਾਣੇ,
ਜਦੋਂ ਤੱਕ ਚੋਣ ਮੁਕੰਮਲ ਨਾ ਹੋਈ ਮੀਆਂ।
ਕੰਪੀਟੀਸ਼ਨ ਜਿਹਾ ਚੱਲ ਰਿਹਾ ਦੂਸ਼ਣਾਂ ਦਾ,
ਚਾਹਵੇ ਪਛੜਨਾ ਕਿਤੇ ਨਹੀਂ ਕੋਈ ਮੀਆਂ।
ਜਿਹੜੀ ਹੋਈ-ਅਣਹੋਈ ਕੋਈ ਸੁੱਝ ਜਾਂਦੀ,
ਮਸਲਾ ਬਣਦੀ ਹੈ ਬਹਿਸ ਦਾ ਸੋਈ ਮੀਆਂ।
ਸਮਾਜਕ ਸਾਂਝ ਦੀ ਗੱਲ ਕੁਝ ਘੱਟ ਸੁਣਦੀ,
ਹਰ ਕੋਈ ਜ਼ਹਿਰ ਹੈ ਜਾਂਵਦਾ ਚੋਈ ਮੀਆਂ।
ਜਦ ਤੱਕ ਸਿਰੇ ਚੜ੍ਹਨਾ ਈ ਕੰਮ ਚੋਣ ਵਾਲਾ,
ਚੱਲਦਾ ਰਹਿਣਾ ਬੱਸ ਇਹੋ ਘਮਸਾਨ ਮੀਆਂ।
ਕੋਈ ਨਹੀਂ ਸੋਚਦਾ ਚਾਰ-ਛੇ ਹਫਤਿਆਂ 'ਚ,
ਹੋ ਜਾਊ ਸਮਾਜ ਦਾ ਕਿੰਨਾ ਨੁਕਸਾਨ ਮੀਆਂ।

-ਤੀਸ ਮਾਰ ਖਾਂ

### ਅਖਿਲੇਸ਼ ਕਨੌਜ ਤੋਂ ਖੁਦ ਚੋਣ ਲੜਨਗੇ



**ਲਖਨਊ** : ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਕਨੌਜ ਤੋਂ ਲੋਕ ਸਭਾ ਚੋਣ ਲੜਨਗੇ। ਦੋ ਦਿਨ ਪਹਿਲਾਂ ਉਨ੍ਹਾ ਤੇਜ ਪ੍ਰਤਾਪ ਨੂੰ ਉਮੀਦਵਾਰ ਐਲਾਨਿਆ ਸੀ ਪਰ ਉਸ ਦਾ ਵਿਰੋਧ ਹੋਣ ਕਰਕੇ ਖੁਦ ਚੋਣ ਲੜਨ ਦਾ ਫੈਸਲਾ ਕੀਤਾ ਹੈ। ਉਹ ਵੀਰਵਾਰ ਨਾਮਜ਼ਦਗੀ ਕਾਗਜ਼ ਦਾਖਲ ਕਰਨਗੇ। ਤੇਜ ਪ੍ਰਤਾਪ ਮੁਲਾਇਮ ਸਿੰਘ ਦੇ ਭਰਾ ਰਤਨ ਸਿੰਘ ਦਾ ਬੇਟਾ ਅਤੇ ਲਾਲੂ ਪ੍ਰਸਾਦ ਦਾ ਦਾਮਾਦ ਹੈ। ਯਾਦਵ ਖਾਨਦਾਨ ਦੀ ਗੜ੍ਹ ਰਹੀ ਇਸ ਸੀਟ 'ਤੇ 2019 ਵਿਚ ਭਾਜਪਾ ਦੇ ਸੁਬ੍ਰਤ ਪਾਠਕ ਨੇ ਅਖਿਲੇਸ਼ ਦੀ ਪਤਨੀ ਡਿੰਪਲ ਯਾਦਵ ਨੂੰ ਹਰਾ ਦਿੱਤਾ ਸੀ।

## ਗੁਰਦਿਆਲ ਸਿੰਘ ਦੇ ਹੱਕ 'ਚ ਮੁਹਿੰਮ ਤੇਜ਼

**ਖਡੂਰ ਸਾਹਿਬ**—ਸੀ ਪੀ ਆਈ ਤੇ ਸੀ ਪੀ ਆਈ (ਐੱਮ) ਦੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸਾਂਝੇ ਉਮੀਦਵਾਰ ਗੁਰਦਿਆਲ ਸਿੰਘ ਦੇ ਹੱਕ ਵਿੱਚ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਬੁੱਧਵਾਰ ਖਡੂਰ ਸਾਹਿਬ, ਜੋ ਗੁਰੂ ਅੰਗਦ ਦੇਵ ਜੀ ਦੀ ਧਰਤੀ ਕਰਕੇ ਜਾਣੀ ਜਾਂਦੀ ਹੈ, ਖਡੂਰ ਵਿਖੇ ਸੀ ਪੀ ਆਈ ਨੇ ਆਪਣੇ ਹਮਾਇਤੀਆਂ ਦੀ ਮੀਟਿੰਗ ਕਿਸਾਨ ਆਗੂ ਬਲਦੇਵ ਸਿੰਘ ਧੂੰਦਾ ਤੇ ਕੁਲਵੰਤ ਖਡੂਰ ਸਾਹਿਬ ਦੀ ਪ੍ਰਧਾਨਗੀ ਹੇਠ ਕੀਤੀ। ਸੰਬੋਧਨ ਦੌਰਾਨ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਭਾਜਪਾ, ਕਾਂਗਰਸ, ਅਕਾਲੀ ਤੇ ਆਪ ਦੇ ਉਮੀਦਵਾਰਾਂ ਨੂੰ ਹਰਾਉਣਾ ਇਸ ਲਈ ਜ਼ਰੂਰੀ ਹੈ ਕਿ ਇਨ੍ਹਾਂ ਪਾਰਟੀਆਂ ਨੇ ਗਰੀਬ, ਮੱਧਵਰਗੀ ਤੇ ਕਿਸਾਨਾਂ ਦਾ ਖ਼ੂਨ ਚੂਸਿਆ ਹੈ। ਇਨ੍ਹਾਂ ਪਾਰਟੀਆਂ ਨੇ ਘੁੱਗ ਵੱਸਦੇ ਪੰਜਾਬ ਨੂੰ ਉਜਾੜ ਦਿੱਤਾ ਹੈ, ਜਿਸ ਕਰਕੇ ਜਵਾਨੀ ਵਿਦੇਸ਼ਾਂ ਵਿੱਚ ਧੱਕੇ ਖਾਣ ਲਈ ਮਜਬੂਰ ਹੈ। ਇਸ ਲਈ ਇਨ੍ਹਾਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਵੋਟ ਪਾਉਣੀ ਖੂਹ ਵਿੱਚ ਸੁੱਟਣ ਦੇ ਬਰਾਬਰ ਹੈ। ਇਸ ਸਮਾਜ ਨੂੰ ਮੁੜ ਤੰਦਰੁਸਤ ਤੇ ਖੁਸ਼ਹਾਲ ਬਣਾਉਣ ਵਾਸਤੇ ਗੁਰਦਿਆਲ ਸਿੰਘ ਦੇ ਚੋਣ ਨਿਸ਼ਾਨ ਦਾਤਰੀ ਸਿੱਟੇ ਨੂੰ ਵੋਟ ਪਾਵੋ। ਉਮੀਦਵਾਰ ਗੁਰਦਿਆਲ ਸਿੰਘ ਨੇ ਕਿਹਾ ਕਿ ਮੈਂ ਪਹਿਲਾਂ ਵੀ ਲੋਕਾਂ ਦਾ ਸੇਵਕ ਹਾਂ ਤੇ ਜਿੱਤਣ ਤੋਂ ਬਾਅਦ ਵੀ ਪਾਰਲੀਮੈਂਟ ਵਿੱਚ ਲੋਕਾਂ ਦੇ ਹੱਕ-ਹਕੂਕ ਬਹਾਲ ਕਰਨ ਦੇ ਮੁੱਦੇ ਉਠਾਉਂਦਾ ਰਹਾਂਗਾ। ਸਭ ਤੋਂ ਵੱਡਾ ਤੇ ਅਹਿਮ ਮੁੱਦਾ ਪੰਜਾਬ ਦੀ ਜਵਾਨੀ ਨੂੰ ਰੁਜ਼ਗਾਰ ਦੇਣ ਦਾ, ਖੇਤ ਮਜ਼ਦੂਰਾਂ ਤੇ ਕਿਸਾਨਾਂ ਦੇ ਕਰਜ਼ੇ ਮੁਆਫ਼ ਕਰਨ ਦਾ, ਗਰੀਬਾਂ, ਬੇਸਹਾਰਾ, ਅੰਗਹੀਣ ਤੇ ਬੁਢਾਪਾ ਪੈਨਸ਼ਨਾਂ ਅਤੇ ਨਰੇਗਾ ਕਾਨੂੰਨ ਅਧੀਨ ਕੰਮ ਸਾਲ ਵਿੱਚ 200 ਦਿਨ ਤੇ ਦਿਹਾੜੀ 1000 ਰੁਪਏ ਕਰਨ ਦਾ ਹੈ, ਇਹ ਮੁੱਦੇ ਹੱਲ ਕੀਤੇ ਜਾਣਗੇ। ਇਸ ਲਈ ਮੇਰੀ ਪੁਰਜ਼ੋਰ ਅਪੀਲ ਹੈ ਕਿ ਦਾਤਰੀ ਸਿੱਟੇ ਵਾਲਾ ਬਟਨ ਦਬਾ ਕੇ ਮੈਨੂੰ ਕਾਮਯਾਬ ਬਣਾਓ।




ਇਸ ਮੌਕੇ ਬਲਜੀਤ ਸਿੰਘ ਫਤਿਆਬਾਦ, ਗੁਰਚਰਨ ਸਿੰਘ ਕੰਡਾ, ਜਗਤਾਰ ਸਿੰਘ ਜੱਗਾ, ਘੁੱਕ ਸਿੰਘ ਵੇਈਂਪੂਈਂ, ਦਲਬੀਰ ਸਿੰਘ ਕੈਰੋਂ, ਜਸਵੰਤ ਸਿੰਘ, ਗੁਰਦੀਪ ਸਿੰਘ ਸੋਨੀ ਖਡੂਰ ਸਾਹਿਬ ਤੇ ਜਗੀਰ ਸਿੰਘ ਭਰੋਵਾਲ ਨੇ ਵੀ ਸੰਬੋਧਨ ਕੀਤਾ।

### ਵੀ ਪੀ ਪੈਟ ਬਾਰੇ ਫੈਸਲਾ ਰਾਖਵਾਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਈ ਵੀ ਐੱਮ-ਵੀ ਵੀ ਪੈਟ ਕੇਸ ਵਿਚ ਆਪਣਾ ਫੈਸਲਾ ਬੁੱਧਵਾਰ ਰਾਖਵਾਂ ਰੱਖ ਲਿਆ। ਈ ਵੀ ਐੱਮ 'ਤੇ ਪਾਈ ਵੋਟਾਂ ਦੀ ਵੀ ਵੀ ਪੈਟ ਦੀਆਂ ਪਰਚੀਆਂ ਨਾਲ ਮਿਲਾਨ ਦੀ ਮੰਗ ਕਰਦੀਆਂ ਪਟੀਸ਼ਨਾਂ 'ਤੇ ਸੁਣਵਾਈ ਦੌਰਾਨ ਉਸ ਨੇ ਇਹ ਵੀ ਟਿੱਪਣੀ ਕੀਤੀ ਕਿ ਉਹ ਚੋਣ ਕਮਿਸ਼ਨ 'ਤੇ ਕੰਟਰੋਲ ਨਹੀਂ ਕਰ ਸਕਦੀ। ਜਸਟਿਸ ਸੰਜੀਵ ਖੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੀ ਬੈਂਚ ਨੇ ਕਿਹਾ ਕਿ ਉਹ ਮਹਿਜ਼ ਸ਼ੱਕ ਦੇ ਆਧਾਰ 'ਤੇ ਕਾਰਵਾਈ ਨਹੀਂ ਕਰ ਸਕਦੇ। ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ ਵੱਲੋਂ ਪੇਸ਼ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਵੱਲੋਂ ਗਿਣਾਈਆਂ ਗਈਆਂ ਚਿੰਤਾਵਾਂ ਦਾ ਜਵਾਬ ਦਿੰਦਿਆਂ ਬੈਂਚ ਨੇ ਕਿਹਾ—ਜੇ ਤੁਸੀਂ ਕਿਸੇ ਵਿਚਾਰ ਜਾਂ ਪ੍ਰਕਿਰਿਆ ਬਾਰੇ ਪਹਿਲਾਂ ਤੋਂ ਹੀ ਆਪਣੀ ਰਾਇ ਬਣਾ ਲੈਂਦੇ ਹੋ ਤਾਂ ਅਸੀਂ ਤੁਹਾਡੀ ਮਦਦ ਨਹੀਂ ਕਰ ਸਕਦੇ।

DUMMY-EIRST PAGE-AJIT.qxd 4/24/2024 10:25 PM Page 2



## ਨਿਰਮਲ ਰਿਸ਼ੀ ਨੂੰ ਪਦਮ ਸ੍ਰੀ ਮਿਲਣ 'ਤੇ ਦਿੱਤੀ ਵਧਾਈ



**ਨਾਭਾ (ਵਰਿੰਦਰ ਵਰਮਾ)** ਪੰਜਾਬੀ ਫਿਲਮ ਇੰਡਸਟਰੀ ਦੀ ਦਿੱਗਜ ਅਦਾਕਾਰ ਨਿਰਮਲ ਰਿਸ਼ੀ ਨੂੰ ਬੀਤੇ ਦਿਨੀਂ ਪਦਮ ਸ੍ਰੀ ਐਵਾਰਡ ਨਾਲ ਸਨਮਾਨਤ ਕਰਨ ਤੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਹੈ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਮੈਡਮ ਨਿਰਮਲ ਰਿਸ਼ੀ ਨੇ ਪੰਜਾਬੀ ਇੰਡਸਟਰੀ ਦਾ ਮਾਣ ਵਧਾਇਆ ਹੈ।ਉਨ੍ਹਾਂ ਕਿਹਾ ਕਿ ਰਾਸ਼ਟਰੀ ਰਾਜਧਾਨੀ 'ਚ ਰਾਸ਼ਟਰਪਤੀ ਭਵਨ 'ਚ ਆਯੋਜਤ ਇੱਕ ਸਮਾਰੋਹ 'ਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਇਹ ਪੁਰਸਕਾਰ ਮੈਡਮ ਨਿਰਮਲ ਰਿਸ਼ੀ ਨੂੰ ਪ੍ਰਦਾਨ ਕੀਤਾ ਗਿਆ।ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਉਨ੍ਹਾਂ ਦੀ ਮੈਡਮ ਨਿਰਮਲ ਰਿਸ਼ੀ ਨਾਲ ਸਾਲਾਂ ਪੁਰਾਣੀ ਸਾਂਝ ਹੈ ਤੇ ਉਨ੍ਹਾਂ ਨੇ ਮੈਨੂੰ ਹਮੇਸ਼ਾ ਆਪਣੇ ਪੁੱਤਰਾਂ ਵਾਂਗ ਪਿਆਰ ਤੇ ਸਨਮਾਨ ਦਿੱਤਾ ਹੈ।

## ਡੀ ਏ ਵੀ ਸਕੂਲ ਦੇ ਨੈਸ਼ਨਲ ਐਵਾਰਡੀ ਸਨਮਾਨਤ



**ਪਾਤੜਾਂ, (ਪੱਤਰ ਪ੍ਰੇਰਕ)**- ਡੀਏਵੀ ਪਬਲਿਕ ਸਕੂਲ ਦੇ ਬਾਰਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਖੁਸ਼ਪ੍ਰੀਤ ਸਿੰਘ ਨੇ ਡੀਏਵੀ ਸਾਹਿਬਾਬਾਦ (ਗਾਜ਼ੀਆਬਾਦ) ਹੋਏ ਰਾਸ਼ਟਰੀ ਖੇਡ ਮੁਕਾਬਲਿਆਂ ਵਿੱਚ ਸੋਨ ਤਮਗਾ ਜਿੱਤ ਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਸੀ । ਕਾਰਜਕਾਰੀ ਸਕੂਲ ਮੁਖੀ ਹੇਮੰਤ ਭਾਰਦਵਾਜ ਨੇ ਦੱਸਿਆ ਹੈ ਕਿ ਥਰਮਲ ਡੀਏਵੀ ਪਾਣੀਪਤ ਕਰਵਾਏ ਇਨਾਮ ਵੰਡ ਸਮਾਰੋਹ ਦੌਰਾਨ ਖੁਸ਼ਪ੍ਰੀਤ ਨੂੰ 5100 ਰੁਪਏ ਦੇ ਕੇ ਸਨਮਾਨਤ ਕੀਤਾ ਗਿਆ । ਬਾਰਵੀਂ ਜਮਾਤ ਦੇ ਵਿਦਿਆਰਥੀ ਮਹਿਕ ਗਿੱਲ, ਗੁਰਪ੍ਰੀਤ ਕੌਰ, ਸ਼ਿਵਾਨੀ, ਹਰਸ਼ ਪੂਨੀਆਂ, ਗਿਆਰਵੀਂ ਜਮਾਤ ਦੀ ਗੁਤਨੂਰਪ੍ਰੀਤ ਕੌਰ, ਦਸਵੀਂ ਜਮਾਤ ਦੀ ਜਸਪ੍ਰੀਤ ਕੌਰ ਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਹਿਮਾਂਸ਼ੂ ਗਰਗ ਨੂੰ ਸਿਲਵਰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਦੱਸਿਆ ਹੈ ਕਿ ਇਸ ਸਾਲ ਡੀਏਵੀ ਪ੍ਰਬੰਧਕ ਕਮੇਟੀ ਨਵੀਂ ਦਿੱਲੀ ਨੇ 1700 ਦੇ ਕਰੀਬ ਖਿਡਾਰੀਆਂ ਨੂੰ 90 ਲੱਖ ਦੇ ਇਨਾਮ ਵਜੋਂ ਵੰਡੇ ਹਨ।ਇਸੇ ਦੌਰਾਨ ਉਨ੍ਹਾਂ ਜੇਤੂ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ।

## ਨਰਦੇਵ ਸਿੰਘ ਬੌਬੀ ਮਾਨ ਗੁਰਦੁਆਰਾ ਟੁੱਟੀ ਗੰਢੀ ਪੁੱਜੇ



**ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** 2024 ਦੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕ ਸਭਾ ਹਲਕਾ ਫਿਰੋਜ਼ਪੁਰ ਦੀ ਟਿਕਟ ਮਰਹੂਮ ਸਾਬਕਾ ਐਮਪੀ ਜੋਰਾ ਸਿੰਘ ਮਾਨ ਦੇ ਬੇਟੇ ਨਰਦੇਵ ਸਿੰਘ ਬੌਬੀ ਮਾਨ ਨੂੰ ਮਿਲਣ ਤੋਂ ਬਾਅਦ ਨਰਦੇਵ ਸਿੰਘ ਬੌਬੀ ਮਾਨ ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਜਿਲੇ ਦੀ ਅਕਾਲੀ ਲੀਡਰਸ਼ਿਪ ਦੇ ਨਾਲ ਮੱਥਾ ਟੇਕਣ ਲਈ ਸ੍ਰੀ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਪਹੁੰਚੇ। ਉਨ੍ਹਾਂ ਮੱਥਾ ਟੇਕਿਆ ਤੇ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨਾਲ ਉਨ੍ਹਾਂ ਦੇ ਵੱਡੇ ਭਰਾ ਵਰਦੇਵ ਸਿੰਘ ਨੋਨੀ ਮਾਨ, ਸਾਬਕਾ ਐਮਐਲਏ ਕੰਵਲਜੀਤ ਸਿੰਘ ਰੋਜ਼ੀ ਬਰਕੰਦੀ, ਮਲੋਟ ਦੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ ਤੇ ਹੋਰ ਅਕਾਲੀ ਦਲ ਦੇ ਉੱਗੇ ਆਗੂ ਵੀ ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਨੀਰਦੇਵ ਸਿੰਘ ਬੌਬੀ ਮਾਨ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੇਰੇ ਉੱਪਰ ਭਰੋਸਾ ਕਰਕੇ ਮੈਨੂੰ ਹਲਕਾ ਫਿਰੋਜ਼ਪੁਰ ਤੋਂ ਅਕਾਲੀ ਦਲ ਵੱਲੋਂ ਟਿਕਟ ਨਿਵਾਜੀ ਹੈ ਤੇ ਇਹ ਸੀਟ ਬੜੇ ਵੱਡੇ ਬਹੁਮਤ ਨਾਲ ਜਿੱਤ ਕੇ ਅਕਾਲੀ ਦਲ ਦੀ ਝੋਲੀ ਵਿੱਚ ਪਵੇਗੀ।

## ਦੇਵ ਸਮਾਜ ਕਾਲਜ ਦੀ ਰੀਆ ਮੈਰਿਟ ਸੂਚੀ 'ਚ ਅੱਵਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਦੇਵ ਸਮਾਜ ਕਾਲਜ ਫਾਰ ਵੂਮੈਨ ਫ਼ਿਰੋਜ਼ਪੁਰ ਦੀ ਵਿਦਿਆਰਥਣ ਰੀਆ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਕਰਵਾਈ ਗਈ ਐੱਮ ਏ ਇਤਿਹਾਸ ਪਹਿਲੇ ਸਮੈਸਟਰ ਦੀ ਪ੍ਰੀਖਿਆ ਵਿੱਚ ਛੇਵਾਂ ਸਥਾਨ ਹਾਸਲ ਕਰਕੇ ਸਿੱਖਿਆ ਦੇ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ।ਇਸ ਮੌਕੇ ਪ੍ਰਿੰਸੀਪਲ ਡਾ. ਸੰਗੀਤਾ ਨੇ ਕਿਹਾ ਕਿ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਦਾ ਸ਼ਾਨਦਾਰ ਇਤਿਹਾਸ ਹੈ।ਇੱਥੋਂ ਦੀਆਂ ਵਿਦਿਆਰਥਣਾਂ ਨੇ ਸਿੱਖਿਆ ਦੇ ਖੇਤਰ ਵਿੱਚ ਹਮੇਸ਼ਾ ਕਾਮਯਾਬੀ ਦੇ ਜੌਹਰ ਦਿਖਾਏ ਹਨ।ਉਨ੍ਹਾਂ ਵਿਦਿਆਰਥਣ ਰੀਆ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਨੇ ਜੋ ਵੀ ਮੁਕਾਮ ਹਾਸਲ ਕੀਤਾ ਹੈ, ਉਹ ਉਸ ਦੀ ਸਖ਼ਤ ਮਿਹਨਤ ਤੇ ਅਧਿਆਪਕਾਂ ਦੇ ਮਾਰਗਦਰਸ਼ਨ ਸਦਕਾ ਹੈ।ਉਸ ਨੇ ਇਸ ਉਪਲਬੱਧੀ ਨਾਲ ਕਾਲਜ ਦੇ ਨਾਲ-ਨਾਲ ਆਪਣੇ ਮਾਪਿਆਂ ਦਾ ਮਾਣ ਵੀ ਵਧਾਇਆ ਹੈ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਇਸ ਸਫ਼ਲਤਾ 'ਤੇ ਇਤਿਹਾਸ ਵਿਭਾਗ ਦੇ ਮੁਖੀ ਡਾ. ਅਮਿਤ ਕੁਮਾਰ ਸਿੰਘ, ਮੁਖੀ, ਡਾ. ਰਾਜ ਕੁਮਾਰ, ਸਹਾਇਕ ਪ੍ਰੋਫੈਸਰ, ਰੁਚੀ ਕੱਕੜ, ਸਹਾਇਕ ਪ੍ਰੋਫੈਸਰ ਨੂੰ ਵਧਾਈ ਦਿੱਤੀ।ਇਸ ਮੌਕੇ ਕਾਲਜ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਵਿਦਿਆਰਥਣ ਰੀਆ ਨੂੰ ਉਸ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਗੁਰਦੁਆਰਾ ਸ਼ਹੀਦ ਗੰਜ ਸਲ੍ਹੀਣਾ 'ਚ ਹਜ਼ਾਰਾਂ ਸੰਗਤਾਂ ਨਤਮਸਤਕ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** ਪਿੰਡ ਸਲ੍ਹੀਣਾ ਜ਼ਿਲ੍ਹਾ ਮੋਗਾ ਵਿਖੇ ਪਰਮਹੰਸ ਸੰਤ ਬਾਬਾ ਗੁਰਜੰਟ ਸਿੰਘ ਸਲ੍ਹੀਣੇ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਹਰ ਸਾਲ ਹੋਣ ਵਾਲੇ ਬਾਬਾ ਲਾਲ ਸਿੰਘ ਖੋਸਾ ਜੀ ਦੇ ਸ਼ਹੀਦੀ ਜੋੜ ਮੇਲੇ (ਗੁਰਦੁਆਰਾ ਸ਼ਹੀਦ ਗੰਜ ਸਾਹਿਬ ਸਲ੍ਹੀਣਾ ਵਿਖੇ) ਪੂਰੇ ਹਾੜ੍ਹੀ ਦੇ ਸੀਜ਼ਨ ਦੌਰਾਨ ਹਜ਼ਾਰਾਂ ਸੰਗਤਾਂ ਨੇ ਨਤਮਸਤਕ ਹੋ ਕੇ ਨਮਨ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਕੋਤਰੀ (ਭਾਵ ਇੱਕ ਸੌ ਇੱਕ) ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਬਾਬਾ ਲਾਲ ਸਿੰਘ ਜੀ ਦੇ ਸੰਘਰਸ਼ਮਈ ਜੀਵਨ ਤੇ ਪਰਮਹੰਸ ਸੰਤ ਬਾਬਾ ਗੁਰਜੰਟ ਸਿੰਘ ਨੇ ਚਾਨਣਾ ਪਾਇਆ।

## ਕਾਂਗਰਸ 'ਚ ਸ਼ਾਮਲ ਹੋਣ 'ਤੇ ਬਲਾਕ ਪ੍ਰਧਾਨ ਨੇ ਕੀਤਾ ਸਵਾਗਤ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਨੇੜਲੇ ਪਿੰਡ ਹਰਿਓ ਕਲਾਂ ਵਿਖੇ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਕਈ ਪਰਵਾਰ ਕਾਂਗਰਸ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਤੇ ਅਤਰ ਮੰਡਲ ਪ੍ਰਧਾਨ ਕਮਲ ਪੂਨੀਆਂ ਵੱਲੋਂ ਸਵਾਗਤ ਕੀਤਾ ਗਿਆ। ਕਾਂਗਰਸ ਵਿੱਚ ਸ਼ਾਮਲ ਹੋਣ ਵਾਲੇ ਸਰਪੰਚ ਸਿਕੰਦਰ ਸਿੰਘ, ਜਸਵੀਰ ਕੌਰ ਤੇ ਕਰਮ ਸਿੰਘ ਨੇ ਆਪਣੇ ਸਾਥੀਆਂ ਸਮੇਤ ਸ਼ਾਮਲ ਹੁੰਦਿਆਂ ਕਿਹਾ ਕਿ ਉਹ ਇੱਥੋਂ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਸ਼ਖ਼ਸੀਅਤ ਤੋਂ ਪ੍ਰਭਾਵਤ ਹੋਏ ਹਨ, ਜੋ ਹਮੇਸ਼ਾ ਵਰਕਰਾਂ ਦੀ ਬਾਂਹ ਫੜਦੇ ਹਨ। ਇਸ ਮੌਕੇ ਪਰਮਿੰਦਰ ਤਿਵਾੜੀ ਤੇ ਕਮਲ ਪੂਨੀਆਂ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਿਰੋਪਾ ਪਾ ਕੇ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ 'ਚ ਪੂਰਾ ਸਤਿਕਾਰ ਮਿਲੇਗਾ। ਇਸ ਮੌਕੇ ਰੂੜ ਸਿੰਘ, ਸਰਵਣ ਸਿੰਘ (ਦੋਵੇਂ ਸਾਬਕਾ ਸਰਪੰਚ), ਗੰਧੂਰ ਸਿੰਘ, ਬਲਦੇਵ ਸਿੰਘ ਫੌਜੀ, ਦਲਵਾਰਾ ਸਿੰਘ, ਯੂਥ ਆਗੂ ਕੁਲਵੀਰ ਸਿੰਘ, ਸਤਵਿੰਦਰ ਸਿੰਘ, ਗੁਰਦੀਪ ਸਿੰਘ, ਸੁਖਚੈਨ ਸਿੰਘ ਵੀ ਮੌਜੂਦ ਸਨ।

## ਨਕਸ਼ਾ ਨਵੀਸਾਂ ਨਾਲ ਕੀਤੀ ਮੀਟਿੰਗ

**ਬਰਨਾਲਾ (ਰਾਜਿੰਦਰ ਬਰਾੜ)** ਨਗਰ ਕੌਂਸਲ ਵਿਖੇ ਰਜਿਸਟਰਡ ਆਰਕੀਟੈਕਟਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਕਾਰ ਵੱਲੋਂ ਜਾਰੀ ਸੈਲਫ ਸਰਟੀਫਿਕੇਸ਼ਨ ਦੀ ਪਾਲਿਸੀ ਸਬੰਧੀ ਜਾਣੂ ਕਰਾਇਆ ਗਿਆ ਅਤੇ ਸਬੰਧਤ ਨਕਸ਼ਾ ਨਵੀਸ ਨੂੰ ਸੈਲਫ ਸਰਟੀਫਿਕੇਸ਼ਨ ਲਈ ਰਜਿਸਟਰਡ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਸੈਲਫ਼ ਸਰਟੀਫਿਕੇਸ਼ਨ ਸਕੀਮ ਅਧੀਨ 500 ਗਜ਼ ਤੱਕ ਦੇ ਰਿਹਾਇਸ਼ੀ ਨਕਸ਼ੇ ਆਰਕੀਟੈਕਟ ਪੱਧਰ 'ਤੇ ਪ੍ਰਵਾਨ ਹੋ ਸਕਣਗੇ, ਜਿਸ ਨਾਲ ਨਕਸ਼ਿਆਂ ਦੀ ਪ੍ਰਵਾਨਗੀ ਸਬੰਧੀ ਕੰਮ ਹੋਰ ਤੇਜ਼ੀ ਨਾਲ ਹੋਣਗੇ।

## ਮਜ਼ਦੂਰ ਦਿਵਸ ਸਾਂਝੇ ਤੌਰ 'ਤੇ ਮਨਾਉਣ ਸੰਬੰਧੀ ਆਗੂਆਂ ਦੀ ਮੀਟਿੰਗ

**ਬਟਾਲਾ (ਤਰਲੋਕ ਬੱਗਾ)**-ਸੀਆਈਟੀਯੂ ਵਲੋਂ ਦਫਤਰ ਬੀਕੋ ਕੰਪਲੈਕਸ ਵਿਖੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਸਾਂਝੇ ਤੌਰ ਉੱਤੇ ਮਨਾਉਣ ਸਬੰਧੀ ਮੀਟਿੰਗ ਸਾਥੀ ਰਘੁਬੀਰ ਸਿੰਘ ਪਕੀਵਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਏਟਕ, ਸੀਆਈਟੀਯੂ., ਸੀਟੀਯੂ ਪੰਜਾਬ ਅਤੇ ਮੁਲਾਜ਼ਮ ਫੈਡਰੇਸ਼ਨਾਂ ਦੇ ਆਗੂ ਸ਼ਾਮਲ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪਹਿਲੀ ਮਈ ਨੂੰ ਮਜ਼ਦੂਰ ਦਿਵਸ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਪਾਰਕ ਬਟਾਲਾ ਵਿਖੇ ਸਾਂਝੇ ਤੌਰ ਉੱਤੇ ਮਨਾਇਆ ਜਾਵੇਗਾ। ਇਸ ਮੌਕੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਕਾਮਰੇਡ ਰਣਵੀਰ ਸਿੰਘ ਵਿਰਕ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਜਰਨੈਲ ਸਿੰਘ, ਅਮਰਜੀਤ ਸਿੰਘ ਰਿਖੀਆ, ਗੁਰਪ੍ਰੀਤ ਸਿੰਘ ਰੰਗੀਲਪੁਰ, ਜਗੀਰ ਸਿੰਘ ਕਿਲਾ ਲਾਲ ਸਿੰਘ, ਕਾਮਰੇਡ ਜਨਕ ਰਾਜ, ਅਮਰੀਕ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਕੇਂਦਰੀ ਜੇਲ੍ਹ 'ਚੋਂ ਮੋਬਾਇਲ ਫੋਨ ਬਰਾਮਦ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕੇਂਦਰੀ ਜੇਲ੍ਹ 'ਚ ਬੀਤੇ ਦਿਨ ਤਲਾਸ਼ੀ ਦੌਰਾਨ ਇੱਕ ਮੋਬਾਇਲ ਫੋਨ ਬਰਾਮਦ ਹੋਇਆ। ਇਸ ਸਬੰਧ ਵਿਚ ਥਾਣਾ ਸਿਟੀ ਫ਼ਿਰੋਜ਼ਪੁਰ ਪੁਲਿਸ ਨੇ ਇਕ ਹਵਾਲਾਤੀ ਖਿਲਾਫ਼ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਸਬ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 8020 ਰਾਹੀਂ ਸਰਬਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਨੇ ਦੱਸਆ ਕਿ 22 ਅਪ੍ਰੈਲ ਨੂੰ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਸਮੇਤ ਸਾਥੀ ਕ੍ਰਮਚਾਰੀਆਂ ਦੇ ਪੁਰਾਣੀ ਹਵਾਲਾਤੀ ਬੈਰਕ ਨੰਬਰ 8 ਦੀ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਨਮਨਦੀਪ ਸਿੰਘ ਗੋਦਰਾ ਉਰਫ ਪਿੰਟੂ ਪੁੱਤਰ ਰਾਜ ਕੁਮਾਰ ਵਾਸੀ ਗਲੀ ਨੰਬਰ 1 ਬਸੰਤ ਨਗਰ ਅਬੋਹਰ, ਥਾਣਾ ਸਿਟੀ-1 ਅਬੋਹਰ, ਜ਼ਿਲ੍ਹਾ ਫ਼ਾਜ਼ਿਲਕਾ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਉਪੋ ਟੱਚ ਸਕਰੀਨ ਸਮੇਤ ਸਿਮ ਕਾਰਡ ਵੀਆਈ ਬਰਾਮਦ ਹੋਇਆ। ਜਾਂਚਕਰਤਾ ਨੇ ਦੱਸਿਆ ਕਿ ਉਕਤ ਹਵਾਲਾਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਦੇਵ ਮਾਨ ਦੀ ਅਗਵਾਈ 'ਚ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਫੜਿਆ ਝਾੜੂ



**ਨਾਭਾ (ਵਰਿੰਦਰ ਵਰਮਾ)** ਮਾਨ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵੱਖ-ਵੱਖ ਪਾਰਟੀਆਂ ਤੋਂ ਆਏ ਵਰਕਰਾਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਨ ਉਪਰੰਤ ਪ੍ਰਗਟਾਏ। ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਵਰਗ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੈ, ਜਿਸ ਨਾਲ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈਆਂ ਗਈਆਂ ਸਕੀਮਾਂ ਤੋਂ ਲੋਕ ਖੁਸ਼ ਨਜ਼ਰ ਆ ਰਹੇ ਹਨ।ਸੂਬੇ ਦੀ ਸਰਕਾਰ ਨੇ ਲੋਕਾਂ ਦੀਆਂ ਸਹੂਲਤਾਂ ਲਈ ਸਿੱਖਿਆ ਦੇ ਨਾਲ ਨਾਲ ਸਿਹਤ ਪੱਖੋਂ ਵੀ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਹਨ।ਹਰ ਹਲਕੇ ਵਿੱਚ ਮੁਹੱਲਾ ਕਲੀਨਿਕ ਖੋਲ੍ਹੇ ਗਏ ਹਨ, ਜਿਸ ਵਿੱਚ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਅਤੇ ਟੈਸਟ ਵੀ ਮੁਫਤ ਹੁੰਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਰਵਾਏ ਗਏ ਕਾਰਜਾਂ ਨੂੰ ਵੇਖਦੇ ਹੋਏ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਵੋਟਾਂ ਪਾ ਕੇ ਵੱਡੀ ਲੀਡ ਨਾਲ ਜਿਤਾਉਣਗੇ ਤੇ ਲੋਕ ਸਭਾ ਵਿੱਚ ਭੇਜਣਗੇ।ਸ਼ਾਮਲ ਹੋਣ ਵਾਲਿਆਂ ਵਿੱਚ ਬਲਰਾਜ ਸਿੰਘ ਬਿੱਟੂ ਸਰਕਲ ਪ੍ਰਧਾਨ ਐਸੀ ਵਿੰਗ ਨਾਭਾ ਦਿਹਾਤੀ ਅਕਾਲੀ ਦਲ ਤੇ ਰੋਹੀ ਰਾਮ ਟਕਸਾਲੀ ਕਾਂਗਰਸ ਪਾਰਟੀ ਪਿੰਡ ਪਹਾੜਪੁਰ ਹਲਕਾ ਨਾਭਾ ਦੋ ਦਰਜਨ ਅਕਾਲੀ ਕਾਂਗਰਸੀ ਵਰਕਰਾਂ ਜਿੰਨਾ ਵਿੱਚ ਰਣਧੀਰ ਸਿੰਘ, ਹਰਬੰਸ ਸਿੰਘ, ਭਗਵਾਨ ਸਿੰਘ, ਸੁਰਜੀਤ ਸਿੰਘ, ਹਰਦੀਪ ਸਿੰਘ, ਪ੍ਰਕਾਸ਼ ਸਿੰਘ, ਜਸਪ੍ਰੀਤ ਸਿੰਘ, ਕਾਲਾ ਸਿੰਘ, ਦੇਵ ਸਿੰਘ, ਸੇਵਾ ਸਿੰਘ, ਲਾਲ ਸਿੰਘ, ਨਿੱਕਾ ਸਿੰਘ, ਗੁਰਸੇਵਕ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਨੇ ਆਮ ਆਦਮੀ ਪਾਰਟੀ ਦਾ ਦਾਮਨ ਫੜਿਆ। ਪਾਰਟੀ ਵਿੱਚ ਸ਼ਾਮਿਲ ਹੋਣ ਉਪਰੰਤ ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਾਂ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਮਿਹਨਤ ਕਰਾਂਗੇ।ਉਨ੍ਹਾਂ ਕਿਹਾ ਕਿ ਆਗਾਮੀ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾਕਟਰ ਬਲਬੀਰ ਸਿੰਘ ਲਈ ਘਰ-ਘਰ ਜਾ ਕੇ ਵੋਟਾਂ ਮੰਗਾਂਗੇ ਅਤੇ ਵੱਡੀ ਲੀਡ ਨਾਲ ਜਿਤਾ ਕੇ ਉਨ੍ਹਾਂ ਨੂੰ ਪਾਰਲੀਮੈਂਟ ਵਿਖੇ ਭੇਜਾਂਗੇ।

## ਪੰਜਾਬੀ ਸਾਹਿਤ ਅਕਾਡਮੀ ਵੱਲੋਂ ਪੰਜਾਬੀ ਭਾਸ਼ਾ ਕਾਨਫ਼ਰੰਸ 27 ਤੇ 28 ਨੂੰ

**ਲੁਧਿਆਣਾ (ਐਮ ਐਸ ਭਾਟੀਆ)** ਪੰਜਾਬੀ ਸਾਹਿਤ ਅਕਾਡਮੀ ਵੱਲੋਂ 'ਬਦਲਦਾ ਦ੍ਰਿਸ਼, ਸਮਕਾਲ ਤੇ ਪੰਜਾਬੀ ਭਾਸ਼ਾ' ਵਿਸ਼ੇ 'ਤੇ ਦੋ ਰੋਜ਼ਾ ਪੰਜਾਬੀ ਭਾਸ਼ਾ ਕਾਨਫ਼ਰੰਸ 27 ਤੇ 28 ਅਪ੍ਰੈਲ ਨੂੰ ਪੰਜਾਬੀ ਭਵਨ ਵਿਖੇ ਆਯੋਜਤ ਕੀਤੀ ਜਾ ਰਹੀ ਹੈ।27 ਅਪ੍ਰੈਲ ਨੂੰ ਸਵੇਰੇ 9.30 ਵਜੇ ਉਦਘਾਟਨੀ ਸੈਸ਼ਨ ਹੋਵੇਗਾ, ਜਿਸ ਦੀ ਪ੍ਰਧਾਨਗੀ ਡਾ. ਸ. ਸ. ਜੌਹਲ ਕਰਨਗੇ ਤੇ ਮੁੱਖ ਮਹਿਮਾਨ ਡਾ. ਸੁਰਜੀਤ ਪਾਤਰ ਹੋਣਗੇ।ਸਮਾਗਮ ਦੇ ਆਰੰਭ 'ਚ ਡਾ. ਸਰਬਜੀਤ ਸਿੰਘ ਕਾਨਫ਼ਰੰਸ ਦੀ ਰੂਪ-ਰੇਖਾ ਸਾਂਝੀ ਕਰਨਗੇ ਤੇ ਮੁੱਖ ਸੁਰ ਭਾਸ਼ਨ ਡਾ. ਜੋਗਾ ਸਿੰਘ ਦੇਣਗੇ।ਇਸ ਮੌਕੇ ਮੰਚ ਸੰਚਾਲਨ ਡਾ. ਗੁਲਜ਼ਾਰ ਸਿੰਘ ਪੰਧੇਰ ਕਰਨਗੇ ਤੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਧੰਨਵਾਦੀ ਸ਼ਬਦ ਕਹਿਣਗੇ, ਜਦਕਿ ਰਿਪੋਰਟ ਪ੍ਰੋ. ਬਲਵਿੰਦਰ ਸਿੰਘ ਚਾਹਿਲ ਕਰਨਗੇ। ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਅਤੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਦੂਜਾ ਸੈਸ਼ਨ 11.45 ਵਜੇ ਸ਼ੁਰੂ ਹੋਵੇਗਾ, ਜਿਸ ਦੀ ਪ੍ਰਧਾਨਗੀ ਡਾ. ਸਵਰਾਜਬੀਰ ਕਰਨਗੇ।ਕਾਨਫ਼ਰੰਸ ਮੌਕੇ ਡਾ. ਸੁਖਦੇਵ ਸਿੰਘ ਸਿਰਸਾ 'ਸਮਕਾਲ ਤੇ ਭਾਰਤੀ ਭਾਸ਼ਾਵਾਂ ਦੀ ਸਥਿਤੀ' ਬਾਰੇ ਅਤੇ ਡਾ. ਸੁਰਜੀਤ ਸਿੰਘ 'ਉਪਭੋਗ ਸਭਿਆਚਾਰ ਤੇ ਪੰਜਾਬੀ ਭਾਸ਼ਾ' ਬਾਰੇ ਆਪਣਾ ਖੋਜ-ਪੱਤਰ ਪੜ੍ਹਨਗੇ। ਖੋਜ-ਪੱਤਰਾਂ 'ਤੇ ਟਿੱਪਣੀ ਅਤੇ ਧੰਨਵਾਦ ਡਾ. ਅਰਵਿੰਦਰ ਕੌਰ ਕਾਕੜਾ ਕਰਨਗੇ।ਇਸ ਸੈਸ਼ਨ ਦਾ ਮੰਚ ਸੰਚਾਲਨ ਸ੍ਰੀ ਸ਼ਬਦੀਸ਼ ਤੇ ਰਿਪੋਰਟ ਸ੍ਰੀ ਵਾਹਿਦ ਪੇਸ਼ ਕਰਨਗੇ।ਉਨ੍ਹਾਂ ਦੱਸਿਆ ਤੀਜਾ ਸੈਸ਼ਨ 2.30 ਵਜੇ ਸ਼ੁਰੂ ਹੋਵੇਗਾ, ਜਿਸ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਉਪ-ਕੁਲਪਤੀ ਪ੍ਰੋਫ਼ੈਸਰ ਅਰਵਿੰਦ ਕਰਨਗੇ।'ਮਸਨੂਈ ਬੌਧਿਕਤਾ ਤੇ ਪੰਜਾਬੀ ਭਾਸ਼ਾ' ਬਾਰੇ ਅਮਰਜੀਤ ਗਰੇਵਾਲ, 'ਵਿਸ਼ਵ-ਨੇੜਤਾ ਤੇ ਪੰਜਾਬੀ ਭਾਸ਼ਾ ਦੀਆਂ ਸੰਭਾਵਨਾਵਾਂ' ਬਾਰੇ ਡਾ. ਸੁਖਵਿੰਦਰ ਸਿੰਘ ਸੰਘਾ, 'ਤਕਨਾਲੋਜੀ ਤੇ ਪੰਜਾਬੀ ਭਾਸ਼ਾ' ਬਾਰੇ ਡਾ. ਧਰਮਵੀਰ ਸ਼ਰਮਾ ਤੇ 'ਡਿਜ਼ੀਟਲ ਯੁੱਗ ਤੇ ਪੰਜਾਬੀ ਭਾਸ਼ਾ' ਬਾਰੇ ਡਾ. ਸੀ.ਪੀ.ਕੰਬੋਜ ਖੋਜ-ਪੱਤਰ ਪੜ੍ਹਨਗੇ।ਖੋਜ-ਪੱਤਰਾਂ 'ਤੇ ਟਿੱਪਣੀ ਅਤੇ ਧੰਨਵਾਦ ਡਾ. ਹਰਵਿੰਦਰ ਸਿੰਘ ਸਿਰਸਾ ਕਰਨਗੇ।ਇਸ ਸੈਸ਼ਨ ਦਾ ਮੰਚ ਸੰਚਾਲਨ ਡਾ. ਸਰਘੀ ਤੇ ਰਿਪੋਰਟ ਦੀਪ ਜਗਦੀਪ ਸਿੰਘ ਪੇਸ਼ ਕਰਨਗੇ।ਚੌਥਾ ਸੈਸ਼ਨ ਸ਼ਾਮ 5.30 ਵਜੇ ਸ਼ੁਰੂ ਹੋਵੇਗਾ, ਜਿਸ ਵਿੱਚ 'ਆਤੂ ਖੋਜੀ' ਫ਼ਿਲਮ ਜਿਸ ਦੇ ਲੇਖਕ ਗੁਰਮੀਤ ਕੜਿਆਲਵੀ ਹਨ ਤੇ ਮੁੱਖ ਕਿਰਦਾਰ ਸੈਮੂਅਲ ਜੌਹਨ, ਨਿਰਦੇਸ਼ਕ ਡਾ. ਰਾਜੀਵ ਕੁਮਾਰ ਹਨ।ਟਿੱਪਣੀ ਤੇ ਧੰਨਵਾਦ ਡਾ. ਗੁਰਚਰਨ ਕੌਰ ਕੋਚਰ ਕਰਨਗੇ।ਮੰਚ ਸੰਚਾਲਨ ਸਹਿਜਪ੍ਰੀਤ ਸਿੰਘ ਮਾਂਗਟ ਤੇ ਰਿਪੋਰਟ ਕਰਮਜੀਤ ਸਿੰਘ ਗਰੇਵਾਲ ਪੇਸ਼ ਕਰਨਗੇ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਦੱਸਿਆ ਕਿ 28 ਅਪ੍ਰੈਲ ਨੂੰ ਸਵੇਰੇ 9.30 ਵਜੇ ਪੰਜਵਾਂ ਸੈਸ਼ਨ ਹੋਵੇਗਾ, ਜਿਸ ਦੀ ਪ੍ਰਧਾਨਗੀ ਡਾ. ਮਨਮੋਹਨ ਕਰਨਗੇ।ਉਨ੍ਹਾਂ ਦਸਿਆ 'ਪ੍ਰਿੰਟ ਮੀਡੀਆ ਤੇ ਪੰਜਾਬੀ ਭਾਸ਼ਾ' ਬਾਰੇ ਡਾ. ਨਵਜੀਤ ਜੌਹਲ, 'ਬਦਲਦੇ ਦ੍ਰਿਸ਼ ਵਿਚ ਪੰਜਾਬੀ ਭਾਸ਼ਾ ਦੀ ਭੂਮਿਕਾ ਤੇ ਸਾਰਥਕਤਾ' ਬਾਰੇ ਡਾ. ਪਰਮਜੀਤ ਸਿੰਘ ਢੀਂਗਰਾ ਅਤੇ 'ਬਦਲਦੇ ਦ੍ਰਿਸ਼ 'ਚ ਪੰਜਾਬੀ ਭਾਸ਼ਾ ਦੀ ਨਿਰਮਾਣਕਾਰੀ' ਬਾਰੇ ਡਾ. ਸੋਹਨ ਸਿੰਘ ਆਪਣਾ ਖੋਜ-ਪੱਤਰ ਪੇਸ਼ ਕਰਨਗੇ।ਟਿੱਪਣੀ ਤੇ ਧੰਨਵਾਦ ਜਸਪਾਲ ਮਾਨਖੇੜਾ ਕਰਨਗੇ।ਮੰਚ ਸੰਚਾਲਨ ਕੰਵਰਜੀਤ ਤੇ ਰਿਪੋਰਟ ਨਰਿੰਦਰਪਾਲ ਕੌਰ ਪੇਸ਼ ਕਰਨਗੇ। ਅਕਾਡਮੀ ਦੇ ਸਕੱਤਰ, ਸਾਹਿਤਕ ਸਰਗਰਮੀਆਂ ਡਾ. ਹਰੀ ਸਿੰਘ ਜਾਚਕ ਤੇ ਦਫ਼ਤਰ ਸਕੱਤਰ ਜਸਵੀਰ ਝੱਜ ਨੇ ਦੱਸਿਆ ਕਿ ਕਾਨਫ਼ਰੰਸ ਦਾ ਛੇਵਾਂ ਸੈਸ਼ਨ 11.45 ਵਜੇ ਸ਼ੁਰੂ ਹੋਵੇਗਾ, ਜਿਸ ਦੀ ਪ੍ਰਧਾਨਗੀ ਡਾ. ਸੁਰਜੀਤ ਸਿੰਘ ਭੱਟੀ ਕਰਨਗੇ।ਇਸ ਸੈਸ਼ਨ ਵਿੱਚ 'ਮਾਤ ਭਾਸ਼ਾ ਤੇ ਸਿੱਖਿਆ' ਬਾਰੇ ਡਾ. ਬੂਟਾ ਸਿੰਘ ਬਰਾੜ ਅਤੇ 'ਬਹੁਸਭਿਆਚਾਰੀ ਸਮਾਜ ਤੇ ਭਾਸ਼ਾਈ ਲੋੜਾਂ' ਬਾਰੇ ਡਾ. ਗੁਰਪਾਲ ਸਿੰਘ ਸੰਧੂ ਖੋਜ ਪੱਤਰ ਪੜ੍ਹਨਗੇ।

## ਸਾਹਿਤਕਾਰ ਸਾਧੂ ਰਾਮ ਲੰਗੇਆਣਾ ਦਾ ਵਿਸ਼ੇਸ਼ ਸਨਮਾਨ

**ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਕਲੱਬ ਦੋਦਾ ਵੱਲੋਂ ਪਾਠਕਾਂ ਵਿੱਚ ਸਾਹਿਤ ਪੜ੍ਹਨ ਦੀ ਰੁਚੀ ਨੂੰ ਹੋਰ ਪ੍ਰਫੁੱਲਤ ਕਰਨ ਲਈ ਪਿੰਡ ਦੋਦਾ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਸਮਰਪਤ ਇੱਕ ਸਾਂਝੀ ਪੰਜਾਬੀ ਲਾਇਬ੍ਰੇਰੀ ਖੋਲ੍ਹੀ ਗਈ ਹੈ ਤੇ ਨਾਲੋਂ ਨਾਲ ਉਨ੍ਹਾਂ ਵੱਲੋਂ ਸਾਹਿਤਕ ਕਲਮਾਂ ਰਾਹੀਂ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਲੇਖਕਾਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਵੀ ਉੱਦਮ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਤਾਈ ਨਿਹਾਲੀ ਸਾਹਿਤ ਕਲਾ ਮੰਚ ਲੰਗੇਆਣਾ ਦੇ ਪ੍ਰਧਾਨ ਡਾ ਸਾਧੂ ਰਾਮ ਲੰਗੇਆਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਹੈ, ਜਿਸ ਦੌਰਾਨ ਕਲੱਬ ਦੋਦਾ ਅਤੇ ਦੋਦਾ ਪੰਜਾਬੀ ਲਾਇਬ੍ਰੇਰੀ ਦੇ ਪ੍ਰਬੰਧਕਾਂ ਪ੍ਰਧਾਨ ਰਣਜੀਤ ਸਿੰਘ, ਸੂਬੇਦਾਰ ਬਲਬੀਰ ਸਿੰਘ, ਰਘਬੀਰ ਸਿੰਘ, ਰੇਸ਼ਮ ਸਿੰਘ, ਸੂਬੇਦਾਰ ਬਲਦੇਵ ਸਿੰਘ ਸੁਖਾਨੰਦ, ਜਸਵੀਰ ਸ਼ਰਮਾ ਦੱਦਾਹੂਰ ਵੱਲੋਂ ਉਨ੍ਹਾਂ ਨੂੰ ਡਾਕਟਰ ਅੰਬੇਡਕਰ ਦਾ ਸਨਮਾਨ ਚਿੰਨ੍ਹ ਤੇ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹਾਜ਼ਰ ਪਿੰਡ ਲੰਗੇਆਣਾ ਕਲਾਂ ਦੇ ਪਤਵੰਤੇ ਆਗੂ ਸਰਪੰਚ ਸੁਖਦੇਵ ਸਿੰਘ, ਗੀਤਕਾਰ ਮਲਕੀਤ ਥਿੰਦ, ਗੀਤਕਾਰ ਸਤਨਾਮ ਸਿੰਘ ਫ਼ੌਜੀ, ਕੰਵਲਜੀਤ ਭੋਲਾ ਲੰਡੇ, ਸਤਨਾਮ ਸ਼ਰਮਾ ਵੱਲੋਂ ਪੰਜਾਬੀ ਲਾਇਬ੍ਰੇਰੀ ਤੇ ਕਲੱਬ ਦੋਦਾ ਦੇ ਸਮੂਹ ਪ੍ਰਬੰਧਕਾਂ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ ਗਿਆ। ਵਿਰਸੇ ਦੇ ਲੇਖਕ ਜਸਵੀਰ ਸ਼ਰਮਾ ਦੱਦਾਹੂਰ ਨੇ ਜਾਣਕਾਰੀ ਸਾਂਝੀ ਕੀਤੀ।

## ਸਪਰਿੰਗ ਫੀਲਡ ਕਾਨਵੈਂਟ ਸਕੂਲ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਬਾਘਾ ਪੁਰਾਣਾ, (ਮਨੀ ਸਿੰਗਲਾ)** ਸਪਰਿੰਗ ਫੀਲਡ ਕਾਨਵੈਂਟ ਸਕੂਲ ਵਿਖੇ ਸਕੂਲ ਪ੍ਰਿੰਸੀਪਲ ਬਾਇਜੂ ਵਿਜੇ ਤੇ ਮੈਡਮ ਮਮਤਾ ਢੰਡ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਦਿਆਰਥੀਆਂ ਨੂੰ ਧਰਤੀ 'ਤੇ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ਵ ਧਰਤ ਦਿਵਸ ਮਨਾਇਆ ਗਿਆ, ਜਿਸ ਦੇ ਤਹਿਤ ਨਰਸਰੀ ਬਲਾਕ ਅਤੇ ਸੈਕੰਡਰੀ ਬਲਾਕ ਸਕੂਲ ਦੇ ਬੱਚਿਆਂ ਨੇ ਧਰਤੀ ਅਤੇ ਪਾਣੀ ਬਚਾਓ ਵਿਸ਼ੇ 'ਤੇ ਪੇਂਟਿੰਗਜ਼ ਬਣਾਈਆਂ।ਦੂਜੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ ਬੱਚਿਆਂ ਨੇ ਧਰਤੀ ਦਿਵਸ ਸਬੰਧੀ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਮੁਕਾਬਲਿਆਂ ਵਿਚ ਹਿੱਸਾ ਲਿਆ।ਸਾਰੇ ਹੀ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਪੇਂਟਿੰਗਜ਼ ਬਣਾਈਆਂ ਤੇ ਸਭ ਤੋਂ ਉੱਤਮ ਚਿੱਤਰਕਲਾ ਕਰਨ ਵਾਲੇ ਵਿਦਿਆਰਥੀ ਕ੍ਰਿਸ਼ਵੀ ਪਹਿਲੀ ਕਲਾਸ, ਗੁਨਰੀਤ ਕੌਰ ਸੈਕੰਡ ਕਲਾਸ, ਜਾਨਵੀ ਚੌਥੀ ਕਲਾਸ ਨੂੰ ਪੇਂਟਿੰਗ ਵਿੱਚ ਤੇ ਸਲੋਗਨ ਰਾਈਟਿੰਗ ਵਿਚ ਰਾਜਦੀਪ ਸਿੰਘ ਸੱਤਵੀਂ ਕਲਾਸ, ਦੁਪਿੰਦਰ ਅੱਠਵੀਂ ਕਲਾਸ, ਅਨਾਇਕਾ ਸ਼ਰਮਾ ਛੇਵੀਂ ਕਲਾਸ ਨੂੰ ਸਨਮਾਨਤ ਕੀਤਾ ਗਿਆ।

ਸਵੇਰ ਦੀ ਵਿਸ਼ੇਸ਼ ਪ੍ਰਾਥਨਾ ਸਭਾ ਕਰਾਈ ਗਈ।ਇਸ ਮੌਕੇ ਨਾਟਕ ਕਰਾਇਆ ਗਿਆ, ਜਿਸ ਦਾ ਸੰਦੇਸ਼ ਸੀ ਕਿ ਸਾਨੂੰ ਧਰਤੀ ਮਾਂ ਦੀ ਸੰਭਾਲ ਕਰਨੀ ਚਾਹੀਦੀ ਹੈ ਕਿਉਂਕਿ ਅੰਨ੍ਹੇਵਾਹ ਦਰੱਖਤਾਂ ਦੀ ਕਟਾਈ ਕਾਰਨ ਮਨੁੱਖ ਦਾ ਜੀਵਨ ਅਸੰਭਵ ਹੁੰਦਾ ਜਾ ਰਿਹਾ ਹੈ।ਇਸ ਮੌਕੇ ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਧਰਤੀ ਸਾਡੀ ਮਾਂ ਹੈ, ਸਾਨੂੰ ਇਸ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ।ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ ਤਾਂ ਜੁ ਵਾਤਾਵਰਣ ਸ਼ੁੱਧ ਹੋ ਸਕੇ ਅਤੇ ਸਾਨੂੰ ਸਾਹ ਲੈਣ ਵਾਸਤੇ ਸ਼ੁੱਧ ਹਵਾ ਮਿਲ ਸਕੇ।ਸਾਨੂੰ ਪਾਣੀ ਦੀ ਵਰਤੋਂ ਵੀ ਸੰਜਮ ਨਾਲ ਚਾਹੀਦੀ ਹੈ ਤਾਂ ਜੁ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਨੂੰ ਬਚਾਇਆ ਜਾ ਸਕੇ।

## ਸੁਪਰੀਮ ਕਾਨਵੈਂਟ ਸਕੂਲ 'ਚ ਨੁੱਕੜ ਨਾਟਕ ਕਰਾਇਆ



**ਹਨੂਰ (ਨਛੱਤਰ ਸੰਧੂ)** ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਨਸ਼ੇ ਵਰਗੀਆਂ ਸਮਾਜਿਕ ਬੁਰਾਈਆਂ ਦੇ ਸੰਬੰਧਿਤ ਨੁੱਕੜ ਨਾਟਕ 'ਭਟਕਦੇ ਪਰਿੰਦੇ' ਬੱਚਿਆਂ ਨੂੰ ਸਵੇਰ ਦੀ ਸਭਾ ਵਿੱਚ ਦਿਖਾਇਆ ਗਿਆ।ਇਸ ਨਾਟਕ ਰਾਹੀਂ ਬੱਚਿਆਂ ਨੂੰ ਇਸ ਨਸ਼ੇ ਦੇ ਕੋਹੜ ਤੋਂ ਬਚਣ ਲਈ ਤੇ ਵਿਦਿਆਰਥੀਆਂ ਵਿਚ ਬਾਹਰ ਜਾਣ ਦੇ ਰੁਝਾਨ ਤੋ ਬਚਣ ਲਈ ਅਲੱਗ-ਅਲੱਗ ਪ੍ਰਸਿਥਤੀਆਂ ਵਿੱਚ ਪੇਸ਼ਕਾਰੀ ਕੀਤੀ ਗਈ।ਇਸ ਵਿੱਚ ਬੱਚਿਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਤੇ ਚੰਗੀ ਸੇਹਤ ਸਬੰਧੀ ਜਾਣਕਾਰੀ ਦਿੱਤੀ ਗਈ।ਬੱਚਿਆਂ ਵਿੱਚ ਆਪਣੇ ਮਾਤਾ-ਪਿਤਾ ਦੇ ਪ੍ਰਤੀ ਆਦਰ ਸਤਿਕਾਰ ਦੀ ਭਾਵਨਾ ਨੂੰ ਪੈਦਾ ਕਰਨ ਦਾ ਉਪਰਾਲਾ ਕੀਤਾ ਗਿਆ।

ਨੁੱਕੜ ਨਾਟਕ ਦੀ ਪੇਸ਼ਕਰੀ ਤੀਰਥ ਚੜਿੱਕ, ਦਲਜਿੰਦਰ ਡੱਲਾ ਪਾਰਟੀ ਰਾਹੀਂ ਪੇਸ਼ ਕੀਤੀ ਗਈ।ਨਾਟਕ ਦੇ ਅੰਤ ਵਿੱਚ ਸਕੂਲ ਦੇ ਪ੍ਰੈਸੀਡੈਂਟ ਚਰਨ ਸਿੰਘ ਨੇ ਬੱਚਿਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਜਾਣਕਾਰੀ ਦਿੱਤੀ। ਚੇਅਰਮੈਨ ਸ੍ਰੀ ਜੋਗਿੰਦਰ ਪ੍ਰਸਾਦ ਸ਼ਰਮਾ ਨੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਕਿਹਾ।ਅਖੀਰ ਵਿੱਚ ਸਕੂਲ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਨਸ਼ੇ ਅਤੇ ਬਾਹਰ ਜਾਣ ਦੇ ਰੁਝਾਨ ਪ੍ਰਤੀ ਕਿਹਾ ਕਿ ਬੱਚਿਆਂ ਨੂੰ ਇਸ ਪ੍ਰਤਿ ਸੁਚੇਤ ਸਕੂਲ ਟਾਈਮ ਤੋਂ ਹੋਣ ਚਾਹੀਦਾ ਹੈ ਤਾਂ ਜੁ ਅਸੀਂ ਸਿਹਤਮੰਦ ਸਮਾਜ ਦੀ ਸਿਰਜਣਾ ਕਰ ਸਕੀਏ।

## ਪਟਿਆਲਾ ਤੋਂ ਬਸਪਾ ਉਮੀਦਵਾਰ ਵੱਲੋਂ ਵਰਕਰ ਮੀਟਿੰਗ



**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** ਲੋਕ ਸਭਾ ਹਲਕਾ ਪਟਿਆਲਾ ਤੋਂ ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਜਗਜੀਤ ਸਿੰਘ ਛੜਬੜ ਨੇ ਚੋਣ ਮੁਹਿੰਮ ਦਾ ਆਗਾਜ਼ ਕਰਦਿਆਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਹੈ ਕਿ ਦੇਸ਼ ਦੇ ਸੰਵਿਧਾਨ, ਸਮਾਜਿਕ, ਆਰਥਿਕ ਤੇ ਧਾਰਮਿਕ ਆਜ਼ਾਦੀ ਨੂੰ ਬਚਾਉਣ ਲਈ ਭਾਜਪਾ ਅਤੇ 'ਆਪ' ਨੂੰ ਲੋਕ ਸਭਾ ਚੋਣਾਂ ਵਿੱਚ ਹਰਾਉਣਾ ਜ਼ਰੂਰੀ ਹੋ ਗਿਆ ਹੈ। ਬਸਪਾ ਉਮੀਦਵਾਰ ਛੜਬੜ ਨੇ ਕਿਹਾ ਹੈ ਕਿ ਹਲਕਾਵਾਰ ਮੀਟਿੰਗਾਂ ਕਰਕੇ ਪਾਰਟੀ ਦੀ ਰੀੜ੍ਹ ਦੀ ਹੱਡੀ ਅਹੁਦੇਦਾਰਾਂ ਤੇ ਵਰਕਰਾਂ ਦੇ ਵਿਚਾਰ ਲਏ ਜਾ ਰਹੇ ਹਨ ਤਾਂ ਜੁ ਲੋਕ ਸਭਾ ਚੋਣ ਜਿੱਤ ਕੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਵੱਲੋਂ ਦਿੱਤੇ ਗਏ ਭਾਰਤੀ ਸੰਵਿਧਾਨ ਨੂੰ ਬਚਾਉਣ ਲਈ ਠੋਸ ਰਣਨੀਤੀ ਤਿਆਰ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਅਤੇ ਕਿਸਾਨ ਵਿਰੋਧੀ ਭਾਜਪਾ ਅਤੇ 'ਆਪ' ਨੂੰ ਰਾਜ ਸੱਤਾ ਤੋਂ ਉਲਾਂਭੇ ਕੀਤੇ ਬਿਨਾਂ ਪੰਜਾਬ ਦੇ ਪਾਣੀ, ਜ਼ਮੀਨ ਤੇ ਦਰਜਨਾਂ ਪਿੰਡ ਉਜਾੜ ਕੇ ਵਸਾਏ ਚੰਡੀਗੜ੍ਹ ਬਚਾਉਣਾ ਮੁਸ਼ਕਲ ਹੈ।ਉਨ੍ਹਾਂ ਕਿਹਾ ਹੈ ਕਿ ਭਾਜਪਾ ਨੇ ਜਿਥੇ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਾ ਕਰਕੇ ਕਿਸਾਨਾਂ ਨਾਲ ਵਾਅਦਾਖਿਲਾਫ਼ੀ ਕੀਤੀ ਹੈ, ਉੱਥੇ ਪੰਜਾਬ ਦੇ ਮੁੱਖ ਮੰਤਰੀ ਨੇ ਕੁਦਰਤੀ ਆਫ਼ਤਾਂ ਦੌਰਾਨ ਹੋਏ ਨੁਕਸਾਨ ਦਾ ਕਿਸਾਨਾਂ ਤੇ ਮਜ਼ਦੂਰਾਂ ਨੂੰ ਮੁਆਵਜ਼ਾ ਨਾ ਦੇ ਕੇ ਵੱਡਾ ਧ੍ਰੋਹ ਕਮਾਇਆ ਹੈ।

## ਸ਼੍ਰੋਮਣੀ ਭਗਤ ਧੰਨਾ ਜੀ ਦਾ ਅਵਤਾਰ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

**ਜਗਰਾਉਂ, (ਸੰਜੀਵ ਅਰੋੜਾ)**-ਗੁਰਦੁਆਰਾ ਗੋਪਾਲਸਰ ਸਾਹਿਬ ਯਾਦਗਾਰ ਸ਼੍ਰੋਮਣੀ ਭਗਤ ਧੰਨਾ ਜੀ ਪਿੰਡ ਗਗੜਾ ਵਿਖੇ ਸ਼੍ਰੋਮਣੀ ਭਗਤ ਧੰਨਾ ਜੀ ਦਾ ਅਵਤਾਰ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ।

ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਕਮਲਜੀਤ ਸਿੰਘ ਤੇ ਬਾਬਾ ਅਮਰਜੀਤ ਸਿੰਘ ਦੀ ਅਗਵਾਈ 'ਚ ਪਿਛਲੇ ਕਈ ਦਿਨਾਂ ਤੋਂ ਚੱਲ ਰਹੀਆਂ 151 ਸ੍ਰੀ ਅਖੰਡ ਪਾਠਾਂ ਦੀਆਂ ਲੜੀਆਂ ਦੇ ਭੋਗ ਪਾਏ ਗਏ। ਉਪਰੰਤ ਮਹਾਨ ਕੀਰਤਨ ਦਰਬਾਰ ਹੋਇਆ, ਜਿਸ 'ਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ, ਬਾਬਾ ਉਕਾਰ ਸਿੰਘ ਬੇਰ ਕਲਾਂ ਵਾਲੇ, ਬਾਬਾ ਹਰੀ ਸਿੰਘ ਨਾਨਕਸਰ, ਬਾਬਾ ਜਸ਼ਨਪ੍ਰੀਤ ਸਿੰਘ ਢੋਲਣ, ਬਾਬਾ ਧੰਨਾ ਸਿੰਘ ਨਾਨਕਸਰ ਠਾਠ ਬੜੂੰਦੀ ਵਾਲਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਬਾਬਾ ਕਮਲਜੀਤ ਸਿੰਘ ਤੇ ਬਾਬਾ ਅਮਰਜੀਤ ਸਿੰਘ ਨੇ ਸਮਾਗਮ 'ਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਭਗਤ ਧੰਨਾ ਵਾਂਗ ਗੁਰੂ ਸਾਹਿਬ 'ਤੇ ਸ਼ਰਧਾ ਰੱਖਣੀ ਚਾਹੀਦੀ ਹੈ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਪੁਰ ਸਾਹਿਬ), ਵਿਧਾਇਕ ਮਨਪ੍ਰੀਤ ਸਿੰਘ ਇਯਾਲੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਪ੍ਰਧਾਨ ਬਿੰਦਰ ਮਨੀਲਾ, ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ ਤੇ ਵਿਜੈ ਸਿੰਘ ਸਕੱਤਰ ਐੱਸ ਜੀ ਪੀ ਸੀ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਜਸਵੀਰ ਸਿੰਘ ਲੁਧਿਆਣਾ, ਜਰਨੈਲ ਸਿੰਘ ਚੌਕੀਮਾਨ, ਲਵਜੋਤ ਸਿੰਘ ਮਿੰਟੂ ਤੇ ਧਰਮਦੀਪ ਸਿੰਘ ਸੁਧਾਰ ਆਦਿ ਹਾਜ਼ਰ ਸਨ।

## ਚੋਰੀ ਦੇ ਮਾਮਲੇ 'ਚ ਗ੍ਰਿਫ਼ਤਾਰ ਤਿੰਨ ਵਿਅਕਤੀਆਂ ਤੋਂ ਤਿੰਨ ਮੋਟਰਸਾਈਕਲ ਬਰਾਮਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮੋਟਰਸਾਈਕਲ ਚੋਰੀ ਦੇ ਮਾਮਲੇ 'ਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਐਸ.ਐਚ.ਓ. ਥਾਣਾ ਫ਼ਤਹਿਗੜ੍ਹ ਸਾਹਿਬ ਇੰਸਪੈਕਟਰ ਅਮਰਦੀਪ ਸਿੰਘ ਨੇ ਦੱਸਿਆ ਕਿ ਚਰਨਕਮਲ ਸਿੰਘ ਨਾਮਕ ਵਿਅਕਤੀ ਨੇ ਉਨ੍ਹਾਂ ਨੂੰ ਸ਼ਿਕਾਇਤ ਦਿੱਤੀ ਸੀ ਕਿ 10 ਅਪ੍ਰੈਲ ਨੂੰ ਉਹ ਜਦੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਗਿਆ ਤਾਂ ਗੁਰਦੁਆਰਾ ਸਾਹਿਬ ਦੇ ਬਾਹਰੋਂ ਉਸਦਾ ਸਪਲੈਂਡਰ ਮੋਟਰਸਾਈਕਲ ਚੋਰੀ ਕਰ ਲਿਆ ਗਿਆ।

ਮੋਟਰਸਾਈਕਲ ਦੀ ਭਾਲ ਕਰਦੇ ਹੋਏ ਗੁਰਦੁਆਰਾ ਸਾਹਿਬ ਅੰਦਰ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਚੈੱਕ ਕੀਤੀ ਗਈ ਫੁਟੇਜ ਦੇ ਆਧਾਰ 'ਤੇ ਚਰਨਕਮਲ ਸਿੰਘ ਨੇ ਦੱਸਿਆ ਕਿ ਚੋਰੀ ਦੀ ਇਹ ਵਾਰਦਾਤ ਅਮਿਤ ਸਿੰਘ ਵਾਸੀ ਸਰਹਿੰਦ, ਜਸਪ੍ਰੀਤ ਸਿੰਘ ਵਾਸੀ ਪਿੰਡ ਭੁਮੱਦੀ (ਲੁਧਿਆਣਾ) ਤੇ ਗੁਰਵਿੰਦਰ ਸਿੰਘ ਉਰਫ ਗੈਰੀ ਵਾਸੀ ਡੇਰਾਬਸੀ ਵੱਲੋਂ ਅੰਜਾਮ ਦਿੱਤੀ ਗਈ ਹੈ।ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਅ/ਧ 379 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਕਰਦੇ ਹੋਏ ਉਨ੍ਹਾਂ ਦੀ ਪੁਲਸ ਪਾਰਟੀ ਵੱਲੋਂ ਅਮਿਤ ਸਿੰਘ, ਜਸਪ੍ਰੀਤ ਸਿੰਘ ਤੇ ਗੁਰਵਿੰਦਰ ਸਿੰਘ ਉਰਫ਼ ਗੈਰੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਿਨ੍ਹਾਂ ਦੀ ਨਿਸ਼ਾਨਦੇਹੀ 'ਤੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਚੋਰੀ ਕੀਤੇ ਗਏ ਮੋਟਰਸਾਈਕਲ ਸਣੇ ਤਿੰਨ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ ਤੇ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।

## ਇਹ ਸੁਦਾਮਾ 'ਉਹ' ਨਹੀ : ਰਿੰਕੂ



**ਸ਼ਾਹਕੋਟ, (ਗਿਆਨ ਸੈਦਪੁਰੀ)**-ਲੋਕ ਸਭਾ ਹਲਕਾ ਜਲੰਧਰ ਵਿੱਚ ਪੈਂਦੇ ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਬੁੱਧਵਾਰ ਨੂੰ ਭਾਰਤੀ ਜਨਤਾ ਪਾਰਟੀ ਨੇ ਬੂਥ ਇੰਚਾਰਜਾਂ ਦੀ ਇੱਕਤਰਤਾ ਕਰਕੇ ਚੋਣ ਮੁਹਿੰਮ ਸ਼ੁਰੂ ਕਰ ਦਿੱਤੀ। ਮੰਡਲ ਪ੍ਰਧਾਨ ਸੰਜਮ ਮੈਸਨ ਤੋਂ ਲੈ ਕੇ ਨਗਰ ਪੰਚਾਇਤ ਸ਼ਾਹਕੋਟ ਦੇ ਕਈ ਵਾਰ ਪ੍ਰਧਾਨ ਰਹੇ ਤਰਸੇਮ ਲਾਲ ਮਿੱਤਲ ਇਸ ਇੱਕਤਰਤਾ ਵਿੱਚ ਸ਼ਾਮਲ ਸਨ। ਭਾਜਪਾ ਦੇ ਲੋਕ ਸਭਾ ਹਲਕਾ ਜਲੰਧਰ ਤੋਂ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਆਪਣੇ ਸੰਬੋਧਨ ਵਿੱਚ ਕਾਂਗਰਸੀ ਉਮੀਦਵਾਰ ਚਰਨਜੀਤ ਸਿੰਘ ਚੰਨੀ 'ਤੇ ਸਿਆਸੀ ਹਮਲੇ ਕੀਤੇ। ਉਨ੍ਹਾ ਕਿਹਾ ਕਿ ਚੰਨੀ ਦੇ ਸਿਰਨਾਵੇਂ ਤੋਂ ਵੀ ਜਲੰਧਰ ਹਲਕੇ ਦੇ ਲੋਕ ਜਾਣੂ ਨਹੀਂ ਹਨ। ਚੰਨੀ ਵੱਲੋਂ ਆਪਣੇ ਆਪ ਨੂੰ 'ਸੁਦਾਮਾ' ਆਖੇ ਜਾਣ 'ਤੇ ਵਿਅੰਗ ਕੱਸਦਿਆਂ ਰਿੰਕੂ ਨੇ ਕਿਹਾ ਕਿ ਇਹ ਸੁਦਾਮਾ ਕ੍ਰਿਸ਼ਨ ਭਗਵਾਨ ਵੇਲੇ ਦਾ ਨਹੀਂ, ਉਹ ਸੁਦਾਮਾ ਤਾਂ ਆਪਣੇ ਦੋਸਤ ਨੂੰ ਭੇਟ ਕਰਨ ਲਈ ਸਿਰਫ ਮੁੱਠੀਭਰ ਚਾਵਲ ਹੀ ਲਿਜਾ ਸਕਿਆ ਸੀ, ਪਰ ਚੰਨੀ ਨੇ ਤਾਂ ਆਪਣਾ ਘਰ ਬਣਾਉਣ 'ਤੇ ਹੀ ਸੌ ਕਰੋੜ ਰੁਪਏ ਖਰਚੇ ਹਨ। ਭਾਜਪਾ ਆਗੂਆਂ ਦੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਬਾਰੇ ਰਿੰਕੂ ਨੇ ਕਿਹਾ ਕਿ ਕਿਸਾਨ ਤਾਂ ਇਮਾਨਦਾਰ ਅਤੇ ਮਿਹਨਤੀ ਵਰਗ ਹੈ। ਕਿਸਾਨਾਂ ਦੇ ਭੇਸ ਵਿੱਚ ਘਿਰਾਓ ਕਰਨ ਵਾਲੇ ਸ਼ਰਾਰਤੀ ਅਨਸਰ ਹਨ। ਮੀਟਿੰਗ ਨੂੰ ਭਾਜਪਾ ਜਲੰਧਰ ਦੇ ਪ੍ਰਧਾਨ ਮੁਨੀਸ਼ ਧੀਰ, ਹਲਕਾ ਇੰਚਾਰਜ ਐਡਵੋਕੇਟ ਦੀਪਕ ਸ਼ਰਮਾ, ਜਲੰਧਰ ਦਿਹਾਤੀ ਦੇ ਜਨਰਲ ਸਕੱਤਰ ਅਸ਼ਵਨੀ ਮਿੱਤਲ, ਸਾਬਕਾ ਮੰਡਲ ਪ੍ਰਧਾਨ ਸੁਦਰਸ਼ਨ ਸੋਬਤੀ, ਸੀਨੀਅਰ ਭਾਜਪਾ ਆਗੂ ਡਾ. ਅਮਰਜੀਤ ਸਿੰਘ ਥਿੰਦ, ਮੰਡਲ ਪ੍ਰਧਾਨ ਸੰਜਮ ਮੈਸਨ, ਨਗਰ ਪੰਚਾਇਤ ਸਾਹਕੋਟ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਤਰਸੇਮ ਲਾਲ ਮਿੱਤਲ, ਵਿਵੇਕਾ ਨੰਦ ਸਰਮਾ, ਸੀਨੀਅਰ ਆਗੂ ਦਲਬੀਰ ਸੱਭਰਵਾਲ, ਸੰਜੀਵ ਸੋਬਤੀ, ਕਾਲੀ ਪ੍ਰਧਾਨ, ਹਰਵਿੰਦਰ ਭੱਟੀ, ਪ੍ਰੇਮ ਪਰਜੀਆਂ, ਐੱਸ ਸੀ ਵਿੰਗ ਦੇ ਸੀਨੀਅਰ ਆਗੂ ਮਿਸਟਰ ਕਲੇਰ ਨੇ ਵੀ ਸੰਬੋਧਨ ਕੀਤਾ।

## 15000 ਲੀਟਰ ਲਾਹਣ ਨੂੰ ਨਸ਼ਟ ਕੀਤਾ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** ਐਸ.ਆਈ. ਰਣਜੀਤ ਸਿੰਘ ਮੁੱਖ ਅਫ਼ਸਰ ਥਾਣਾ ਕਬਰਵਾਲਾ, ਸ:ਥ: ਸ਼ਵਿੰਦਰ ਸਿੰਘ ਇੰਚਾਰਜ ਚੌਕੀ ਪੰਨੀਵਾਲਾ, ਸਬ-ਡਵੀਜ਼ਨ ਲੰਬੀ ਦੀ ਪੁਲਿਸ ਫੋਰਸ ਸਮੇਤ ਐਕਸਾਇਜ ਵਿਭਾਗ ਦੇ ਨਰਿੰਦਰ ਕੁਮਾਰ ਤੇ ਸੁਖਵਿੰਦਰ ਸਿੰਘ 59 (ਮਲੋਟ) ਅਤੇ ਉਨ੍ਹਾਂ ਦੀ ਟੀਮ ਹਾਜ਼ਰ ਸਨ।

ਇਸ ਸਰਚ ਅਪ੍ਰੇਸ਼ਨ ਦੌਰਾਨ 15,000/- ਲੀਟਰ ਲਾਹਣ ਬਰਾਮਦ ਹੋਈ, ਜਿਸ ਨੂੰ ਐਕਸਾਇਜ ਵਿਭਾਗ ਵੱਲੋਂ ਮੌਕੇ 'ਤੇ ਨਸ਼ਟ ਕੀਤਾ ਗਿਆ।ਇਸ ਮੌਕੇ ਡੀ.ਐਸ.ਪੀ ਫ਼ਤਿਹ ਸਿੰਘ ਬਰਾੜ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਤੇ ਐਕਸਾਈਜ਼ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਸਰਚ ਆਪਰੇਸ਼ਨ ਚਲਾਇਆ ਗਿਆ।ਇਸ ਸਰਚ ਅਪ੍ਰੇਸ਼ਨ ਦੌਰਾਨ 15,000 ਲੀਟਰ ਲਾਹਣ ਤੇ 28 ਤਰਪਾਲਾਂ, 2 ਡਰੰਮ ਲੋਹਾ,4 ਪਤੀਲੇ ਲਵਾਰਸ ਹਾਲਤ ਵਿੱਚ ਬਰਾਮਦ ਹੋਏ।ਐਕਸਾਈਜ਼ ਵਿਭਾਗ ਵੱਲੋਂ 15000 ਲੀਟਰ ਲਾਹਣ ਨੂੰ ਮੌਕੇ 'ਤੇ ਨਸ਼ਟ ਕੀਤਾ ਗਿਆ ਤੇ ਬਾਕੀ ਸਮਾਨ ਨੂੰ ਕਬਜ਼ੇ ਵਿੱਚ ਲਿਆ ਗਿਆ, ਜਿਸ 'ਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅੱਗੇ ਵੀ ਇਸੇ ਤਰ੍ਹਾਂ ਸਰਚ ਅਪ੍ਰੇਸ਼ਨ ਚੱਲਦੇ ਰਹਿਣਗੇ।ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਤੁਸੀਂ ਕੋਈ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਸਾਡੇ ਪੁਲਿਸ ਕੰਟਰੋਲ ਰੂਮ ਦੇ ਹੈਲਪਲਾਈਨ ਨੰਬਰ 80549-42100 ਤੇ ਫੋਨ ਕਾਲ ਰਾਹੀਂ ਜਾਂ ਵਟਸਐਪ ਕਰਕੇ ਦੇ ਸਕਦੇ ਹੋ। ਜਾਣਕਾਰੀ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

## ਅਮਰਜੀਤ ਕੌਰ ਸਾਹੋਕੇ ਦੇ ਹੱਕ 'ਚ ਵਰਕਰ ਮਿਲਣੀ ਕੀਤੀ



**ਦੋਦਾ, (ਵਕੀਲ ਬਰਾੜ)** ਕਾਂਗਰਸ ਦੇ ਉਮੀਦਵਾਰ ਅਮਰਜੀਤ ਕੌਰ ਸਾਹੋਕੇ ਦੇ ਹੱਕ ਵਿੱਚ ਚੋਣ ਮਹਿੰਮ ਦਾ ਅਗਾਜ਼ ਕਰਦਿਆਂ ਦੋਦਾ ਜ਼ੋਨ ਦੇ ਆਗੂਆਂ ਤੇ ਵਰਕਰਾਂ ਦੀ ਪਲੇਠੀ ਮੀਟਿੰਗ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਤੇ ਹਲਕਾ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਰੱਖੀ ਗਈ, ਜੋ ਰੈਲੀ ਦਾ ਰੂਪ ਧਾਰ ਗਈ। ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹਦੇਖਣ ਨੂੰ ਮਿਲਿਆ। ਰਾਜਾ ਵੜਿੰਗ ਨੇ ਕੇਂਦਰ ਦੀ ਬੀਜੇਪੀ ਸਰਕਾਰ ਨੂੰ ਜੰਮ ਕੇ ਭੰਡਿਆ ਅਤੇ ਕਿਹਾ ਕਿ ਜੇ ਕਿਤੇ 2024 ਵਿਚ ਬੀਜੇਪੀ ਦੀ ਸਰਕਾਰ ਬਣ ਗਈ ਤਾਂ ਪੰਜਾਬ ਨੂੰ ਦੇਸ਼ ਦੇ ਨਕਸ਼ੇ ਤੋਂ ਮਿਟਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ ਤੇ ਬੀਜੇਪੀ ਸਰਕਾਰ ਕਿਸਾਨਾਂ ਨੂੰ ਸੜਕਾਂ 'ਤੇ ਰੋਲ ਰਹੀ ਹੈ ਅਤੇ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਨਾਲ ਜੋ ਮੰਗਾਂ ਦੀ ਸਹਿਮਤੀ ਬਣੀ ਸੀ, ਉਸ ਨੂੰ ਲਾਗੂ ਕਰਾਉਣ ਲਈ ਕਿਸਾਨਾਂ ਨੂੰ ਦੁਬਾਰਾ ਧਰਨੇ ਦੇਣੇ ਪੈ ਰਹੇ ਹਨ ਤੇ ਦੇਸ਼ ਦੇ ਕਿਸਾਨਾਂ ਨੂੰ ਦੇਸ਼ ਦੀ ਰਾਜਧਾਨੀ ਵਿੱਚ ਦਾਖਲ ਹੋਣ ਤੋਂ ਰੋਕਿਆ ਹੀ ਨਹੀਂ ਜਾ ਰਿਹਾ, ਸਗੋਂ ਉਨ੍ਹਾਂ ਉਤੇ ਭਾਰੀ ਤਸ਼ੱਦਦ ਢਾਹਿਆ ਜਾ ਰਿਹਾ ਹੈ।

ਉਮੀਦਵਾਰ ਅਮਰਜੀਤ ਕੌਰ ਸਾਹੋਕੇ ਨੇ ਪੰਜਾਬ ਸਰਕਾਰ 'ਤੇ ਚੋਟ ਕਰਦਿਆਂ ਕਿਹਾ ਕਿ ਇਹ ਲੋਕਾਂ ਨੂੰ ਲਾਰਿਆਂ ਵਿੱਚ ਉਲਝਾ ਕੇ ਰੱਖਣ ਵਾਲੀ ਸਰਕਾਰ ਹੈ ਤੇ ਪੰਜਾਬ ਸਰਕਾਰ ਦੋ ਸਾਲ ਬੀਤ ਜਾਣ 'ਤੇ ਵੀ ਆਪਣੇ ਵਾਅਦਿਆਂ 'ਤੇ ਖਰੀ ਨਹੀਂ ਉੱਤਰ ਸਕੀ। ਉਨ੍ਹਾਂ ਕੇਂਦਰ ਦੀਬੀਜੇਪੀ ਨੂੰ ਜ਼ੋਰਦਾਰ ਢੰਗ ਨਾਲ ਭੰਡਦਿਆਂ ਕਾਂਗਰਸ ਪਾਰਟੀ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਤੇ ਪਾਰਟੀ ਦੇ ਚੋਣ ਮਨੋਰਥ ਪੱਤਰ ਅਨੁਸਾਰ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਦੂਜੇ ਉਮੀਦਵਾਰ ਬਾਰੇ ਕਿਹਾ ਕਿ ਉਹ ਗਾਉਣ ਤੇ ਕਲਾਕਾਰੀ ਵਾਲੇ ਵਿਅਕਤੀ ਹਨ।

## ਸੇਫ਼ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਹਰ ਹਾਲ ਯਕੀਨੀ ਬਣਾਈ ਜਾਵੇ : ਧੀਮਾਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹੇ ਵਿੱਚ ਸੇਫ਼ ਸਕੂਲ ਵਾਹਨ ਪਾਲਸੀ ਦੀ ਪਾਲਣਾ ਹਰ ਹਾਲ ਯਕੀਨੀ ਬਣਾਈ ਜਾਵੇ।ਬੱਚਿਆਂ ਦੀ ਜਾਨ ਮਾਲ ਦੀ ਰਾਖੀ ਲਈ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਹੋਵੇਗੀ।ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਤੇ ਵੈਨ ਚਾਲਕਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਤੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਪ੍ਰਗਟਾਵਾ ਡਿਪਟੀ ਕਮਿਸ਼ਰ ਰਾਜੇਸ਼ ਧੀਮਾਨ ਨੇ ਸੇਫ ਸਕੂਲ ਵਾਹਨ ਪਾਲਸੀ ਨੂੰ ਜ਼ਿਲ੍ਹੇ ਵਿੱਚ ਸਖ਼ਤੀ ਨਾਲ ਲਾਗੂ ਕਰਨ ਸਬੰਧੀ ਅਧਿਕਾਰੀਆਂ ਤੇ ਵੱਖ-ਵੱਖ ਸਕੂਲਾਂ, ਸਿੱਖਿਆ ਸੰਸਥਾਵਾਂ ਦੇ ਪ੍ਰਿੰਸੀਪਲਾਂ ਨਾਲ ਮੀਟਿੰਗ ਦੌਰਾਨ ਕੀਤਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਕੂਲਾਂ ਦੇ ਪ੍ਰਿੰਸੀਪਲ ਅਤੇ ਸਕੂਲ ਵੈਨ/ਬੱਸਾਂ ਦੇ ਚਾਲਕ ਇਹ ਪੂਰਨ ਤੌਰ 'ਤੇ ਯਕੀਨੀ ਬਣਾਉਣ ਕਿ ਸਕੂਲ ਵਾਹਨ ਸੇਫ ਸਕੂਲ ਵਾਹਨ ਪਾਲਸੀ ਤਹਿਤ ਨਿਰਧਾਰਤ ਮਾਪਦੰਡ ਪੂਰੇ ਕਰਦੇ ਹੋਣ।

ਉਨ੍ਹਾਂ ਕਿਹਾ ਕਿ ਸਕੂਲ ਵੈਨਾਂ/ਬੱਸਾਂ ਵਿੱਚ ਸੀਸੀਟੀਵੀ ਕੈਮਰਾ, ਦੋਵਾਂ ਸਾਇਡਾਂ 'ਤੇ ਖਿੜਕੀ ਤੇ ਲੋਹੇ ਦੀ ਗਰਿੱਲ ਲੱਗੀ ਹੋਵੇ, ਫਸਟ ਏਡ ਬਾਕਸ, ਲੜਕੀਆਂ ਲਈ ਮਹਿਲਾ ਅਟੈਂਡੈਂਟ, ਡਰਾਇਵਰ ਕੋਲ ਹੈਵੀ ਡਰਾਇਵਿੰਗ ਲਾਇਸੰਸ, ਵਾਹਨ ਵਿੱਚ ਸਪੀਡ ਗਵਰਨ ਲੱਗਾ ਹੋਵੇ।ਸਕੂਲ ਵਾਹਨ ਦਾ ਰੰਗ ਪੀਲਾ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਵੀ ਸਕੂਲ ਵਾਹਨਾਂ ਦੇ ਕਾਗਜ਼ਾਂ ਵਿੱਚ ਕੋਈ ਕਮੀ ਹੈ, ਉਨ੍ਹਾਂ ਦੇ ਡਰਾਇਵਰ ਇਕ ਹਫ਼ਤੇ ਦੇ ਅੰਦਰ-ਅੰਦਰ ਸਾਰੇ ਕਾਗਜ਼ ਵੀ ਪੂਰੇ ਕਰਨ ਤਾਂ ਜੁ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਕਿਹਾ ਕਿ ਸਕੂਲ ਬਸ ਦੇ ਰੁਕਣ 'ਤੇ ਹੀ ਬੱਚਿਆਂ ਨੂੰ ਚੜ੍ਹਾਇਆ ਤੇ ਉਤਾਰਿਆ ਜਾਵੇ। ਵੈਨਾਂ ਦੀ ਰਫ਼ਤਾਰ ਨਿਰਧਾਰਤ ਰਫ਼ਤਾਰ ਤੋਂ ਵੱਧ ਨਹੀਂ ਹੋਣੀ ਚਾਹੀਦੀ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਸਕੂਲੀ ਵਾਹਨ ਸੇਫ਼ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਬੰਧਤ ਸਕੂਲ ਦਾ ਪ੍ਰਿੰਸੀਪਲ ਅਤੇ ਵਾਹਨ ਚਾਲਕ ਜ਼ਿੰਮੇਵਾਰ ਹੋਣਗੇ ਤੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਬੱਚਿਆਂ ਦੇ ਮਾਪਿਆਂ ਅਤੇ ਸਕੂਲ ਪ੍ਰਬੰਧਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਪੱਧਰ ਤੇ ਵੀ ਸਕੂਲੀ ਵਾਹਨਾਂ ਦੀ ਚੈਕਿੰਗ ਕਰਦੇ ਰਹਿਣ।ਇਸ ਮੌਕੇ ਆਰਟੀਓ ਕਰਨਵੀਰ ਸਿੰਘ ਛੀਨਾ ਨੇ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਸੀ ਤਹਿਤ ਜ਼ਿਲ੍ਹੇ ਵਿੱਚ ਰੋਜ਼ਾਨਾ ਵੱਖ-ਵੱਖ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਤੇ ਸੇਫ ਸਕੂਲ ਵਾਹਨ ਪਾਲਸੀ ਦੀਆਂ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਸਕੂਲੀ ਵਾਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 92 ਦੇ ਕਰੀਬ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਚੁੱਕੀ ਹੈ ਤੇ 42 ਸਕੂਲੀ ਵਾਹਨਾਂ ਦੇ ਚਲਾਨ ਕੀਤੇ ਗਏ ਹਨ।ਮੀਟਿੰਗ ਵਿੱਚ ਵਧੀਕ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਪ੍ਰਗਟ ਸਿੰਘ ਬਰਾੜ ਤੋਂ ਇਲਾਵਾ ਵੱਖ-ਵੱਖ ਸਕੂਲਾਂ/ਸਿੱਖਿਆ ਸੰਸਥਾਵਾਂ ਦੇ ਪ੍ਰਿੰਸੀਪਲ ਹਾਜ਼ਰ ਸਨ।

## 'ਸੋਸ਼ਲ ਮੀਡੀਆ ਤੇ ਰਿਸ਼ਤਿਆਂ ਦਾ ਸੰਕਟ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ




**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਵੱਲੋਂ 'ਸੋਸ਼ਲ ਮੀਡੀਆ ਤੇ ਰਿਸ਼ਤਿਆਂ ਦਾ ਸੰਕਟ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਾਇਆ ਗਿਆ।ਸਮਾਗਮ ਵਿੱਚ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਤੇ ਅਕਾਦਮਿਕ ਮਾਮਲਿਆਂ ਦੇ ਡੀਨ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਸਮੇਤ ਪ੍ਰੋ. ਹਰਵਿੰਦਰ ਸਿੰਘ ਭੱਟੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਸਹਾਇਕ ਪ੍ਰੋਫੈਸਰ ਪਰਮਦੀਪ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਤੇ ਪ੍ਰੋ. ਹਰਵਿੰਦਰ ਸਿੰਘ ਭੱਟੀ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ।

ਪ੍ਰੋ. ਭੱਟੀ ਨੇ 'ਸੋਸ਼ਲ ਮੀਡੀਆ 'ਤੇ ਰਿਸ਼ਤਿਆਂ ਦਾ ਸੰਕਟ' ਵਿਸ਼ੇ 'ਤੇ ਲੈਕਚਰ ਦਿੱਤਾ, ਜਿਸ ਵਿੱਚ ਆਪਸੀ ਸਬੰਧਾਂ 'ਤੇ ਸੋਸ਼ਲ ਮੀਡੀਆ ਦੇ ਪ੍ਰਭਾਵ 'ਤੇ ਧਿਆਨ ਕੇਂਦਰਤ ਕੀਤਾ ਗਿਆ ਤੇ ਇਨ੍ਹਾਂ ਚੁਣੌਤੀਆਂ ਨਾਲ ਨਜਿੱਠਣ ਲਈ ਵੱਖ-ਵੱਖ ਸੁਝਾਅ ਦਿੱਤੇ ਗਏ। ਸਮਾਗਮ ਵਿੱਚ ਰਾਜਨੀਤੀ ਸ਼ਾਸਤਰ ਵਿਭਾਗ ਦੇ ਮੁਖੀ ਪ੍ਰੋ. ਜਮਸ਼ੀਦ ਅਲੀ ਖਾਨ, ਸਹਾਇਕ ਪ੍ਰੋਫੈਸਰ ਮਿਸ ਯਾਸ਼ਨਾ, ਮਿਸ ਕਿਰਨਜੀਤ ਕੌਰ ਅਤੇ ਮਿਸ ਅੰਮ੍ਰਿਤਪਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਤੇ ਵਿਦਿਆਰਥੀ ਹਾਜ਼ਰ ਸਨ। ਸਮਾਜ ਸ਼ਾਸਤਰ ਵਿਭਾਗ ਦੇ ਇੰਚਾਰਜ ਡਾ. ਨਵ ਸ਼ਗਨਦੀਪ ਕੌਰ ਨੇ ਪ੍ਰੋ. ਹਰਵਿੰਦਰ ਸਿੰਘ ਭੱਟੀ, ਸਮੂਹ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

25-April-PAGE-3.qxd 4/24/2024 10:35 PM Page 1



# ਚੋਣ ਡਿਊਟੀ ਸੰਬੰਧੀ ਮੁਸ਼ਕਲਾਂ ਨੂੰ ਲੈ ਕੇ ਜੀਟੀਯੂ ਨੇ ਡੀਸੀ ਨੂੰ ਸੌਂਪਿਆ ਮੰਗ ਪੱਤਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਲੋਕ ਸਭਾ ਦੀਆਂ ਚੋਣਾਂ ਵਿੱਚ ਅਧਿਆਪਕਾਂ ਦੀਆਂ ਚੋਣ ਡਿਊਟੀ ਸੰਬੰਧੀ ਮੁਸ਼ਕਲਾਂ ਦੇ ਹੱਲ ਲਈ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਮਾਣਯੋਗ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਸ਼ੇਸ਼ ਸਾਰੰਗਲ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਪੂਰੋਵਾਲ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਰੰਗੀਲਪੁਰ, ਪਰਸ਼ੋਤਮ ਲਾਲ, ਅਨਿਲ ਕੁਮਾਰ ਲਾਹੌਰੀਆ ਨੇ ਦੱਸਿਆ ਕਿ ਮਹਿਲਾ ਅਧਿਆਪਕਾਵਾਂ/ਮੁਲਾਜ਼ਮਾਂ ਦੀਆਂ ਚੋਣ ਡਿਊਟੀਆਂ ਨੇੜਲੇ ਬੂਥਾਂ/ਬਲਾਕ ਅੰਦਰ ਜਾਂ ਨੇੜਲੇ ਬਲਾਕ ਵਿੱਚ ਹੀ ਲਗਾਈਆਂ ਜਾਣ, ਵਿਧਵਾ/ਤਲਾਕਸ਼ੁਦਾ, ਅੰਗਹੀਣ, ਗੰਭੀਰ ਬਿਮਾਰੀ, ਗਰਭਵਤੀ, ਕਪਲ ਕੇਸ, ਛੋਟੇ ਬੱਚਿਆਂ ਵਾਲੀਆਂ ਇਸਤਰੀ ਆਧਿਆਪਕਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ, ਚੋਣ ਸਮੱਗਰੀ ਦੇਣ ਅਤੇ ਚੋਣ ਸਮੱਗਰੀ ਵਾਪਿਸ ਲੈਣ ਲਈ ਵੱਧ ਕਾਊਂਟਰ ਬਣਾਏ ਜਾਣ, ਬੀਐੱਲਓ, ਰਿਜ਼ਰਵ ਸਟਾਫ਼ ਅਤੇ ਮਿਡ ਡੇਅ ਮੀਲ ਵਰਕਰਜ਼ ਨੂੰ ਮਾਣ ਭੱਤੇ ਦੀ ਅਦਾਇਗੀ ਮੌਕੇ 'ਤੇ ਦਿੱਤੀ ਜਾਵੇ, ਐਮਰਜੈਂਸੀ ਕੇਸਾਂ ਵਿੱਚ ਵਿਦੇਸ਼ ਛੁੱਟੀ ਲਈ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ, ਅਧਿਆਪਕਾਂ ਦੀਆਂ ਚੋਣ ਡਿਊਟੀਆਂ ਚੋਣਾਂ ਤੋਂ ਪਹਿਲਾਂ ਘੱਟ ਤੋਂ ਘੱਟ ਲਗਾਈਆਂ ਜਾਣ ਜਾਂ ਰੋਟੇਸ਼ਨ ਅਨੁਸਾਰ ਲਗਾਈਆਂ ਜਾਣ ਤਾਂ ਕਿ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ । ਜ਼ਿਲ੍ਹਾ ਚੋਣ ਅਫਸਰ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਜਾਇਜ਼ ਕੇਸਾਂ ਵਿੱਚ ਆਧਿਆਪਕਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇਗੀ ਅਤੇ ਇਸਤਰੀ ਅਧਿਆਪਕਾਂ ਦੀਆਂ ਚੋਣ ਡਿਊਟੀਆਂ ਬਲਾਕ ਦੇ ਅੰਦਰ ਜਾਂ ਨੇੜਲੇ ਬਲਾਕ ਵਿੱਚ ਹੀ ਲਗਾਈਆਂ ਜਾਣਗੀਆਂ।

ਅੱਜ ਦੇ ਵਫ਼ਦ ਵਿੱਚ ਅਮਨਦੀਪ ਧਾਰੀਵਾਲ, ਮੰਗਲਦੀਪ, ਮਨਜੀਤ ਸਿੰਘ, ਸੁਖਵਿੰਦਰ ਬਟਾਲਾ, ਬਲਕਾਰ ਸਿੰਘ, ਸਲਵਿੰਦਰ ਕੁਮਾਰ, ਪਵਨ ਕੁਮਾਰ ਅਤੇ ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਸੇਫ ਸਕੂਲ ਵਾਹਨ ਪਾਲਿਸੀ ਤਹਿਤ 12 ਸਕੂਲੀ ਵਾਹਨਾਂ ਦੇ ਚਲਾਨ ਕੱਟੇ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਅੰਦਰ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇਸਤਰੀ ਤੇ ਬਾਲ ਵਿਕਾਸ ਵਿਭਾਗ ਅਤੇ ਪੁਲਸ ਵਿਭਾਗ ਵੱਲੋਂ ਸੰਯੁਕਤ ਤੌਰ 'ਤੇ ਵਿਸ਼ੇਸ਼ ਅਭਿਆਨ ਚਲਾ ਕੇ ਸੋਮਵਾਰ ਨੂੰ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਬਾਹਰ ਬੱਸਾਂ ਦੀ ਚੈਕਿੰਗ ਕੀਤੀ ਗਈ ਅਤੇ ਕਰੀਬ 12 ਸਕੂਲੀ ਵਾਹਨਾਂ ਦੇ ਚਲਾਨ ਵੀ ਕੱਟੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਟ੍ਰੈਫਿਕ ਇੰਚਾਰਜ ਬ੍ਰਹਮਦੱਤ, ਪ੍ਰਦੀਪ ਕੁਮਾਰ ਐਜੂਕੇਸ਼ਨ ਸੈੱਲ, ਏਐੱਸਆਈ ਵਿਜੈ, ਬਲਵਿੰਦਰ ਹੈੱਡ ਕਾਂਸਟੇਬਲ, ਮਦਨ ਲਾਲ, ਸੰਗੀਤਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਊਸ਼ਾ ਲਲੋਤਰਾ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਪਠਾਨੋਕਟ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਅੰਦਰ ਵੀ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖ ਕੇ ਵਿਸ਼ੇਸ਼ ਅਭਿਆਨ ਚਲਾਇਆ ਗਿਆ।

ਉਨ੍ਹਾਂ ਦੱਸਿਆ ਕਿ ਅੱਜ ਜ਼ਿਲ੍ਹਾ ਪਠਾਨਕੋਟ ਅੰਦਰ ਵਿਸ਼ੇਸ਼ ਅਭਿਆਨ ਚਲਾਇਆ ਗਿਆ ਅਤੇ ਵੱਖ ਵੱਖ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ। ਇਸ ਤੋਂ ਇਲਾਵਾ ਸਕੂਲੀ ਬੱਸਾਂ ਦੇ ਡਰਾਇਵਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਸੁਰੱਖਿਆ ਸਾਵਧਾਨੀਆਂ ਬਾਰੇ ਜਾਗਰੂਕ ਵੀ ਕੀਤਾ ਗਿਆ।

# ਵਿਧਾਇਕ ਸੋਹਲ ਵੱਲੋਂ ਅੱਡਾ ਝਬਾਲ ਦੇ ਦੁਕਾਨਦਾਰਾਂ ਨਾਲ ਮੁਲਾਕਾਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਅੱਡਾ ਝਬਾਲ ਵਿਖੇ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਦੇ ਹੱਕ ਵਿੱਚ ਦੁਕਾਨਦਾਰਾਂ ਨਾਲ ਦੁਕਾਨਾਂ ਤੇ ਜਾ ਕੇ ਆਮ ਆਦਮੀ ਪਾਰਟੀ ਦੀ ਨੀਤੀਆਂ ਦਾ ਪ੍ਰਚਾਰ ਕੀਤਾ ਤੇ ਲਾਲਜੀਤ ਸਿੰਘ ਭੁੱਲਰ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਤੇ ਦੁਕਾਨਦਾਰਾ ਨੂੰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ।ਉਨ੍ਹਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਦੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸੀ, ਉਨ੍ਹਾਂ ਨੂੰ ਬਾਖੂਬੀ ਪੂਰਾ ਵੀ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਹਰ ਮਹੀਨੇ ਹਜ਼ਾਰ-ਹਜ਼ਾਰ ਰੁਪਏ ਦੇਣ ਦਾ ਜੋ ਵਾਅਦਾ ਕੀਤਾ ਸੀ ਉਸ ਨੂੰ ਵੀ ਪੰਜਾਬ ਸਰਕਾਰ ਵੱਲੋਂ ਜਲਦ ਪੂਰਾ ਕੀਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਦਾ ਵੱਧ ਤੋਂ ਵੱਧ ਸਾਥ ਦੇਣ ਤਾਂ ਜੋ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾਵੇ ।ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਭਾਰੀ ਰੌਕੀ ਕਥੂਰੀਆ ਜ਼ੀਰਾ, ਬਲਾਕ ਪ੍ਰਧਾਨ ਜਤਿੰਦਰ ਸਿੰਘ ਬਘੇਲ ਸਿੰਘ ਵਾਲਾ, ਵਾਈਸ ਬਲਾਕ ਪ੍ਰਧਾਨ ਅਰਵਿੰਦਰ ਸਿੰਘ ਰਾਜਾ ਸੈਕਟਰੀ ਗ੍ਰਾਮ ਪੰਚਾਇਤ ਅੱਡਾ ਝਬਾਲ, ਸੀਨੀਅਰ ਆਗੂ ਆਮ ਆਦਮੀ ਪਾਰਟੀ ਚਰਨਜੀਤ ਸਿੰਘ ਸੋਢੀ, ਡਾ. ਤਸਬੀਰ ਕੌਰ ਪ੍ਰਧਾਨ ਮਹਿਲਾ ਵਿੰਗ, ਸੁਖਦੇਵ ਸਿੰਘ ਗ੍ਰਾਮ ਪੰਚਾਇਤ ਬਾਬਾ ਲੰਗਾਹ, ਗੁਰਪਿੰਦਰ ਸਿੰਘ ਨਾਥੂ ਗ੍ਰਾਮ ਪੰਚਾਇਤ ਬਾਬਾ ਲੰਗਾਹ, ਬਲਵਿੰਦਰ ਸਿੰਘ, ਜੋਗਿੰਦਰ ਸਿੰਘ, ਮਨਜਿੰਦਰ ਸਿੰਘ ਮਨੀ, ਰਾਕੇਸ਼ ਕੁਮਾਰ ਹੈਪੀ, ਫੌਜੀ ਸਿਮਰਜੀਤ ਸਿੰਘ ਆਦਿ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਨੇ ਧਾਰਮਿਕ ਪ੍ਰੀਖਿਆ ਦਾ ਨਤੀਜਾ ਐਲਾਨਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਨਵੰਬਰ 2023 ਵਿਚ ਲਈ ਗਈ ਦਰਜਾ ਪਹਿਲਾ ਅਤੇ ਦੂਜਾ ਦੀ ਧਾਰਮਿਕ ਪ੍ਰੀਖਿਆ ਦਾ ਨਤੀਜਾ ਅੱਜ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਅਤੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਜਾਰੀ ਕੀਤਾ। ਐਲਾਨੇ ਗਏ ਨਤੀਜੇ ਅਨੁਸਾਰ 1549 ਵਿਦਿਆਰਥੀਆਂ ਨੂੰ 29 ਲੱਖ 88 ਹਜ਼ਾਰ ਰੁਪਏ ਦੇ ਕਰੀਬ ਵਜ਼ੀਫ਼ਾ ਰਾਸ਼ੀ ਵਜੋਂ ਦਿੱਤੇ ਜਾਣਗੇ ਅਤੇ ਇਸ ਤੋਂ ਇਲਾਵਾ ਸਨਮਾਨ ਚਿੰਨ੍ਹ ਤੇ ਪ੍ਰਮਾਣ ਪੱਤਰ ਦੇ ਕੇ ਵੀ ਨਿਵਾਜਿਆ ਜਾਵੇਗਾ। ਨਤੀਜਾ ਜਾਰੀ ਕਰਨ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਜਿਥੇ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ ਦਾ ਕਾਰਜ ਕਰਦੀ ਹੈ, ਉਥੇ ਹੀ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਇਸੇ ਦੌਰਾਨ ਸਕੱਤਰ ਬਲਵਿੰਦ ਸਿੰਘ ਨੇ ਕਿਹਾ ਕਿ ਧਾਰਮਿਕ ਪ੍ਰੀਖਿਆ ਦੌਰਾਨ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਜੀਫਾ ਰਾਸ਼ੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਨਵੰਬਰ 2023 ਵਿਚ ਲਈ ਗਈ ਧਾਰਮਿਕ ਪ੍ਰੀਖਿਆ ਵਿਚ ਦੋ ਦਰਜਿਆਂ ਅੰਦਰ 43803 ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚੋਂ 1549 ਵਿਦਿਆਰਥੀ ਨੇ ਵਜੀਫਾ ਹਾਸਲ ਕੀਤਾ ਹੈ। ਇਸ ਦੇ ਨਾਲ ਹੀ ਹਰ ਦਰਜੇ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਵੀ ਵਿਸ਼ੇਸ਼ ਰਾਸ਼ੀ ਦਿੱਤੀ ਜਾਵੇਗੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਇੰਚਾਰਜ ਸ. ਜੋਗੇਸ਼ਵਰ ਸਿੰਘ ਆਦਿ ਹਾਜ਼ਰ ਸਨ।

## ਮਕੌੜਾ ਪੱਤਣ ਦਾ ਕੰਮ ਰੁਕਣ ਕਰਕੇ ਲੋਕਾਂ 'ਚ ਭਾਰੀ ਰੋਸ

ਗੁਰਦਾਸਪੁਰ (ਜਨਕ ਮਹਾਜਨ)-ਮਕੌੜਾ ਪੱਤਣ ਰਾਵੀ ਦਰਿਆ ਤੋਂ ਪਾਰ ਵਾਲੇ ਸਰਹੱਦੀ ਪਿੰਡਾਂ ਦੇ ਮੋਹਤਬਾਰ ਵਿਅਕਤੀਆਂ ਦੀ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਇਕ ਮੀਟਿੰਗ ਬਲਦੇਵ ਸਿੰਘ ਸਾਬਕਾ ਸਰਪੰਚ ਅਤੇ ਕੁਲਦੀਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੂਬਾ ਮੀਤ ਪ੍ਰਧਾਨ ਸਤਿਬੀਰ ਸਿੰਘ ਸੁਲਤਾਨੀ, ਬਲਾਕ ਸਕੱਤਰ ਵਿਕਰਮਜੀਤ ਸਿੰਘ, ਨਿਰਮਲ ਸਿੰਘ, ਅਮਰੀਕ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਹੱਦੀ ਇਲਾਕੇ ਵਿਚ ਪੱਕੇ ਪੁਲ ਦਾ ਨਿਰਮਾਣ ਨਾ ਹੋਣ ਕਰਕੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਪ ਦੀ ਸਰਕਾਰ ਨੂੰ ਬਣਿਆਂ ਦੋ ਸਾਲਾਂ ਦਾ ਸਮਾਂ ਹੋ ਗਿਆ ਹੈ, ਉਹ ਵੀ ਪੁਲ ਦੇ ਨਿਰਮਾਣ ਕਾਰਜ ਨੂੰ ਬਹਾਨੇ ਬਣਾ ਕੇ ਲਟਕਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੰਬਧੀ ਪਿਛਲੇ ਦਿਨੀਂ ਐੱਸਡੀਐੱਮ ਦੀਨਾਨਗਰ ਨਾਲ ਵੀ ਮੁਲਾਕਾਤ ਕੀਤੀ ਗਈ ਪਰ ਮਸਲੇ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੁਣਵਾਈ ਨਾ ਕਰਨ 'ਤੇ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਇਸ ਮੌਕੇ ਪੁਲ ਦੇ ਨਿਰਮਾਣ ਕਾਰਜ ਲਈ ਅਗਲੇ ਸੰਘਰਸ਼ ਦੀ ਰੂਪ-ਰੇਖਾ ਤੈਅ ਕੀਤੀ ਜਾਵੇਗੀ। ਇਸ ਮੌਕੇ ਦਿਲਾਵਰ ਸਿੰਘ, ਵਿਪਨ ਕੁਮਾਰ, ਜੋਗਿੰਦਰ ਸਿੰਘ ਅਤੇ ਰਕੇਸ਼ ਕੁਮਾਰ ਆਦਿ ਹਾਜ਼ਰ ਸਨ।

## ਡਾ. ਵਿਜੇ ਕੁਮਾਰ ਦੀ ਸੇਵਾਮੁਕਤੀ 'ਤੇ ਵਿਦਾਇਗੀ ਪਾਰਟੀ 29 ਨੂੰ



ਅੰਮ੍ਰਿਤਸਰ (ਜਸਬੀਰ ਪੱਟੀ)-ਸਿਵਲ ਸਰਜਨ ਡਾ. ਵਿਜੇ ਕੁਮਾਰ 30 ਅਪ੍ਰੈਲ, 2024 ਮੰਗਲਵਾਰ ਨੂੰ ਸਰਕਾਰੀ ਸੇਵਾਵਾਂ ਤੋਂ ਭਾਰ ਮੁਕਤ ਹੋ ਰਹੇ ਹਨ। ਆਪਣੇ ਨਿੱਘੇ ਸੁਭਾਅ ਅਤੇ ਇਮਾਨਦਾਰੀ ਲਈ ਜਾਣੇ ਜਾਂਦੇ ਡਾ. ਵਿਜੇ ਕੁਮਾਰ, ਸਿਵਲ ਸਰਜਨ ਅੰਮ੍ਰਿਤਸਰ ਨੂੰ ਰਿਟਾਇਰਮੈਂਟ ਦੇ ਮੌਕੇ ਇੰਪਲਾਈਜ਼ ਵੈੱਲਫ਼ੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਉਨ੍ਹਾਂ ਨੂੰ ਚੰਗੀਆਂ, ਵਧੀਆ ਸੇਵਾਵਾਂ ਦੇਣ ਲਈ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣ ਹਿੱਤ ਉਚੇਚੇ ਤੌਰ ਤੇ ਸਨਮਾਨਿਤ ਕਰਨ ਹਿੱਤ ਵਿਦਾਇਗੀ ਪਾਰਟੀ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ 24 ਅਪਰੈਲ ਦਿਨ ਸੋਮਵਾਰ ਨੂੰ ਦੁਪਹਿਰ 01-35 ਰੱਖੀ ਗਈ ਹੈ। ਇਸ ਮੌਕੇ ਇੰਪਲਾਈਜ਼ ਵੈੱਲਫ਼ੇਅਰ ਐਸੋਸੀਏਸ਼ਨ ਦੇ ਚੇਅਰਮੈਨ ਡਾ. ਰਾਕੇਸ਼ ਸ਼ਰਮਾ, ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾ. ਮਦਨ ਮੋਹਨ, ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾ. ਸਵਰਨਜੀਤ ਧਵਨ, ਮੈਟਰਨ ਕਮਲਜੀਤ ਕੌਰ ਸੀਨੀਅਰ ਵਾਈਸ ਪ੍ਰਧਾਨ, ਡਾ. ਸੰਜੀਵ ਆਨੰਦ ਜਨਰਲ ਸੈਕਟਰੀ, ਫੂਡ ਕਮਿਸ਼ਨਰ ਰਜਿੰਦਰ ਪਾਲ ਸਿੰਘ, ਜਸਬੀਰ ਕੌਰ (ਸ) ਸੀਨੀਅਰ ਵਾਈਸ ਪ੍ਰਧਾਨ ਅਤੇ ਰਘੂ ਤਲਵਾਰ ਜ਼ਿਲ੍ਹਾ ਪ੍ਰਧਾਨ, ਰਾਜੇਸ਼ ਸ਼ਰਮਾ, ਉਚੇਚੇ ਤੌਰ ਤੇ ਮੌਜੂਦ ਰਹਿੰਦਿਆਂ ਸਿਵਲ ਸਰਜਨ ਡਾ. ਵਿਜੇ ਕੁਮਾਰ ਨੂੰ ਸਨਮਾਨਿਤ ਕਰਨਗੇ।

## ਸਵੀਪ ਟੀਮ ਨੇ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਕੁਮਾਰ ਸ਼ਰਮਾ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਵਿਖੇ ਸਵੀਪ ਟੀਮ ਵਲੋਂ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਸਵੀਪ ਟੀਮ ਵੱਲੋਂ ਇਸ ਵਾਰ ਸੱਤਰ ਪਾਰ ਤਹਿਤ ਵੱਖ-ਵੱਖ ਪਿੰਡਾਂ, ਮੁਹੱਲਿਆਂ ਅਤੇ ਸਕੂਲਾਂ ਵਿੱਚ ਜਾ ਕੇ ਸਵੀਪ ਗਤੀਵਿਧੀਆਂ ਦੁਆਰਾ ਆਮ ਨਾਗਰਿਕਾਂ ਨੂੰ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਪ੍ਰਤੀ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਇਸੇ ਲੜੀ ਦੇ ਤਹਿਤ ਅੱਜ ਜ਼ਿਲ੍ਹਾ ਸਵੀਪ ਟੀਮ ਵੱਲੋਂ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।ਇਸ ਮੌਕੇ ਪ੍ਰਿੰ. ਸੁਨੀਤਾ ਸ਼ਰਮਾ ਵੱਲੋਂ ਸਵੀਪ ਟੀਮ ਦਾ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ ਗਿਆ।ਟੀਮ ਮੈਂਬਰ ਪਰਮਿੰਦਰ ਸਿੰਘ ਸੈਣੀ, ਗਗਨਦੀਪ ਸਿੰਘ ਅਤੇ ਅਮਰਜੀਤ ਸਿੰਘ ਪੂਰੇਵਾਲ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਵਿਦਿਆਰਥੀ ਸਭਾ ਦੀ ਤਾਜਪੋਸ਼ੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਵਿਦਿਆਰਥੀ ਸਭਾ ਦੀ ਸਥਾਪਨਾ ਕੀਤੀ ਗਈ।ਵਿਦਿਆਰਥੀ ਸਭਾ ਨੂੰ ਚਾਰ ਹਾਊਸ ਵਿੱਚ ਵੰਡਿਆ ਗਿਆ ਹੈ।ਹਰ ਇੱਕ ਹਾਊਸ ਨੂੰ ਵੱਖਰੇ ਵੱਖਰੇ ਨਾਮ ਦਿੱਤੇ ਗਏ ਹਨ- ਅਜੀਤ ਹਾਊਸ, ਜੁਝਾਰ ਹਾਊਸ, ਜ਼ੋਰਾਵਰ ਹਾਊਸ ਅਤੇ ਫਤਿਹ ਹਾਊਸ ।ਹਰੇਕ ਹਾਊਸ ਦੇ ਕੈਪਟਨ ਅਤੇ ਵਾਈਸ ਕੈਪਟਨ ਚੁਣੇ ਗਏ ਜਿਨ੍ਹਾਂ ਦੇ ਨਾਮ ਕ੍ਰਮਵਾਰ ਅਜੀਤ ਹਾਊਸ ਦੇ ਵਿਦਿਆਰਥੀ ਅਭੀਜੋਤ ਸਿੰਘ ਜਮਾਤ ਅੱਠਵੀਂ (ਕੈਪਟਨ) ਅਤੇ ਰਵਨੀਤ ਕੌਰ ਜਮਾਤ ਸੱਤਵੀਂ (ਵਾਈਸ ਕੈਪਟਨ) ਜੁਝਾਰ ਹਾਊਸ ਦੇ ਵਿਦਿਆਰਥੀ ਗੁਰਲੀਨ ਕੌਰ ਜਮਾਤ ਅੱਠਵੀਂ (ਕੈਪਟਨ) ਅਤੇ ਤਕਸ਼ਿਲ ਬੇਦੀ ਜਮਾਤ ਨੌਵੀਂ (ਵਾਈਸ ਕੈਪਟਨ), ਜ਼ੋਰਾਵਰ ਹਾਊਸ ਦੇ ਵਿਦਿਆਰਥੀ ਗੁਰਲੀਨ ਕੌਰ ਜਮਾਤ ਨੌਵੀਂ (ਕੈਪਟਨ) ਅਤੇ ਅਰਮਾਨਜੋਤ ਸਿੰਘ ਜਮਾਤ ਅੱਠਵੀਂ (ਵਾਈਸ ਕੈਪਟਨ), ਫਤਿਹ ਹਾਊਸ ਦੇ ਵਿਦਿਆਰਥੀ ਪਵਨਪ੍ਰੀਤ ਕੌਰ ਜਮਾਤ ਨੌਵੀਂ (ਕੈਪਟਨ) ਅਤੇ ਅਵਨੀਤ ਕੌਰ ਜਮਾਤ ਸੱਤਵੀਂ (ਵਾਈਸ ਕੈਪਟਨ) ਵਜੋਂ ਚੁਣੇ ਗਏ। ਸਕੂਲ ਦੇ ਨੌਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਅਨਮੋਲ ਸ਼ਰਮਾ ਬਤੌਰ ਹੈੱਡ ਬੁਆਏ ਅਤੇ ਸੋਨਾਲੀ ਕੁਮਾਰੀ ਬਤੌਰ ਹੈੱਡ ਗਰਲ ਚੁਣੇ ਗਏ ।ਸਕੂਲ ਦੀ ਸਵੇਰ ਦੀ ਸਭਾ ਵਿੱਚ ਵਿਦਿਆਰਥੀ ਸਭਾ ਦੇ ਸਾਰੇ ਮੈਂਬਰਾਂ ਦੀ ਤਾਜਪੋਸ਼ੀ ਸਕੂਲ ਦੇ ਪ੍ਰਿੰ. ਕਿਰਨ ਕੇਸਰ ਵੱਲੋਂ ਕੀਤੀ ਗਈ।ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਵੱਲੋਂ ਵਿਦਿਆਰਥੀਆਂ ਨੂੰ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਗਈ।ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀ ਕੌਂਸਲ ਚੁਣਨ ਨਾਲ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ।

# ਤਨਖਾਹਾਂ ਨਾ ਮਿਲਣ ਦੇ ਰੋਸ ਵਜੋਂ ਫਾਇਰ ਬ੍ਰਿਗੇਡ ਮੁਲਾਜ਼ਮ ਟੈਂਕੀ 'ਤੇ ਚੜ੍ਹੇ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਫਾਇਰ ਬ੍ਰਿਗੇਡ ਮੁਲਾਜ਼ਮਾਂ ਵੱਲੋਂ ਪਿਛਲੇ 23 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਦੇ ਰੋਸ ਵਜੋਂ ਨਗਰ ਕੌਂਸਲ ਦਫਤਰ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ ਤੇ ਬਾਅਦ ਵਿੱਚ ਨਗਰ ਕੌਂਸਲ ਦੇ ਦਫਤਰ ਸਥਿਤ ਬਣੀ ਪਾਣੀ ਵਾਲੀ ਟੈਂਕੀ ਉਪਰ ਚੜ੍ਹ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਪੰਜਾਬ ਸਰਕਾਰ ਤੇ ਈਓ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਕਰਮਜੀਤ ਸਿੰਘ ਨੇ ਦੱਸਿਆ ਕਿ ਸਾਡੇ ਫਾਇਰ ਬ੍ਰਿਗੇਡ ਦੇ 10 ਮੁਲਾਜ਼ਮਾਂ ਨੂੰ ਸਰਕਾਰ ਵੱਲੋਂ ਨਗਰ ਕੌਂਸਲ ਡੇਰਾ ਬਾਬਾ ਨਾਨਕ ਨਾਲ ਜੋੜਿਆ ਗਿਆ ਸੀ ਤੇ ਸਾਨੂੰ ਤਨਖਾਹਾਂ ਦੇਣ ਲਈ ਨਗਰ ਕੌਂਸਲ ਡੇਰਾ ਬਾਬਾ ਨਾਨਕ ਵੱਲੋਂ ਹੀ ਫੰਡ ਮੁਹੱਈਆ ਕਰਵਾਇਆ ਜਾਂਦਾ ਸੀ ਪਰ ਪਿਛਲੇ 23 ਮਹੀਨਿਆਂ ਤੋਂ ਨਗਰ ਕੌਂਸਲ ਡੇਰਾ ਬਾਬਾ ਨਾਨਕ ਵੱਲੋਂ ਫੰਡ ਮੁਹੱਈਆ ਨਾ ਹੋਣ ਦੀ ਵਜ੍ਹਾ ਕਾਰਨ ਸੰਬਧਤ ਵਿਭਾਗ ਵੱਲੋਂ ਸਾਨੂੰ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਜਿਸ ਕਰਕੇ ਸਾਡੇ ਘਰਾਂ ਦਾ ਗੁਜ਼ਾਰਾ ਚੱਲਣਾ ਬਹੁਤ ਹੀ ਔਖਾ ਹੋ ਗਿਆ। ਉਨ੍ਹਾਂ ਦੱਸਿਆ ਕਿ ਅਸੀਂ ਐੱਸਡੀਐੱਮ ਡੇਰਾ ਬਾਬਾ ਨਾਨਕ, ਡੀ ਸੀ ਗੁਰਦਾਸਪੁਰ, ਡਾਇਰੈਕਟਰ ਸਥਾਨਕ ਸਰਕਾਰਾਂ ਤੇ ਮੁੱਖ ਮੰਤਰੀ ਪੰਜਾਬ ਨੂੰ ਲਿਖਤੀ ਤੌਰ 'ਤੇ ਕਈ ਮੇਲਾਂ ਭੇਜ ਕੇ ਜਾਣੂ ਕਰਵਾ ਚੁੱਕੇ ਹਾਂ ਪਰ 23 ਮਹੀਨੇ ਬੀਤ ਜਾਣ ਬਾਅਦ ਵੀ ਇਨ੍ਹਾਂ ਅਧਿਕਾਰੀਆਂ ਦੇ ਸਿਰ 'ਤੇ ਜੂੰ ਨਹੀਂ ਸਰਕ ਰਹੀ। ਉਨ੍ਹਾਂ ਕਿਹਾ ਕਿ ਅਸੀ ਆਪਣੀਆਂ ਤਨਖਾਹਾਂ ਨੂੰ ਲੈ ਕੇ ਵਿਭਾਗ ਦੇ ਉੱਚ ਅਧਿਕਾਰੀਆਂ ਸਥਾਨਕ ਸਰਕਾਰਾਂ ਮੰਤਰੀ ਨੂੰ ਵੀ ਮਿਲ ਚੁੱਕੇ ਜਿਨ੍ਹਾਂ ਵੱਲੋ ਸਾਨੂੰ ਲਾਰਿਆਂ ਤੋ ਸਿਵਾਏ ਸਾਨੂੰ ਕੁਝ ਨਹੀ ਦਿਤਾ ਗਿਆ। ਉਨ੍ਹਾਂ ਕਿਹਾ ਕਿ ਸਬੰਧਤ ਡਾਇਰੈਕਟਰ ਵੱਲੋਂ ਈਓ ਡੇਰਾ ਬਾਬਾ ਨਾਨਕ ਨੂੰ ਲਿਖਤੀ ਤੌਰ 'ਤੇ ਆਰਡਰ ਕੱਢ ਕੇ ਹਦਾਇਤਾਂ ਕੀਤੀਆਂ ਗਈਆਂ ਸਨ ਕਿ ਇਨ੍ਹਾਂ ਮੁਲਾਜ਼ਮਾਂ ਦੀਆਂ ਤਨਖਾਹਾਂ ਦਾ ਤੁਰੰਤ ਹੱਲ ਕੀਤਾ ਜਾਵੇ ਪਰ ਈਓ ਨੇ ਡਾਇਰੈਕਟਰ ਦੇ ਹੁਕਮਾਂ ਨੂੰ ਟਿੱਚ ਜਾਣਦਿਆਂ ਅਜੇ ਤੱਕ ਸਾਡੀ ਕੋਈ ਗੱਲ ਨਹੀਂ ਸੁਣੀ।

ਉਨ੍ਹਾਂ ਪੰਜਾਬ ਸਰਕਾਰ ਤੇ ਵਿਭਾਗ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਸਾਨੂੰ ਜਲਦ ਤੋਂ ਜਲਦ ਤਨਖਾਹਾਂ ਦਿੱਤੀਆਂ ਜਾਣ। ਇਸ ਸਬੰਧੀ ਜਦ ਕਾਰਜਸਾਧਕ ਅਫਸਰ ਡੇਰਾ ਬਾਬਾ ਨਾਨਕ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਫੰਡਾਂ ਦੀ ਕਮੀ ਹੋਣ ਕਾਰਨ ਅਸੀਂ ਇਨ੍ਹਾਂ ਨੂੰ ਤਨਖਾਹਾਂ ਨਹੀਂ ਦੇ ਸਕੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਾਜ਼ਮਾਂ ਦੀਆਂ ਪਿਛਲੇ 23 ਮਹੀਨਿਆਂ ਦੀਆਂ 35 ਲੱਖ ਰੁਪਏ ਦੇ ਕਰੀਬ ਤਨਖਾਹਾਂ ਪੈਂਡਿੰਗ ਪਈਆਂ ਹੋਈਆਂ ਹਨ, ਜਿਸ ਸਬੰਧੀ ਅਸੀਂ ਮਹਿਕਮੇ ਦੇ ਉੱਚ ਅਧਿਕਾਰੀਆਂ ਨੂੰ ਪੱਤਰ ਨੰਬਰ 725 ਰਾਹੀਂ ਲਿਖ ਕੇ ਭੇਜਿਆ ਹੋਇਆ ਹੈ ਤੇ ਫੰਡਾਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਦ ਵੀ ਸਰਕਾਰ ਵੱਲੋਂ ਸਾਨੂੰ ਫੰਡ ਮੁਹੱਈਆ ਕਰਵਾਏ ਜਾਂਦੇ ਹਨ ਤਾ ਇਨ੍ਹਾਂ ਮੁਲਾਜ਼ਮਾਂ ਨੂੰ ਤਨਖਾਹਾਂ ਤੁਰੰਤ ਦੇ ਦਿੱਤੀਆਂ ਜਾਣਗੀਆਂ।

# ਮਹਿਰਮ ਸਾਹਿਤ ਸਭਾ ਨਵਾਂ ਸ਼ਾਲਾ ਨੇ ਕਵੀ ਦਰਬਾਰ ਕਰਵਾਇਆ



ਗੁਰਦਾਸਪੁਰ, (ਜਨਕ ਮਹਾਜਨ)-ਮਹਿਰਮ ਸਾਹਿਤ ਸਭਾ ਨਵਾਂ ਸ਼ਾਲਾ ਵੱਲੋਂ ਕਮਿਊਨਿਟੀ ਹਾਲ ਵਿਖੇ ਸਭਾ ਦੇ ਪ੍ਰਧਾਨ ਡਾ. ਮਲਕੀਅਤ 'ਸੁਹਲ' ਦੀ ਪ੍ਰਧਾਨਗੀ ਹੇਠ ਕਵੀ ਦਰਬਾਰ ਕਰਵਾਇਆ ਗਿਆ। ਇਸ ਮੌਕੇ ਸਵ. ਦੀਵਾਨ ਸਿੰਘ ਮਹਿਰਮ ਨੂੰ ਯਾਦ ਕਰਦਿਆਂ ਕਵੀ ਸਹਿਬਾਨ ਨੇ ਆਪਣੀਆਂ ਕਵਿਤਾਵਾਂ, ਗ਼ਜ਼ਲਾਂ ਅਤੇ ਗੀਤਾਂ ਰਾਹੀਂ ਮਾਹੌਲ ਨੂੰ ਤਰੋ-ਤਾਜ਼ਾ ਕਰਦਿਆਂ ਕਲਾਮ ਪੇਸ਼ ਕੀਤੇ। ਕਵੀ ਦਰਬਾਰ ਦਾ ਆਗਾਜ਼ ਪ੍ਰੀਤ ਰਾਣਾ ਦੇ ਗੀਤ ਤੋਂ ਸ਼ੁਰੂ ਹੋਇਆ ਜਿਸ ਦੇ ਬੋਲ ਸਨ 'ਠੰਡੀਆਂ ਛਾਵਾਂ ਆਪਣੇ ਵਤਨ ਦੀਆਂ' ਬਹੁਤ ਵਧੀਆ ਰਿਹਾ ਅਤੇ ਅਜਮੇਰ ਪਾਹੜੇ ਦੀ ਕਵਿਤਾ ਵੀ 'ਮਾਂ' ਬਹੁਤ ਸੇਧ ਵਾਲੀ ਸੀ। ਅਵਤਾਰ ਸਿੰਘ ਅਨਜਾਣ ਦੀ ਨਜ਼ਮ 'ਦੇਸ਼ ਮੇਰੇ ਦੇ ਲੋਕੋ' ਅਤੇ ਰਜਨੀਸ਼ ਭੱਟੀ ਦੀ ਗ਼ਜ਼ਲ ਬਹੁਤ ਪਿਆਰੀ ਸੀ। ਗ਼ਜ਼ਲਗੋ ਬਿਸ਼ੰਭਰ ਆਵਾਂਖੀਆਂ ਨੇ ਤਾਜ਼ਾ ਤਾਰੀਨ ਗ਼ਜ਼ਲਾਂ ਸੁਣਾ ਕੇ ਸਾਰਿਆਂ ਦਾ ਮਨ ਮੋਹ ਲਿਆ ਅਤੇ ਕੜਕਵੀਂ ਸੁਰੀਲੀ ਆਵਾਜ਼ ਵਿਚ ਵਿਜੇ ਅਗਨੀਹੋਤਰੀ ਨੇ ਆਪਣੇ ਗੀਤਾਂ ਰਾਹੀਂ ਸਾਰਿਆਂ ਨੂੰ ਝੂਮਣ ਲਗਾ ਦਿੱਤਾ। ਆਰ. ਬੀ. ਸੋਹਲ ਦੀ ਗ਼ਜ਼ਲ ਅਤੇ ਕੁਲਦੀਪ ਘਾਗਲਾ ਦੀ ਕਵਿਤਾ 'ਕਿੱਦਾਂ ਦੇ ਹਾਲਾਤ' ਬਹੁਤ ਪਿਆਰੀ ਰਹੀ। ਹਰਪ੍ਰੀਤ ਕੌਰ ਸਿੰਮੀ ਨੇ 'ਤੋੜਿਆ ਫੁੱਲ ਮਹਿਬੂਬ ਦੀ ਖਾਤਰ' ਬਾ-ਕਮਾਲ ਗ਼ਜ਼ਲ ਸੁਣਾਈ ਅਤੇ ਸ਼ੀਤਲ ਗੁਨੋਪੁਰੀ ਦੀ ਗ਼ਜ਼ਲ ਅਤੇ ਬੂਟਾ ਰਾਮ ਆਜ਼ਾਦ ਦਾ ਕਲਾਮ ਬਹੁਤ ਪ੍ਰਭਾਵਸ਼ਾਲੀ ਰਿਹਾ। ਪ੍ਰਿੰ. ਅਮਰਜੀਤ ਸਿੰਘ ਪਿੰਕੀ 'ਸ਼ਾਹੀ ਰੁਤਬਾ ਕਵੀਆਂ ਦਾ' ਸੁਣਾ ਕੇ ਵਾਹ-ਵਾਹ ਖੱਟੀ।

ਪੱਤਰਕਾਰ ਸੁੱਚਾ ਸਿੰਘ ਪਸਨਵਾਲ ਦੀ ਨਜ਼ਮ 'ਦਲ ਬਦਲੂਆਂ ਦੀ ਰੁੱਤ ਆਈ' ਖ਼ੂਬਸੂਰਤ ਰਹੀ। ਬਾਬਾ ਬਲਬੀਰ ਬੀਰਾ ਦੀ ਕਵਿਤਾ 'ਮੁਹੱਬਤਾਂ ਦੇ ਫੁੱਲਾਂ ਦੀ ਕਿਆਰੀ' ਅਤੇ ਮਲਕੀਅਤ ਸੁਹਲ ਨੇ 'ਸਾਡੇ ਪਿੰਡ ਵੀ ਨੇਤਾ ਆਉਣ ਸਮੇਂ ਦੀ ਗੱਲ ਕਹੀ'। ਬਲਪ੍ਰੀਤ ਬੱਲ ਸੈਣੀ ਨੇ ਗੀਤ ਨਾਲ ਕਵੀ ਦਰਬਾਰ ਦੀ ਸਮਾਪਤੀ ਤੇ ਸਭਾ ਦੇ ਪ੍ਰਧਾਨ ਮਲਕੀਅਤ ਸੁਹਲ ਨੇ ਆਏ ਕਵੀਆਂ ਦਾ ਧੰਨਵਾਦ ਕੀਤਾ।

# 'ਮੈਂ ਕਿਤੇ ਨਹੀਂ ਗਿਆ' ਨਾਟਕ ਦਾ ਜੀਵੰਤ ਮੰਚਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪ੍ਰਸਿੱਧ ਨਾਟ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਸੁਸਾਇਟੀ ਦੇ ਸਹਿਯੋਗ ਨਾਲ 23ਵੇਂ ਰਾਸ਼ਟਰੀ ਰੰਗਮੰਚ ਉਤਸਵ ਦੇ ਤੀਜੇ ਦਿਨ ਲੋਕ ਕਲਾ ਮੰਚ ਮੁੱਲਾਂਪੁਰ ਦੀ ਟੀਮ ਵੱਲੋਂ ਕੁਲਵਿੰਦਰ ਖਹਿਰਾ ਦਾ ਲਿਖਿਆ ਅਤੇ ਰਜਿੰਦਰ ਸਿੰਘ ਦਾ ਨਿਰਦੇਸ਼ਤ ਕੀਤਾ ਨਾਟਕ 'ਮੈਂ ਕਿਤੇ ਨਹੀਂ ਗਿਆ' ਦਾ ਮੰਚਣ ਵਿਰਸਾ ਵਿਹਾਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਸਫ਼ਲਤਾਪੂਰਵਕ ਪੇਸ਼ ਕੀਤਾ ਗਿਆ।ਜਦੋਂ ਹਿੰਦੋਸਤਾਨ ਦੀ ਧਰਤੀ ਨੂੰ ਜੀਣ ਜੋਗਾ ਬਣਾਉਣ ਲਈ ਸੰਘਰਸ਼ ਕਰਦੇ ਨੌਜਵਾਨਾਂ ਨੂੰ ਵੀ ਆਪਣਾ ਭਵਿੱਖ ਡਾਵਾਂਡੋਲ ਲੱਗਦਾ ਹੈ ਤਾਂ ਉਹ ਚੰਗੇ ਜੀਵਨ ਦੀ ਆਸ ਨਾਲ਼ ਕੈਨੇਡਾ ਵਰਗੇ ਦੇਸ਼ਾਂ ਵੱਲ ਦੌੜਦੇ ਹਨ।ਇਸ ਨਾਟਕ ਦਾ ਨਾਇਕ ਅਜਿਹਾ ਹੀ ਸੁਪਨਾ ਲੈ ਕੇ ਕੈਨੇਡਾ ਜਾਂਦਾ ਹੈ ਪਰ ਭ੍ਰਿਸ਼ਟ ਵਰਤਾਰੇ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਡਿੱਗ ਪੈਂਦਾ ਹੈ ਜਿਸ ਤੋਂ ਆਪਣੇ ਬੱਚਿਆਂ ਨੂੰ ਬਚਾਉਣ ਲਈ ਮਾਪੇ ਆਪਣੇ ਜਿਗਰ ਦੇ ਟੋਟਿਆਂ ਨੂੰ ਵਿਛੋੜ ਕੇ ਪਰਦੇਸ ਵੱਲ ਨੂੰ ਭੇਜਦੇ ਹਨ। ਆਖਿਰ ਉਸ ਅੰਦਰ ਸੁੱਤਾ ਭਗਤ ਸਿੰਘ ਦਾ ਸੁਪਨਾ ਮੁੜ ਜਾਗਦਾ ਹੈ ਤੇ ਉਹ ਨਸ਼ਿਆਂ ਦੀ ਦਲਦਲ 'ਚੋਂ ਨਿਕਲ ਕੇ ਭ੍ਰਿਸ਼ਟ ਸਮਾਜ ਨਾਲ਼ ਜੂਝਣ ਦਾ ਅਹਿਦ ਕਰਦਾ ਹੈ।ਇਸ ਨਾਟਕ ਦੇ ਪਾਤਰ ਸੁਰਿੰਦਰ ਸ਼ਰਮਾ, ਹਰਮਨਦੀਪ ਸਿੰਘ, ਅਰਸ਼ਦੀਪ ਕੌਰ, ਨਵੀ, ਰਾਜਬੀਰ ਸਿੰਘ, ਗਰਿਮਾ, ਗੈਵੀ ਸਿੰਘ ਸ਼ੇਰਗਿੱਲ ਨੇ ਨਾਟਕ ਨੂੰ ਬੜੇ ਹੀ ਖ਼ੂਬਸੂਰਤ ਤਰੀਕੇ ਨਾਲ ਪੇਸ਼ ਕੀਤਾ।

ਨਾਟਕ ਦਾ ਸੰਗੀਤ ਸੁਖਪ੍ਰੀਤ ਸਿੰਘ ਵੱਲੋਂ ਦਿੱਤਾ ਗਿਆ।ਇਸ ਮੌਕੇ ਕੇਵਲ ਧਾਲੀਵਾਲ, ਰਮੇਸ਼ ਯਾਦਵ, ਭੁਪਿੰਦਰ ਸਿੰਘ ਸੰਧੂ, ਐਸ. ਪ੍ਰਸ਼ੋਤਮ, ਗੁਰਤੇਜ ਮਾਨ, ਵਿਪਨ ਧਵਨ ਸਮੇਤ ਆਦਿ ਨਾਟ ਪ੍ਰੇਮੀ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ 'ਚ ਪਹਿਲਾ ਓਪਨ ਬਾਸਕਟਬਾਲ ਟੂਰਨਾਮੈਂਟ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਤੇਗ ਬਹਾਦੁਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਵਿਖੇ ਸਕੂਲ ਦੇ ਸੰਸਥਾਪਕ ਚੇਅਰਮੈਨ ਮਾਤਾ ਅਮਰਜੀਤ ਕੌਰ ਦੀ ਯਾਦ ਵਿੱਚ ਪਹਿਲਾ ਓਪਨ ਬਾਸਕਟਬਾਲ ਟੂਰਨਾਮੈਂਟ ਕਰਵਾਇਆ। ਵੱਖ-ਵੱਖ ਜ਼ਿਲ੍ਹਿਆਂ ਦੀਆਂ 6 ਟੀਮਾਂ ਨੇ ਭਾਗ ਲਿਆ। ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਪੁਲੀਸ ਥਾਣਾ ਤਾਰਗੜ੍ਹ ਦੇ ਐੱਸਐੱਚਓ ਇੰਸਪੈਕਟਰ ਮਨਜੀਤ ਸਿੰਘ ਨੱਤ ਦੁਆਰਾ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ, ਅਜੈਪਾਲ ਸਿੰਘ, ਕੋਆਰਡੀਨੇਟਰ ਅਕਵਿੰਦਰ ਕੌਰ, ਜੋਤੀ, ਪ੍ਰਭਜੋਤ ਕੌਰ, ਸਪਨਾ ਮਹਿੰਗੀ, ਅਮਨਦੀਪ ਕੌਰ, ਸੋਨੀਆ, ਰਣਦੀਪ ਕੌਰ, ਲਵਦੀਪ ਸਿੰਘ ਆਦਿ ਸਟਾਫ ਮੈਂਬਰ ਅਤੇ ਹੋਰ ਪਤਵੰਤੇ ਮੌਜੂਦ ਸਨ। ਮੁੱਖ ਮਹਿਮਾਨ ਇਸਪੈਕਟਰ ਮਨਜੀਤ ਸਿੰਘ ਐੱਸਐੱਚਓ ਥਾਣਾ ਤਾਰਾਗੜ੍ਹ ਨੇ ਸਕੂਲੀ ਬੱਚਿਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਦਿਆਂ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵਧੇਰੇ ਰੁਚੀ ਰੱਖਣ ਜ਼ੋਰ ਦਿੱਤਾ। ਇਸ ਮੌਕੇ ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਓਪਨ ਬਾਸਕਿਟਬਾਲ ਟੂਰਨਾਮੈਂਟ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਦੀ ਟੀਮ ਨੇ ਪਹਿਲਾ ਸਥਾਨ, ਅੰਮ੍ਰਿਤਸਰ ਜ਼ਿਲ੍ਹੇ ਦੀ ਟੀਮ ਨੇ ਦੂਸਰਾ ਸਥਾਨ ਅਤੇ ਹਸ਼ਿਆਰਪੁਰ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਨਾਮ ਵੰਡ ਸਮਾਗਮ ਵਿੱਚ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਵਲੋਂ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਟੀਮਾਂ ਨੂੰ ਕਰਮਵਾਰ 15 ਹਜ਼ਾਰ ਰੁਪਏ, 10 ਹਜ਼ਾਰ ਰੁਪਏ ਅਤੇ 5 ਹਜਾਰ ਰੁਪਏ ਨਕਦ ਇਨਾਮ ਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਵੱਲੋਂ ਇਸ ਟੂਰਨਾਮੈਂਟ ਦੇ ਸੱਚਾਰੂ ਪ੍ਰਬੰਧ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਤੇ ਬਾਸਕਟਬਾਲ ਕੋਚ ਸਿਮਰਨਜੀਤ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਸਨਮਾਨ ਕੀਤਾ।


## ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-- ਸੈਕਿੰਡ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 13.05.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 20.04.2024 | 29.04.2024 | 13.05.2024 / 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 18-2024-25-JAT-DRM-FZR | ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਤਹਿਤ ਜੰਮੂ-ਪਠਾਨਕੋਟ ਸੇਕਸ਼ਨ ਵਿਚ ਕਠੂਆ ਸਟੇਸ਼ਨ ਤੇ ਗੁਡਸ ਸ਼ੇਡ ਦਾ ਉਨਯਨ/ਸੁਧਾਰ। | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 9,82,55,326.54/- | 6,41,300.00 | 60 ਦਿਨ | 10 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |
| 2. | 19-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਵਿਚ ਧਾਰੀਵਾਲ ਸਟੇਸ਼ਨ ਤੇ ਗੁਡਸ ਸ਼ੇਡ ਉਨਯਨ/ਸੁਧਾਰ | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 3,86,83,031.31/- | 3,43,400.00 | 60 ਦਿਨ | 08 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |
| 3. | 20-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਵਿਚ ਗੁਰਦਾਸਪੁਰ ਸਟੇਸ਼ਨ ਤੇ ਗੁਡਸ ਸ਼ੇਡ ਉਨਯਨ/ਸੁਧਾਰ | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 4,79,24,522.05/- | 3,89,600.00 | 60 ਦਿਨ | 08 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |
| 4. | 21-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਵਿਚ 05 ਲੇਵਲ ਕ੍ਰਾਸਿੰਗ ਦੀ ਮੈਨਿੰਗ ਦੇ ਸਬੰਧ ਵਿਚ ਕੰਮ। | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 1,78,32,501.15/- | 2,39,200.00 | 60 ਦਿਨ | 08 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |
| 5. | 22-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਵਿਚ ਟ੍ਰੈਕ ਅਤੇ ਪ੍ਰਤੀਸ਼ਠਾਨਾਂ ਨੂੰ ਨਜਾਇਜ ਕਬਜੇ ਤੋਂ ਬਚਾਉਣ ਦੇ ਉਪਾਵਾਂ ਦੇ ਰੂਪ ਵਿਚ ਸਟੇਸ਼ਨਾਂ ਅਤੇ ਉਸ ਦੇ ਮਾਰਗਾਂ ਦੇ ਕੋਲ 0.795 ਕਿਮੀ ਆਰਸੀਸੀ ਸੀਮਾ ਦੀਵਾਰ ਦਾ ਨਿਰਮਾਣ ਅਤੇ ਵਿਭਿੰਨ ਸਟੇਸ਼ਨਾਂ ਤੇ ਨਜਾਇਜ ਕਬਜ;। | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 88,61,196.69/- | 1,77,200.00 | 60 ਦਿਨ | 06 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |
| 6. | 23-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਜੰਮੂ ਤਵੀ ਦੇ ਤਹਿਤ ਪਠਾਨਕੋਟ - ਜੰਮੂਤਵੀ ਸੈਕਸ਼ਨ ਤੇ ਫਿਟਿੰਗ ਨਵੀਨੀਕਰਨ (27.409 ਕਿਮੀ) ਦੇ ਮਾਧਿਅਮ ਨਾਲ ਮੌਜੂਦਾ 52 ਕਿਗ੍ਰਾ/60 ਕਿਗ੍ਰਾ ਪੀਐਸਸੀ ਸਲੀਪਰਾਂ ਜੋ 25.5 ਤੋਂ 33 ਕਿਮੀ. 35.5 ਤੋਂ 37.7 ਕਿਮੀ, 63.378 ਤੋਂ 64.00 ਕਿਮੀ, 74.982 ਤੋਂ 75.11 ਕਿਮੀ, 75.154 ਤੋਂ 76.091 ਕਿਮੀ, 76.122 ਤੋਂ 77.44 ਕਿਮੀ 77.507 ਕਿਮੀ ਤੋਂ 77.887 ਕਿਮੀ 77.94 ਤੋਂ 79.423 ਕਿਮੀ, 79.453 ਤੋਂ 81.954 ਕਿਮੀ, 81.97 ਤੋਂ 83.254 ਕਿਮੀ, 83.297 ਤੋਂ 84.312 ਕਿਮੀ, 84.343 ਤੋਂ 85.344 ਕਿਮੀ, 85.384 ਤੋਂ 86.007 ਕਿਮੀ, 86.02 ਤੋਂ 87.44 ਕਿਮੀ 87.473 ਤੋਂ 87.62 ਕਿਮੀ, 90.801 ਤੋਂ 92.52 ਕਿਮੀ, 92.535 ਤੋਂ 93.019 ਕਿਮੀ 93.36 ਤੋਂ 96.00 ਕਿਮੀ ਦਾ ਕੰਮ ਕਰਨ ਲਈ। | | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 46,51,301.44/- | 93,000.00/- | 60 ਦਿਨ | 08 ਮਹੀਨੇ | |
| | ਸਮਾਨ ਕੰਮ ਦੀ ਨੇਚਰ: "ਲਾਗੂ ਨਹੀਂ।" | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।ਨਿਵਿਦਾ ਸੂਚਨਾ ਪੱਤਰ ਨੰ. : 19,20,21 & 22-2024-25-PTK-DRM-FZR, 18 & 23-2024-25-JAT-DRM-FZR Dt. 22.04.2024 1210/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਸੋਹਣ ਸਿੰਘ ਠੰਡਲ ਦਾ ਵਰਕਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ



ਹੁਸਿਆਰਪੁਰ, (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਟਕਸਾਲੀ ਅਕਾਲੀ ਆਗੂ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੂੰ ਹੁਸ਼ਿਆਰਪੁਰ ਲੋਕ ਸਭਾ ਦੇ ਉਮੀਦਵਾਰ ਵਜੋਂ ਐਲਾਨੇ ਜਾਣ 'ਤੇ ਜ਼ਿਲਾ ਹੁਸ਼ਿਆਰਪੁਰ ਦੇ ਸਮੂਹ ਅਕਾਲੀ ਹਲਕਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਮੰਗਲਵਾਰ ਨੂੰ ਸਵੇਰ ਸਾਰ ਸ਼੍ਰੋਮਣੀ ਅਕਾਲੀ ਦਲ ਦੇ ਟਾਂਡਾ ਰੋਡ ਹੁਸ਼ਿਆਰਪੁਰ ਸਥਿਤ ਜਿਲਾ ਦਫਤਰ ਵਿੱਚ ਅਕਾਲੀ ਉਮੀਦਵਾਰ ਸੋਹਨ ਸਿੰਘ ਠੰਡਲ ਦੇ ਪਹੁੰਚਣ 'ਤੇ ਸਮੁੱਚੀ ਜ਼ਿਲ੍ਹਾ ਜਥੇਬੰਦੀ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਠੰਡਲ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੇਰੇ ਵਰਗੇ ਨਿਮਾਣੇ ਅਕਾਲੀ ਵਰਕਰ ਨੂੰ ਸੀਟ ਦੇ ਕੇ ਸਮੁੱਚੀ ਅਕਾਲੀ ਵਰਕਰਾਂ ਦੇ ਦਿਲ ਜਿੱਤ ਲਏ ਹਨ। ਅਸੀਂ ਸਾਰੇ ਪਾਰਟੀ ਪ੍ਰਧਾਨ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਭਾਰੀ ਬਹੁਮਤ ਨਾਲ ਸੀਟ ਜਿੱਤ ਕੇ ਤੁਹਾਡੀ ਝੋਲੀ ਪਾਵਾਂਗੇ । ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਸਮੂਹ ਹੁਸ਼ਿਆਰਪੁਰ ਦੀ ਲੀਡਰਸ਼ਿਪ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ,ਵਰਿੰਦਰ ਸਿੰਘ ਬਾਜਵਾ ਸਾਬਕਾ ਮੈਂਬਰ ਰਾਜ ਸਭਾ, ਲਖਵਿੰਦਰ ਸਿੰਘ ਲੱਖੀ ਜ਼ਿਲ੍ਹਾ ਪ੍ਰਧਾਨ, ਸਰਬਜੋਤ ਸਿੰਘ ਸਾਬੀ ਹਲਕਾ ਮੁਕੇਰੀਆਂ, ਚੌਧਰੀ ਬਲਵੀਰ ਸਿੰਘ ਮਿਆਣੀ ਸਾਬਕਾ ਮੰਤਰੀ, ਸੁਸ਼ੀਲ ਪਿੰਕੀ ਹਲਕਾ ਦਸੂਹਾ, ਜਤਿੰਦਰ ਸਿੰਘ ਲਾਲੀ ਬਾਜਵਾ ਇੰਚਾਰਜ ਹਲਕਾ ਹੁਸ਼ਿਆਰਪੁਰ, ਸੰਦੀਪ ਸਿੰਘ ਸੀਕਰੀ ਹਲਕਾ ਸ਼ਾਮ 84, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਹਲਕਾ ਗੜਸ਼ੰਕਰ, ਅਰਵਿੰਦਰ ਸਿੰਘ ਰਸੂਲਪੁਰ ਹਲਕਾ ਟਾਂਡਾ, ਦੇਸ ਰਾਜ ਧੁੱਗਾ, ਸਤਨਾਮ ਸਿੰਘ ਬੰਟੀ ਜਿਲਾ ਪ੍ਰਧਾਨ ਬੀਸੀ ਵਿੰਗ ਹੁਸ਼ਿਆਰਪੁਰ ਸ਼ਹਿਰੀ, ਸੁਰਜੀਤ ਸਿੰਘ ਕੈਰੇ ਜਿਲਾ ਪ੍ਰਧਾਨ ਬੀਸੀ ਵਿੰਗ ਦਿਹਾਤੀ, ਰਵਿੰਦਰ ਸਿੰਘ ਠੰਡਲ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਨਿਰਮਲ ਸਿੰਘ ਭੀਲੋਵਾਲ ਮੈਂਬਰ ਪੀਏ ਸੀ, ਇਕਬਾਲ ਸਿੰਘ ਖੇੜਾ, ਸਤਵਿੰਦਰ ਸਿੰਘ ਵਾਲੀਆ ਮੈਂਬਰ ਪੀਏਸੀ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਅਮਰਜੀਤ ਸਿੰਘ ਨੀਲਾ ਨਲੋਆ, ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਸਾਬਕਾ ਕੌਂਸਲਰ, ਸਤਪਾਲ ਸਿੰਘ ਭੁਲਾਣਾ, ਹਰਮਨਜੀਤ ਸਿੰਘ ਬਾਜਵਾ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਅਰਮਿੰਦਰ ਸਿੰਘ ਹੁਸੈਨਪੁਰ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਯੂਥ ਅਕਾਲੀ ਦਲ, ਇੰਦਰਜੀਤ ਸਿੰਘ ਕੰਗ ਜ਼ਿਲ੍ਹਾ ਪ੍ਰਧਾਨ ਦਿਹਾਤੀ ਯੂਥ ਅਕਾਲੀ ਦਲ, ਪ੍ਰੇਮ ਸਿੰਘ ਸਾਬਕਾ ਡਿਪਟੀ ਮੇਅਰ, ਸੁਖਜੀਤ ਸਿੰਘ ਪਰਮਾਰ, ਰਣਧੀਰ ਸਿੰਘ ਭਾਰਜ ਸ਼ਹਿਰੀ ਪ੍ਰਧਾਨ ਸਿਟੀ ਸਰਕਲ, ਬਿਕਰਮਜੀਤ ਸਿੰਘ ਕਲਸੀ ਸ਼ਹਿਰੀ ਪ੍ਰਧਾਨ ਮਾਡਲ ਟਾਊਨ ਸਰਕਲ, ਨਰਿੰਦਰ ਸਿੰਘ, ਸੰਤੋਖ ਸਿੰਘ ਔਜਲਾ, ਰੂਪ ਲਾਲ ਥਾਪਰ, ਲਵਲੀ ਭਲਵਾਨ, ਅਮਨਦੀਪ ਸਿੰਘ ਸੋਨੀ ਨੰਗਲ ਖਿਡਾਰੀਆਂ, ਸ਼ਵਿੰਦਰ ਸਿੰਘ ਠਿੰਡਾ, ਮਾਸਟਰ ਰਸ਼ਪਾਲ ਸਿੰਘ ਜਲਵੇੜਾ, ਸਰਬਜੀਤ ਸਿੰਘ ਸਾਭਾ, ਮਨਦੀਪ ਸਿੰਘ ਸੈਦਪੁਰ, ਸੁਖਦੇਵ ਸਿੰਘ ਬਬੇਲੀ, ਬਲਰਾਜ ਸਿੰਘ ਚੌਹਾਨ, ਬਰਿੰਦਰ ਸਿੰਘ ਪਰਮਾਰ, ਦਲਜਿੰਦਰ ਸਿੰਘ ਧਾਮੀ, ਸ਼ਮਸ਼ੇਰ ਸਿੰਘ ਭਾਰਦਵਾਜ, ਸਰਬਜੀਤ ਸਿੰਘ ਮੋਮੀ, ਮਨਜੀਤ ਸਿੰਘ ਰਾਜਪੁਰ ਭਾਈਆਂ, ਮੱਖਣ ਸਿੰਘ ਰਾਜਪੁਰ ਭਾਈਆਂ, ਰਸਪਾਲ ਸਿੰਘ ਵੱਡੀ ਲਹਿਲੀ, ਮੇਜਰ ਸਿੰਘ ਸਸੋਲੀ, ਅਵਤਾਰ ਸਿੰਘ ਸਸੋਲੀ, ਗਗਨਦੀਪ ਸਿੰਘ ਜਿਆਣ, ਬਲਵਿੰਦਰ ਸਿੰਘ ਚਗਰਾਂ ਅਤੇ ਹੋਰ ਬਹੁਤ ਵੱਡੀ ਵਿੱਚ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ ।

## ਗੁ: 9ਵੀਂ ਪਾਤਸ਼ਾਹੀ ਦੇ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਨੇ ਚਾਰਜ ਸੰਭਾਲਿਆ



ਬਾਬਾ ਬਕਾਲਾ ਸਾਹਿਬ, (ਜਸਪਾਲ ਸਿੰਘ)-ਇਤਿਹਾਸਕ ਗੁ: 9ਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਦੇ ਮੈਨੇਜਰ ਭਾਈ ਗੁਰਵਿੰਦਰ ਸਿੰਘ ਦੇਵੀਦਾਸਪੁਰਾ ਅੱਜ ਪਦਉੱਨਤ ਹੋ ਕੇ ਐਡੀਸ਼ਨਲ ਮੈਨੇਜਰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨਿਯੁਕਤ ਹੋਏ ਹਨ, ਉਨ੍ਹਾਂ ਦੀ ਜਗ੍ਹਾ 'ਤੇ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਗੁ: ਮੰਜੀ ਸਾਹਿਬ ਕੋਟਾਂ ਤੋਂ ਗੁ: 9ਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਨਿਯੁਕਤ ਹੋਏ ਹਨ। ਇਸ ਮੌਕੇ ਸਮੂਹ ਸਟਾਫ ਵੱਲੋਂ ਭਾਈ ਗੁਰਵਿੰਦਰ ਸਿੰਘ ਦੇਵੀਦਾਸਪੁਰਾ ਅਤੇ ਭਾਈ ਗੁਰਪ੍ਰੀਤ ਸਿੰਘ ਨੂੰ ਗੁਰੂ ਮਹਾਰਾਜ ਜੀ ਦੀ ਤਸਵੀਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਨਵਾਂ ਜ਼ਮਾਨਾ
ਵੀਰਵਾਰ, 25 ਅਪ੍ਰੈਲ 2024



# ਪ੍ਰਧਾਨ ਮੰਤਰੀ ਦੀ ਬੁਖਲਾਹਟ

ਪਹਿਲੇ ਗੇੜ ਦੀਆਂ ਚੋਣਾਂ ਵਿੱਚ ਘੱਟ ਵੋਟ ਪੋਲ ਹੋਣ ਕਾਰਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਬੋਲੀ ਬਦਲ ਗਈ ਹੈ। ਪਹਿਲਾਂ ਉਹ 400 ਪਾਰ ਦੇ ਨਾਅਰੇ ਦਾ ਪ੍ਰਚਾਰ ਜ਼ੋਰ-ਸ਼ੋਰ ਨਾਲ ਕਰਦੇ ਸਨ, ਪਰ ਹੁਣ ਉਨ੍ਹਾ ਨੂੰ ਕੁਰਸੀ ਖੁੱਸਦੀ ਨਜ਼ਰ ਆ ਰਹੀ ਹੈ। ਪਿਛਲੇ ਐਤਵਾਰ ਰਾਜਸਥਾਨ ਦੇ ਬਾਂਸਵਾੜਾ, ਸੋਮਵਾਰ ਯੂ ਪੀ ਦੇ ਅਲੀਗੜ੍ਹ ਤੇ ਮੰਗਲਵਾਰ ਰਾਜਸਥਾਨ ਦੇ ਟੋਂਕ ਵਿੱਚ ਇੱਕੋ ਭਾਸ਼ਣ ਦਿੱਤਾ ਕਿ ਜੇਕਰ ਕਾਂਗਰਸ ਸੱਤਾ ਵਿੱਚ ਆ ਗਈ ਤਾਂ ਤੁਹਾਡੀਆਂ ਜਾਇਦਾਦਾਂ ਖੋਹ ਕੇ ਮੁਸਲਮਾਨ ਘੁਸਪੈਠੀਆਂ ਨੂੰ ਦੇ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਉਨ੍ਹਾ ਇੱਕ ਹੋਰ ਝੂਠ ਬੋਲਿਆ ਕਿ ਪਿਛਲੀ ਵਾਰ ਕਾਂਗਰਸ ਰਾਜ ਦੌਰਾਨ ਰਾਜਸਥਾਨ ਵਿੱਚ ਰਾਮਨੌਮੀ ਨਹੀਂ ਸੀ ਮਨਾਈ ਗਈ। ਅਸਲੀਅਤ ਇਹ ਹੈ ਕਿ ਪਿਛਲੇ ਸਾਲ ਦਫ਼ਾ 144 ਲੱਗੀ ਹੋਣ ਦੇ ਬਾਵਜੂਦ ਰਾਮਨੌਮੀ ਦੇ ਜਲੂਸ ਨਿਕਲੇ ਸਨ। ਅਸਲ ਵਿੱਚ ਮੋਦੀ ਦੀ ਬੁਖਲਾਹਟ ਇਹ ਹੈ ਕਿ ਉਨ੍ਹਾ ਦਾ ਹਰ ਦਾਅ ਪੁੱਠਾ ਪੈ ਰਿਹਾ ਹੈ।

ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣਾਂ ਵਿੱਚ ਇਹ ਗੱਲ ਕਹੀ ਕਿ ਕਾਂਗਰਸ ਨੇ ਆਪਣੇ ਮੈਨੀਫੈਸਟੋ ਵਿੱਚ ਇਹ ਲਿਖਿਆ ਹੈ ਕਿ ਹਰ ਵਿਅਕਤੀ ਦਾ ਆਰਥਕ ਸਰਵੇ ਕਰਾ ਕੇ ਉਸ ਦੀ ਜਾਇਦਾਦ ਦਾ ਪਤਾ ਲਗਾਇਆ ਜਾਵੇਗਾ ਤੇ ਵਾਧੂ ਜਾਇਦਾਦ ਨੂੰ ਘੁਸਪੈਠੀਆਂ ਅਰਥਾਤ ਮੁਸਲਮਾਨਾਂ ਵਿੱਚ ਵੰਡ ਦਿੱਤਾ ਜਾਵੇਗਾ। ਪ੍ਰਧਾਨ ਮੰਤਰੀ ਚਾਹੁੰਦੇ ਸਨ ਕਿ ਉਨ੍ਹਾ ਦੇ ਬਿਆਨ ਵਿਰੁੱਧ ਰਾਹੁਲ ਗਾਂਧੀ ਬੋਲਣਗੇ ਤੇ ਫਿਰ ਉਹ ਚੋਣਾਂ ਨੂੰ ਮੋਦੀ ਬਨਾਮ ਰਾਹੁਲ ਬਣਾਉਣ ਵਿੱਚ ਕਾਮਯਾਬ ਹੋ ਜਾਣਗੇ। ਰਾਹੁਲ ਗਾਂਧੀ ਇਸ ਉੱਤੇ ਚੁੱਪ ਰਹੇ ਅਤੇ ਇਸ ਦੇ ਜਵਾਬ ਵਿੱਚ ਕਾਂਗਰਸ ਨੇ ਆਪਣਾ ਮੈਨੀਫੈਸਟੋ ਵੱਡੇ ਪੈਮਾਨੇ ਉੱਤੇ ਛਪਾ ਕੇ ਤੇ ਅਖ਼ਬਾਰਾਂ 'ਚ ਪਾ ਕੇ ਘਰ-ਘਰ ਪੁਚਾਉਣਾ ਸ਼ੁਰੂ ਕਰ ਦਿੱਤਾ, ਤਾਂ ਕਿ ਲੋਕ ਖੁਦ ਪ੍ਰਧਾਨ ਮੰਤਰੀ ਦੇ ਝੂਠ ਨੂੰ ਫੜ ਸਕਣ।

ਪ੍ਰਧਾਨ ਮੰਤਰੀ ਦੀ ਦੂਜੀ ਚਿੰਤਾ ਇਹ ਹੈ ਕਿ ਧਾਰਮਿਕ ਧਰੁਵੀਕਰਨ ਨਹੀਂ ਹੋ ਰਿਹਾ। ਜਾਤੀ ਸਰਵੇਖਣ ਨੇ ਧਾਰਮਿਕ ਵਖਰੇਵਿਆਂ ਨੂੰ ਪਿੱਛੇ ਧੱਕ ਦਿੱਤਾ ਹੈ। ਦੇਸ਼ ਵਿੱਚ ਬਹੁਤ ਸਾਰੀਆਂ ਜਾਤੀਆਂ ਹਨ, ਜਿਸ ਵਿੱਚ ਹਿੰਦੂ ਵੀ ਹਨ ਤੇ ਮੁਸਲਮਾਨ ਵੀ। ਮਿਸਾਲ ਵਜੋਂ ਗੁੱਜਰ ਹਿੰਦੂ ਵੀ ਹਨ ਤੇ ਮੁਸਲਮਾਨ ਵੀ। ਜਾਤੀ ਸਰਵੇਖਣ ਦੀ ਕਾਂਗਰਸ ਦੀ ਗਰੰਟੀ ਨੇ ਉਨ੍ਹਾਂ ਨੂੰ ਇੱਕ ਕਰ ਦਿੱਤਾ ਹੈ। ਇਹੋ ਕਾਰਨ ਹੈ ਕਿ ਗਹਿਗੱਚ ਚੋਣ ਜੰਗ ਹੋਣ ਦੇ ਬਾਵਜੂਦ ਪਹਿਲੇ ਗੇੜ ਵਿੱਚ 102 ਵਿੱਚੋਂ ਇੱਕ ਸੀਟ ਉੱਤੇ ਵੀ ਫਿਰਕੂ ਝੜਪਾਂ ਨਹੀਂ ਹੋਈਆਂ।

ਇਸ ਸਮੇਂ ਮੋਦੀ-ਸ਼ਾਹ ਦੀ ਇੱਕ ਹੋਰ ਵੱਡੀ ਮੁਸ਼ਕਲ ਹੈ ਕਿ ਉਨ੍ਹਾਂ ਕੋਲ ਸੂਬਾ ਪੱਧਰੀ ਹੈਸੀਅਤ ਰੱਖਣ ਵਾਲੇ ਆਗੂ ਹੀ ਨਹੀਂ ਰਹੇ। ਮੋਦੀ-ਸ਼ਾਹ ਨੇ ਇੱਕ-ਇੱਕ ਕਰਕੇ ਸਭ ਨੂੰ ਗੁੱਠੇ ਲਾ ਦਿੱਤਾ ਹੈ। ਰਾਜਸਥਾਨ ਵਿੱਚ ਵਸੁੰਧਰਾ ਆਪਣੇ ਬੇਟੇ ਦੀ ਚੋਣ ਲੜ ਰਹੀ ਹੈ। ਮੱਧ ਪ੍ਰਦੇਸ਼ ਵਿੱਚ ਸ਼ਿਵਰਾਜ ਚੌਹਾਨ, ਛੱਤੀਸਗੜ੍ਹ 'ਚ ਰਮਨ ਸਿੰਘ ਤੇ ਹਰਿਆਣੇ 'ਚ ਮਨੋਹਰ ਲਾਲ ਖੱਟਰ ਆਪਣੀਆਂ ਸੀਟਾਂ ਵਿੱਚ ਫਸੇ ਹੋਏ ਹਨ। ਇੱਕੋ-ਇੱਕ ਯੋਗੀ ਆਦਿੱਤਿਆਨਾਥ ਹੈ, ਜਿਹੜਾ ਮੋਦੀ-ਸ਼ਾਹ ਨੂੰ ਫੁੱਟੀ ਅੱਖ ਵੀ ਨਹੀਂ ਭਾਉਂਦਾ।

ਦੂਜੇ ਪਾਸੇ ਇੰਡੀਆ ਗੱਠਜੋੜ ਕੋਲ ਰਾਜ ਪੱਧਰੀ ਆਗੂਆਂ ਦੀ ਪੂਰੀ ਫੌਜ ਹੈ। ਕਰਨਾਟਕ ਵਿੱਚ ਸਿੱਧਾਰਮਈਆ ਤੇ ਡੀ ਕੇ ਸ਼ਿਵ ਕੁਮਾਰ, ਮਹਾਰਾਸ਼ਟਰ ਵਿੱਚ ਸ਼ਰਦ ਪਵਾਰ ਤੇ ਊਧਵ ਠਾਕਰੇ, ਬਿਹਾਰ ਵਿੱਚ ਤੇਜਸਵੀ ਯਾਦਵ, ਯੂ ਪੀ ਵਿੱਚ ਅਖਿਲੇਸ਼, ਹਰਿਆਣੇ ਵਿੱਚ ਭੁਪਿੰਦਰ ਹੁੱਡਾ ਤੇ ਰਾਜਸਥਾਨ ਵਿੱਚ ਸਚਿਨ ਪਾਇਲਟ ਸੂਬਾ ਪੱਧਰੀ ਲੜਾਈ ਲੜ ਰਹੇ ਹਨ। ਇਹ ਆਗੂ ਸਥਾਨਕ ਮਸਲਿਆਂ ਨੂੰ ਜਾਣਦੇ ਹਨ ਤੇ ਉਠਾ ਰਹੇ ਹਨ। ਮੋਦੀ ਕੋਲ ਇਨ੍ਹਾਂ ਦਾ ਤੋੜ ਨਹੀਂ। ਇਸ ਲਈ ਉਨ੍ਹਾ ਦੀ ਲਗਾਤਾਰ ਕੋਸ਼ਿਸ਼ ਧਾਰਮਿਕ ਧਰੁਵੀਕਰਨ ਤੇ ਕਾਂਗਰਸ ਵਿਰੁੱਧ ਨਫ਼ਰਤ ਫੈਲਾਉਣ ਦੀ ਰਹੀ ਹੈ।

ਪ੍ਰਧਾਨ ਮੰਤਰੀ ਦੇ ਬਿਆਨਾਂ ਨੂੰ ਲੈ ਕੇ ਦੇਸ਼-ਬਦੇਸ਼ ਵਿੱਚ ਤਿੱਖੀ ਪ੍ਰਤੀਕਿਰਿਆ ਹੋਈ ਹੈ। 'ਨਿਊ ਯਾਰਕ ਟਾਈਮਜ਼', 'ਦੀ ਗਾਰਡੀਅਨ', 'ਵਾਸ਼ਿੰਗਟਨ ਪੋਸਟ', 'ਵਾਲ ਸਟ੍ਰੀਟ ਜਰਨਲ, 'ਦੀ ਟਾਈਮਜ਼' ਤੇ 'ਅਲ ਜਜ਼ੀਰਾ' ਨੇ ਮੋਦੀ ਦੇ ਬਿਆਨਾਂ ਨੂੰ ਫਿਰਕੂ ਭੜਕਾਹਟਾਂ ਪੈਦਾ ਕਰਨ ਵਾਲੇ ਕਹਿ ਕੇ ਛਾਪਿਆ ਹੈ।

ਦੇਸ਼ ਦੀਆਂ ਸਭ ਵਿਰੋਧੀ ਪਾਰਟੀਆਂ ਸਮੇਤ ਨਾਗਰਿਕ ਸੰਸਥਾਵਾਂ ਨਾਲ ਜੁੜੇ ਦੋ ਹਜ਼ਾਰ ਤੋਂ ਵੱਧ ਬੁੱਧੀਜੀਵੀਆਂ ਨੇ ਚੋਣ ਕਮਿਸ਼ਨ ਨੂੰ ਚਿੱਠੀ ਲਿਖ ਕੇ ਮੋਦੀ 'ਤੇ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਚੋਣ ਕਮਿਸ਼ਨ ਸਾਜ਼ਿਸ਼ੀ ਚੁੱਪ ਵੱਟ ਕੇ ਹਾਕਮ ਧਿਰ ਦੀ ਕਠਪੁਤਲੀ ਹੋਣ ਦਾ ਸਬੂਤ ਦੇ ਰਿਹਾ ਹੈ। ਆਉਣ ਵਾਲੇ ਚੋਣ ਪੜਾਵਾਂ ਵਿੱਚ ਫਿਰਕੂ ਭੜਕਾਹਟਾਂ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਹੋ ਸਕਦੀਆਂ ਹਨ।

-ਚੰਦ ਫਤਿਹਪੁਰੀ

## ਪਾਠਕ-ਸੱਥ

### ਪੰਛੀਆਂ ਦੀ ਸਾਂਭ-ਸੰਭਾਲ

ਅਪ੍ਰੈਲ ਮਹੀਨੇ ਚੜ੍ਹਨ ਦੇ ਨਾਲ ਹੀ ਗਰਮੀ ਨੇ ਵੀ ਆਪਣੀ ਰਫ਼ਤਾਰ ਫੜਨੀ ਸ਼ੁਰੂ ਕਰ ਲਈ ਹੈ।ਆਉਣ ਵਾਲੇ ਦੋ ਚਾਰ ਦਿਨਾਂ ਵਿੱਚ ਕੁਝ ਸਥਾਨਾਂ ਦਾ ਤਾਪਮਾਨ ਚਾਲੀ ਡਿਗਰੀ ਸੈਲਸੀਅਸ ਦੇ ਕਰੀਬ ਪਹੁੰਚਣ ਦੀ ਸੰਭਾਵਨਾ ਹੈ । ਦਿਨੋਂ-ਦਿਨ ਮੌਸਮ ਵਿੱਚ ਵਿਗਾੜ ਪੈਦਾ ਹੋ ਰਿਹਾ ਹੈ, ਜਿਸ ਦਾ ਸਿਹਰਾ ਮਨੁੱਖੀ ਲਾਲਚ ਦੀਆਂ ਅਣਮਨੁੱਖੀ ਕਾਰਵਾਈਆਂ ਨੂੰ ਜਾਂਦਾ ਹੈ, ਜਿਸ ਕਰਕੇ ਮਾਤਾ ਦਾ ਦਰਜਾ ਦੇਣ ਵਾਲੀ ਇਸ ਧਰਤੀ ਤੇ ਮਨੁੱਖ ਦੇ ਨਾਲ-ਨਾਲ ਪਸ਼ੂ ਪੰਛੀਆਂ ਦਾ ਰਹਿਣਾ ਵੀ ਔਖਾ ਹੋ ਗਿਆ ਹੈ। ਗਰਮੀਆਂ ਦੇ ਮੌਸਮ ਦੌਰਾਨ ਹਰ ਜਗ੍ਹਾ ਪੀਣ ਵਾਲੇ ਪਾਣੀ ਦੀਆਂ ਛਬੀਲਾਂ ਲਗਾਈਆਂ ਜਾਂਦੀਆਂ ਹਨ, ਪ੍ਰੰਤੂ ਪੰਛੀਆਂ ਲਈ ਪਾਣੀ ਦਾ ਪ੍ਰਬੰਧ ਆਟੇ ਵਿੱਚ ਲੂਣ ਬਰਾਬਰ ਹੁੰਦਾ ਹੈ।ਇਸ ਦੀ ਸ਼ੁਰੂਆਤ ਅਸੀਂ ਆਪਣੇ ਘਰ ਤੋਂ ਕਰ ਸਕਦੇ ਹਾਂ।ਆਪਣੇ ਘਰਾਂ ਵਿੱਚ ਅਸੀਂ ਪੁਰਾਣੇ ਬਰਤਨਾਂ ਵਿੱਚ ਪੰਛੀਆਂ ਦੇ ਪੀਣ ਲਈ ਪਾਣੀ ਰੱਖ ਸਕਦੇ ਹਾਂ । ਸਮੇਂ ਸਮੇਂ 'ਤੇ ਇਸ ਪਾਣੀ ਨੂੰ ਬਦਲਦੇ ਰਹਿਣਾ ਚਾਹੀਦਾ ਹੈ, ਤਾਂ ਜੋ ਪਾਣੀ ਵਿੱਚ ਮੱਛਰ ਨਾ ਪੈਦਾ ਹੋ ਸਕੇ।ਗਰਮੀ ਦੀ ਮਾਰ ਝੱਲਦੇ ਪੰਛੀ ਜਦੋਂ ਪਾਣੀ ਪੀਣ ਆਉਣਗੇ ਤਾਂ ਉਹ ਪਾਣੀ ਵਿੱਚ ਨਹਾਉਂਦੇ ਅਠਖੇਲੀਆਂ ਕਰਦੇ ਹਨ, ਅਜਿਹਾ ਕੁਦਰਤੀ ਅਲੌਕਿਕ ਨਜ਼ਾਰਾ ਦੇਖਣ ਯੋਗ ਹੁੰਦਾ ਹੈ। ਇਹ ਪੰਛੀ ਮਨੁੱਖ ਨੂੰ ਭੱਜ-ਦੌੜ ਦੀ ਜ਼ਿੰਦਗੀ ਤੋਂ ਦੂਰ ਕਰਕੇ ਕੁਦਰਤ ਦੇ ਨੇੜੇ ਪਹੁੰਚਾ ਕੇ ਸਰੀਰ ਦੀ ਥਕਾਵਟ ਲਾਹੁੰਦੇ ਹੋਏ ਮਨੁੱਖ ਨੂੰ ਸਕੂਨ ਵੀ ਪਹੁੰਚਾਉਂਦੇ ਹਨ। ਆਪਣੀ ਸ਼ਰਧਾ ਮੁਤਾਬਿਕ ਅਸੀਂ ਉਹਨਾਂ ਲਈ ਚੋਗੇ ਦਾ ਵੀ ਪ੍ਰਬੰਧ ਕਰ ਸਕਦੇ ਹਾਂ।ਦਯਾ ਧਰਮ ਦਾ ਮੂਲ ਹੈ।ਇਹ ਪੰਛੀ ਵੀ ਵਾਤਾਵਰਨ ਦਾ ਹਿੱਸਾ ਹਨ।ਇਹ ਧਰਤੀ ਇਹਨਾਂ ਪੰਛੀਆਂ ਦੀ ਵੀ ਹੈ। ਇਹਨਾਂ ਨੂੰ ਵੀ ਆਪਣੀ ਜ਼ਿੰਦਗੀ ਜਿਉਣ ਦਾ ਅਧਿਕਾਰ ਹੈ।ਇਹ ਵਾਤਾਵਰਨ ਨੂੰ ਸ਼ੁੱਧ ਰੱਖਣ ਅਤੇ ਪ੍ਰਦੂਸ਼ਣ ਰੋਕਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਆਓ ਸਾਰੇ ਰਲ-ਮਿਲ ਕੇ ਪੰਛੀਆਂ ਨੂੰ ਗਰਮੀ ਤੋਂ ਬਚਾਉਣ ਲਈ ਉਹਨਾਂ ਨੂੰ ਲੋੜੀਂਦਾ ਵਾਤਾਵਰਨ ਮੁਹੱਈਆ ਕਰਵਾ ਕੇ ਵਾਤਾਵਰਨ ਦੀ ਸੁਰੱਖਿਆ ਵਿੱਚ ਆਪਣਾ ਬਣਦਾ ਯੋਗਦਾਨ ਪਾਈਏ।

-ਰਜਵਿੰਦਰ ਪਾਲ ਸ਼ਰਮਾ, 70873-67969

# ਹਿੰਦੂਤਵ ਫ਼ਾਸ਼ੀਵਾਦ ਅਤੇ ਸਿਧਾਂਤਹੀਣ ਵਿਰੋਧੀ ਧਿਰ-1

ਬੂਟਾ ਸਿੰਘ ਮਹਿਮੂਦਪੁਰ

18ਵੀਂ ਲੋਕ ਸਭਾ ਲਈ 19 ਅਪ੍ਰੈਲ ਤੋਂ ਸ਼ੁਰੂ ਹੋ ਕੇ 1 ਜੂਨ 2024 ਤੱਕ ਸੱਤ ਪੜਾਵਾਂ 'ਚ ਹੋਣ ਜਾ ਰਹੀਆਂ ਚੋਣਾਂ ਲਈ ਰਾਜਨੀਤਕ ਮਾਹੌਲ ਭਖ ਚੁੱਕਾ ਹੈ। ਹੁਕਮਰਾਨ ਆਰ.ਐੱਸ.ਐੱਸ-ਭਾਜਪਾ ਅਤੇ ਵਿਰੋਧੀ-ਧਿਰ ਦੀਆਂ ਪਾਰਟੀਆਂ ਪੂਰੀ ਤਾਕਤ ਨੂੰ ਚੋਣ ਮੁਹਿੰਮਾਂ 'ਚ ਝੋਕ ਕੇ ਵੋਟਰਾਂ ਨੂੰ ਭਰਮਾਉਣ ਲਈ ਪੁਰਜ਼ੋਰ ਯਤਨਸ਼ੀਲ ਹਨ। 'ਇਸ ਵਾਰ, 400 ਪਾਰ' ਦੇ ਨਾਅਰੇ ਨਾਲ ਭਾਜਪਾ ਆਪਣੇ ਤੌਰ 'ਤੇ 370 ਸੀਟਾਂ ਲੈਣ ਅਤੇ ਗੱਠਜੋੜ ਦੁਆਰਾ 400 ਦਾ ਅੰਕੜਾ ਪਾਰ ਕਰਨ ਦੇ ਦਾਅਵੇ ਕਰ ਰਹੀ ਹੈ। ਕਾਂਗਰਸ ਤੇ ਵਿਰੋਧੀ-ਧਿਰ ਦੀਆਂ ਹੋਰ ਪਾਰਟੀਆਂ ਵੋਟਰਾਂ ਨੂੰ ਸੰਵਿਧਾਨ ਵਿਰੋਧੀ ਅਤੇ ਲੋਕਤੰਤਰ ਵਿਰੋਧੀ ਤਾਨਾਸ਼ਾਹ ਆਰ.ਐੱਸ.ਐੱਸ-ਭਾਜਪਾ ਨੂੰ ਹਰਾਉਣ ਦੇ ਵਾਸਤੇ ਪਾ ਰਹੀਆਂ ਹਨ।

ਪਿਛਲੇ ਦਸ ਸਾਲਾਂ 'ਚ ਭਗਵਾਂ ਹਕੂਮਤ ਦੀ ਚਾਲ-ਢਾਲ ਦੇ ਮੱਦੇਨਜ਼ਰ ਰਾਜਨੀਤਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਨ੍ਹਾਂ ਚੋਣਾਂ ਦੇ ਨਤੀਜੇ ਇਹ ਤੈਅ ਕਰ ਦੇਣਗੇ ਕਿ ਭਾਰਤ ਆਉਣ ਵਾਲੇ ਸਮੇਂ 'ਚ 'ਧਰਮ ਨਿਰਪੱਖ ਲੋਕਤੰਤਰ' ਦੇ ਰੂਪ 'ਚ ਜ਼ਿੰਦਾ ਰਹਿ ਸਕੇਗਾ ਜਾਂ ਨਹੀਂ। ਜੇ ਭਾਜਪਾ ਪਹਿਲਾਂ ਵਾਂਗ ਹੀ ਭਾਰੂ ਗਿਣਤੀ 'ਚ ਸੀਟਾਂ ਜਿੱਤ ਕੇ ਦੁਬਾਰਾ ਸੱਤਾ 'ਚ ਆ ਜਾਂਦੀ ਹੈ ਤਾਂ ਇਹ ਆਪਣੇ 'ਹਿੰਦੂ ਰਾਸ਼ਟਰ' ਦੇ ਵਿਚਾਰਧਾਰਕ ਪ੍ਰੋਜੈਕਟ ਅਨੁਸਾਰ ਸੰਵਿਧਾਨ 'ਚ ਅਜਿਹੀ ਰੱਦੋ-ਬਦਲ ਕਰੇਗੀ, ਜਿਸ ਨਾਲ ਸੰਵਿਧਾਨਕ ਢਾਂਚੇ ਅਤੇ ਭਾਰਤ ਦੇ ਮੂਲ ਵਿਚਾਰ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਜਾਵੇਗਾ। ਭਾਰਤ ਨੂੰ ਧਰਮਤੰਤਰੀ ਤਾਨਾਸ਼ਾਹੀ ਬਣਾਇਆ ਜਾਵੇਗਾ। ਰਸਮੀ ਤੌਰ 'ਤੇ ਮੌਜੂਦਾ ਸੰਵਿਧਾਨ ਨੂੰ ਰੱਦ ਕਰਨ ਦਾ ਰਾਹ ਅਖ਼ਤਿਆਰ ਕਰਨ ਦੀ ਜ਼ਰੂਰਤ ਭਾਜਪਾ ਨੂੰ ਨਹੀਂ ਹੈ। ਉਹ ਲੋਕ-ਜਾਗਰੂਕਤਾ ਦੀ ਕਮਜ਼ੋਰੀ ਦੀ ਹਾਲਤ 'ਚ ਵਿਰੋਧੀ-ਧਿਰ ਦੇ ਕੰਗਰੋੜਰਹਿਤ ਵਿਰੋਧ ਦਾ ਫ਼ਾਇਦਾ ਉਠਾ ਕੇ ਆਪਣੀ ਬਹੁਗਿਣਤੀ ਦੇ ਜ਼ੋਰ ਅਜਿਹੀਆਂ ਤਬਦੀਲੀਆਂ ਲਿਆਉਣ ਲਈ ਆਜ਼ਾਦ ਹੈ ਜੋ ਉਸ ਦੇ ਵਿਚਾਰਧਾਰਕ ਪ੍ਰੋਜੈਕਟ ਨੂੰ ਤੇਜ਼ੀ ਨਾਲ ਅੱਗੇ ਵਧਾ ਸਕਣ।

ਇਸ 'ਚ ਕੋਈ ਸ਼ੱਕ ਨਹੀਂ ਹੈ ਕਿ ਮੌਜੂਦਾ ਸੰਵਿਧਾਨਕ ਰਾਜਕੀ ਸਰੂਪ ਲਈ ਇਹ ਖ਼ਤਰਾ ਪੂਰੀ ਤਰ੍ਹਾਂ ਹਕੀਕੀ ਹੈ ਅਤੇ ਮੁੜ ਸੱਤਾ 'ਚ ਆ ਕੇ ਆਰ.ਐੱਸ.ਐੱਸ.-ਭਾਜਪਾ ਆਪਣੇ ਵਿਚਾਰਧਾਰਕ ਪ੍ਰੋਜੈਕਟ ਦੇ ਬਾਕੀ ਰਹਿੰਦੇ ਹਿੱਸਿਆਂ ਨੂੰ ਨੇਪਰੇ ਚਾੜ੍ਹਨ ਲਈ ਦਿਨ-ਰਾਤ ਇਕ ਕਰ ਦੇਵੇਗੀ। ਸੰਘ ਦੇ ਵਿਚਾਰਧਾਰਕ ਪ੍ਰੋਜੈਕਟ ਦੇ ਤਿੰਨ ਮੁੱਖ ਮੁੱਦੇ ਰਹੇ ਹਨ - ਧਾਰਾ 370 ਨੂੰ ਖ਼ਤਮ ਕਰਨਾ, ਅਯੁੱਧਿਆ ਵਿਚ ਰਾਮ ਮੰਦਰ ਦੀ ਉਸਾਰੀ ਅਤੇ ਸਾਂਝਾ ਸਿਵਲ ਕੋਡ ਲਾਗੂ ਕਰਨਾ। ਇਨ੍ਹਾਂ ਵਿੱਚੋਂ ਦੋ ਤਾਂ ਪਹਿਲਾਂ ਹੀ ਪੂਰੇ ਕਰ ਲਏ ਗਏ ਹਨ ਅਤੇ ਭਾਜਪਾ ਦੇ ਤਾਜ਼ਾ 'ਸੰਕਲਪ ਪੱਤਰ' (ਚੋਣ ਮੈਨੀਫੈਸਟੋ) ਵਿਚ "ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ" ਨੂੰ ਅੱਗੇ ਵਧਾਉਣ ਲਈ ਦੁਨੀਆ ਭਰ 'ਚ ਰਮਾਇਣ ਜਸ਼ਨੀ ਸਮਾਗਮ ਆਯੋਜਤ ਕਰਨ ਦਾ ਅਹਿਦ ਲਿਆ ਗਿਆ ਹੈ। ਭਾਜਪਾ ਲੀਡਰਸ਼ਿਪ ਨੇ ਇਸ ਵਾਰ ਮੈਨੀਫੈਸਟੋ ਵਿੱਚੋਂ ਐੱਨ.ਆਰ.ਸੀ. ਦਾ ਜ਼ਿਕਰ ਹਟਾ ਦਿੱਤਾ ਹੈ। ਇਸ ਦੇ ਜ਼ਿਕਰ ਦੀ ਸ਼ਾਇਦ ਹੁਣ ਜ਼ਰੂਰਤ ਵੀ ਨਹੀਂ ਹੈ, ਕਿਉਂਕਿ ਨਾਗਰਿਕਤਾ ਸੋਧ ਕਾਨੂੰਨ ਪਾਸ ਕਰ ਲੈਣ ਤੋਂ ਬਾਅਦ ਇਸ ਨੂੰ ਅੰਜਾਮ ਦੇਣ 'ਚ ਕੋਈ ਕਾਨੂੰਨੀ ਰੁਕਾਵਟ ਨਹੀਂ ਹੈ। 2019 'ਚ ਮੁੜ ਸੱਤਾ 'ਚ ਆ ਕੇ ਜਿਸ ਧੁੱਸ ਨਾਲ ਐੱਨ.ਆਰ.ਸੀ. (ਨਾਗਰਿਕਾਂ ਦਾ ਕੌਮੀ ਰਜਿਸਟਰ) ਮੁਕੰਮਲ ਕਰਨ ਦੇ ਚੋਣ ਵਾਅਦੇ ਨੂੰ ਅੰਜਾਮ ਦੇਣ ਲਈ ਨਾਗਰਿਕਤਾ ਸੋਧ ਕਾਨੂੰਨ ਪਾਸ ਕਰਕੇ ਉਸ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ, ਉਸੇ ਤਰੀਕੇ ਨਾਲ ਸਾਂਝਾ ਸਿਵਲ ਕੋਡ ਲਾਗੂ ਕੀਤਾ ਜਾਵੇਗਾ।

ਪਰ ਸਵਾਲ ਇਹ ਹੈ ਕਿ ਕੀ ਕਾਂਗਰਸ ਦੀ ਅਗਵਾਈ ਹੇਠਲੇ 'ਇੰਡੀਆ ਗੱਠਜੋੜ' 'ਚ ਸ਼ਾਮਲ ਅਤੇ ਇਸ ਤੋਂ ਬਾਹਰ ਰਹਿ ਕੇ ਚੋਣਾਂ ਲੜ ਰਹੀਆਂ ਵੱਖ-ਵੱਖ ਰਾਜਨੀਤਕ ਪਾਰਟੀਆਂ 'ਚ ਉਨ੍ਹਾਂ ਲੋਕ-ਲੁਭਾਊ ਲਾਰਿਆਂ-ਵਾਅਦਿਆਂ ਤੋਂ ਪਾਰ ਜਾ ਕੇ ਹਿੰਦੂਤਵ ਬਰਗੇਡ ਦੇ ਵਿਚਾਰਧਾਰਕ-ਰਾਜਨੀਤਕ ਪ੍ਰੋਜੈਕਟ ਨੂੰ ਟੱਕਰ ਦੇਣ ਲਈ ਲੋੜੀਂਦੀ ਦ੍ਰਿੜ੍ਹ ਇੱਛਾ-ਸ਼ਕਤੀ ਹੈ, ਜੋ ਵਾਅਦੇ ਉਹ ਆਪਣੇ ਚੋਣ ਮਨੋਰਥ-ਪੱਤਰਾਂ ਦੁਆਰਾ ਕਰ ਰਹੀਆਂ ਹਨ? ਇਹ ਸਵਾਲ ਹੁਣ ਇਸ ਕਰਕੇ ਵੀ ਮਹੱਤਵਪੂਰਨ ਹੈ ਕਿਉਂਕਿ ਕਾਂਗਰਸ ਤਾਂ ਖੁਦ ਹਿੰਦੂਤਵ ਵਿਰੁੱਧ ਦ੍ਰਿੜ੍ਹ ਵਿਚਾਰਧਾਰਕ ਲੜਾਈ ਲੜਨ ਤੋਂ ਉਲਟ ਦਿਸ਼ਾ ਅਖ਼ਤਿਆਰ ਕਰਕੇ ਨਰਮ ਸੁਰ ਵਾਲੀ ਬਹੁਗਿਣਤੀਵਾਦੀ ਸਿਆਸਤ ਦਾ ਸਹਾਰਾ ਲੈਂਦੀ ਆ ਰਹੀ ਹੈ। ਫਿਰ ਵੀ ਕਾਂਗਰਸ ਅਤੇ ਭਾਜਪਾ ਦਾ ਮੂਲ ਫ਼ਰਕ ਇਹ ਹੈ ਕਿ ਕਾਂਗਰਸ ਰਸਮੀ ਤੌਰ 'ਤੇ ਧਰਮ-ਨਿਰਪੱਖ ਪਾਰਟੀ ਹੈ, ਜੋ ਸੱਤਾ 'ਚ ਰਹਿਣ ਲਈ ਫਿਰਕਾਪ੍ਰਸਤੀ ਦਾ ਸਹਾਰਾ ਲੈਂਦੀ ਹੈ ਅਤੇ ਘੱਟਗਿਣਤੀਆਂ ਦਾ ਕਤਲੇਆਮ ਵੀ ਕਰਵਾਉਂਦੀ ਰਹੀ ਹੈ, ਜਦਕਿ ਸੰਘ-ਭਾਜਪਾ ਦੀ ਬੁਨਿਆਦ ਹੀ ਬਹੁਗਿਣਤੀਵਾਦੀ ਫਾਸ਼ੀਵਾਦੀ ਵਿਚਾਰਧਾਰਾ ਹੈ, ਜਿਸ ਦਾ ਮੁੱਖ ਨਿਸ਼ਾਨਾ ਦੇਸ਼ ਦੀ ਬਹੁ-ਸੱਭਿਆਚਾਰੀ ਬਣਤਰ ਅਤੇ ਸਾਰੇ ਧਰਮਾਂ ਨੂੰ ਸਮੋਣ ਦੀ ਮੋਕਲੀ ਪਰੰਪਰਾ ਨੂੰ ਖ਼ਤਮ ਕਰਕੇ ਬਹੁਗਿਣਤੀਵਾਦ 'ਤੇ ਆਧਾਰਤ ਬ੍ਰਾਹਮਣਵਾਦੀ/ਮਨੂੰਵਾਦੀ ਹਿੰਦੂ ਰਾਸ਼ਟਰ ਬਣਾਉਣਾ ਹੈ। ਇਹ ਆਰ.ਐੱਸ.ਐੱਸ. ਦੇ ਮੁੱਖ ਨਿਸ਼ਾਨਿਆਂ 'ਚੋਂ ਇਕ ਹੈ, ਜਿਸ ਤੋਂ ਉਹ ਕਦੇ ਇਕ ਇੰਚ ਵੀ ਪਿੱਛੇ ਨਹੀਂ ਹਟੇ।

ਜਿੱਥੋਂ ਤੱਕ ਵਿਰੋਧੀ-ਧਿਰ ਦੀਆਂ ਬਾਕੀ ਪਾਰਟੀਆਂ ਦਾ ਸਵਾਲ ਹੈ, ਉਹ ਕਾਂਗਰਸ ਨੂੰ ਸੱਤਾ ਤੋਂ ਬਾਹਰ ਰੱਖਣ ਲਈ ਆਪਣੀ ਵਿਚਾਰਧਾਰਕ ਵਚਨਬੱਧਤਾ ਨੂੰ ਖੁੱਲ੍ਹੇਆਮ ਤਿਲਾਂਜਲੀ ਦੇ ਕੇ ਆਰ.ਐੱਸ.ਐੱਸ. ਦੇ ਰਾਜਨੀਤਕ ਵਿੰਗ, ਜਨ ਸੰਘ/ਭਾਜਪਾ ਨਾਲ ਗੱਠਜੋੜ ਕਰਕੇ ਜਾਂ ਇਸ ਦੀ ਹਮਾਇਤ ਨਾਲ ਸਰਕਾਰਾਂ ਬਣਾਉਂਦੀਆਂ ਆ ਰਹੀਆਂ ਹਨ। ਸੱਤਾ 'ਚ ਆਉਣ ਲਈ ਕਿਸੇ ਵੀ ਹੱਦ ਤੱਕ ਜਾ ਕੇ ਰਾਜਨੀਤਕ ਗੱਠਜੋੜ ਬਣਾ ਲੈਣ ਦੀ ਮੌਕਾਪ੍ਰਸਤ ਸੋਚ ਐਨੀ ਭਾਰੂ ਹੋ ਚੁੱਕੀ ਹੈ ਕਿ ਇਨ੍ਹਾਂ ਤਾਕਤਾਂ ਲਈ ਇਨ੍ਹਾਂ ਦੀ ਆਪਣੀ 'ਕੋਰ' ਵਿਚਾਰਧਾਰਾ ਵੀ ਕੋਈ ਮਾਇਨੇ ਨਹੀਂ ਰੱਖਦੀ। ਕਮਿਊਨਿਸਟ, ਜਨਸੰਘ ਅਤੇ 'ਸੋਸ਼ਲਿਸਟਾਂ' ਦੇ ਰਲ਼ੇਵੇਂ ਨਾਲ ਬਣੀ ਜਨਤਾ ਪਾਰਟੀ ਦੀ ਸਰਕਾਰ ਵਿਚ ਭਾਈਵਾਲ ਬਣੇ। ਬ੍ਰਾਹਮਣਵਾਦ ਦੀ ਕੱਟੜ ਦੁਸ਼ਮਣ ਬਹੁਜਨ ਸਮਾਜ ਪਾਰਟੀ ਨੇ ਭਾਜਪਾ ਨਾਲ ਸਾਂਝੀਆਂ ਸਰਕਾਰਾਂ ਬਣਾਈਆਂ, ਜਿਸ ਦੀ ਮੂਲ ਵਿਚਾਰਧਾਰਾ ਹੀ ਬ੍ਰਾਹਮਣਵਾਦ ਹੈ। ਅਕਾਲੀ ਦਲ, ਜਨਤਾ ਦਲ ਦੀਆਂ ਵੱਖ-ਵੱਖ ਫਾਕੜਾਂ, ਅਸਾਮ ਗਣ ਪ੍ਰੀਸ਼ਦ, ਤ੍ਰਿਣਾਮੂਲ ਕਾਂਗਰਸ, ਡੀ ਐੱਮ ਕੇ, ਏ ਆਈ ਡੀ ਐੱਮ ਕੇ, ਝਾਰਖੰਡ ਮੁਕਤੀ ਮੋਰਚਾ, ਜੰਮੂ-ਕਸ਼ਮੀਰ ਪੀ ਡੀ ਪੀ, ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ, ਸਮਤਾ ਪਾਰਟੀ, ਰਿਪਬਲਿਕਨ ਪਾਰਟੀ (ਅਠਾਵਲੇ) ਆਦਿ ਵੱਖ-ਵੱਖ ਸਮੇਂ 'ਤੇ ਭਾਜਪਾ ਦੀ ਅਗਵਾਈ ਵਾਲੀਆਂ ਸਰਕਾਰਾਂ 'ਚ ਭਾਈਵਾਲ ਰਹੀਆਂ। ਹਾਲਾਂਕਿ ਇਨ੍ਹਾਂ ਦੀ ਵਿਚਾਰਧਾਰਾ, ਇਨ੍ਹਾਂ ਦੇ ਖੇਤਰ-ਵਿਸ਼ੇਸ਼ ਪ੍ਰੋਗਰਾਮ ਅਤੇ ਖੇਤਰੀ ਜਾਂ ਹੋਰ ਵਿਸ਼ੇਸ਼ ਹਿੱਤ ਭਾਜਪਾ ਦੇ ਹਿੰਦੂ ਰਾਸ਼ਟਰ ਦੇ ਪ੍ਰੋਜੈਕਟ ਦੇ ਸਿੱਧੇ ਤੌਰ 'ਤੇ ਵਿਰੋਧ 'ਚ ਹਨ। ਖੇਤਰੀ ਪਾਰਟੀਆਂ ਸਿਧਾਂਤਕ ਤੌਰ 'ਤੇ ਰਾਜਾਂ ਨੂੰ ਵੱਧ ਅਧਿਕਾਰਾਂ ਦੀ ਵਕਾਲਤ ਕਰਦੀਆਂ ਹਨ। ਇਹ ਦੇਸ਼ ਦੇ ਨਾਮਨਿਹਾਦ ਫੈਡਰਲ ਢਾਂਚੇ 'ਚ ਅਸੁਰੱਖਿਆ ਮਹਿਸੂਸ ਕਰਦੇ ਹਿੱਸਿਆਂ ਦੀ ਨੁਮਾਇੰਦਗੀ ਕਰਦੀਆਂ ਹਨ ਅਤੇ ਇਸ ਤਰ੍ਹਾਂ ਦੀਆਂ ਮੰਗਾਂ 'ਤੇ ਆਧਾਰਤ ਅੰਦੋਲਨਾਂ 'ਚੋਂ ਉੱਭਰੀਆਂ ਸਨ। ਇਨ੍ਹਾਂ ਦੇ ਬੁਨਿਆਦੀ ਪ੍ਰੋਗਰਾਮ ਆਰ.ਐੱਸ.ਐੱਸ-ਭਾਜਪਾ ਦੀ ਕੇਂਦਰੀਕ੍ਰਿਤ ਰਾਜ ਅਤੇ ਹਿੰਦੂ ਰਾਸ਼ਟਰ ਦੀ ਸੋਚ ਨਾਲ ਸਿੱਧੇ ਤੌਰ 'ਤੇ ਟਕਰਾਉਂਦੇ ਹਨ, ਪਰ ਸੱਤਾ ਦੀ ਖ਼ਾਤਰ ਇਹ ਕੁਝ ਵੀ ਕਰਨ ਲਈ ਤਿਆਰ ਹਨ।

ਵਿਚਾਰਧਾਰਾ ਨੂੰ ਤਿਲਾਂਜਲੀ ਦੇ ਕੇ ਗੱਠਜੋੜ ਸਰਕਾਰਾਂ ਬਣਾਉਣ ਦੀ ਮੌਕਾਪ੍ਰਸਤੀ ਇਨ੍ਹਾਂ ਪਾਰਟੀਆਂ ਦੇ ਹੱਡਾਂ 'ਚ ਐਨੀ ਜ਼ਿਆਦਾ ਰਚ ਗਈ ਹੈ ਕਿ ਚੋਣਾਂ ਸਮੇਂ ਟਿਕਟ ਨਾ ਮਿਲਣ 'ਤੇ ਅਤੇ ਸੱਤਾ 'ਚ ਹਿੱਸੇਦਾਰ ਹੋਣ ਦੀ ਸੂਰਤ 'ਚ ਵਜ਼ੀਰੀ ਜਾਂ ਚੇਅਰਮੈਨੀ ਆਦਿ ਨਾ ਮਿਲਣ 'ਤੇ ਦਲ-ਬਦਲੀ ਆਮ ਗੱਲ ਹੋ ਗਈ ਹੈ। ਬੇਸ਼ੱਕ ਪਾਰਲੀਮੈਂਟਰੀ ਕਮਿਊਨਿਸਟ ਪਾਰਟੀਆਂ ਵਿੱਚੋਂ ਵੀ ਕੁਝ ਆਗੂ ਦਲ-ਬਦਲੀ ਕਰਕੇ ਦੂਜੀਆਂ ਪਾਰਟੀਆਂ 'ਚ ਸ਼ਾਮਲ ਹੁੰਦੇ ਰਹੇ ਹਨ, ਪਰ ਬਾਕੀ ਪਾਰਟੀਆਂ 'ਚ ਤਾਂ ਇਸ ਦੀ ਕੋਈ ਹੱਦ ਹੀ ਨਹੀਂ ਹੈ। ਬਦਲਾਅ ਲਿਆਉਣ ਦੀ ਦਾਅਵੇਦਾਰ 'ਆਮ ਆਦਮੀ ਪਾਰਟੀ' ਵਿਚ ਆਉਣ-ਜਾਣ ਲਈ ਵਿਚਾਰਧਾਰਾ ਪੈਮਾਨਾ ਹੀ ਨਹੀਂ ਹੈ। ਇਸ ਨੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਰਾਤੋ-ਰਾਤ 'ਆਮ ਆਦਮੀ' ਬਣਾ ਕੇ ਚੋਣ ਮੈਦਾਨ 'ਚ ਉਤਾਰਿਆ। ਹੁਣ ਮੌਕਾ ਦੇਖ ਕੇ ਉਨ੍ਹਾਂ 'ਚੋਂ ਕਈ ਸ਼ਖ਼ਸ ਭਾਜਪਾ 'ਚ ਸ਼ਾਮਲ ਹੋ ਰਹੇ ਹਨ। ਇਹ ਦਿੱਲੀ ਨੂੰ ਪੂਰਾ ਰਾਜ ਬਣਾਉਣ ਦੀ ਮੰਗ ਕਰਦੀ ਹੈ, ਪਰ ਜੰਮੂ-ਕਸ਼ਮੀਰ ਦਾ ਵਿਸ਼ੇਸ਼ ਦਰਜਾ ਖ਼ਤਮ ਕਰਨ ਦੀ ਇਸ ਨੇ ਬੇਸ਼ਰਮੀ ਨਾਲ ਹਮਾਇਤ ਕੀਤੀ। ਪੰਜਾਬ ਦੇ ਅਧਿਕਾਰ-ਖੇਤਰ ਜਾਂ ਰਾਜਾਂ ਦੇ ਅਧਿਕਾਰਾਂ ਉੱਪਰ ਭਗਵਾਂ ਹਕੂਮਤ ਦੇ ਹਮਲੇ ਇਸ ਲਈ ਕੋਈ ਮੁੱਦਾ ਹੀ ਨਹੀਂ ਹੈ।

(ਚਲਦਾ)

# ਪਹਿਲੇ ਗੇੜ ਦੀਆਂ ਚੋਣਾਂ ਦਾ ਲੇਖਾ-ਜੋਖਾ



ਹਰਜਿੰਦਰ ਸਿੰਘ ਗੁਲਪੁਰ

ਵੱਖ-ਵੱਖ ਰਾਜਾਂ ਦੇ 102 ਹਲਕਿਆਂ ਵਿੱਚ ਵੋਟਾਂ ਪੈਣ ਦਾ ਪਹਿਲਾ ਗੇੜ ਸਮਾਪਤ ਹੋ ਗਿਆ ਹੈ । 5 ਵਜੇ ਤੱਕ ਔਸਤ 60 ਫੀਸਦੀ ਵੋਟਾਂ ਪੋਲ ਹੋਈਆਂ ਹਨ, ਜਿਸ ਦੇ 70 ਫੀਸਦੀ ਤੱਕ ਪਹੁੰਚਣ ਦੀ ਸੰਭਾਵਨਾ ਹੈ। ਸਾਰੀਆਂ ਪਾਰਟੀਆਂ ਆਪੋ ਆਪਣੀ ਜਿੱਤ ਦੇ ਦਾਅਵੇ ਕਰ ਰਹੀਆਂ ਹਨ। ਮੀਡੀਆ, ਸੱਤਾਧਾਰੀ ਅਤੇ ਗੈਰ ਸੱਤਾਧਾਰੀ ਦੋ ਖੇਮਿਆਂ ਵਿੱਚ ਵੰਡਿਆ ਦਿਖਾਈ ਦੇ ਰਿਹਾ ਹੈ। ਇਸ ਪੱਖੋਂ ਸੱਤਾਧਾਰੀ ਖੇਮੇ ਦਾ ਹੱਥ ਉੱਤੇ ਹੈ ਕਿਉਂਕਿ ਉਸ ਨੂੰ ਸਰਕਾਰ ਦਾ ਪੂਰਨ ਸਮਰਥਨ ਮਿਲਿਆ ਹੋਇਆ ਹੈ। ਉਸ ਕੋਲ ਤਕਨੀਕ ਅਤੇ ਆਵਾਜਾਈ ਦੇ ਸਾਧਨਾਂ ਦੀ ਭਰਮਾਰ ਹੈ। ਦੂਜੇ ਪਾਸੇ ਗੈਰ ਸੱਤਾਧਾਰੀ ਮੀਡੀਆ ਹੈ, ਜਿਸ ਕੋਲ ਸੀਮਤ ਸਾਧਨ ਤਾਂ ਹਨ ਹੀ, ਸਰਕਾਰ ਵੀ ਪੈਰ-ਪੈਰ 'ਤੇ ਰੁਕਾਵਟਾਂ ਖੜੀਆਂ ਕਰ ਰਹੀ ਹੈ। ਪਹਿਲੇ ਗੇੜ ਦੀਆਂ ਚੋਣਾਂ ਨੇ ਸਾਬਤ ਕਰ ਦਿੱਤਾ ਹੈ ਕਿ ਮੋਦੀ ਲਹਿਰ ਖਤਮ ਹੋ ਚੁੱਕੀ ਹੈ। ਦੇਸ਼ ਵਿਚ ਲੱਖ ਯਤਨ ਕਰਨ ਦੇ ਬਾਵਜੂਦ ਫ਼ਿਰਕੂ ਉਨਮਾਦ ਪੈਦਾ ਨਹੀਂ ਕੀਤਾ ਜਾ ਸਕਿਆ। ਆਓ ! ਇਸ ਮਹੌਲ ਵਿਚ ਹੋਈਆਂ ਚੋਣਾਂ ਦੀ ਚੀਰ-ਫਾੜ ਕਰੀਏ—ਜੇਕਰ ਸਾਰੀਆਂ ਰਿਪੋਰਟਾਂ ਦਾ ਨਿਰਪੱਖ ਵਿਸ਼ਲੇਸ਼ਣ ਕੀਤਾ ਜਾਵੇ ਤਾਂ ਸੱਤਾ ਪੱਖੀ ਚੈਨਲਾਂ 'ਤੇ ਜੋ ਦਿਖਾਇਆ ਜਾ ਰਿਹਾ ਹੈ, ਉਹ ਜ਼ਮੀਨੀ ਹਕੀਕਤਾਂ ਨਾਲ ਮੇਲ ਨਹੀਂ ਖਾਂਦਾ । ਫੇਰ ਵੀ ਯਤਨ ਕਰ ਕੇ ਸਚਾਈ ਤੱਕ ਪਹੁੰਚਿਆ ਜਾ ਸਕਦਾ ਹੈ । ਇਸ ਸਮੇਂ ਪਹਿਲੇ ਗੇੜ ਦੀਆਂ ਵੋਟਾਂ ਲੱਗਭੱਗ ਪੈ ਚੁੱਕੀਆਂ ਹਨ । ਕਿਸੇ ਰਾਜ ਵਿਚ ਘੱਟ ਵੋਟਾਂ ਪਈਆਂ ਹਨ, ਕਿਸੇ ਵਿੱਚ ਵੱਧ । ਜੇਕਰ ਰਾਜ ਮੁਤਾਬਕ ਦੇਖੀਏ ਤਾਂ ਪਹਿਲੇ ਗੇੜ ਵਿੱਚ ਸਭ ਤੋਂ ਵੱਧ ਹਲਕੇ ਤਮਿਲਨਾਡੂ ਦੇ ਆਉਂਦੇ ਹਨ । ਤਾਮਿਲਨਾਡੂ ਦੀਆਂ 39 ਸੀਟਾਂ ਹਨ । ਦੋਹਾਂ ਧਿਰਾਂ ਦਾ ਮੀਡੀਆ ਮੰਨ ਰਿਹਾ ਹੈ ਕਿ ਇਹ ਸਾਰੀਆਂ ਸੀਟਾਂ ਇੰਡੀਆ ਐਲਾਇੰਸ ਨੂੰ ਜਾਂਦੀਆਂ ਦਿਸ ਰਹੀਆਂ ਹਨ । ਮਧ ਪ੍ਰਦੇਸ਼ ਦੀਆਂ 6 ਸੀਟਾਂ 'ਤੇ ਅੱਜ ਵੋਟਾਂ ਪਈਆਂ ਹਨ । ਇਹਨਾਂ 'ਚੋਂ ਤਿੰਨ ਸੀਟਾਂ ਛਿੰਦਵਾੜਾ, ਮੰਡਲਾ ਅਤੇ ਸੀਧੀ ਤੇ ਭਾਜਪਾ ਅਤੇ ਇੰਡੀਆ ਦਰਮਿਆਨ ਸਖ਼ਤ ਮੁਕਾਬਲਾ ਦਿਖਾਈ ਦੇ ਰਿਹਾ ਹੈ। ਮਹਾਂਰਾਸ਼ਟਰ ਦੀਆਂ 5 'ਚੋਂ ਚਾਰ, ਬੰਗਾਲ ਦੀਆਂ 3 ਦੀਆਂ 3 ਸੀਟਾਂ ਭਾਜਪਾ ਦੇ ਹੱਥੋਂ ਖਿਸਕ ਸਕਦੀਆਂ ਹਨ , ਉੱਤਰਾਖੰਡ ਦੀਆਂ 5 ਸੀਟਾਂ 'ਚੋਂ 1,2 ਸੀਟਾਂ 'ਤੇ ਭਾਜਪਾ ਹਾਰ ਸਕਦੀ ਹੈ , ਉੱਤਰ ਪ੍ਰਦੇਸ਼ ਤੋਂ ਭਾਜਪਾ ਨੂੰ ਵੱਡੀ ਖੁਸ਼ਖਬਰੀ ਦੀ ਆਸ ਹੋ ਸਕਦੀ ਸੀ, ਪਰ ਕੁਝ ਦਿਨਾਂ ਤੋਂ ਹਾਲਾਤ ਕਾਫੀ ਬਦਲ ਗਏ ਹਨ। ਇਸ ਸਮੇਂ ਹਾਲਾਤ ਇਹ ਬਣੇ ਹੋਏ ਹਨ ਕਿ 8 ਦੀਆਂ 8 ਸੀਟਾਂ ਖਤਰੇ ਵਿੱਚ ਦਿਖਾਈ ਦੇ ਰਹੀਆਂ ਹਨ । ਰਾਜਸਥਾਨ ਦੀਆਂ 12 ਸੀਟਾਂ 'ਤੇ ਅੱਜ ਵੋਟਾਂ ਪਈਆਂ ਹਨ । ਇਥੇ ਵੀ ਹਾਲਾਤ 2019 ਵਾਲੇ ਨਹੀਂ ਰਹੇ । ਕੁਝ ਘਟਨਾਵਾਂ ਅਜਿਹੀਆਂ ਵਾਪਰੀਆਂ ਹਨ ਕਿ ਭਾਜਪਾ ਦੀ ਮਜ਼ਬੂਤ ਜਿੱਤ ਕਮਜ਼ੋਰ ਹੁੰਦੀ ਦਿਖਾਈ ਦੇ ਰਹੀ ਹੈ । ਪਹਿਲੇ ਗੇੜ ਦੀ ਚੋਣ ਵਿਚ ਕੁਝ ਵੱਡੇ ਨੇਤਾਵਾਂ ਦਾ ਭਵਿੱਖ ਦਾਅ 'ਤੇ ਲੱਗਿਆ ਹੋਇਆ ਹੈ। ਇਹਨਾਂ ਵਿੱਚ ਨਿਤਿਨ ਗਡਕਰੀ ਭਾਜਪਾ ਮਹਾਂਰਾਸ਼ਟਰ, ਗੌਰਵ ਗੋਗਈ ਕਾਂਗਰਸ ਅਸਾਮ, ਡਾਕਟਰ ਤਮਿਸਿਲੇ ਭਾਜਪਾ ਤਾਮਿਲਨਾਡੂ, ਨਕੁਲ ਨਾਥ ਕਾਂਗਰਸ ਐੱਮ ਪੀ, ਜਿਤਿਨ ਪ੍ਰਸ਼ਾਦ ਭਾਜਪਾ ਪੀਲੀਭੀਤ, ਕਨੀ ਮੋਝੀ ਡੀ ਐੱਮ ਕੇ ਤਾਮਿਲਨਾਡੂ, ਕਾਰਤੀ ਚਿੰਦਬਰਮ ਕਾਂਗਰਸ ਅਤੇ ਜਤਿੰਦਰ ਸਿੰਘ ਜੇ ਐਂਡ ਕੇ ਭਾਜਪਾ ਸ਼ਾਮਲ ਹਨ। ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਇਹਨਾ ਨੇਤਾਵਾਂ ਨੇ ਆਪਣੀ ਪਾਰਟੀ ਦੇ ਖਾਤੇ ਵਿੱਚ ਕਿੰਨਾ ਕੁ ਜਮ੍ਹਾਂ-ਜੋੜ ਕੀਤਾ ਹੈ । ਭਾਸਕਰ ਦੀ ਰਿਪੋਰਟ ਅਨੁਸਾਰ ਪਹਿਲੇ ਗੇੜ ਵਿੱਚ ਇੰਡੀਆ ਅਲਾਇੰਸ ਐੱਨ ਡੀ ਆਈ ਅਲਾਇੰਸ ਨਾਲੋਂ ਅੱਗੇ ਹੈ। ਪ੍ਰਸਿੱਧ ਪੱਤਰਕਾਰ ਅਸ਼ੋਕ ਵਾਨਖੇੜੇ ਅਨੁਸਾਰ ਉੱਤਰ ਪ੍ਰਦੇਸ਼ ਦੀ ਪੀਲੀਭੀਤ ਸੀਟ ਉੱਤੇ ਤਾਂ ਭਾਜਪਾ ਦੇ ਵਰਕਰਾਂ ਨੇ ਹੀ ਵੋਟਾਂ ਨਹੀਂ ਪਾਈਆਂ । ਇਸ ਦਾ ਕਾਰਨ ਵਰੁਣ ਗਾਂਧੀ ਨੂੰ ਦੱਸਿਆ ਜਾ ਰਿਹਾ ਹੈ । ਅਸਲ ਵਿੱਚ 2024 ਦੀਆਂ ਚੋਣਾਂ ਦੌਰਾਨ ਰਾਮ ਮੰਦਰ ਵਾਲਾ ਮੋਦੀ ਮਿਸ਼ਨ ਫੇਲ੍ਹ ਹੋ ਗਿਆ ਹੈ। ਇਹ ਮੁੱਦਾ ਨਰਿੰਦਰ ਮੋਦੀ ਨੇ ਆਪਣੇ ਵਾਸਤੇ ਰਾਖਵਾਂ ਰੱਖਿਆ ਹੋਇਆ ਸੀ । ਉਹਨਾਂ ਨੂੰ ਲੱਗਦਾ ਸੀ ਕਿ ਇਸੇ ਬੇੜੇ 'ਤੇ ਸਵਾਰ ਹੋ ਕੇ ਤੀਜੀ ਵਾਰ ਦਿੱਲੀ ਦੇ ਤਖ਼ਤ ਤੱਕ ਪਹੁੰਚ ਜਾਵਾਂਗੇ । ਹੋ ਗਿਆ ਬਿਲਕੁਲ ਉਲਟ । ਜਨ ਮਾਣਸ ਦੇ ਮਨਾਂ ਅੰਦਰ ਸੁੱਤੀ ਪਈ ਇਸ ਧਾਰਨਾ ਨੇ ਸਿਰ ਚੁੱਕ ਲਿਆ, ਭੁੱਖੇ ਪੇਟ ਨਾ ਭਜਨ ਗੋਪਾਲਾ, ਧਰੀ ਤੁਮ੍ਹਾਰੀ ਕੰਠੀ ਮਾਲਾ । ਇਹਨਾਂ ਚੋਣਾਂ ਵਿਚ ਰੋਜ਼ਗਾਰ ਅਤੇ ਮਹਿੰਗਾਈ ਦਾ ਮੁੱਦਾ ਹਾਵੀ ਹੋ ਕੇ ਸਾਹਮਣੇ ਆਇਆ ਹੈ । ਇਸ ਤੋਂ ਇਲਾਵਾ ਮੋਦੀ ਸਰਕਾਰ ਦੇ ਮੰਤਰੀਆਂ, ਸੰਤਰੀਆਂ ਵੱਲੋਂ ਦਿੱਤੇ ਗੈਰ ਜ਼ਿੰਮੇਵਾਰਾਨਾ ਬਿਆਨਾਂ ਨੇ ਬਲਦੀ ਉੱਤੇ ਤੇਲ ਪਾਉਣ ਦਾ ਕੰਮ ਕੀਤਾ ਹੈ। ਭਾਜਪਾਈ ਸੰਸਦ ਸ੍ਰੀ ਮਾਨ ਹੈਗੜੇ ਨੇ ਕੁਝ ਦਿਨ ਪਹਿਲਾਂ ਇਹ ਬਿਆਨ ਦਿੱਤਾ ਕਿ ਸੰਵਿਧਾਨ ਬਦਲਣ ਲਈ ਸਾਨੂੰ 400 ਸੀਟਾਂ ਚਾਹੀਦੀਆਂ ਹਨ । ਇਸ ਬਿਆਨ ਨੇ ਉਹਨਾਂ ਲੋਕਾਂ ਨੂੰ ਭਾਜਪਾ ਤੋਂ ਦੂਰ ਕਰ ਦਿੱਤਾ, ਜੋ ਸੰਵਿਧਾਨ ਨੂੰ ਆਪਣਾ ਇਸ਼ਟ ਸਮਝਦੇ ਹਨ । ਦਿਨ-ਰਾਤ ਮੋਦੀ-ਮੋਦੀ ਦੇ ਅਲਾਪ ਕਾਰਨ ਭਾਜਪਾ ਬੈਕ ਫੁੱਟ ਵੱਲ ਜਾ ਰਹੀ ਹੈ । ਲੇਕਿਨ ਨੇਤਾ ਹੈ ਕਿ ਮਾਨਤਾ ਨਹੀਂ ।

ਇਲੈਕਟੋਰਲ ਬਾਂਡ ਅਤੇ ਚੋਣ ਕਮਿਸ਼ਨ ਦੇ ਮਾਮਲੇ ਵਿੱਚ ਮੋਦੀ ਸਰਕਾਰ ਪੂਰੀ ਤਰ੍ਹਾਂ ਬੇਪਰਦ ਹੋ ਗਈ ਹੈ । ਜੇਕਰ ਭਾਜਪਾ ਦੀ ਇਹਨਾ ਚੋਣਾਂ ਵਿੱਚ ਹਾਰ ਹੋ ਗਈ ਤਾਂ ਭਾਜਪਾ ਉਸੇ ਥਾਂ 'ਤੇ ਪਹੁੰਚ ਜਾਵੇਗੀ, ਜਿੱਥੋਂ ਤੁਰੀ ਸੀ ।

ਕਹਿੰਦੇ ਹਨ ਕਿ ਅੱਤ ਖ਼ੁਦਾ ਦਾ ਵੈਰ ਹੁੰਦਾ ਹੈ । ਲੇਕਿਨ ਖ਼ੁਦਾ ਨੂੰ ਮੰਨਣ ਦਾ ਦਾਅਵਾ ਕਰਨ ਵਾਲਿਆਂ ਨੇ ਇਸ ਪਾਸੇ ਧਿਆਨ ਨਹੀਂ ਦਿੱਤਾ । ਨਰਿੰਦਰ ਮੋਦੀ ਜਿੱਤੇ ਜਾ ਹਾਰੇ, ਪਰ ਭਾਜਪਾ ਖਤਮ ਹੋਣ ਦੀ ਕਗਾਰ 'ਤੇ ਪਹੁੰਚ ਚੁੱਕੀ ਹੈ।ਬਹੁਤੀਆਂ ਸਿਫ਼ਤਾਂ ਬੰਦੇ ਨੂੰ ਮਾਰ ਦਿੰਦੀਆਂ ਹਨ ।ਅੰਗਰੇਜੀ ਵਿੱਚ ਇੱਕ ਇਸ ਨੂੰ ਓਵਰ ਕਿਲਿੰਗ (Over killing) ਕਹਿੰਦੇ ਹਨ।

# ਸੰਪਰਕ : 79735-01892

# ਸਿਆਸੀ ਧਿਰਾਂ ਸੱਭਿਆਚਾਰਕ ਪ੍ਰਦੂਸ਼ਣ ਨੂੰ ਚੋਣ ਮੁੱਦਾ ਬਣਾਉਣ ਬਾਰੇ ਖਾਮੋਸ਼ ਕਿਉਂ ?

ਪੇਸ਼ਕਸ਼ : ਸੰਜੀਵਨ ਸਿੰਘ

ਆ ਰਹੀਆਂ ਲੋਕ ਸਭਾ ਦੀਆਂ ਚੋਣਾ ਵਿਚ 'ਸੱਭਿਆਚਰਕ ਪ੍ਰਦੂਸ਼ਣ' ਵਰਗੇ ਗੰਭੀਰ ਤੇ ਸੰਵੇਦਨਸ਼ੀਲ ਸਮਾਜਿਕ ਮਸਲੇ ਨੂੰ ਚੋਣ ਮੁੱਦਾ ਬਣਾਉਣ ਬਾਰੇ ਤਮਾਮ ਰਾਜਨੀਤਕ ਧਿਰਾਂ ਨੂੰ ਤਿੰਨ ਵਾਰ ਇਪਟਾ ਪੰਜਾਬ ਵੱਲੋਂ ਈਮੇਲ, ਵਟਸਐਪ ਤੇ ਟਵਿਟਰ (ਯ) ਰਾਹੀਂ ਭੇਜੇ ਪੱਤਰਾਂ ਬਾਰੇ ਸਾਰੀਆਂ ਰਾਜਨੀਤਕ ਧਿਰਾਂ ਦੀ ਭੇਦਭਰੀ ਖਾਮੋਸ਼ੀ ਹੈਰਾਨੀਜਨਕ ਵੀ ਹੈ ਤੇ ਅਫਸੋਸਨਾਕ ਵੀ। ਇਨ੍ਹਾਂ ਰਾਜਨੀਤਕ ਮਿੱਤਰਾਂ ਨੂੰ ਗੁਜ਼ਾਰਿਸ਼ ਕੀਤੀ ਗਈ ਸੀ ਕਿ ਸੱਭਿਆਚਾਰ ਵਿਚ ਵੱਧ ਰਹੇ ਪ੍ਰਦੂਸ਼ਣ ਨੂੰ ਠੱਲ ਪਾਉਣ ਲਈ ਆ ਰਹੀਆਂ ਲੋਕ ਸਭਾ ਦੀਆਂ ਚੋਣਾਂ ਵਿਚ ਚੋਣ ਮੁੱਦਾ ਬਣਾਇਆ ਜਾਵੇ, ਤਾਂ ਜੋ ਸਮਾਜ ਇਕ ਵਾਰ ਫੇਰ ਤਰੱਕੀ ਦੀਆਂ ਸਿਖਰਾਂ ਛੂਹਣ ਦੇ ਨਾਲ-ਨਾਲ ਜ਼ਿਹਨੀ ਅਤੇ ਮਾਨਸਕ ਪੱਧਰ 'ਤੇ ਵੀ ਤੰਦਰੁਸਤ ਹੋ ਸਕੇ।

ਹਰ ਕਿਸਮ ਦਾ ਪ੍ਰਦੂਸ਼ਣ ਮਨੁੱਖ ਅਤੇ ਸਮਾਜ ਲਈ ਨੁਕਸਾਨਦੇਹ ਹੈ। ਚਾਹੇ ਉਹ ਸੱਭਿਆਚਾਰਕ ਹੋਵੇ, ਸਮਾਜਿਕ, ਆਰਥਕ, ਸਿਆਸੀ ਜਾਂ ਫੇਰ ਹੋਵੇ ਵਾਤਾਵਰਣ ਦਾ, ਇਹਨੇ ਦੇਰ-ਸਵੇਰ ਆਪਣਾ ਅਸਰ ਦਿਖਾਉਣਾ ਹੀ ਹੈ। ਬੇਸ਼ੱਕ ਸਮਾਜ ਦੀਆਂ ਮੁੱਢਲੀਆ ਲੋੜਾਂ ਕੁੱਲੀ, ਗੁੱਲੀ ਅਤੇ ਜੁੱਲੀ ਹਨ। ਇਨ੍ਹਾਂ ਨੂੰ ਪਹਿਲ ਵੀ ਦੇਣੀ ਚਾਹੀਦੀ ਹੈ, ਪਰ ਜੇ ਸਮਾਜ ਜ਼ਿਹਨੀ ਅਤੇ ਮਾਨਿਸਕ ਤੌਰ 'ਤੇ ਬਿਮਾਰ, ਅਪੰਗ ਅਤੇ ਕੰਗਾਲ ਹੋ ਜਾਵੇਗਾ ਤਾਂ ਚਾਹੇ ਅਸੀਂ ਜਿੰਨੀ ਮਰਜ਼ੀ ਤਰੱਕੀ ਕਰ ਲਈਏ, ਚੰਨ, ਤਾਰਿਆਂ ਦੇ ਭੇਦ ਪਾ ਲਈਏ, ਜ਼ਮੀਨ-ਅਸਮਾਨ ਖੰਗਾਲ ਸੁੱਟੀਏ, ਪਰ ਇਸ ਸਭ ਦਾ ਕੋਈ ਮਤਲਬ ਨਹੀਂ, ਕਿਉਂਕਿ ਮਾਨਸਕ ਤੌਰ 'ਤੇ ਬਿਮਾਰ ਅਤੇ ਅਪੰਗ ਸਮਾਜ/ਬੰਦੇ ਲਈ ਸਭ ਕੁਝ ਅਰਥਹੀਣ ਹੈ।

ਵੈਸੇ ਤਾਂ ਟੀ ਵੀ ਚੈਨਲਾਂ ਅਤੇ ਫਿਲਮਾਂ ਵਿਚ ਅਸ਼ਲੀਲਤਾ, ਨਸ਼ਿਆਂ ਅਤੇ ਹਿੰਸਾ ਨੂੰ ਉਤਸ਼ਾਹਤ ਕਰਦੀ ਸਮਗਰੀ ਦੇ ਪ੍ਰਸਾਰਨ 'ਤੇ ਪਾਬੰਧੀ ਲਈ ਸੈਂਸਰ ਬੋਰਡ ਅਤੇ ਭਾਰਤੀ ਸੰਵਿਧਾਨ ਵਿਚ ਪਹਿਲੋਂ ਹੀ ਵਿਵਸਥਾ ਹੈ, ਪਰ ਸਹੀ ਅਰਥਾਂ ਵਿਚ ਲਾਗੂ ਨਹੀਂ ਹੋ ਰਹੀ। ਤਕਰੀਬਨ ਦੋ ਦਹਾਕੇ ਪਹਿਲਾਂ ਕੇਂਦਰ ਦੀ ਉਸ ਸਮੇਂ ਹਾਕਮ ਧਿਰ ਨੇ ਚੈਨਲਾਂ 'ਤੇ ਪ੍ਰੋਗਰਾਮਾਂ ਦੇ ਪ੍ਰਸਾਰਨ ਲਈ ਅਪ-ਲਿੰਕਗ ਸਿੰਗਾਪੁਰ ਤੋਂ ਕਰਨ ਦੀ ਇਜ਼ਾਜਤ ਦੇ ਕੇ ਪ੍ਰਈਵੇਟ ਚੈਨਲਾਂ ਨੂੰ ਮਨ-ਆਈਆਂ ਕਰਨ ਦੀ ਖੁੱਲ ਦੇ ਦਿੱਤੀ ਸੀ, ਜਿਸ ਮੁਲਕ ਤੋਂ ਅਪ-ਲਿੰਕਸ ਹੁੰਦੀ ਹੈ, ਉਸੇ ਮੁਲਕ ਦੇ ਪ੍ਰਸਾਰਨ ਨਿਯਮ ਲਾਗੂ ਹੁੰਦੇ ਹਨ। ਜਿਹੜੀ ਇਤਰਾਜ਼ਯੋਗ ਪ੍ਰਸਾਰਨ ਸਮਗਰੀ ਸਾਡੀ ਪੀੜ੍ਹੀ ਅਤੇ ਨਸਲਾਂ ਦਾ ਜ਼ਿਹਨੀ ਤਵਾਜ਼ਨ ਵਿਗਾੜ ਰਹੀ ਹੈ, ਉਹ ਸਿੰਗਾਪੁਰ ਵਰਗਾ ਖੁੱਲੇ ਸੱਭਿਆਚਾਰ ਵਾਲਾ ਮੁਲਕ ਸ਼ਾਇਦ ਸਧਾਰਨ ਵਰਤਾਰੇ ਦੇ ਤੌਰ 'ਤੇ ਲੈਂਦਾ ਹੋਵੇ।



ਇਪਟਾ ਪੰਜਾਬ ਵੱਲੋਂ ਪਿਛਲੇ ਦੋ ਦਹਾਕਿਆਂ ਤੋਂ ਲਗਾਤਾਰ ਮਾਣਯੋਗ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਮੁੱਖ ਮੰਤਰੀ, ਸਬੰਧਤ ਮੰਤਰਾਲਿਆਂ, ਰਾਸ਼ਟਰ ਅਤੇ ਸੂਬਾ ਪੱਧਰੀ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਅਨੇਕਾਂ ਵਾਰ ਲਿਖਤੀ ਤੌਰ 'ਤੇ ਸੱਭਿਆਚਾਰਕ ਪ੍ਰਦੂਸ਼ਣ ਬਾਰੇ ਜਾਣੂੰ ਅਤੇ ਸੁਚੇਤ ਕੀਤਾ ਗਿਆ, ਪਰ ਅਫਸੋਸ ਉਸ ਸਮੇਂ ਦੇ ਰਾਸ਼ਟਰਪਤੀ ਅਬਦੁਲ ਕਲਾਮ ਸਾਹਿਬ ਅਤੇ ਅੰਨਾ ਹਜ਼ਾਰੇ ਤੋਂ ਬਿਨਾਂ ਕਿਸੇ ਨੇ ਇਨ੍ਹਾਂ ਪੱਤਰਾਂ ਦਾ ਜਵਾਬ ਦੇਣਾ ਮੁਨਾਸਿਬ ਨਹੀਂ ਸਮਝਿਆ ।

21 ਸਾਲ ਪਹਿਲਾਂ ਪ੍ਰਸਿੱਧ ਲੇਖਕ ਨਾਟ-ਕਰਮੀ ਅਤੇ ਵਿਦਵਾਨ ਮਰਹੂਮ ਤੇਰਾ ਸਿੰਘ ਚੰਨ (ਬਾਨੀ ਇਪਟਾ, ਪੰਜਾਬ), ਸੰਤੋਖ ਸਿੰਘ ਧੀਰ, ਡਾ. ਐੱਸ ਤਰਸੇਮ, ਡਾ. ਪਰੇਮ ਸਿੰਘ ਦੀ ਪ੍ਰਧਾਨਗੀ ਹੇਠ ਮੁਹਾਲੀ ਵਿਖੇ ਹੋਈ ਰਾਜ ਪੱਧਰੀ ਕਨਵੈਨਸ਼ਨ 'ਰਾਜਨੀਤਕ ਪਾਰਟੀਆਂ ਦੇ ਸਾਹਿਤ, ਸੱਭਿਆਚਾਰ ਤੇ ਭਾਸ਼ਾ ਪ੍ਰਤੀ ਕਰਤੱਵ' ਦੌਰਾਨ ਰਾਜਨੀਤਕ ਪਾਰਟੀਆਂ ਦੇ ਆਗੂ ਕੈਪਟਨ ਕੰਵਲਜੀਤ ਸਿੰਘ (ਮਰਹੂਮ), ਬਲਵੰਤ ਸਿੰਘ ਰਾਮੂਵਾਲੀਆ, ਡਾ. ਜੋਗਿੰਦਰ ਦਿਆਲ (ਮਰਹੂਮ) ਤੇ ਮੰਗਤ ਰਾਮ ਪਾਸਲਾ ਨੇ ਹਾਅ ਦਾ ਨਾਹਰਾ ਮਾਰਦਿਆਂ ਆਪੋ-ਆਪਣੀਆਂ ਸਿਆਸੀ ਪਾਰਟੀਆਂ ਵੱਲੋਂ ਹੋਰਨਾਂ ਤੋਂ ਇਲਾਵਾ ਲੇਖਕ, ਅਲੋਚਕ ਤੇ ਨਾਟਕਰਮੀ ਅਤੇ ਸਮਾਜਿਕ ਕਾਰਕੁਨ ਡਾ. ਤੇਜਵੰਤ ਸਿੰਘ ਮਾਨ, ਦਵਿੰਦਰ ਦਮਨ, ਰਿਪੁਦਮਨ ਸਿੰਘ ਰੂਪ, ਮਨਮੋਹਨ ਸਿੰਘ ਦਾਊਂ ਅਤੇ ਕਿਸਾਨ ਆਗੂ ਐਡਵੋਕੇਟ ਪ੍ਰੇਮ ਸਿੰਘ ਭੰਗੂ ਦੀ ਮੌਜੂਦਗੀ ਵਿੱਚ ਸਾਹਿਤ, ਭਾਸ਼ਾ ਤੇ ਸੱਭਿਆਚਾਰ ਦੀ ਬਿਹਤਰੀ ਲਈ ਗੰਭੀਰ ਤੇ ਸੁਹਿਰਦ ਯਤਨ ਕਰਨ ਦਾ ਵਾਅਦਾ ਕੀਤਾ ਸੀ, ਪਰ ਪਰਨਾਲਾ ਉਥੇ ਦਾ, ਉਥੇ ਹੀ ਹੈ।

ਇਸ ਗੰਭੀਰ ਮਸਲੇ ਬਾਰੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਕੈਪਟਨ ਅਮਰਿੰਦਰ ਸਿੰਘ ਨੂੰ ਵੀ ਇਪਟਾ ਪੰਜਾਬ ਨੇ ਪੱਤਰ ਲਿਖੇ ਸਨ। ਦੋਵਾਂ ਆਦਰਯੋਗ ਮੁੱਖ ਮੰਤਰੀਆਂ ਨੇ ਸੱਭਿਆਚਾਰਕ ਪ੍ਰਦੂਸ਼ਣ ਵਰਗੇ ਗੰਭੀਰ ਸਮਾਜਿਕ ਮਸਲੇ ਬਾਰੇ ਇਪਟਾ ਵੱਲੋਂ ਲਿਖੇ ਪੱਤਰ ਨੂੰ ਅਹਿਮੀਅਤ ਦਿੱਤੀ ਅਤੇ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਚੰਡੀਗੜ੍ਹ ਨੇ ਇਪਟਾ ਪੰਜਾਬ ਨੂੰ ਪੱਤਰ ਨੰ. ਪੀ.ਆਰ (ਗ.ਨ.)-2016/26415 ਮਿਤੀ 2/11/2016 ਅਤੇ ਪ੍ਰਿੰਸੀਪਲ ਸਕੱਤਰ ਦੇ ਦਫਤਰ ਵੱਲੋਂ ਪੀ ਐੱਸ/ਪੀ ਐੱਸ ਸੀ ਐਮ 2017/116 ਮਿਤੀ 19-06-17 ਰਾਹੀਂ ਸਕੱਤਰ ਸੂਚਨਾ ਅਤੇ ਪ੍ਰਸਾਰਨ ਮੰਤਰਾਲਾ ਭਾਰਤ ਸਰਕਾਰ ਨੂੰ ਸੱਭਿਆਚਾਰਕ ਪ੍ਰਦੂਸ਼ਣ ਵਰਗੇ ਭਖਵੇਂ ਅਤੇ ਗੰਭੀਰ ਮਸਲੇ ਨੂੰ ਠੱਲ੍ਹ ਪਾਉਣ ਲਈ ਕਾਨੂੰਨ ਅਨੁਸਾਰ ਅਗਲੇਰੀ ਜ਼ਰੂਰੀ ਕਾਰਵਾਈ ਕਰਨ ਅਤੇ ਸੈਂਸਰ ਬੋਰਡ ਦੀ ਸ਼ਾਖਾ ਪੰਜਾਬ ਵਿਚ ਖੋਲ੍ਹਣ ਦੀ ਬੇਨਤੀ ਕੀਤੀ ਸੀ, ਪਰ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਨੇ ਬੇਤੁਕੇ ਅਤੇ ਸੱਭਿਆਚਾਰਕ ਪ੍ਰਦੂਸ਼ਣ ਵਰਗੇ ਅਹਿਮ ਮਾਮਲੇ ਨੂੰ ਉਲਝਾਉਣ ਅਤੇ ਲਟਕਾਉਣ ਵਾਲੇ ਪੁੱਛੇ ਸਵਾਲ ਸਨ ਕਿ ਕਿਹੜਾ ਚੈਨਲ, ਕਿਹੜੀ ਤਾਰੀਖ ਨੂੰ, ਕਿਹੜੇ ਸਮੇਂ, ਕਿਹੜੇ ਗਾਇਕ ਦਾ, ਕਿਹੜੇ ਗੀਤ ਦਾ ਪ੍ਰਸਾਰਨ ਕਰਦਾ ਹੈ? ਇਹਨੂੰ ਕਹਿੰਦੇ ਨੇ 'ਗੋਂਗਲੂਆਂ ਤੋਂ ਮਿੱਟੀ ਝਾੜਨਾ।'

ਇਕ ਕਲਾਕਾਰ ਹੋਣ ਦੇ ਨਾਤੇ ਭਗਵੰਤ ਮਾਨ ਦੇ ਮੁੱਖ ਮੰਤਰੀ ਬਣਨ ਨਾਲ ਕੁੱਝ ਉਮੀਦ ਜਾਗੀ ਸੀ ਕਿ 'ਸੱਭਿਆਚਾਰਕ ਪ੍ਰਦੂਸ਼ਣ' ਨੂੰ ਨਕੇਲ ਪਾਉਣ ਦੇ ਗੰਭੀਰ ਅਤੇ ਸੁਹਿਰਦ ਯਤਨ ਲਾਜ਼ਮੀ ਹੋਣਗੇ। ਇਪਟਾ ਪੰਜਾਬ ਵੱਲੋਂ ਮੁੱਖ ਮੰਤਰੀ ਦਫ਼ਤਰ ਨੂੰ ਘੱਟੋ-ਘੱਟ ਅੱਧੀ ਦਰਜਨ ਤੋਂ ਵੱਧ ਵਾਰ ਈਮੇਲ ਕਰਕੇ ਇਪਟਾ ਦੇ ਵਫ਼ਦ ਲਈ ਮੁਲਕਾਤ ਦਾ ਸਮਾਂ ਮੰਗਿਆ, ਤਾਂ ਜੋ ਭਗਵੰਤ ਮਾਨ ਹੁਰਾਂ ਨਾਲ ਇਸ ਲੋਕ-ਮਸਲੇ ਦੇ ਹੱਲ ਲਈ ਚਰਚਾ ਕੀਤੀ ਜਾ ਸਕੇ, ਪਰ ਮੁੱਖ-ਮੰਤਰੀ ਦਫ਼ਤਰ ਨੇ ਮੁਲਾਕਾਤ ਦਾ ਸਮਾਂ ਨਿਰਧਾਰਤ ਕਰਨ ਦੀ ਬਜਾਏ ਸੱਭਿਆਚਾਰਕ ਵਿਭਾਗ ਨੂੰ ਸਾਰੇ ਪੱਤਰ ਭੇਜ ਦਿੱਤੇ। ਇਸ ਨੂੰ ਅਧਿਕਾਰੀਆਂ/ ਕਰਮਚਾਰੀਆਂ ਦੀ ਚਲਾਕੀ ਕਿਹਾ ਜਾਵੇ ਜਾਂ ਕੁਝ ਹੋਰ।

ਪੁਰਾਣੇ ਸਮਿਆਂ ਵਾਂਗ ਅੱਜ ਕਿਸੇ ਮੁਲਕ ਨੂੰ ਗੁਲਾਮ ਕਰਨ ਲਈ ਬੰਬਾਂ, ਬੰਦੂਕਾਂ, ਤੋਪਾਂ ਜਾਂ ਮਿਜ਼ਾਇਲਾਂ ਦੀ ਲੋੜ ਨਹੀਂ। ਮੁਲਕ ਦੇ ਸੱਭਿਆਚਾਰ, ਭਾਸ਼ਾ ਅਤੇ ਵਿਰਸੇ ਨੂੰ ਤਬਾਹ ਕਰ ਦੇਵੋ। ਮੁਲਕ ਖੁਦ-ਬ-ਖੁਦ ਗੁਲਾਮ ਹੋ ਜਾਵੇਗਾ। ਭਾਰਤ ਵਿਰੋਧੀ ਸਾਮਰਾਜੀ ਤਾਕਤਾਂ ਵੱਲੋਂ ਬੜੀ ਸੋਚੀ-ਸਮਝੀ ਸਾਜ਼ਿਸ ਤਾਹਿਤ ਸਾਡੀ ਆਰਥਿਕਤਾ, ਸੱਭਿਆਚਾਰ ਅਤੇ ਭਾਸ਼ਾ 'ਤੇ ਹਮਲੇ ਕੀਤੇ ਜਾ ਰਹੇ ਹਨ। ਮੁਲਕ ਦੀ ਅਜ਼ਾਦ ਹੋਂਦ ਖਤਰੇ ਵਿਚ ਹੈ।

ਸੱਭਿਆਚਾਰਕ ਪ੍ਰਦੂਸ਼ਣ ਦੇ ਰੂਪ ਵਿਚ ਇਸ ਇਨਸਾਨ ਅਤੇ ਸਮਾਜ ਵਿਰੋਧੀ ਵਗ ਰਹੀ ਹਨੇਰੀ ਨੂੰ ਠੱਲ੍ਹ ਪਾਉਣਾ ਅਹਿਮ ਕਾਰਜ ਹੈ, ਪਰ ਇਹ ਕੱਲੇ-ਕਾਰੇ ਵਿਅਕਤੀ ਜਾਂ ਸੰਸਥਾ ਦੇ ਵੱਸ ਦਾ ਰੋਗ ਨਹੀਂ, ਇਸ ਲਈ ਰਾਜਨੀਤਕ ਇੱਛਾ-ਸ਼ਕਤੀ ਅਤੇ ਤਾਕਤ ਦੀ ਵੀ ਲੋੜ ਹੈ। ਇਸ ਲਈ ਇਪਟਾ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.), ਪੈਗ਼ਾਮ-ਏ-ਨਾਮਾ ਅਤੇ ਇਪਟਾ, ਚੰਡੀਗੜ੍ਹ ਦੇ ਸਹਿਯੋਗ ਨਾਲ ਰਾਜਨੀਤਕ ਧਿਰਾਂ ਵੱਲੋਂ ਬੇਹੱਦ ਗੰਭੀਰ ਤੇ ਸੰਵੇਦਨਸ਼ੀਲ ਮਸਲੇ 'ਸੱਭਿਆਚਾਰਕ ਪ੍ਰਦੂਸ਼ਣ' ਨੂੰ ਚੋਣ ਮੁੱਦਾ ਨਾ ਬਣਾਉਣ ਦੇ ਕਾਰਨ ਜਾਨਣ ਲਈ 'ਕਨਵੈਨਸ਼ਨ' ਦਾ ਆਯੋਜਨ 25 ਅਪ੍ਰੈਲ, ਵੀਰਵਾਰ ਨੂੰ ਦੁਪਹਿਰ 3.30 ਵਜੇ ਪੰਜਾਬ ਕਲਾ ਭਵਨ, ਸੈਕਟਰ-16, ਚੰਡੀਗੜ੍ਹ ਵਿਖੇ ਕਰਵਾਇਆ ਹੈ। ਇਸ ਮੌਕੇ ਸਾਰੀ ਸਿਆਸੀ ਪਾਰਟੀਆਂ ਦੇ ਪ੍ਰਤੀਨਿਧਾਂ ਨੂੰ ਆਪਣਾ ਪੱਖ ਰੱਖਣ ਲਈ ਸਨਿਮਰ ਸੱਦਾ ਦਿੱਤਾ ਅਤੇ ਪ੍ਰਮੁੱਖ ਲੇਖਕਾਂ, ਬੁੱਧੀਜੀਵੀਆਂ ਤੇ ਅਲੋਚਕਾਂ ਦੇ ਵਿਚਾਰਾਂ, ਇਪਟਾ ਪੰਜਾਬ ਦੀ ਮੁੱਢਲੀ ਕਾਰਕੁਨ ਪੰਜਾਬ ਦੀ ਕੋਇਲ ਸੁਰਿੰਦਰ ਕੌਰ ਦੀ ਜ਼ਿੰਦਗੀ ਅਤੇ ਗਾਇਕੀ ਦੇ ਸਫ਼ਰ ਦੇ ਕੁੱਝ ਅਹਿਮ ਪੱਖ ਪੇਸ਼ ਕਰਦਾ ਇਕ ਪਾਤਰੀ ਨਾਟਕ 'ਜੁੱਤੀ ਕਸੂਰੀ' ਦੇ ਮੰਚਣ ਤੋਂ ਇਲਾਵਾ ਲੋਕਾਈ ਦਾ ਜ਼ਿਕਰ ਦੇ ਫ਼ਿਕਰ ਕਰਨ ਵਾਲੇ ਇਪਟਾ ਕਾਰਕੁਨ ਗਾਇਕਾਂ ਦੀ ਅਜੋਕੀ ਬਾਜ਼ਾਰੂ ਤੇ ਚਲੰਤ ਗਾਇਕੀ ਦਾ ਬਦਲ ਪੇਸ਼ ਕਰਦੀ ਗਾਇਕੀ ਵੀ ਪੇਸ਼ ਕੀਤੀ ਜਾਵੇਗੀ।

# ਸੰਪਰਕ : 94174-60656

# ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਨਫ਼ਰਤ ਭਰੇ ਭਾਸ਼ਣਾਂ ਲਈ ਮੋਦੀ ਖਿਲਾਫ਼ ਕਾਰਵਾਈ ਦੀ ਮੰਗ

**ਲੁਧਿਆਣਾ (ਐਮ.ਐਸ.ਭਾਟੀਆ)** ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਨੇ ਭਾਰਤੀ ਚੋਣ ਕਮਿਸ਼ਨ ਦੇ ਮੁੱਖ ਚੋਣ ਕਮਿਸ਼ਨਰ ਸ਼੍ਰੀ ਰਾਜੀਵ ਕੁਮਾਰ ਨੂੰ ਇੱਕ ਪੱਤਰ ਲਿਖਿਆ ਹੈ। ਜਿਸ ਵਿੱਚ ਨਫਰਤ ਭਰੇ ਭਾਸ਼ਣਾਂ ਲਈ ਨਰਿੰਦਰ ਮੋਦੀ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ।

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਵੱਲੋਂ 21 ਅਪ੍ਰੈਲ 2024 ਨੂੰ ਰਾਜਸਥਾਨ ਦੇ ਬਾਂਸਵਾੜਾ ਵਿੱਚ 2024 ਦੀ ਲੋਕ ਸਭਾ ਚੋਣ ਮੁਹਿੰਮ ਦੌਰਾਨ ਦਿੱਤਾ ਗਿਆ ਭਾਸ਼ਣ ਬੇਹੱਦ ਇਤਰਾਜ਼ਯੋਗ ਹੈ।ਜਨਤਕ ਭਾਸ਼ਣ ਦੀ ਭਾਸ਼ਾ ਆਦਰਸ਼ ਚੋਣ ਜ਼ਾਬਤੇ ਦੀ ਸਪੱਸ਼ਟ ਉਲੰਘਣਾ ਹੈ।ਇਸ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਤੁਹਾਡੀ ਮਿਹਨਤ ਦੀ ਕਮਾਈ ਉਨ੍ਹਾਂ ਲੋਕਾਂ ਨੂੰ ਦਿੱਤੀ ਜਾਣੀ ਚਾਹੀਦੀ ਹੈ, ਜਿਨ੍ਹਾਂ ਦੇ ਵੱਧ ਬੱਚੇ ਹਨ? ਇਹ ਲਗਭਗ ਸਾਰੇ ਟੀਵੀ ਚੈਨਲਾਂ ਦੁਆਰਾ ਵਿਆਪਕ ਤੌਰ 'ਤੇ ਪ੍ਰਸਾਰਿਤ ਕੀਤਾ ਜਾਂਦਾ ਹੈ ਅਤੇ ਜ਼ਿਆਦਾਤਰ ਅਖਬਾਰਾਂ ਦੁਆਰਾ ਛਾਪਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਦੀ ਸਰਕਾਰ ਬਣੀ ਤਾਂ ਹਰ ਕਿਸੇ ਦੀ ਜਾਇਦਾਦ ਦਾ ਸਰਵੇ ਕੀਤਾ ਜਾਵੇਗਾ।ਇਸ ਤੋਂ ਇਲਾਵਾ ਸਾਡੀਆਂ ਭੈਣਾਂ ਕੋਲ ਜੋ ਸੋਨਾ ਹੈ, ਉਸ ਦੀ ਵੀ ਜਾਂਚ ਕਰਕੇ ਹਿਸਾਬ ਲਿਆ ਜਾਵੇਗਾ।ਆਉਣ ਵਾਲੇ ਸਮੇਂ ਵਿੱਚ ਸਾਡੇ ਕਬਾਇਲੀ ਪਰਵਾਰਾਂ ਦੀ ਚਾਂਦੀ ਦਾ ਵੀ ਹਿਸਾਬ ਲਿਆ ਜਾਵੇਗਾ।ਉਸ ਨੇ ਸਰਕਾਰੀ ਮੁਲਾਜ਼ਮਾਂ ਨੂੰ ਉਤਸੁਕਤਾ ਨਾਲ ਪੁੱਛਿਆ ਕਿ ਉਨ੍ਹਾਂ ਕੋਲ ਕਿੰਨੀ ਥਾਂ ਹੈ, ਕਿੰਨਾ ਸੋਨਾ ਤੇ ਦੌਲਤ ਬਰਾਬਰ ਵੰਡੀ ਜਾਵੇਗੀ।ਕੀ ਇਹ ਸਭ ਤੁਹਾਨੂੰ ਮਨਜ਼ੂਰ ਹੈ? ਕੀ ਸਰਕਾਰ ਤੁਹਾਡੀ ਮਿਹਨਤ ਦੀ ਕਮਾਈ ਖੋਹ ਸਕਦੀ ਹੈ? ਪ੍ਰਧਾਨ ਮੰਤਰੀ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਮਾਮਲਾ 'ਮੰਗਲਸੂਤਰ' ਸ਼ਬਦ ਦੀ ਬੇਹੱਦ ਇਤਰਾਜ਼ਯੋਗ ਵਰਤੋਂ ਨਾਲ ਸਬੰਧਤ ਹੈ, ਜਿਸ ਦਾ ਸਬੰਧ ਉਨ੍ਹਾਂ ਦੇ ਮਾਣ ਨਾਲ ਹੈ, ਇਹ ਮੰਗਲਸੂਤਰ ਸੋਨੇ ਦੀ ਕੀਮਤ ਦਾ ਮਾਮਲਾ ਨਹੀਂ ਹੈ।ਉਨ੍ਹਾਂ ਦਾ ਮੈਨੀਫੈਸਟੋ ਕਹਿੰਦਾ ਹੈ ਕਿ ਇਸ ਨੂੰ ਖੋਹ ਲਿਆ ਜਾਵੇਗਾ।

ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਪ੍ਰਧਾਨ ਮੰਤਰੀ ਦੁਆਰਾ ਦਿੱਤੇ ਗਏ ਬਿਆਨ ਨਾ ਸਿਰਫ ਭੜਕਾਊ ਅਤੇ ਗੈਰ-ਕਾਨੂੰਨੀ ਹਨ ਅਤੇ ਭਾਈਚਾਰਿਆਂ ਵਿੱਚ ਗਲਤ ਭਾਵਨਾਵਾਂ ਨੂੰ ਉਤਸ਼ਾਹਤ ਕਰਦੇ ਹਨ।ਜਦੋਂ ਉਹ ਮੰਗਲਸੂਤਰ ਦਾ ਜ਼ਿਕਰ ਕਰਦਾ ਹੈ ਤਾਂ ਉਹ ਸਪੱਸ਼ਟ ਤੌਰ 'ਤੇ ਹਿੰਦੂ ਭਾਈਚਾਰੇ ਦਾ ਜ਼ਿਕਰ ਕਰ ਰਿਹਾ ਹੈ।ਜਦੋਂ ਪ੍ਰਧਾਨ ਮੰਤਰੀ ਘੁਸਪੈਠੀਆਂ ਅਤੇ ਜਿਨ੍ਹਾਂ ਦੇ ਜ਼ਿਆਦਾ ਬੱਚੇ ਹਨ ਦਾ ਜ਼ਿਕਰ ਕਰਦੇ ਹਨ, ਤਾਂ ਇਸ ਦਾ ਮਤਲਬ ਹੈ ਕਿ ਉਹ ਸਪੱਸ਼ਟ ਤੌਰ 'ਤੇ ਮੁਸਲਿਮ ਭਾਈਚਾਰੇ ਦੇ ਸੰਦਰਭ ਵਿੱਚ ਬੋਲ ਰਹੇ ਹਨ।ਭਾਰਤੀ ਕਮਿਊਨਿਸਟ ਪਾਰਟੀ ਨਫ਼ਰਤ ਭਰੇ ਭਾਸ਼ਣਾਂ ਲਈ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਲਈ ਸ਼੍ਰੀ ਨਰੇਂਦਰ ਮੋਦੀ ਵਿਰੁੱਧ ਤੁਰੰਤ ਕਾਰਵਾਈ ਕਰਨ ਲਈ ਬੇਨਤੀ ਕੀਤੀ ਹੈ।

# ਲਟਕਦੇ ਮਸਲੇ ਹੱਲ ਨਾ ਕਰਨ 'ਤੇ ਸਿੱਖਿਆ ਮੰਤਰੀ ਖਿਲਾਫ ਰੋਸ ਪ੍ਰਦਰਸ਼ਨ 19 ਨੂੰ




**ਸਮਰਾਲਾ, (ਸੁਰਜੀਤ ਸਿੰਘ)** ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਵੱਲੋਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਸੂਬਾ ਕਮੇਟੀ ਦੀ ਅਹਿਮ ਮੀਟਿੰਗ ਕੀਤੀ ਗਈ, ਜਿਸ ਦੌਰਾਨ ਸਿੱਖਿਆ ਮੰਤਰੀ ਵੱਲੋਂ ਪਿਛਲੇ ਦਿਨੀਂ ਵਿਭਾਗੀ ਮਾਮਲਿਆਂ ਸੰਬੰਧੀ ਜਥੇਬੰਦੀ ਨਾਲ ਕੀਤੀ ਮੀਟਿੰਗ ਵਿੱਚ ਦਿੱਤੇ ਭਰੋਸਿਆਂ ਦੇ ਬਾਵਜੂਦ ਅਧਿਆਪਕ ਸਾਥੀਆਂ ਨਰਿੰਦਰ ਭੰਡਾਰੀ ਤੇ ਰਵਿੰਦਰ ਕੰਬੋਜ ਦੀਆਂ ਟਰਮੀਨੇਸ਼ਨ ਤਜਵੀਜ਼ਾਂ ਵਾਪਸ ਲੈ ਕੇ ਰੈਗੂਲਰ ਕਰਨ, ਬੀਪੀਈਓ ਜਖਵਾਲੀ ਵੱਲੋਂ ਕੀਤੇ ਭ੍ਰਿਸ਼ਟਾਚਾਰ ਤੇ ਧੱਕੇਸ਼ਾਹੀ ਦੇ ਮਾਮਲੇ ਵਿੱਚ ਸਖ਼ਤ ਕਾਰਵਾਈ ਨਾ ਕਰਨ, ਪੁਰਸ਼ ਅਧਿਆਪਕਾਂ ਦੇ ਠੇਕਾ ਅਧਾਰਤ ਨਿਯੁਕਤੀ ਸਮੇਂ ਨੂੰ ਅਚਨਚੇਤ ਛੁੱਟੀਆਂ ਦੇ ਵਾਧੇ ਲਈ ਯੋਗ ਮੰਨਣ, ਓਡੀਐੱਲ ਅਧਿਆਪਕਾਂ ਦੇ ਪੈਂਡਿੰਗ ਰੈਗੂਲਰ ਆਰਡਰ ਅਤੇ 7654 ਭਰਤੀ ਵਿੱਚੋਂ 14 ਹਿੰਦੀ ਅਧਿਆਪਕਾਂ ਨੂੰ ਰੈਗੂਲਰ ਕਰਨ ਸਮੇਤ ਕਿਸੇ ਵੀ ਮਾਮਲੇ ਨੂੰ ਹੱਲ ਨਾ ਕਰਨ ਦਾ ਸਖ਼ਤ ਨੋਟਿਸ ਲਿਆ ਹੈ।ਇਨ੍ਹਾਂ ਵਿਭਾਗੀ ਮਾਮਲਿਆਂ ਦੇ ਹੱਲ ਨਾ ਕਰਨ ਦੇ ਵਿਰੋਧ ਵਿੱਚ 1 ਤੋਂ 10 ਮਈ ਦਰਮਿਆਨ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਪੁਤਲੇ ਫੂਕੇ ਜਾਣ ਅਤੇ ਮੁੱਖ ਮੰਤਰੀ ਵੱਲ ਵਿਰੋਧ ਪੱਤਰ ਭੇਜੇ ਜਾਣ ਦੇ ਐਕਸ਼ਨ ਉਲੀਕੇ ਗਏ ਹਨ।15 ਮਈ ਤੱਕ ਮਸਲਿਆਂ ਦੇ ਹੱਲ ਨਾ ਕੀਤੇ ਜਾਣ ਤੇ 19 ਮਈ ਨੂੰ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਚੋਣ ਹਲਕੇ ਅਨੰਦਪੁਰ ਸਾਹਿਬ ਵਿੱਚ ਸੂਬਾ ਪੱਧਰੀ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

# ਸਫ਼ਾਈ ਸੇਵਕਾਂ ਨੇ ਨਗਰ ਕੌਂਸਲ ਦੇ ਸੈਨਟਰੀ ਇੰਸਪੈਕਟਰ ਦੇ ਖ਼ਿਲਾਫ਼ ਖੋਲ੍ਹਿਆ ਮੋਰਚਾ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਨਗਰ ਕੌਂਸਲ ਵਿਖੇ ਸਫ਼ਾਈ ਸੇਵਕਾਂ ਦੀ ਮੀਟਿੰਗ ਸੈਨਟਰੀ ਇੰਸਪੈਕਟਰ ਦੇ ਖ਼ਿਲਾਫ਼ ਪ੍ਰਧਾਨ ਪੱਪੂ ਰਾਮ ਦੀ ਅਗਵਾਈ ਹੇਠ ਲੰਚ ਟਾਈਮ ਨੂੰ ਲੈ ਕੇ ਹੋਈ।ਸਫ਼ਾਈ ਸੇਵਕਾਂ ਨੇ ਸੈਨਟਰੀ ਇੰਸਪੈਕਟਰ 'ਤੇ ਪੱਖਪਾਤ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਸੈਨਟਰੀ ਇੰਸਪੈਕਟਰ ਵੱਲੋਂ ਦੂਜੇ ਮੁਲਾਜ਼ਮਾਂ ਨਾਲ ਮਿਲ ਕੇ ਨਾਜਾਇਜ਼ ਤੌਰ 'ਤੇ ਉਨ੍ਹਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਦੀਆਂ ਗੈਰ ਹਾਜ਼ਰੀਆਂ ਤੱਕ ਲਾਈਆਂ ਜਾਂਦੀਆਂ ਹਨ।ਉਨ੍ਹਾਂ ਸੈਨਟਰੀ ਇੰਸਪੈਕਟਰ 'ਤੇ ਉਨ੍ਹਾਂ ਨੂੰ ਮਾੜੇ ਸ਼ਬਦਾਂ ਦੀ ਵਰਤੋਂ ਕਰਨ ਦੇ ਵੀ ਦੋਸ਼ ਲਾਏ, ਜਿਸ ਕਰਕੇ ਸਫ਼ਾਈ ਸੇਵਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਮੌਕੇ ਰੋਸ ਪ੍ਰਗਟ ਕਰ ਰਹੇ ਸਫ਼ਾਈ ਸੇਵਕਾਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਇਸ ਦੀ ਸ਼ਿਕਾਇਤ ਉੱਚ ਅਧਿਕਾਰੀਆਂ ਨੂੰ ਵੀ ਕੀਤੀ ਗਈ ਹੈ ਅਤੇ ਅੱਜ ਤੱਕ ਉਨ੍ਹਾਂ ਨੂੰ ਕੋਈ ਵੀ ਇਨਸਾਫ਼ ਦੀ ਕਿਰਨ ਮਿਲਦੀ ਦਿਖਾਈ ਨਹੀਂ ਦੇ ਰਹੀ ਤੇ ਨਾ ਹੀ ਇਸ ਦੇ ਖਿਲਾਫ਼ ਕੋਈ ਕਾਰਵਾਈ ਹੋਈ ਹੈ।ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਡੀਆਂ ਮੰਗਾਂ 'ਤੇ ਨਾ ਧਿਆਨ ਦਿੱਤਾ ਤਾਂ ਸਫ਼ਾਈ ਸੇਵਕ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਸਫ਼ਾਈ ਸੇਵਕ ਹਾਜ਼ਰ ਸਨ।



# ਸੇਂਟ ਜੇਵੀਅਰਸ ਇੰਟਰਨੈਸ਼ਨਲ ਸਕੂਲ ਅਤਾਲਾਂ ਨੇ 10 ਸੋਨੇ ਤੇ 8 ਸਿਲਵਰ ਦੇ ਮੈਡਲ ਜਿੱਤੇ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਇਕ ਵਾਰ ਫਿਰ ਸੇਂਟ ਜੇਵਿਅਰਸ ਇੰਟਰਨੈਸ਼ਨਲ ਸਕੂਲ ਅਤਾਲਾਂ ਦੇ ਬੱਚਿਆਂ ਨੇ ਜਲੰਧਰ ਵਿਖੇ ਝੰਡੇ ਗੱਡੇ। ਪੰਜਾਬ ਸਟੇਟ ਚੈਂਪੀਅਨਸ਼ਿਪ 2024-25 ਦੀਆਂ ਖੇਡਾਂ ਵਿੱਚ ਸੇਂਟ ਜੇਵਿਅਰਸ ਇੰਟਰਨੈਸ਼ਨਲ ਸਕੂਲ ਅਤਾਲਾਂ ਨੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਨਾਲ ਹੀ ਹਰ ਵਾਰ ਦੀ ਤਰ੍ਹਾਂ ਸਕੂਲ ਦੇ ਬੱਚਿਆਂ ਸੇਂਟ ਜੇਵਿਅਰਸ ਇੰਟਰਨੈਸ਼ਨਲ ਸਕੂਲ ਅਤਾਲਾਂ ਦੇ ਤਜਰਬੇਕਾਰ ਅਤੇ ਮਿਹਨਤੀ ਕੋਚ ਇੰਦਰ ਕੁਮਾਰ (ਪਟਿਆਲਾ) ਦੀ ਅਗਵਾਈ ਹੇਠ ਗਏ ਬੱਚਿਆਂ ਨੇ ਵੱਖ-ਵੱਖ ਰਾਜਾਂ ਨੂੰ ਪਛਾੜਦੇ 10 ਗੋਲਡ ਮੈਡਲ ਤੇ 8 ਸਿਲਵਰ ਮੈਡਲ ਹਾਸਿਲ ਕਰਕੇ ਖੇਡ ਦੇ ਮੈਦਾਨ ਵਿੱਚ ਮੱਲਾਂ ਮਾਰੀਆਂ ਹਨ ਤੇ ਸਕੂਲ ਅਤੇ ਪੰਜਾਬ ਰਾਜ ਦਾ ਨਾਮ ਰੌਸ਼ਨ ਕੀਤਾ ਹੈ, ਜੋ ਸਕੂਲ ਦੀ ਮਨੇਜਮੈਂਟ ਅਤੇ ਕੋਚ ਇੰਦਰ ਕੁਮਾਰ ਦੀ ਮਿਹਨਤ ਅਤੇ ਬੱਚਿਆਂ ਦੀ ਧੁੱਪ ਗਰਮੀ ਦੀ ਪ੍ਰਵਾਹ ਨਾ ਕਰਦੇ ਹੋਏ ਖੇਡਾਂ ਪ੍ਰਤੀ ਪੂਰੀ ਲਗਨ ਦਾ ਸਬੂਤ ਦਿੱਤਾ ਹੈ।

ਗੱਲ ਕਰਦੇ ਹੋਏ ਸਕੂਲ ਦੇ ਮੁਖੀ ਅਰਨਵ ਸਰਕਾਰ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਹਰਜੋਤ ਸਿੰਘ ਪੁੱਤਰ ਪਰਮਜੀਤ ਸਿੰਘ (ਡਰੋਲੀ), ਟੇਰਿਸ਼ ਸ਼ਰਮਾ ਪੁੱਤਰ ਅਸ਼ਵਨੀ ਕੁਮਾਰ (ਬ੍ਰਹਮਨਮਾ ਜਰਾ), ਨਵਦੀਪ ਸਿੰਘ ਪੁੱਤਰ ਸਤਬੀਰ ਸਿੰਘ (ਤੰਬੂਵਾਲਾ), ਗੁਰਬਖਸ਼ ਸਿੰਘ ਪੁੱਤਰ ਸੁਰਜੀਤ ਸਿੰਘ (ਬਰਾਸ), ਖੁਸ਼ਪ੍ਰੀਤ ਸਿੰਘ ਪੁੱਤਰ ਗੁਰਵਿੰਦਰ ਸਿੰਘ (ਅਤਾਲਾ), ਅਕਸ਼ਦੀਪ ਸਿੰਘ ਪੁੱਤਰ ਗੁਰਸ਼ਰਨਪਾਲ ਸਿੰਘ (ਬੁਰੜ), ਅੰਸ਼ਪ੍ਰੀਤ ਸਿੰਘ ਪੁੱਤਰ ਹਰਕੰਵਲ ਸਿੰਘ (ਖੇੜੀ), ਸਹਿਲਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ (ਘੱਗਾ), ਰਣਜੋਤ ਸਿੰਘ ਪੁੱਤਰ ਅਮਰ ਸਿੰਘ (ਦੁਗਾਲ) ਨੇ ਗੋਲਡ ਮੈਡਲ ਹਾਸਿਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਗੁਰਵੰਸ ਸਿੰਘ ਪੁੱਤਰ ਸਤਿੰਦਰਪਾਲ ਸਿੰਘ (ਬਰੜ), ਗੁਰਜੋਤ ਸਿੰਘ ਪੁੱਤਰ ਧਰਵਿੰਦਰ ਸਿੰਘ (ਅਤਾਲਾਂ) ਦਮਨਪ੍ਰੀਤ ਸਿੰਘ ਪੁੱਤਰ ਗੁਰਬਖਸ਼ ਸਿੰਘ (ਘੱਗਾ), ਖੁਸ਼ਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ (ਦੁਗਾਲ), ਸੁਖਪ੍ਰੀਤ ਸਿੰਘ ਪੁੱਤਰ ਜਰਨੈਲ ਸਿੰਘ (ਬਰਾਸ), ਨੂਰਦੀਪ ਸਿੰਘ ਪੁੱਤਰ ਨਾਇਬ ਸਿੰਘ (ਦਿੜ੍ਹਬਾ), ਦਿਲਬਰ ਸਿੰਘ ਪੁੱਤਰ ਗੁਰਮੀਤ ਸਿੰਘ (ਮੁੰਸ਼ੀਵਾਲਾ), ਗੁਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ (ਅਤਾਲਾਂ) ਨੇ ਵਾਲੀਬਾਲ ਖੇਡ ਵਿੱਚ ਜਿੱਤ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

ਇਸ ਮੌਕੇ ਸਕੂਲ ਪ੍ਰਬੰਧਕ ਅਰਨਬ ਸਰਕਾਰ, ਅਨਿੰਦਆ ਸਰਕਾਰ, ਬੰਦਨਾ ਸਰਕਾਰ ਤੇ ਤਨੁਸ਼ਰੀ ਸਰਕਾਰ ਅਤੇ ਸਾਰੇ ਸਕੂਲ ਸਟਾਫ ਨੇ ਬੱਚਿਆਂ ਦਾ ਸਕੂਲ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਤੇ ਬੱਚਿਆਂ ਨੂੰ ਇਸ ਸ਼ਾਨਦਾਰ ਜਿੱਤ ਲਈ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਹੋਰ ਵੀ ਮਿਹਨਤ ਕਰਨ ਅਤੇ ਤਰੱਕੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ ਇਹ ਵੀ ਦੱਸਿਆ ਕਿ ਸਕੂਲ ਵਿੱਚ ਖੇਡਾਂ ਦੇ ਨਾਲ ਨਾਲ ਬੱਚਿਆਂ ਦੀ ਸਿੱਖਿਆ ਭਵਿੱਖ ਵਿੱਚ ਸਰਕਾਰੀ ਤੇ ਗੈਰ ਸਰਕਾਰੀ ਸੰਸਥਾਵਾਂ ਵਿੱਚ ਉੱਚੇਰੀ ਸਿੱਖਿਆ ਅਤੇ ਰੋਜ਼ਗਾਰ ਹਾਸਿਲ ਕਰਨ ਵਿਚ ਮਦਦ ਮਿਲ ਸਕੇ ਅਤੇ ਬੱਚੇ ਭਵਿੱਖ ਵਿੱਚ ਵੱਖ ਵੱਖ ਖੇਤਰਾਂ ਵਿੱਚ ਬੁਲੰਦੀਆਂ ਨੂੰ ਛੂਹ ਸਕਣ।

## ਕਾਤਰਾਂ

### ਕਨਵੋਕੇਸ਼ਨ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਰਾਜਪਾਲ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ 49ਵੀਂ ਸਾਲਾਨਾ ਕਨਵੋਕੇਸ਼ਨ ਦੌਰਾਨ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਪੰਜਾਬ ਦੇ ਮਾਨਯੋਗ ਰਾਜਪਾਲ ਸ੍ਰੀ ਬਨਵਾਰੀ ਲਾਲ ਪ੍ਰੋਹਿਤ ਨੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ, ਫ਼ਰੀਦਕੋਟ ਦੇ ਵਾਈਸ ਚਾਂਸਲਰ ਪ੍ਰੋਫੈਸਰ ਰਾਜੀਵ ਸੂਦ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਨੇ ਸਿਹਤ ਵਿਗਿਆਨ ਅਤੇ ਸਿੱਖਿਆ ਦੇ ਖੇਤਰ ਵਿੱਚ ਬਹੁਤ ਮਹੱਤਵਪੂਰਨ ਯੋਗਦਾਨ ਪਾਇਆ ਹੈ। ਗਵਰਨਰ ਨੇ ਡਾ. ਸੂਦ ਵੱਲੋਂ ਮੈਡੀਕਲ ਯੂਨੀਵਰਸਿਟੀ ਲਈ ਕੀਤੇ ਜਾ ਰਹੇ ਕੰਮਾਂ ਦੀ ਪ੍ਰਸੰਸਾ ਕਰਦਿਆ ਕਿਹਾ ਕਿ ਸਿਹਤ ਸਿੱਖਿਆ ਦੇ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਪੰਜਾਬ ਦੀ ਇੱਕੋ-ਇੱਕ ਅਜਿਹੀ ਯੂਨੀਵਰਸਿਟੀ ਹੈ, ਜੋ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਮਾਣਮੱਤਾ ਕੰਮ ਕਰ ਰਹੀ ਹੈ।

### ਜਥੇਦਾਰ ਕੁਲਦੀਪ ਸਿੰਘ ਢੈਂਠਲ ਨੂੰ ਸਦਮਾ, ਪਿਤਾ ਦਾ ਦੇਹਾਂਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਬਾਬਾ ਬੰਦਾ ਸਿੰਘ ਬਹਾਦਰ ਸੇਵਾ ਦਲ ਪੰਜਾਬ ਦੇ ਪ੍ਰਧਾਨ ਜਥੇਦਾਰ ਕੁਲਦੀਪ ਸਿੰਘ ਢੈਂਠਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਅੰਗਰੇਜ਼ ਸਿੰਘ ਧਾਲੀਵਾਲ ਦਾ ਅਚਾਨਕ ਦੇਹਾਂਤ ਹੋ ਗਿਆ। ਜਥੇਦਾਰ ਕੁਲਦੀਪ ਸਿੰਘ ਢੈਂਠਲ ਨਾਲ ਬਾਬਾ ਸੁਖਵਿੰਦਰ ਸਿੰਘ ਨਾਨਕਸਰ ਵਾਲੇ, ਹਰਜਿੰਦਰ ਸਿੰਘ ਮਿੱਠੂ ਜੌੜਾਮਾਜਰਾ, ਕਾਂਗਰਸੀ ਆਗੂ ਰਸ਼ਪਾਲ ਸਿੰਘ ਜੌੜਾਮਾਜਰਾ, ਸਾਬਕਾ ਵਿਧਾਇਕ ਜਥੇਦਾਰ ਜਗਤਾਰ ਸਿੰਘ ਰਾਜਲਾ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦੇ ਪ੍ਰਧਾਨ ਗੁਰਨਾਮ ਸਿੰਘ ਢੈਂਠਲ, ਯਾਦਵਿੰਦਰ ਸਿੰਘ ਕੂਕਾ, ਜਰਨੈਲ ਸਿੰਘ ਮਾਨ, ਪੱਤਰਕਾਰ ਇਕਬਾਲ ਸਿੰਘ ਬੱਲ, ਸੁਖਜਿੰਦਰ ਸਿੰਘ ਕੁਲਾਰਾਂ, ਹਰਵਿੰਦਰ ਸਿੰਘ ਟੋਨੀ, ਅਸ਼ਵਨੀ ਗਰਗ, ਰਿਸ਼ਵ ਮਿੱਤਲ, ਡਾਕਟਰ ਕੇ ਪੀ ਸਿੰਘ, ਹਰਵਿੰਦਰ ਸਿੰਘ ਹੈਰੀ, ਬੀ ਜੇ ਪੀ ਸਮਾਣਾ ਹਲਕਾ ਦੇ ਪ੍ਰਧਾਨ ਸੁਰਿੰਦਰ ਸਿੰਘ ਖੇੜਕੀ, ਬਾਬਾ ਬੰਦਾ ਸਿੰਘ ਬਹਾਦਰ ਤੇ ਸਮੂਹ ਅਹੁਦੇਦਾਰਾਂ ਮੈਂਬਰਾਂ ਅਤੇ ਗੁੰਥੀ ਸਭਾ ਲਹਿਰ ਦੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

### ਪਤੀ-ਪਤਨੀ ਇਕੱਠਿਆਂ ਦਾ ਕੈਨੇਡਾ ਦਾ ਵੀਜ਼ਾ ਲਵਾਇਆ

**ਬਾਘਾ ਪੁਰਾਣਾ (ਮਨੀ ਸਿੰਗਲਾ)** ਇੰਗਲਿਸ਼ ਸਟੂਡੀਓ ਨੇ ਪਲਕ ਗੁਪਤਾ ਤੇ ਉਸਦੇ ਪਤੀ ਗੁਰਹਿੰਮਤਪ੍ਰਤਾਪ ਸਿੰਘ ਵਾਸੀ ਲੁਧਿਆਦਾ ਦਾ ਇਕੱਠਿਆਂ ਦਾ ਕੈਨੇਡਾ ਦਾ ਸਟੱਡੀ ਵੀਜ਼ਾ ਅਤੇ ਸਪਾਊਸ ਦਾ ਓਪਨ ਵਰਕ ਪਰਮਿਟ ਵੀਜਾ ਬਹੁਤ ਹੀ ਘੱਟ ਸਮੇਂ ਵਿੱਚ ਲਵਾ ਕੇ ਦਿੱਤਾ ਹੈ।ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਦੱਸਿਆ ਕਿ ਇੰਗਲਿਸ਼ ਸਟੂਡੀਓ ਸੰਸਥਾ ਕੈਨੇਡਾ ਦੇ ਹਰੇਕ ਪ੍ਰਕਾਰ ਦੇ ਵੀਜੇ ਲਈ ਮੋਹਰੀ ਸੰਸਥਾ ਹੈ।ਇਸ ਮੌਕੇ ਉਨ੍ਹਾਂ ਨੇ ਵਿਦਿਆਰਥਣ ਤੇ ਉਸਦੇ ਪਤੀ ਨੂੰ ਕੈਨੇਡਾ ਵੀਜੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ ਅਤੇ ਉਜਵਲ ਭਵਿੱਖ ਲਈ ਕਾਮਨਾ ਕੀਤੀ।

# ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਪੁੱਜੇ ਐੱਸ ਡੀ ਐੱਮ




**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਦਾਣਾ ਮੰਡੀ ਵਿਚ ਐੱਸ.ਡੀ.ਐੱਮ. ਰਜਨੀਸ਼ ਅਰੋੜਾ ਵਲੋਂ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਆੜ੍ਹਤੀਆਂ ਨਾਲ ਮੀਟਿੰਗ ਕਰ ਉਨ੍ਹਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ।

ਐੱਸ.ਡੀ.ਐੱਮ. ਰਜਨੀਸ਼ ਅਰੋੜਾ ਨੇ ਦੱਸਿਆ ਕਿ ਮਾਛੀਵਾੜਾ ਦਾਨਾ ਮੰਡੀ ਤੇ ਉਪ ਖਰੀਦ ਕੇਂਦਰ ਲੱਖੋਵਾਲ ਕਲਾਂ, ਸ਼ੇਰਪੁਰ ਬੇਟ, ਬੁਰਜ ਪਵਾਤ ਅਤੇ ਹੇਡੋਂ ਬੇਟ ਵਿਚ ਕਿਸਾਨਾਂ ਦੀ ਫਸਲ ਖਰੀਦ ਦਾ ਕੰਮ ਬੜੇ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਅਤੇ ਸੁੱਕੀ ਫਸਲ ਆਉਂਦਿਆਂ ਹੀ ਖਰੀਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਕਿਸਾਨਾਂ ਨੂੰ ਫਸਲ ਖਰੀਦ ਦੇ ਕੁੱਝ ਘੰਟਿਆਂ ਬਾਅਦ ਹੀ ਅਦਾਇਗੀ ਵੀ ਕੀਤੀ ਜਾ ਰਹੀ ਹੈ, ਜਿਸ ਕਾਰਨ ਉਨ੍ਹਾਂ ਨੂੰ ਇਸ ਸਬੰਧੀ ਵੀ ਕੋਈ ਵੀ ਸਮੱਸਿਆ ਨਹੀਂ ਆ ਰਹੀ।

ਆੜ੍ਹਤੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਅਤੇ ਆੜ੍ਹਤੀਆਂ ਨੇ ਐੱਸ.ਡੀ.ਐੱਮ. ਦੇ ਧਿਆਨ ਵਿਚ ਲਿਆਂਦਾ ਕਿ ਮੰਡੀ 'ਚੋਂ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਕਿਸਾਨਾਂ ਨੂੰ ਫਸਲ ਵੇਚਣ ਸਮੇਂ ਫੜ੍ਹਾਂ ਦੀ ਘਾਟ ਨਾ ਹੋਵੇ। ਉਨ੍ਹਾਂ ਇਸ ਮੌਕੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਨਿਰਦੇਸ਼ ਦਿੱਤੇ ਕਿ ਫ਼ਸਲ ਢੋਆ-ਢੁਆਈ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ। ਇਸ ਮੌਕੇ ਐੱਸ.ਡੀ.ਐੱਮ. ਰਜਨੀਸ਼ ਅਰੋੜਾ ਨੇ ਮੰਡੀ ਵਿਚ ਕਿਸਾਨਾਂ ਦੀਆਂ ਭਰੀਆਂ ਬੋਰੀਆਂ ਦੀ ਕੰਡਿਆਂ 'ਤੇ ਜਾਂਚ ਵੀ ਕੀਤੀ ਜਿਸ 'ਤੇ ਉਨ੍ਹਾਂ ਸੰਤੁਸ਼ਟੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਆੜ੍ਹਤੀ ਫਸਲਾਂ ਦੀ ਤੁਲਾਈ ਵਿਚ ਕੁਤਾਹੀ ਵਰਤਦਾ ਪਾਇਆ ਗਿਆ ਤਾਂ ਉਹ ਬਖ਼ਸ਼ਿਆ ਨਹੀਂ ਜਾਵੇਗਾ।

ਐੱਸ.ਡੀ.ਐੱਮ. ਅਰੋੜਾ ਨੇ ਕਿਹਾ ਕਿ ਜੇਕਰ ਕਿਸਾਨ ਜਾਂ ਆੜ੍ਹਤੀ ਨੂੰ ਕਣਕ ਦੇ ਸੀਜ਼ਨ ਦੌਰਾਨ ਕੋਈ ਸਮੱਸਿਆ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ ਵਿਚ ਲਿਆਉਣ। ਮਾਛੀਵਾੜਾ ਮਾਰਕੀਟ ਕਮੇਟੀ ਤੋਂ ਪ੍ਰਾਪਤ ਅੰਕੜਿਆਂ ਅਨੁਸਾਰ ਦਾਣਾ ਮੰਡੀ ਮਾਛੀਵਾੜਾ 'ਚ 2 ਲੱਖ 10 ਹਜ਼ਾਰ ਕੁਇੰਟਲ ਫਸਲ ਦੀ ਖਰੀਦ ਹੋ ਚੁੱਕੀ ਹੈ ਜਿਸ 'ਚੋਂ 58 ਹਜ਼ਾਰ ਕੁਇੰਟਲ ਫ਼ਸਲ ਦੀ ਲਿਫਟਿੰਗ ਹੋ ਚੁੱਕੀ ਹੈ। ਇਸ ਤੋਂ ਇਲਾਵਾ ਉਪ ਖਰੀਦ ਕੇਂਦਰ ਸ਼ੇਰਪੁਰ 'ਚ 16 ਹਜ਼ਾਰ ਕੁਇੰਟਲ ਫ਼ਸਲ ਖਰੀਦੀ ਗਈ ਤੇ 6300 ਕੁਇੰਟਲ ਦੀ ਲਿਫਟਿੰਗ ਹੋਈ, ਲੱਖੋਵਾਲ ਵਿਖੇ 43 ਹਜ਼ਾਰ ਕੁਇੰਟਲ ਫ਼ਸਲ ਦੀ ਖਰੀਦ ਅਤੇ 16 ਹਜ਼ਾਰ ਕੁਇੰਟਲ ਦੀ ਲਿਫਟਿੰਗ, ਹੇਡੋਂ ਬੇਟ ਵਿਖੇ 22 ਹਜ਼ਾਰ ਕੁਇੰਟਲ ਦੀ ਖਰੀਦ ਤੇ 6 ਹਜ਼ਾਰ ਕੁਇੰਟਲ ਦੀ ਲਿਫਟਿੰਗ ਅਤੇ ਬੁਰਜ ਪਵਾਤ ਵਿਖੇ 12 ਹਜ਼ਾਰ ਕੁਇੰਟਲ ਦੀ ਖਰੀਦ ਤੇ 2 ਹਜ਼ਾਰ ਕੁਇੰਟਲ ਫਸਲ ਦੀ ਲਿਫਟਿੰਗ ਹੋਈ।

# ਹਨੂੰਮਾਨ ਜੈਯੰਤੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ

**ਧੂਰੀ, (ਰਾਜੇਸ਼ਵਰ ਪਿੰਟੂ, ਬਿਨੀ ਗਰਗ)** ਰਾਮ ਭਗਤ ਪਰਵਾਰ ਵੱਲੋਂ ਸ਼ਹਿਰ ਦੀਆਂ ਸਮਾਜਿਕ ਤੇ ਧਾਰਮਿਕ ਜੱਥੇਬੰਦੀਆਂ ਦੇ ਸਹਿਯੋਗ ਨਾਲ ਸ੍ਰੀ ਹਨੂੰਮਾਨ ਜੈਯੰਤੀ ਮੌਕੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਦਾ ਭਰਵਾਂ ਤੇ ਨਿੱਘਾ ਸਵਾਗਤ ਕੀਤਾ ਗਿਆ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵਾਨ ਰਾਮ ਜੀ ਦੇ ਪਰਮ ਭਗਤ ਹਨੂੰਮਾਨ ਜੀ ਨੂੰ ਗਿਆਨ, ਬੁੱਧੀ ਤੇ ਤਾਕਤ ਦਾ ਪ੍ਰਤੀਕ ਮੰਨਿਆ ਜਾਂਦਾ ਹੈ।ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਮੰਦਰਾਂ ਵਿੱਚ ਸ਼ਰਧਾਲੂਆਂ ਦੀ ਰੌਣਕ ਵੇਖਣ ਨੂੰ ਮਿਲੀ ਤੇ ਸਾਰਾ ਸ਼ਹਿਰ ਜੈ ਸ੍ਰੀ ਰਾਮ, ਜੈ ਸ਼੍ਰੀ ਹਨੂੰਮਾਨ ਦੇ ਜੈਕਾਰਿਆਂ ਨਾਲ ਗੂੰਜਦਾ ਹੋਇਆ ਨਜ਼ਰ ਆਇਆ ਅਤੇ ਥਾਂ-ਥਾਂ ਲਾਲ ਝੰਡੇ ਹੀ ਦਿਖਾਈ ਦਿੱਤੇ।ਪੰਜਾਬ ਦੇ ਕੈਬਨਿਟ ਮੰਤਰੀ ਤੇ ਲੋਕ ਸਭਾ ਹਲਕਾ ਸੰਗਰੂਰ ਤੋਂ 'ਆਪ' ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕਾ ਨੂੰ ਸ਼੍ਰੀ ਹਨੂੰਮਾਨ ਜਯੰਤੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਅਰਦਾਸ ਕੀਤੀ ਕਿ ਭਗਵਾਨ ਹਨੂੰਮਾਨ ਜੀ ਸਾਰਿਆਂ ਤੇ ਕ੍ਰਿਪਾ ਬਣਾਈ ਰੱਖਣ ਤੇ ਤੰਦਰੁਸਤੀਆਂ ਬਣੀਆਂ ਰਹਿਣ।ਉਨ੍ਹਾਂ ਕਿਹਾ ਕਿ ਸ੍ਰੀ ਹਨੂੰਮਾਨ ਜੀ ਨੂੰ ਹਿੰਦੂ ਧਰਮ ਵਿੱਚ ਸੰਕਟ ਮੋਚਨ ਦਾ ਨਾਂਅ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਲੋੜ ਹੈ।ਜਿਕਰਯੋਗ ਹੈ ਕਿ ਸਨਾਤਨ ਪਰੰਪਰਾ ਵਿੱਚ ਜਿਸ ਦੇਵਤਾ ਦਾ ਨਾਂਅ ਲੈਂਦਿਆਂ ਹੀ ਹਰ ਤਰ੍ਹਾਂ ਦੇ ਡਰ ਅਤੇ ਸੰਕਟ ਪਲਕ ਝਪਕਦਿਆਂ ਹੀ ਦੂਰ ਹੋ ਜਾਂਦੇ ਹਨ। ਹਿੰਦੂ ਮਾਨਤਾਵਾਂ ਦੇ ਮੁਤਾਬਕ ਜੇਕਰ ਕੋਈ ਵਿਅਕਤੀ ਹਨੂੰਮਾਨ ਜਯੰਤੀ ਵਾਲੇ ਦਿਨ ਪੂਰੇ ਵਿਧੀ-ਵਿਧਾਨ ਨਾਲ ਬਜਰੰਗੀ ਦੀ ਪੂਜਾ, ਜਾਪ ਤੇ ਵਰਤ ਰੱਖਦਾ ਹੈ ਤਾਂ ਉਸ ਦੀਆਂ ਸਾਰੀਆਂ ਮਨੋਕਾਮਨਾਵਾਂ ਜਲਦੀ ਪੂਰੀਆਂ ਹੁੰਦੀਆਂ ਹਨ।



# ਖਹਿਰਾ ਦੇ ਹੱਕ 'ਚ ਮੁਸਲਿਮ ਭਾਈਚਾਰੇ ਨੇ ਕੀਤੀ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)** ਕਾਂਗਰਸ ਪਾਰਟੀ ਦੇ ਉਮੀਦਵਾਰ ਸ੍ਰੀ ਸੁਖਪਾਲ ਸਿੰਘ ਖਹਿਰਾ ਦੇ ਹੱਕ ਵਿਚ ਪੰਜਾਬ ਦੇ ਸਾਬਕਾ ਕੈਬਨਿਟ ਸ੍ਰੀ ਵਿਜੇਇੰਦਰ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰਿਆਜ਼ ਖ਼ਾਨ ਕਾਂਗਰਸ ਚੇਅਰਮੈਨ ਮਾਇਨੋਰਿਟੀ ਡਿਪਾਰਟਮੈਂਟ ਸੰਗਰੂਰ ਦੀ ਅਗਵਾਈ ਵਿੱਚ ਜ਼ਿਲ੍ਹਾ ਸੰਗਰੂਰ ਦੇ ਮਾਇਨੋਰਿਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਮੀਟਿੰਗ ਪਿੰਡ ਜਲਾਣ ਹਲਕਾ ਸੰਗਰੂਰ ਵਿਖੇ ਕੀਤੀ ਗਈ, ਜਿਸ ਵਿਚ ਜ਼ਿਲ੍ਹਾ ਸੰਗਰੂਰ ਸਾਰੇ ਅਹੁਦੇਦਾਰਾਂ ਤੇ ਵਰਕਰਾਂ ਨੇ ਖਹਿਰਾ ਦੇ ਚੋਣ ਪ੍ਰਚਾਰ ਨੂੰ ਹੋਰ ਵੀ ਜ਼ਬਰਦਸਤ ਤਰੀਕੇ ਨਾਲ ਚਲਾਉਣ ਦਾ ਪ੍ਰਣ ਕੀਤਾ ਤੇ ਸੁਖਪਾਲ ਸਿੰਘ ਖਹਿਰਾ ਨੂੰ ਵੱਧ ਤੋਂ ਵੱਧ ਵੋਟਾ ਪਵਾਉਣ ਦਾ ਵਿਸ਼ਵਾਸ ਦਿਵਾਇਆ।ਰਿਆਜ਼ ਖ਼ਾਨ ਨੇ ਆਖਿਆ ਕੇ ਸ੍ਰੀ ਵਿਜੇਇੰਦਰ ਸਿੰਗਲਾ ਦੇ ਕੀਤੇ ਹੋਏ ਕੰਮਾਂ ਨੂੰ ਦੇਖ ਕੇ ਇਸ ਵਾਰ ਲੋਕ ਜ਼ਰੂਰ ਕਾਂਗਰਸ ਪਾਰਟੀ ਦੇ ਇਮਾਨਦਾਰ ਅਤੇ ਨਿਧੜਕ ਜਰਨੈਲ ਹੱਕ ਸੱਚ ਦੀ ਗੱਲ ਆਖਣ ਵਾਲੇ ਸ੍ਰੀ ਸੁਖਪਾਲ ਸਿੰਘ ਖਹਿਰਾ ਨੂੰ ਵੱਧ ਤੋ ਵੱਧ ਵੋਟਾਂ ਪਾ ਕੇ ਜਿਤਾਉਣਗੇ।

ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਜਨਾਬ ਦਿਲਬਰ ਮੁਹੰਮਦ ਖ਼ਾਨ ਕਾਂਗਰਸ ਚੇਅਰਮੈਨ ਮਾਇਨੋਰਿਟੀ ਡਿਪਾਰਟਮੈਂਟ ਪੰਜਾਬ ਵੀ ਉਚੇਚੇ ਤੌਰ 'ਤੇ ਪਹੁੰਚੇ।

# ਪ੍ਰਾਈਵੇਟ ਸਕੂਲ ਬੱਸ ਡਰਾਈਵਰ ਯੂਨੀਅਨ ਨੇ ਵਿਧਾਇਕਾ ਨੂੰ ਸੌਂਪਿਆ ਮੰਗ ਪੱਤਰ



**ਮੋਗਾ, (ਇਕਬਾਲ ਸਿੰਘ ਖਹਿਰਾ)** ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਸਕੂਲ ਲੈ ਕੇ ਜਾਣ ਅਤੇ ਸਕੂਲ ਤੋਂ ਵਾਪਸ ਲਿਆਉਣ ਵਾਲੇ ਬੱਸ ਡਰਾਈਵਰਾਂ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਪ੍ਰਧਾਨ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਸੁਖਜਿੰਦਰ ਸਿੰਘ, ਮੀਤ ਪ੍ਰਧਾਨ ਹਰਮੇਲ ਸਿੰਘ ਵੱਲੋਂ ਮਾਲਵੇ ਦੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਹੇਠ ਪ੍ਰਾਈਵੇਟ ਸਕੂਲ ਬੱਸ ਡਰਾਈਵਰਾਂ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਆਪਣੀਆਂ ਸਮੱਸਿਆਵਾਂ ਸਬੰਧੀ ਇੱਕ ਮੰਗ ਪੱਤਰ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਸੌਂਪਿਆ। ਇਨ੍ਹਾਂ ਸਮੱਸਿਆਵਾਂ ਸਬੰਧੀ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਕੋਵਿਡ ਦੌਰਾਨ ਸਕੂਲ ਬੰਦ ਹੋਣ ਕਾਰਨ ਇਨ੍ਹਾਂ ਸਕੂਲ ਬੱਸਾਂ ਦਾ ਕੰਮ ਬੰਦ ਹੋ ਗਿਆ ਸੀ। ਜਿਸ ਕਾਰਨ ਇਨ੍ਹਾਂ ਬੱਸਾਂ ਦਾ ਟੈਕਸ ਅਤੇ ਕਿਸ਼ਤਾਂ ਟੁੱਟ ਗਈਆਂ ਸਨ ਤੇ ਮੌਜੂਦਾ ਸਮੇਂ ਵਿੱਚ ਇਨ੍ਹਾਂ ਦਾ ਟੈਕਸ ਬਕਾਇਆ ਖੜ੍ਹੇ ਹੋਏ ਹਨ। ਪ੍ਰਾਈਵੇਟ ਸਕੂਲ ਬੱਸ ਡਰਾਈਵਰ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੋਵਿਡ ਦੌਰਾਨ ਇਨ੍ਹਾਂ ਸਕੂਲ ਬੱਸਾਂ ਦੇ ਟੁੱਟੇ ਹੋਏ ਟੈਕਸ ਮਾਫ਼ ਕੀਤੇ ਜਾਣ ਅਤੇ ਦੂਜੇ ਸੂਬਿਆਂ ਵਾਂਗ ਇਨ੍ਹਾਂ ਸਕੂਲ ਬੱਸਾਂ ਤੇ ਇੱਕ ਮੁਸ਼ਤ ਟੈਕਸ ਲਾਇਆ ਜਾਵੇ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪ੍ਰਾਈਵੇਟ ਸਕੂਲ ਬੱਸ ਡਰਾਈਵਰਾਂ ਦੀਆਂ ਸਮਸਿਆਵਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਟਰਾਂਸਪੋਰਟ ਮੰਤਰੀ ਦੇ ਧਿਆਨ ਵਿੱਚ ਲਿਆ ਕੇ ਪਹਿਲ ਦੇ ਆਧਾਰ ਤੇ ਹੱਲ ਕਰਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਪ੍ਰਾਈਵੇਟ ਸਕੂਲ ਬੱਸ ਡਰਾਈਵਰ ਯੂਨੀਅਨ ਨੇ ਸੰਤੁਸ਼ਟੀ ਪ੍ਰਗਟ ਕਰਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ। ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਐਮ ਸੀ ਹਰੀ ਰਾਮ ਤੂਰਾਂ, ਬੂਟਾ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਸੁਖਜਿੰਦਰ ਸਿੰਘ, ਮੀਤ ਪ੍ਰਧਾਨ ਹਰਮੇਲ ਸਿੰਘ, ਨਰੇਸ਼ ਪਾਸੀ, ਰਜਿੰਦਰ ਕਾਲਾ, ਬਸੰਤ ਸਿੰਘ, ਸਤਪਾਲ ਸਿੰਘ, ਬੱਬੂ, ਹਰਦੇਵ ਸਿੰਘ ਤੇ ਸੁੱਖਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਸਤਿਸੰਗ ਕਰਾਇਆ



**ਜਲਾਲਾਬਾਦ, (ਜੀਤ ਕੁਮਾਰ)** ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਜਲਾਲਾਬਾਦ ਆਸ਼ਰਮ ਵਿਖੇ ਸਤਿਸੰਗ ਪ੍ਰੋਗਰਾਮ ਕਰਾਇਆ ਗਿਆ, ਜਿਸ ਵਿੱਚ ਸਰਵ ਸ੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ ਪਰਮਜੀਤ ਭਾਰਤੀ ਜੀ ਨੇ ਸੰਗਤ ਨੂੰ ਆਪਣੇ ਵਿਚਾਰਾਂ ਵਿੱਚ ਦੱਸਦੇ ਹੋਏ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਿਸ ਨੇ ਆਪਣਾ ਪਿਆਰ ਪ੍ਰਮਾਤਮਾ ਨਾਲ ਜੋੜਿਆ, ਉਸਦਾ ਜੀਵਨ ਨਵੀਨਤਾ ਦੇ ਸਾਂਚੇ ਵਿੱਚ ਢਲ ਗਿਆ।

ਉਦਾਹਰਣ ਵਜੋਂ ਪਤਨੀ ਦੇ ਪਿਆਰ ਵਿੱਚ ਫਸੇ ਤੁਲਸੀਦਾਸ ਜੀ ਆਪਣੀ ਪਤਨੀ ਨੂੰ ਦੇਖੇ ਬਿਨਾਂ ਇੱਕ ਪਲ ਵੀ ਨਾ ਰਹਿ ਸਕੇ। ਇਸ ਕਾਰਨ ਉਹ ਮਜ਼ਾਕ ਦਾ ਪਾਤਰ ਬਣੇ ਪਰ ਜਦੋਂ ਸੰਤ ਨਰਹਰਿਦਾਸ ਜੀ ਦੀ ਕਿਰਪਾ ਨਾਲ ਪ੍ਰਭੂ ਵੱਲ ਮੁੜੇ, ਤਦੋਂ ਹੀ ਉਨ੍ਹਾਂ ਨੂੰ ਸੱਚੇ ਪਿਆਰ ਦੀ ਸੋਝੀ ਹੋ ਸਕੀ।

ਪ੍ਰਮਾਤਮਾ ਦੇ ਪ੍ਰੇਮ ਦੇ ਮਾਰਗ 'ਤੇ ਚੱਲ ਕੇ ਇਹ ਤੁਲਸੀਦਾਸ ਜੀ ਸਾਰਿਆਂ ਦੀਆਂ ਨਜ਼ਰਾਂ ਵਿਚ ਸਤਿਕਾਰਯੋਗ ਬਣ ਗਏ। ਮਹਾਨ ਗੋਸਵਾਮੀ ਨੂੰ ਤੁਲਸੀਦਾਸ ਕਿਹਾ ਜਾਂਦਾ ਹੈ, ਰਾਮਚਰਿਤਮਾਨਸ ਦਾ ਨਿਰਮਾਤਾ। ਇੱਕ ਹੋਰ ਉਦਾਹਰਣ ਵਿੱਚ ਸਾਧਵੀ ਜੀ ਨੇ ਰਾਜਾ ਅਸ਼ੋਕ ਦਾ ਜ਼ਿਕਰ ਕੀਤਾ। ਉਸਦਾ ਪਿਆਰ ਰਾਜ ਨਾਲ ਸੀ, ਦੌਲਤ ਤੇ ਜਾਇਦਾਦ ਨਾਲ! ਇਸ ਦੀ ਲਾਲਸਾ ਵਿਚ ਉਸ ਨੇ ਪਤਾ ਨਹੀਂ ਕਿੰਨੇ ਕਤਲ ਕੀਤੇ, ਕਈ ਲੱਖ ਔਰਤਾਂ ਦੇ ਸੁਹਾਗ ਉਜਾੜ ਦਿੱਤੇ, ਇੰਨੇ ਬੱਚਿਆਂ ਨੂੰ ਯਤੀਮ ਕੀਤਾ ਤੇ ਫਿਰ ਇਕ ਵਿਸ਼ਾਲ ਰਾਜ ਦਾ ਮਾਲਕ ਬਣ ਗਿਆ। ਉਸ ਦੇ ਚਰਨਾਂ ਵਿਚ ਧਨ-ਦੌਲਤ ਇਕੱਠੀ ਹੋ ਗਈ, ਪਰ ਅੰਦਰੋਂ ਉਹ ਉਦਾਸ ਸੀ, ਬੇਚੈਨ ਰਹਿੰਦਾ ਸੀ।

ਫਿਰ ਇੱਕ ਦਿਨ ਇੱਕ ਬੋਧੀ ਭਿਕਸ਼ੂ ਉਸਦੇ ਜੀਵਨ ਵਿੱਚ ਆਏ। ਉਹਨਾ ਨੇ ਆਪਣੇ ਪਿਆਰ ਦੀ ਬਿਰਤੀ ਨੂੰ ਸੰਸਾਰ ਤੋਂ ਮੋੜ ਕੇ ਕਰਤਾਰ ਵੱਲ ਮੋੜ ਦਿੱਤਾ ਰੱਬ ਨਾਲ ਪਿਆਰ ਜੋੜਨ ਤੋਂ ਬਾਅਦ ਉਸੇ 'ਹਿੰਸਕ' ਅਸ਼ੋਕ ਨੂੰ 'ਮਹਾਨ' ਅਸ਼ੋਕ ਕਿਹਾ ਗਿਆ।

ਜੇ ਪਿਆਰ ਦੀ ਰੱਸੀ ਨੂੰ ਬੰਨ੍ਹਣਾ ਹੈ ਤਾਂ ਇਸ ਤਰ੍ਹਾਂ ਬੰਨ੍ਹੋ ਜਿਵੇਂ ਧਰਤੀ ਤੋਂ ਬੀਜ ਬਣਦਾ ਹੈ ਤੇ ਮਿੱਟੀ ਦੇ ਘੁਮਿਆਰ ਤੋਂ ਤੇ ਅਜਿਹਾ ਪ੍ਰੇਮ-ਭਰਾ ਕੇਵਲ ਪਰਮਾਤਮਾ ਹੀ ਪਿਆਰ ਦਾ ਸਮੁੰਦਰ ਹੈ। ਕੇਵਲ ਉਸ ਨਾਲ ਜੁੜਿਆ ਪਿਆਰ ਹੀ ਸਾਡੀ ਰਚਨਾ ਅਤੇ ਕਲਿਆਣ ਕਰਦਾ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਨਿਵਿਦਾ ਸੂਚਨਾ ਪੱਤਰ ਨੰ 07,13,14,16 & 17-2024-25-ADEN-1-FZR,08,09,10,11 & 12-2024-25-ADEN-2-FZR & 15-2024-25-SrDEN-HQ-FZR, Date:19.04.2024**

ਸੀਨੀਅਰ ਮੰਡਲ ਇੰਜੀਨੀਅਰ-ਹੈਡਕੁ. ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 13.05.2024 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 16.04.2024 | 29.04.2024 | 13.05.2024 / 15:00 ਵਜੇ |
| 17.04.2024 | 29.04.2024 | 13.05.2024 / 15:00 ਵਜੇ |

| ਲ. ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ | ਸਮਾਨ ਨੇਚਰ ਦਾ ਕੰਮ |
|---|---|---|---|---|---|---|---|
| 1. | 07-2024-25-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਦੇ ਤਹਿਤ ਫਿਰੋਜਪੁਰ ਕੈਂਟ ਸਟਾਫ ਕਲੋਨੀ ਨੰਬਰ-01 ਅਤੇ ਮੰਡਲ ਰੇਲ ਪ੍ਰਬੰਧਕ ਦਫਤਰ ਦੇ ਸਾਹਮਣੇ ਪਾਰਕਾਂ ਦਾ ਵਿਕਾਸ ਦਾ ਕੰਮ ਕਰਨ ਲਈ। | 49,37,778.07/- | 98,800.00 | 60 ਦਿਨ | 04 ਮਹੀਨੇ | "ਕੋਈ ਨਹੀਂ"। |
| 2. | 08-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਕਪੂਰਥਲਾ ਗੁਡਸ ਸ਼ੈਡ ਵਿਚ ਉਨਯਨ/ਸੁਧਾਰ। | 7,09,35,683.49/- | 5,04,700.00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 3. | 09-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਗੁਰੂਹਰਸਹਾਯ ਗੁਡਸ ਸ਼ੈਡ ਵਿਚ ਉਨਯਨ/ਸੁਧਾਰ। | 7,06,68,293.61/- | 5,03,400.00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 4. | 10-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਮੱਖੂ ਗੁਡਸ ਸ਼ੈਡ | 9,48,43,975.82/- | 6,24,200.00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 5. | 11-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਜਲਾਲਾਬਾਦ ਗੁਡਸ ਸ਼ੈਡ ਵਿਚ ਉਨਯਨ/ਸੁਧਾਰ। | 9,97,49,930.04/- | 6,48,800.00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 6. | 12-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਫਾਜਿਲਕਾ ਗੁਡਸ ਸ਼ੈਡ ਵਿਚ ਉਨਯਨ/ਸੁਧਾਰ। | 7,37,01,488.87/- | 5,18,500 .00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 7. | 13-2024-25-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਗੋਨਿਯਾਨਾ ਗੁਡਸ ਸ਼ੈਡ ਵਿਚ ਉਨਯਨ/ਸੁਧਾਰ। | 7,03,47,510.07/- | 5,01,700.00 | 60 ਦਿਨ | 10 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 8. | 14-2024-25-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਵਰਕਸ/ਕੋਟਕਪੁਰਾ ਦੇ ਤਹਿਤ ਬਠਿੰਡਾ-ਫਿਰੋਜਪੁਰ ਅਤੇ ਕੋਟਕਪੁਰਾ-ਫਾਜਿਲਕਾ ਸੈਕਸ਼ਨ ਦੇ ਵਿਚ ਸਟਾਫ ਕਵਾਟਰ ਅਤੇ ਸਰਵਿਸ ਭਵਨਾਂ ਦੇ ਖਰਾਬ ਹੋ ਚੁਕੇ ਦਰਵਾਜੇ, ਖਿੜਕੀ, ਗ੍ਰਿਲ ਆਦਿ ਦੀ ਭਾਰੀ ਮੁਰੰਮਤ ਦਾ ਕੰਮ ਕਰਨ ਲਈ। | 28,80,119.66/- | 57,600/- | 60 ਦਿਨ | 06 ਮਹੀਨੇ | "ਕੋਈ ਨਹੀਂ"। |
| 9. | 15-2024-25-Sr-DEN-HQ-FZR | ਫਿਰੋਜਪੁਰ ਡਵੀਜਨ ਵਿਚ ਫਿਰੋਜਪੁਰ, ਲੁਧਿਆਣਾ ਅੰਮ੍ਰਿਤਸਰ, ਪਠਾਨਕੋਟ, ਜਲੰਧਰ ਅਤੇ ਫਰੀਦਕੋਟ ਵਿਚ ਸੁਰੱਖਿਆ ਬਲ ਸਟੇਸ਼ਨ ਅਤੇ ਚੌਂਕੀ/ਆਕ੍ਰਮਨ ਚੌਂਕੀ ਦਾ ਸੁਧਾਰ ਅਤੇ ਰਖਰਖਾਅ। | 1,86,03,125.35/- | 2,43,000.00 | 60 ਦਿਨ | 06 ਮਹੀਨੇ | "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" |
| 10. | 16-2024-25–ADEN-1-FZR | ਫਿਰੋਜਪੁਰ ਡਵੀਜਨ ਵਿਚ ਫਿਰੋਜਪੁਰ, ਲੁਧਿਆਣਾ ਅੰਮ੍ਰਿਤਸਰ, ਪਠਾਨਕੋਟ, ਜਲੰਧਰ ਅਤੇ ਫਰੀਦਕੋਟ ਵਿਚ ਸੁਰੱਖਿਆ ਬਲ ਸਟੇਸ਼ਨ ਅਤੇ ਚੌਂਕੀ/ਆਕ੍ਰਮਨ ਚੌਂਕੀ ਦਾ ਸੁਧਾਰ ਅਤੇ ਰਖਰਖਾਅ। | 2,06,11,213.46/- | 2,53,100.00 | 60 ਦਿਨ | 08 ਮਹੀਨੇ | "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ" ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ ਸਕ੍ਰੀਨਿੰਗ ਕਰਨਾ, ਟ੍ਰੈਕ ਨੂੰ ਤਣਾਅ ਮੁਕਤ ਕਰਨਾ, ਟ੍ਰੈਕ ਰਖਰਖਾਅ ਮਸ਼ੀਨਾਂ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ਰੇਗੂਲੇਟਿੰਗ ਮਸ਼ੀਨ ਅਤੇ ਟੀ-28 ਦੁਆਰਾ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਦਾ ਕੰਮ ਸ਼ਾਮਲ ਹੈ।" |
| 11. | 17-2024-25--ADEN-1-FZR | ਫਿਰੋਜਪੁਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਬਠਿੰਡਾ ਫਿਰੋਜਪੁਰ ਸੈਕਸ਼ਨ ਤੇ ਕਿਮੀ-327/ 5-6 ਕਰ ਪੁਲ ਨੰਬਰ 32, ਕਿਮੀ-337/6-7 ਤੇ ਪੁਲ ਨੰਬਰ 47 ਦੇ ਮੌਜੂਦਾ ਸ਼ੁਰੂਆਤੀ ਸਟੀਲ ਗਡੂਰ (ਸਪੈਨ 1 ਐਕਸ 3.20 ਮੀਟਰ) ਦਾ ਪ੍ਰਤੀਸਥਾਪਨ। | 1,43,88,369.58/- | 2,22,000.00 | 60 ਦਿਨ | 10 ਮਹੀਨੇ | "ਕੋਈ ਕਿਸੇ ਪੁਲ ਦਾ ਨਿਰਮਾਣ ਕੰਮ"। |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

1207/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਕੋਟਾ ਕਾਲਜ 'ਚ ਧਰਤੀ ਦਿਵਸ ਮਨਾਇਆ

**ਦੋਰਾਹਾ (ਹਰਮਿੰਦਰ ਸੇਠ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅਗਵਾਈ ਹੇਠ ਚੱਲ ਰਹੇ ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ, ਕੋਟਾਂ ਦੇ ਗਣਿਤ, ਸੰਗੀਤ, ਜ਼ੂਆਲੋਜੀ ਤੇ ਰਸਾਇਣ ਵਿਗਿਆਨ ਵਿਭਾਗਾਂ ਨੇ ਧਰਤੀ ਦਿਵਸ ਮਨਾਇਆ।ਇਨ੍ਹਾਂ ਵਿਭਾਗਾਂ ਦੇ ਵਿਦਿਆਰਥੀਆਂ ਨੇ 'ਪਲੈਨੇਟ ਬਨਾਮ ਪਲਾਸਟਿਕ' ਵਿਸ਼ੇ 'ਤੇ ਪੋਸਟਰ ਬਣਾ ਕੇ ਪਲਾਸਟਿਕ ਦੀ ਵਰਤੋਂ ਦੇ ਨੁਕਸਾਨ ਬਾਰੇ ਜਾਗਰੂਕਤਾ ਫੈਲਾਈ।

ਵਾਤਾਵਰਣ ਦੀ ਸੰਭਾਲ ਅਤੇ ਸਥਿਰਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਕਾਲਜ ਕੈਂਪਸ ਵਿੱਚ ਕਿੰਨੂ, ਅਮਰੂਦ, ਬੋਗਨਵਿਲੀਆ, ਕੈਥਰਨਥਸ ਰੋਜ਼ਸ (ਸਦਾਬਹਾਰ) ਵਰਗੇ ਵੱਖ-ਵੱਖ ਰੁੱਖਾਂ ਅਤੇ ਪੌਦਿਆਂ ਦੇ ਬੂਟੇ ਵੀ ਲਗਾਏ ਗਏ।

ਸੰਗੀਤ ਵਿਭਾਗ ਦੇ ਵਿਦਿਆਰਥੀ ਗੁਰਸਿਮਰਨ ਸਿੰਘ ਨੇ ਵੀ ਵੱਧ ਤੋਂ ਵੱਧ ਰੁੱਖ ਲਾਉਣ ਲਈ ਆਪਣਾ ਪ੍ਰੇਰਨਾਦਾਇਕ ਗੀਤ ਪੇਸ਼ ਕੀਤਾ।

ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਇੱਕ ਸਿਹਤਮੰਦ ਗ੍ਰਹਿ ਅਤੇ ਉੱਜਵਲ ਭਵਿੱਖ ਲਈ ਕੰਮ ਕਰਨ ਲਈ ਇਕੱਠੇ ਹੋਣ ਲਈ ਪ੍ਰੇਰਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਸਾਡੀ ਧਰਤੀ ਮਾਤਾ ਦੀ ਸੇਵਾ ਕਰਨ ਲਈ ਪ੍ਰੇਰਨਾ ਅਤੇ ਦਿਸ਼ਾ ਦੇਣ ਲਈ ਇਨ੍ਹਾਂ ਵਿਭਾਗਾਂ ਦੁਆਰਾ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ।



# ਮੀਂਹ ਕਾਰਨ ਖੁੱਲ੍ਹੇ ਅਸਮਾਨ 'ਚ ਕਣਕ ਦੀਆਂ ਢੇਰੀਆਂ ਭਿੱਜੀਆਂ, ਕਿਸਾਨ ਨਿਰਾਸ਼



**ਮਾਨਸਾ (ਆਤਮਾ ਸਿੰਘ ਪਮਾਰ)** ਜ਼ਿਲ੍ਹੇ ਵਿੱਚ ਸਵੇਰ ਸਮੇਂ ਹੋਈ ਬਾਰਿਸ਼ ਕਾਰਨ ਅਨਾਜ ਮੰਡੀ ਵਿੱਚ ਖੁੱਲ੍ਹੇ ਆਸਮਾਨ ਵਿੱਚ ਪਈ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਕਣਕ ਪੰਜਾਬ ਮੰਡੀ ਬੋਰਡ ਦੇ ਨਾਕਸ ਪ੍ਰਬੰਧਾਂ ਅਤੇ ਖਰੀਦ ਏਜੰਸੀਆਂ ਵੱਲੋਂ ਲਾਈਆਂ ਗਈਆਂ ਸਖਤ ਸ਼ਰਤਾਂ ਕਾਰਨ ਬਾਰਿਸ਼ ਕਾਰਨ ਭਿਜਦੀ ਰਹੀ।

ਪ੍ਰਤੀਨਿਧ ਨੇ ਖੁਦ ਅਨਾਜ ਮੰਡੀ ਵਿੱਚ ਜਾ ਕੇ ਕਿਸਾਨਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਤੋਂ ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧਾਂ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕਣਕ ਖਰੀਦਣ ਦੇ ਮਾਪਦੰਡਾਂ ਬਾਰੇ ਪੁੱਛਿਆ ਗਿਆ।ਕਿਸਾਨਾਂ ਨੇ ਕਿਹਾ ਕਿ ਮੀਂਹ ਕਣੀ ਤੋਂ ਫ਼ਸਲ ਦੇ ਬਚਾਅ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਗਏ। ਇਥੋਂ ਤੱਕ ਕਿ ਉਨ੍ਹਾਂ ਦੇ ਉੱਠਣ ਬੈਠਣ, ਚਾਹ ਪਾਣੀ ਅਤੇ ਪਖਾਨਿਆਂ ਦਾ ਵੀ ਕੋਈ ਪ੍ਰਬੰਧ ਨਹੀਂ ਹੈ।ਜਦੋਂ ਉਨ੍ਹਾਂ ਤੋਂ ਕਣਕ ਦੀ ਬੋਲੀ ਲੱਗਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਨਮੀ ਦਾ ਬਹਾਨਾ ਬਣਾ ਕੇ ਕਈ ਕਈ ਦਿਨ ਬੋਲੀ ਨਹੀਂ ਲੱਗਦੀ।ਪਤਾ ਲੱਗਾ ਕਿ ਪਿਛਲੇ 10- 15 ਦਿਨਾਂ ਤੋਂ ਕਿਸਾਨ ਮੰਡੀਆਂ ਵਿੱਚ ਹੀ ਰੁਲਣ ਲਈ ਮਜਬੂਰ ਹਨ।ਕੁੱਝ ਕਿਸਾਨਾਂ ਨੇ ਆਪਣੀ ਭਿੱਜੀ ਹੋਈ ਕਣਕ ਵਾਲਾ ਇਸ਼ਾਰਾ ਕਰਦਿਆਂ ਕਿਹਾ ਕਿ ਇਸ ਭਿੱਜੀ ਹੋਈ ਕਣਕ ਦੀ ਨਮੀ ਕਦੋਂ ਸਹੀ ਹੋਵੇਗੀ ਅਤੇ ਅਸੀਂ ਕਦੋਂ ਆਪਣੇ ਘਰੀਂ ਵਾਪਸ ਜਾਵਾਂਗੇ। ਉਨ੍ਹਾਂ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਦੇ ਅਧਿਕਾਰੀਆਂ ਤੋਂ ਨਮੀ ਵਿੱਚ ਕੁਝ ਛੋਟ ਦੇਣ ਤੋਂ ਇਲਾਵਾ ਕਿਸਾਨਾਂ ਲਈ ਰੋਜ਼ਮਰ੍ਹਾ ਦੀਆਂ ਜ਼ਰੂਰਤਾਂ ਦੇ ਪੁਖਤਾ ਪ੍ਰਬੰਧਾਂ ਦੀ ਵੀ ਮੰਗ ਕੀਤੀ।ਇਸ ਸਮੇਂ ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ 'ਤੇ ਬੋਲੀ ਸਮੇਂ ਕਥਿਤ ਪੱਖਪਾਤ ਦੇ ਦੋਸ਼ ਵੀ ਲਾਏ।

# ਝਾੜ ਸਾਹਿਬ ਕਾਲਜ ਵਿਖੇ ਅੱਜ ਤੋਂ ਫ੍ਰੀ ਕਰੈਸ਼ ਕੋਰਸ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਵਿਦਿਆਰਥਣਾਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਮੰਤਵ ਨਾਲ 25 ਅਪ੍ਰੈਲ ਤੋਂ 15 ਮਈ ਤੱਕ (10+2 ਪਾਸ 15 ਤੋਂ 20 ਸਾਲ ਦੀਆਂ ਵਿਦਿਆਰਥਣਾਂ ਲਈ) ਵੱਖ-ਵੱਖ ਵਿਸ਼ਿਆਂ ਦੇ ਫ੍ਰੀ ਕਰੈਸ਼ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ।

ਕਾਲਜ ਪ੍ਰਿੰਸੀਪਲ ਨੇ ਦੱਸਿਆ ਕਿ ਇਨ੍ਹਾਂ ਫਰੀ ਕਰੈਸ਼ ਕੋਰਸਾਂ ਵਿੱਚ ਇੰਗਲਿਸ਼ ਸਪੀਕਿੰਗ, ਪਰਸਨੈਲਿਟੀ ਡਿਵੈਲਪਮੈਂਟ, ਕੰਪਿਊਟਰ ਬੇਸਿਕ, ਬੇਕਰੀ, ਫੈਬਰਿਕ ਪੇਂਟਿੰਗ ਤੇ ਪ੍ਰਿੰਟਿੰਗ, ਬੇਸਿਕ ਆਫ਼ ਅਕਾਊਂਟਿੰਗ ਐਂਡ ਟੈਲੀ ਅਤੇ ਸੰਗੀਤ ਵਿਸ਼ਿਆਂ ਨਾਲ ਸਬੰਧਤ ਸਿਖਲਾਈ ਦਿੱਤੀ ਜਾਵੇਗੀ। ਇਨ੍ਹਾਂ ਕੋਰਸਾਂ ਰਾਹੀਂ ਵਿਦਿਆਰਥਣਾਂ ਅੰਗਰੇਜੀ ਭਾਸ਼ਾ ਨੂੰ ਸੌਖੇ ਤਰੀਕੇ ਨਾਲ ਸਿੱਖਣ, ਪਰਸਨੈਲਿਟੀ ਵਿੱਚ ਸੁਧਾਰ ਕਰਨ ਦੇ ਨੁਕਤੇ, ਕੰਪਿਊਟਰ ਦੀ ਬੁਨਿਆਦੀ ਜਾਣਕਾਰੀ, ਟਾਈਪਿੰਗ (ਅੰਗਰੇਜ਼ੀ ਤੇ ਪੰਜਾਬੀ), ਫੈਬਰਿਕ ਪੇਂਟਿੰਗ, ਬਲਾਕ ਪੇਂਟਿੰਗ, ਸਪਰੇਅ ਪੇਂਟਿੰਗ, ਸਟੈਨਸਿਲ ਪੇਂਟਿੰਗ, ਕੇਕ ਤੇ ਬਿਸਕੁਟ ਬਣਾਉਣਾ, ਵਾਊਚਰ ਭਰਨਾ, ਲੇਜ਼ਰ ਬੁੱਕ ਤਿਆਰ ਕਰਨਾ, ਪੀ.ਐਂਡ ਐਲ. ਅਕਾਊਂਟਿੰਗ, ਸਟੂਡੀਓ ਸਿੰਗਿੰਗ, ਹਰਮੋਨੀਅਮ ਵਜਾਉਣਾ, ਸ਼ਬਦ ਕੀਰਤਨ, ਕਵੀਸ਼ਰੀ ਗਾਇਨ ਅਤੇ ਪੰਜਾਬੀ ਲੋਕ ਗੀਤ ਆਦਿ ਵੰਨਗੀਆਂ ਦੀ ਸਿਖਲਾਈ ਆਧੁਨਿਕ ਤਕਨੀਕਾਂ ਦੀ ਸਹਾਇਤਾ ਰਾਹੀਂ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਕਾਲਜ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਹੀ ਤਤਪਰ ਰਹਿੰਦਾ ਹੈ ਅਤੇ ਆਧੁਨਿਕ ਸਹੂਲਤਾਂ ਨਾਲ ਲੈੱਸ ਕਾਲਜ ਦੇ ਵੱਖ-2 ਵਿਭਾਗ ਵਿਦਿਆਰਥਣਾਂ ਦੇ ਉਜਵਲ ਭਵਿੱਖ ਲਈ ਲੋੜ ਅਨੁਸਾਰ ਗਤੀਵਿਧੀਆਂ ਕਰਵਾਉਂਦੇ ਰਹਿੰਦੇ ਹਨ ਤਾਂ ਜੁ ਉਨ੍ਹਾਂ ਨੂੰ ਰੁਜ਼ਗਾਰ ਦੇ ਸੰਭਾਵਿਤ ਮੌਕੇ ਮਿਲ ਸਕਣ। ਕਾਲਜ ਵਿੱਚ 10+1, 10+2 (ਆਰਟਸ, ਕਾਮਰਸ, ਸਾਇੰਸ), ਬੀ.ਏ., ਬੀ.ਸੀ.ਏ, ਬੀ.ਕਾਮ, ਬੀ.ਐਸ.ਸੀ.ਐਫ.ਡੀ, ਐਮ.ਏ. (ਪੰਜਾਬੀ), ਐਮ.ਐਸ.ਸੀ. (ਆਈ.ਟੀ), ਪੀ.ਜੀ.ਡੀ.ਸੀ.ਏ, ਪੀ.ਜੀ.ਡੀ.ਐਫ.ਡੀ. ਅਤੇ ਬੀ. ਲਿਬ. ਕੋਰਸ ਸਫ਼ਲਤਾ ਪੂਰਵਕ ਚੱਲ ਰਹੇ ਹਨ।

# ਕਣਕ ਦੀ ਲਿਫਟਿੰਗ ਰਫ਼ਤਾਰ ਸੁਸਤ, ਬੋਰੀਆਂ ਦੇ ਲੱਗੇ ਅੰਬਾਰ



**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਸਰਕਾਰ ਵੱਲੋਂ ਹਾੜੀ ਦੇ ਸੀਜ਼ਨ ਦੌਰਾਨ ਕਣਕ ਦੀ ਖਰੀਦ ਦੇ ਕੀਤੇ ਗਏ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਚਾਲੂ ਸੀਜ਼ਨ ਦੌਰਾਨ ਸ਼ਹਿਰ ਦੀ ਅਨਾਜ ਮੰਡੀ ਮ ਤੋਂ ਇਲਾਵਾ ਮਾਰਕੀਟ ਕਮੇਟੀ ਪਾਤੜਾਂ ਅਧੀਨ ਆਉਂਦੇ ਸਬ ਯਾਰਡਾਂ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ ਕਣਕ ਦੀ ਲਿਫਟਿੰਗ ਦੀ ਰਫਤਾਰ ਬੇਹਦ ਸੁਸਤ ਹੋਣ ਕਾਰਨ ਮੰਡੀਆਂ ਵਿੱਚ ਕਣਕ ਦੀਆਂ ਬੋਰੀਆਂ ਦੇ ਅੰਬਾਰ ਲੱਗ ਗਏ ਹਨ।ਮੰਡੀ ਵਿੱਚ ਕਣਕ ਦੀਆਂ ਬੋਰੀਆਂ ਦੇ ਲੱਗੇ ਢੇਰਾਂ ਕਰਕੇ ਕਿਸਾਨਾਂ ਮਜ਼ਦੂਰਾਂ ਤੇ ਆੜਤੀਆਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਜਾਣਕਾਰੀ ਅਨੁਸਾਰ ਮਾਰਕੀਟ ਕਮੇਟੀ ਪਾਤੜਾਂ ਅਧੀਨ ਆਉਂਦੇ ਖਰੀਦ ਕੇਂਦਰ ਅਨਾਜ ਮੰਡੀ ਪਾਤੜਾਂ ਤੇ ਘੱਗਾ ਤੋਂ ਇਲਾਵਾ ਸਬ ਯਾਰਡ ਸ਼ੁਤਰਾਣਾ, ਸੇਲਵਾਲਾ, ਅਰਨੋਂ, ਧੂਹੜ, ਬਾਦਸ਼ਾਹਪੁਰ, ਨਨਹੇੜਾ, ਬਣਵਾਲਾ, ਬਕਰਾਹਾ ਤੇ ਦੁਗਾਲ ਆਦਿ ਵਿੱਚੋਂ ਖਰੀਦ ਏਜੰਸੀਆਂ ਵੱਲੋਂ ਲਗਭਗ 15 ਲੱਖ ਗੱਟਾ ਕਣਕ ਦੀ ਖਰੀਦ ਕੀਤੀ ਜਾਂਦੀ ਹੈ ਤੇ ਇਸ ਵਾਰ ਵੀ ਆਸ ਮੁਤਾਬਕ ਕਣਕ ਦਾ ਉਤਪਾਦਨ ਹੋਇਆ ਹੈ।ਭਾਵੇਂ ਕਰੀਬ 10 ਦਿਨ ਤੋਂ ਕਣਕ ਦੀ ਵਾਢੀ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਚੱਲਣ ਕਰਕੇ ਕੰਮ ਆਖਰੀ ਪੜਾਅ ਉੱਤੇ ਪਹੁੰਚ ਚੁੱਕਿਆ ਹੈ, ਪਰ ਅਨਾਜ ਮੰਡੀਆਂ ਵਿੱਚ ਹਾਲੇ ਅੰਦਾਜ਼ਨ 30 ਫੀਸਦੀ ਤੋਂ ਵੱਧ ਕਣਕ ਦੀ ਖਰੀਦ ਬਾਕੀ ਹੈ।ਮੰਡੀਆਂ ਵਿੱਚੋਂ ਖਰੀਦ ਕੀਤੀ ਗਈ ਕਣਕ ਦੀਆਂ ਬੋਰੀਆਂ ਦੇ ਢੇਰ ਲੱਗੇ ਹੋਣ ਬਾਕੀ ਰਹਿੰਦੀ ਕਣਕ ਦੀ ਜਿੱਥੇ ਖਰੀਦ ਪ੍ਰਭਾਵਤ ਹੋ ਰਹੀ ਹੈ, ਉਥੇ ਰਾਤ ਸਮੇਂ ਚੋਰਾਂ ਅਤੇ ਅਵਾਰਾ ਪਸ਼ੂਆਂ ਤੋਂ ਕਣਕ ਦੀਆਂ ਬੋਰੀਆਂ ਨੂੰ ਬਚਾਉਣ ਲਈ ਆੜ੍ਹਤੀਆਂ ਨੂੰ ਭਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਦੂਜੇ ਪਾਸੇ ਪਿਛਲੇ ਕਈ ਦਿਨਾਂ ਤੋਂ ਚੱਲ ਰਹੇ ਖਰਾਬ ਮੌਸਮ ਦੇ ਚੱਲਦਿਆਂ ਕਣਕ ਦੇ ਖਰਾਬ ਹੋਣ ਦਾ ਖਦਸ਼ਾ ਬਣਿਆ ਹੋਇਆ ਹੈ।ਦਾਨਾ ਮੰਡੀ ਪਾਤੜਾਂ ਵਿੱਚ ਆੜਤ ਦਾ ਕੰਮ ਕਰ ਰਹੇ ਆੜਤੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਕਣਕ ਦੀ ਲਿਫਟਿੰਗ ਦੇ ਕੰਮ ਵਿੱਚ ਚੱਲ ਰਹੀ ਢਿੱਲ ਕਰਕੇ ਪੈਦਾ ਹੋਣ ਵਾਲੀ ਸਾਰਟੇਜ਼ ਤੇ ਕਣਕ ਦੀ ਖਰਾਬ ਹੋਣ ਵਾਲੀ ਕੁਆਲਿਟੀ ਦੀ ਜ਼ਿੰਮੇਵਾਰੀ ਆੜਤੀਆਂ ਉੱਤੇ ਥੋਪ ਦਿੱਤੀ ਜਾਂਦੀ ਹੈ।

ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਕੋਲ ਆੜਤੀ ਐਸੋਸੀਏਸ਼ਨ ਵੱਲੋਂ ਉਠਾਏ ਗਏ ਮੁੱਦੇ ਮਗਰੋਂ ਉਨ੍ਹਾਂ ਤੁਰੰਤ ਸਮੱਸਿਆ ਦਾ ਹੱਲ ਕਰਨ ਦਾ ਦਾਅਵਾ ਕਰਦਿਆਂ ਉੱਚ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਕੇ ਪਾਤੜਾਂ ਦੀ ਮੰਡੀ ਵਿੱਚ ਕਿਸਾਨਾਂ ਅਤੇ ਆੜਤੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ।

## ਮਈ ਦਿਵਸ ਦੇ ਸ਼ਹੀਦਾਂ ਦੀ ਯਾਦ 'ਚ ਵਿਸ਼ਾਲ ਸਭਾ ਪਹਿਲੀ ਨੂੰ

**ਮਲੋਟ, (ਗੁਰਮੀਤ ਸਿੰਘ ਮੱਕੜ)** ਮਈ ਦਿਵਸ ਦੇ ਸ਼ਹੀਦਾਂ ਦੀ ਯਾਦ ਵਿਚ ਵਿਸ਼ਾਲ ਸਭਾ 1 ਮਈ ਨੂੰ ਸ੍ਰੀ ਗੁਰੂ ਰਵਿਦਾਸ ਭਵਨ, ਸ੍ਰੀ ਗੁਰੂ ਰਵਿਦਾਸ ਨਗਰ ਵਿਖੇ ਸਵੇਰੇ 10 ਵਜੇ ਕਰਾਈ ਜਾ ਰਹੀ ਹੈ। ਕਾਮਰੇਡ ਰਾਜ ਸਿੰਘ ਜਰਨਲ ਸਕੱਤਰ ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ (ਇਫ਼ਟੂ) ਪੰਜਾਬ ਤੇ ਨਿਰਮਲ ਸਿੰਘ ਦਾਨੇਵਾਲੀਆ ਜ਼ਿਲ੍ਹਾ ਪ੍ਰੈਸ ਸਕੱਤਰ ਮਿਸਤਰੀ ਮਜ਼ਦੂਰ ਯੂਨੀਅਨ (ਇਫ਼ਟੂ) ਨੇ ਦੱਸਿਆ ਕਿ ਇਸ ਵਿਸ਼ਾਲ ਸਭਾ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਭਗਵੰਤ ਸਿੰਘ ਸਮਾਓ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਸਭਾ ਵਿਚ ਮਿਸਤਰੀ ਮਜ਼ਦੂਰ ਯੂਨੀਅਨ, ਸ਼੍ਰੀ ਗੁਰੂ ਰਵਿਦਾਸ ਜੁੱਤੀ ਮਜ਼ਦੂਰ ਯੂਨੀਅਨ, ਆਰਾ ਵਰਕਰ ਯੂਨੀਅਨ, ਵਰਕਸ਼ਾਪ ਵਰਕਰ ਯੂਨੀਅਨ ਪੰਜਾਬ, ਡਰਾਇਵਰ ਯੂਨੀਅਨ, ਰਿਕਸ਼ਾ ਵਰਕਰ ਯੂਨੀਅਨ, ਆਟੋ ਰਿਕਸ਼ਾ ਵਰਕਰ ਯੂਨੀਅਨ, ਘਰੇਲੂ ਵਰਕਰ ਯੂਨੀਅਨ, ਇਨਕਲਾਬੀ ਮਨਰੇਗਾ ਵਰਕਰ ਯੂਨੀਅਨ ਦੇ ਆਗੂ ਅਤੇ ਵਰਕਰ ਇਸ ਸਭਾ ਵਿਚ ਸ਼ਾਮਲ ਹੋਣਗੇ। ਉਨ੍ਹਾਂ ਵੱਲੋਂ ਵੱਧ ਤੋਂ ਵੱਧ ਮਜ਼ਦੂਰ ਵਰਗ ਨੂੰ ਇਸ ਵਿਸ਼ਾਲ ਸਭਾ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ।

## 'ਆਪ' ਉਮੀਦਵਾਰ ਦਾ ਵਿਰੋਧ ਕਰਨ ਵਾਲੇ ਵਿਅਕਤੀ ਉੱਪਰ ਜਾਨਲੇਵਾ ਹਮਲਾ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)** ਪਿੰਡ ਧਰਮਗੜ੍ਹ ਵਿਖੇ ਆਮ ਆਦਮੀ ਵੱਲੋਂ ਆਯੋਜਤ ਸਮਾਗਮ ਦੌਰਾਨ ਪਿੰਡ ਦੇ ਵਿਅਕਤੀਆਂ ਵੱਲੋਂ ਵਿਰੋਧ ਕਰਨ ਤੋਂ ਬਾਅਦ ਬੀਤੀ ਰਾਤ ਵਿਰੋਧ ਕਰਨ ਵਾਲੇ ਇੱਕ ਵਿਅਕਤੀ ਉੱਪਰ ਅਣਪਛਾਤੇ ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਗੰਭੀਰ ਰੂਪ ਵਿੱਚ ਜ਼ਖ਼ਮੀ ਅਮਰੀਕ ਸਿੰਘ ਨੂੰ ਸਿਵਲ ਹਸਪਤਾਲ ਵਿਖੇ ਦਾਖਲ ਕਰਾਇਆ ਗਿਆ।ਵਰਨਣਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਤੇ ਹਲਕਾ ਵਿਧਾਇਕ ਜਦੋਂ ਪਿੰਡ ਧਰਮਗੜ੍ਹ ਵਿਖੇ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ ਤਾਂ ਪਿੰਡ ਦੇ ਕੁਝ ਵਿਅਕਤੀਆਂ ਵੱਲੋਂ ਕਾਲੀਆਂ ਝੰਡੇ ਲੈ ਕੇ ਆਮ ਆਦਮੀ ਪਾਰਟੀ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤਾ ਗਿਆ ਸੀ।ਉਪਰੰਤ ਪੁਲਸ ਵੱਲੋਂ ਪ੍ਰਦਰਸ਼ਨ ਕਰ ਰਹੇ ਕੁਝ ਵਿਅਕਤੀਆਂ ਨੂੰ ਥਾਣੇ ਵੀ ਲਿਆਂਦਾ ਗਿਆ ਸੀ, ਪ੍ਰੰਤੂ ਬਾਅਦ ਵਿੱਚ ਛੱਡ ਦਿੱਤਾ ਗਿਆ ਸੀ।ਘਟਨਾ ਤੋਂ ਇੱਕ ਦਿਨ ਬਾਅਦ ਪਿੰਡ ਧਰਮਗੜ੍ਹ ਦੇ ਨਿਵਾਸੀ ਅਮਰੀਕ ਸਿੰਘ ਉੱਪਰ ਕਾਰ ਸਵਾਰ ਅਣਪਛਾਤੇ ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ ਕਰ ਦਿੱਤਾ ਗਿਆ। ਸਿਵਲ ਹਸਪਤਾਲ ਅਮਲੋਹ ਵਿੱਚ ਦਾਖਲ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਸੋਮਵਾਰ ਰਾਤ ਨੂੰ 8 ਵਜੇ ਦੇ ਕਰੀਬ ਸੈਰ ਕਰਨ ਜਾ ਰਿਹਾ ਸੀ ਕਿ ਕਾਰ ਸਵਾਰ ਵਿਅਕਤੀਆਂ ਵੱਲੋਂ ਉਸ ਉੱਪਰ ਹਮਲਾ ਕਰ ਦਿੱਤਾ ਗਿਆ।

ਅਮਰੀਕ ਸਿੰਘ ਨੇ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਦੇ ਮੂੰਹ ਬੰਨੇ ਹੋਏ ਸਨ ਤੇ ਉਨ੍ਹਾਂ ਨੇ ਉਸ ਉੱਪਰ ਬੇਸਬਾਲ ਅਤੇ ਲਾਠੀਆਂ ਨਾਲ ਹਮਲਾ ਕੀਤਾ। ਇੱਕ ਵਿਅਕਤੀ ਦੇ ਹੱਥ ਵਿੱਚ ਪਿਸਤੌਲ ਸੀ। ਉਸ ਨੇ ਉਸ ਉੱਪਰ ਫਾਇਰ ਕਰਨ ਦੀ ਕੋਸ਼ਿਸ਼ ਕੀਤੀ, ਪ੍ਰੰਤੂ ਪਿਸਤੌਲ ਚੱਲਿਆ ਨਹੀਂ।ਉਸ ਨੇ ਭੱਜ ਕੇ ਆਪਣੀ ਜਾਨ ਬਚਾਈ।ਜ਼ਖ਼ਮੀ ਹਾਲਤ ਵਿੱਚ ਉਸ ਨੂੰ ਸਿਵਲ ਹਸਪਤਾਲ ਵਿਖੇ ਦਾਖਲ ਕਰਾਇਆ ਗਿਆ।ਅਮਰੀਕ ਸਿੰਘ ਨੇ ਦੋਸ਼ ਲਾਇਆ ਕਿ ਇਹ ਹਮਲਾ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਪਿੰਡ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦੇ ਕਾਰਨ ਕਰਵਾਇਆ ਗਿਆ ਹੈ।ਅਮਰੀਕ ਸਿੰਘ ਨੇ ਇਹ ਵੀ ਦੋਸ਼ ਲਾਇਆ ਕਿ ਉਸ ਦਾ ਪਿਤਾ ਬੇਅੰਤ ਸਿੰਘ ਪਿੰਡ ਟਿੱਬੀ ਵਿਖੇ ਡਾਕਟਰੀ ਦੀ ਦੁਕਾਨ ਕਰਦਾ ਹੈ। ਉਸ ਨੂੰ ਹਲਕਾ ਵਿਧਾਇਕ ਵੱਲੋਂ ਕਥਿਤ ਤੌਰ 'ਤੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਉਸਦੇ ਪਿਤਾ ਤੇ ਪਿੰਡ ਵਾਸੀਆਂ ਵੱਲੋਂ ਹਲਕਾ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਦਾ ਮੀਟਿੰਗ ਦੌਰਾਨ ਵਿਰੋਧ ਕੀਤਾ ਗਿਆ ਸੀ, ਜਿਸ ਕਾਰਨ ਸੱਤਾਧਾਰੀ ਪਾਰਟੀ ਦੇ ਆਗੂਆਂ ਵੱਲੋਂ ਉਸ ਉਪਰ ਹਮਲਾ ਕਰਾਇਆ ਗਿਆ ਹੈ।ਜਦੋਂ ਇਸ ਸਬੰਧੀ ਥਾਣਾ ਮੁਖੀ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਦੱਸਿਆ ਕਿ ਸ਼ਿਕਾਇਤ ਕਰਤਾ ਅਮਰੀਕ ਸਿੰਘ ਦੇ ਬਿਆਨ ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਵੱਖ-ਵੱਖ ਧਰਾਵਾਂ ਦੇ ਮਾਮਲਾ ਦਰਜ ਕਰ ਲਿਆ ਗਿਆ ਹੈ।ਜਦੋਂ ਉਨ੍ਹਾਂ ਤੋਂ ਪੁੱਛਿਆ ਕਿ ਸ਼ਿਕਾਇਤ ਕਰਤਾ ਦੋਸ਼ ਲਾ ਰਿਹਾ ਹੈ ਕਿ ਹਮਲਾ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਇਸ਼ਾਰੇ 'ਤੇ ਕੀਤਾ ਗਿਆ ਹੈ ਤਾਂ ਉਨ੍ਹਾਂ ਕਿਹਾ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਹੇਮਕੁੰਟ ਸਕੂਲ 'ਚ ਹੋਈ ਐੱਨ.ਸੀ.ਸੀ ਜੂਨੀਅਰ, ਸੀਨੀਅਰ ਵਿੰਗ ਦੇ ਲੜਕੀਆਂ ਦੀ ਚੋਣ

**ਕੋਟ ਈਸੇ ਖਾਂ (ਅਰੋੜਾ)** ਕਰਨਲ ਨਵਰਾਜ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸ੍ਰੀ ਹੇਮਕੁੰਟ ਸੀਨੀ.ਸੈਕੰ: ਸਕੂਲ 'ਚ ਜੂਨੀਅਰ ਤੇ ਸੀਨੀਅਰ ਵਿੰਗ ਦੀ ਨਵੀਂ ਭਰਤੀ ਹੋਈ।ਇਸ ਮੌਕੇ ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਵੀ ਸ਼ਾਮਲ ਸਨ।ਪ੍ਰਿੰਸੀਪਲ ਨੇ ਕੈਡਿਟਸ ਨੂੰ ਐਨ.ਸੀ.ਸੀ ਦੇ ਰੂਲਜ਼ ਆਦਿ ਤੋਂ ਜਾਗਰੂਕ ਕਰਾਇਆ ਤੇ ਐੱਨ.ਸੀ.ਸੀ ਦੇ ਫ਼ਾਇਦੇ ਤੇ ਇਸ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਾਹਿਤ ਜਾਣਕਾਰੀ ਦਿੱਤੀ।ਸਕੂਲ ਦੇ ਐੱਨ.ਸੀ.ਸੀ ਏ.ਐੱਨ.ਓ ਸਿਮਰਨਜੀਤ ਕੌਰ ਦੀ ਮੌਜੂਦਗੀ 'ਚ ਹਵਾਦਾਰ ਪਾਟਿਲ ਤੇ ਹਵਾਲਦਾਰ ਕਰਨ ਨੇ ਗਿਆਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਦੀ ਇੰਟਰਵਿਊ ਉਪਰੰਤ 29 ਯੋਗ ਕੈਡਿਟਸ ਐੱਨ.ਸੀ.ਸੀ ਸੀਨੀਅਰ ਵਿੰਗ ਲਈ ਤੇ 21 ਕੈਡਿਟਸ ਨੂੰ ਜੂਨੀਅਰ ਵਿੰਗ ਲਈ ਚੁਣਿਆ। ਉਨ੍ਹਾਂ ਐੱਨ.ਸੀ.ਸੀ ਕੈਡਿਟਸ ਨੂੰ ਜੀਵਨ ਵਿੱਚ ਦੇਸ਼ ਪ੍ਰਤੀ ਜ਼ਿੰਮੇਵਾਰੀ ਤੇ ਚੰਗੇ ਭਵਿੱਖ ਤੋਂ ਜਾਗਰੂਕ ਕਰਾਇਆ।

## ਨਿਮਰਤ ਕੌਰ ਨੇ ਜਿਮਨਾਸਟਿਕ 'ਚ ਇਟਲੀ 'ਚ ਪਾਈਆਂ ਧੁੰਮਾਂ



**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)** ਪਿੰਡ ਮਾਜਰੀ ਕਿਸ਼ਨੇ ਵਾਲੀ ਦੀ ਧੀ ਨਿਮਰਤ ਕੌਰ ਮੁੱਢਲੀ ਸਿੱਖਿਆ ਮਾਘੀ ਸਕੂਲ ਅਮਲੋਹ ਤੋਂ ਪ੍ਰਾਪਤ ਕਰਨ ਉਪਰੰਤ ਲੰਘੇ 7 ਸਾਲਾਂ ਤੋਂ ਪਿਤਾ ਸੁਖਚੈਨ ਸਿੰਘ ਮਾਤਾ ਗੁਰਦੀਪ ਕੌਰ ਨਾਲ ਵਿਦੇਸ਼ੀ ਧਰਤੀ ਇਟਲੀ ਵਿਖੇ ਰਹਿ ਰਹੀ ਹੈ।ਜਿਹੜੀ ਕਿ 6ਵੀਂ ਕਲਾਸ ਦੀ ਵਿਦਿਆਰਥਣ ਹੈ।ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਹਰਵਿੰਦਰ ਸਿੰਘ ਬਿੰਦਾ ਮਾਜਰੀ ਦੀ ਭਤੀਜੀ ਤੇ ਹਰਮੇਸ਼ ਸਿੰਘ ਦੀ ਪੋਤਰੀ ਨਿਮਰਤ ਕੌਰ ਇਟਲੀ ਜੋ ਜਿਮਨਾਸਟਿਕ ਖੇਡ ਨਾਲ ਜੁੜੀ ਹੋਈ ਹੈ, ਜਿਸ ਵਿੱਚ ਅਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਵਿਦੇਸ਼ੀ ਧਰਤੀ 'ਤੇ ਵੱਡੀਆਂ ਮੱਲਾਂ ਮਾਰਦੇ ਹਨ, ਜ਼ਿਲ੍ਹਾ ਮੁਕਾਬਿਲਆਂ ਵਿੱਚ ਬਰੇਸ਼ੀਆ ਵਿਖੇ ਗੋਲਡ ਮੈਡਲ ਹੀ ਨਹੀਂ ਜਿੱਤਿਆ, ਸਗੋਂ ਰੋਮ ਵਿੱਚ ਹੋਣ ਜਾ ਰਹੇ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਵੀ ਨਿਮਰਤ ਕੌਰ ਇਟਲੀ ਚੁਣੀ ਜਾ ਚੁੱਕੀ ਹੈ।ਇਸ 6 ਕਲਾਸ ਦੀ ਵਿਦਿਆਰਥਣ ਵੱਲੋਂ ਅਪਣੀ ਖੇਡ ਰਾਹੀਂ ਅਨੇਕਾਂ ਮਾਣ ਸਨਮਾਨ ਤੇ ਮੈਡਲ ਜਿੱਤੇ ਜਾ ਚੁੱਕੇ ਹਨ।ਇਟਲੀ ਦੀ ਸਟੇਟ ਲੌਂਬੇਰਦੀ ਵਿੱਚ ਹੋਏ ਜਿਮਨਾਸਟਿਕ ਮੁਕਾਬਲਿਆਂ ਵਿੱਚ ਵੀ ਨਿਮਰਤ ਕੌਰ ਕਾਂਸ਼ੀ ਮੈਡਲ ਪ੍ਰਾਪਤ ਕਰ ਚੁੱਕੀ। ਨਿਮਰਤ ਕੌਰ ਇਟਲੀ ਦੇ ਸਮੁੱਚੇ ਪਰਵਾਰ ਨਾਲ ਗੋਲਡ ਮੈਡਲ ਲੈਣ ਤੇ ਜਿਥੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਵਧਾਈ ਦਿੱਤੀ, ਉਥੇ ਕੌਮਾਂਤਰੀ ਪੱਧਰ ਤੇ ਰੋਮ ਵਿੱਚ ਹੋਣ ਜਾ ਰਹੇ ਮੁਕਾਬਲਿਆਂ ਵਿੱਚ ਵੀ ਨਿਮਰਤ ਕੌਰ ਦੇ ਚੰਗੇ ਪ੍ਰਦਰਸ਼ਨ ਲਈ ਮਨੋਕਾਮਨਾਵਾਂ ਕੀਤੀਆਂ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਦੇ ਵਿਦਿਆਰਥੀ ਦੀ ਪੁਸਤਕ ਰਿਲੀਜ਼



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨਸੰਚਾਰ ਵਿਭਾਗ ਦੇ ਬੀ.ਏ.ਜੇ.ਐਮ.ਸੀ. ਭਾਗ ਤੀਸਰਾ ਦੇ ਹੋਣਹਾਰ ਵਿਦਿਆਰਥੀ ਵਿਵੇਕ ਰਾਜ ਦੀ ਦੂਜੀ ਕਾਵਿ ਪੁਸਤਕ 'ਅਕਸਰ ਕੁਝ ਰਹਿ ਜਾਂਦੈ' ਰਿਲੀਜ਼ ਕੀਤੀ ਗਈ।ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਵਿਦਿਆਰਥੀ ਲੇਖਕ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਨੇ ਛੋਟੀ ਉਮਰ ਵਿੱਚ ਹੀ ਆਪਣੀ ਦੂਜੀ ਸਾਹਿਤਕ ਪੁਸਤਕ ਲਿਖ ਕੇ ਸਾਹਿਤਕ ਖੇਤਰ ਵਿੱਚ ਵੱਡੀ ਪੁਲਾਂਘ ਪੁੱਟੀ ਹੈ ਤੇ ਉਨ੍ਹਾਂ ਆਸ ਜਤਾਈ ਕਿ ਇਹ ਪੁਸਤਕ ਕਾਲਜ ਦੇ ਬਾਕੀ ਵਿਦਿਆਰਥੀਆਂ ਨੂੰ ਸਾਹਿਤ ਵੱਲ ਪ੍ਰੇਰਿਤ ਕਰਨ ਲਈ ਚਾਨਣ ਮੁਨਾਰਾ ਸਾਬਿਤ ਹੋਵੇਗੀ।ਉਨ੍ਹਾਂ ਸਭ ਵਿਦਿਆਰਥੀਆਂ ਨੂੰ ਵਿਦਿਆਰਥੀ ਜੀਵਨ ਦੌਰਾਨ ਆਪਣੀਆਂ ਅਕਾਦਮਿਕ ਗਤੀਵਿਧੀਆਂ ਦੇ ਨਾਲ-ਨਾਲ ਸਾਹਿਤਕ ਸਰਗਰਮੀਆਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੱਤਰਕਾਰੀ ਦੀ ਪੜ੍ਹਾਈ ਦਾ ਮੁੱਖ ਮਕਸਦ ਸਭ ਵਿਦਿਆਰਥੀਆਂ ਨੂੰ ਚੰਗਾ ਸੁਣਨਾ, ਲਿਖਣਾ ਤੇ ਬੋਲਣਾ ਸਿਖਾਉਣਾ ਹੁੰਦਾ ਹੈ ਅਤੇ ਵਿਭਾਗ ਦੇ ਵਿਦਿਆਰਥੀ ਵੱਲੋਂ ਪੁਸਤਕ ਪ੍ਰਕਾਸ਼ਿਤ ਕਰਨਾ ਇਹ ਸਾਬਤ ਕਰਦਾ ਹੈ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਸਹੀ ਮਾਰਗ ਦਰਸ਼ਨ ਦਿੱਤਾ ਜਾ ਰਿਹਾ ਹੈ।

ਪੱਤਰਕਾਰੀ ਵਿਭਾਗ ਦੇ ਮੁਖੀ ਪ੍ਰੋ. ਹਰਗੁਨਪ੍ਰੀਤ ਸਿੰਘ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਵਿਵੇਕ ਰਾਜ ਆਪਣੀ ਪੱਤਰਕਾਰੀ ਦੀ ਪੜ੍ਹਾਈ ਦੇ ਸ਼ੁਰੂਆਤੀ ਸਮੇਂ ਤੋਂ ਹੀ ਨਿਰੰਤਰ ਅਖ਼ਬਾਰਾਂ ਲਈ ਲਿਖਦਾ ਆ ਰਿਹਾ ਹੈ ਅਤੇ ਉਸਦੀ ਕਿਤਾਬ ਦਾ ਛਪਣਾ ਉਸਦੇ ਸਾਹਿਤਕ ਕਰੀਅਰ ਲਈ ਬਹੁਤ ਵੱਡੀ ਉਪਲਬਧੀ ਹੈ।ਉਨ੍ਹਾਂ ਦੱਸਿਆ ਕਿ ਸਾਹਿਤ ਸਿਰਜਣ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਵਿਭਾਗ ਵੱਲੋਂ ਅਕਸਰ ਵਿਦਿਆਰਥੀਆਂ ਨੂੰ ਵੱਖ-ਵੱਖ ਸਮਾਜਿਕ ਮਸਲਿਆਂ 'ਤੇ ਲਿਖਣ ਲਈ ਪ੍ਰੇਰਤ ਕੀਤਾ ਜਾਂਦਾ ਹੈ, ਜਿਸ ਦੇ ਫਲਸਰੂਪ ਪਿਛਲੇ ਸੈਸ਼ਨ ਦੌਰਾਨ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਲਿਖੀਆਂ 500 ਤੋਂ ਵੱਧ ਰਚਨਾਵਾਂ ਵੱਖ-ਵੱਖ ਨਾਮਵਰ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਹੋਈਆਂ ਹਨ।

ਇਸ ਮੌਕੇ ਵਿਭਾਗ ਦੇ ਪ੍ਰੋ. ਦਿਲਰਾਜ ਸਿੰਘ, ਪ੍ਰੋ. ਭਗਵੰਤ ਸਿੰਘ, ਪ੍ਰੋ. ਕਰਮਵੰਤ ਸਿੰਘ, ਪ੍ਰੋ. ਬਲਵਿੰਦਰ ਸਿੰਘ, ਪ੍ਰੋ. ਅਰਸ਼ਦੀਪ ਕੌਰ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਮਿਸ਼ਨ ਸਮਰੱਥ ਨੂੰ ਲੈ ਕੇ ਬੱਚਿਆਂ ਦੇ ਰੂ-ਬ-ਰੂ ਹੋਏ ਜ਼ਿਲ੍ਹਾ ਕੋਆਰਡੀਨੇਟਰ

**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)** ਮਿਸ਼ਨ ਸਮਰੱਥ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਕੋਆਰਡੀਨੇਟਰ ਅੰਮ੍ਰਿਤਵੀਰ ਸਿੰਘ ਨੇ ਕਿਹਾ ਕਿ ਇਸ ਮਿਸ਼ਨ ਤਹਿਤ ਵਿਦਿਆਰਥੀਆਂ ਦੇ ਤਿੰਨ ਵੱਖ-ਵੱਖ ਲੈਵਲ ਬਣਾਏ ਗਏ ਹਨ, ਜਿਸ ਵਿੱਚ ਪੰਜਾਬੀ, ਅੰਗਰੇਜ਼ੀ ਤੇ ਗਣਿਤ ਵਿਸ਼ੇ ਨੂੰ ਸ਼ਾਮਲ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਮਿਸ਼ਨ ਦੂਜੀ ਸ਼੍ਰੇਣੀ ਤੋਂ ਅੱਠਵੀਂ ਕਲਾਸ ਤੱਕ ਸਿਰਫ਼ ਦੋ ਮਹੀਨਿਆਂ ਲਈ ਚਲਾਇਆ ਗਿਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਵੀ ਪ੍ਰੇਰਤ ਕੀਤਾ।

ਸਕੂਲ ਮੁਖੀ ਸ੍ਰੀ ਅਮਨਦੀਪ ਸ਼ਰਮਾ ਨੇ ਕਿਹਾ ਕਿ ਮਿਸ਼ਨ ਸਮਰੱਥ ਤਹਿਤ ਵਿਦਿਆਰਥੀਆਂ ਨੂੰ ਮੁੱਢਲੀਆਂ ਧਾਰਨਾਵਾਂ ਜਿਸ ਤਰ੍ਹਾਂ ਭਾਗ, ਗੁਣਾ, ਜੋੜ, ਘਟਾਓ ਕਹਾਣੀ ਨੂੰ ਪੜ੍ਹਨਾ ਆਦਿ ਲੈਵਲਾਂ ਅਨੁਸਾਰ ਵੰਡਿਆ ਗਿਆ ਹੈ ਤਾਂ ਜੁ ਵਿਦਿਆਰਥੀਆਂ ਨੂੰ ਮੁੱਢਲਾ ਗਿਆਨ ਮੁਹੱਈਆ ਕਰਾਇਆ ਜਾ ਸਕੇ।ਮਿਸ਼ਨ ਸਮਰੱਥ, ਪੰਜਾਬੀ ਭਾਸ਼ਾ ਦੇ ਸੂਬਾਈ ਰਿਸੋਰਸ ਪਰਸਨ ਦਿਨੇਸ਼ ਰਿਸ਼ੀ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਦੇ ਮੁੱਢਲੇ ਸੰਕਲਪ, ਜਿਸ ਵਿੱਚ ਪੈਰਾ, ਕਹਾਣੀ, ਸ਼ਬਦ, ਵਾਕ ਵਾਰੇ ਚੰਗੀ ਤਰ੍ਹਾਂ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਲਿਖਣ ਤੇ ਪੜ੍ਹਨ ਸਬੰਧੀ ਵੀ ਪ੍ਰੇਰਤ ਕੀਤਾ।

## ਵੋਟਰ ਜਾਗਰੂਕਤਾ ਸੰਬੰਧੀ ਲੈਕਚਰ ਕਰਾਇਆ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਕਾਲਜ ਸਵੀਪ ਨੋਡਲ ਅਫ਼ਸਰ ਤੇ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਸਾਂਝੇ ਤੌਰ 'ਤੇ ਵੋਟਰ ਜਾਗਰੂਕਤਾ ਸਬੰਧੀ ਲੈਕਚਰ ਕਰਾਇਆ ਗਿਆ।ਐੱਨ.ਐੱਸ.ਐੱਸ. ਰੈਗੂਲਰ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਹਰ ਬਾਲਗ ਨੂੰ ਵੋਟ ਬਣਾਉਣ ਦੇ ਨਾਲ ਨਾਲ ਵੋਟ ਪਾਉਣ ਦਾ ਫ਼ਰਜ਼ ਜ਼ਿੰਮੇਵਾਰੀ ਨਾਲ ਨਿਭਾਉਣਾ ਚਾਹੀਦਾ ਹੈ।ਵਿਧਾਨ ਸਭਾ ਹਲਕਾ-107 ਧੂਰੀ ਦੀ ਸਵੀਪ ਟੀਮ ਦੇ ਸਕੂਲ ਸਵੀਪ ਨੋਡਲ ਅਫ਼ਸਰ ਰਕੇਸ਼ ਕੁਮਾਰ ਗਰਗ ਨੇ ਵਿਦਿਆਰਥੀਆਂ ਨੂੰ ਆਪਣੇ ਭਾਸ਼ਣ ਦੌਰਾਨ ਕਿਹਾ ਕਿ ਕਾਲਜ ਵਿਦਿਆਰਥੀ ਆਪਣੀ ਵੋਟ ਦਾ ਸਦਉਪਯੋਗ ਕਰਦੇ ਹੋਏ ਬਾਕੀ ਨਾਗਰਿਕਾਂ ਨੂੰ ਵੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਵੋਟਰ ਜਾਗਰੂਕਤਾ ਮੁਹਿੰਮ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਨ।


**ਫਾਰਮ ਏ**
**ਜਨਤਕ ਘੋਸ਼ਣਾ**
[ ਭਾਰਤ ਦੇ ਦੀਵਾਲੀਆਪਣ ਅਤੇ ਦੀਵਾਲੀਆਪਣ ਬੋਰਡ ਦੇ ਨਿਯਮ 6 ਤਹਿਤ (ਕਾਰਪੋਰੇਟ ਵਿਅਕਤੀਆਂ ਲਈ ਦੀਵਾਲੀਆ ਹੱਲ ਪ੍ਰਕਿਰਿਆ) ਰੈਗੂਲੇਸ਼ਨਜ਼ 2016]

**ਮੈਸ : ਭਾਟੀਆ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ ਦੇ ਲੈਣਦਾਰਾਂ ਦੇ ਧਿਆਨ 'ਚ**

| ਸੰਬੰਧਤ ਵੇਰਵੇ | | |
|---|---|---|
| 1. | ਕਾਰਪੋਰੇਟ ਕਰਜ਼ਦਾਰ ਦਾ ਨਾਂਅ | ਮੈਸਰਜ਼ ਭਾਟੀਆ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ |
| 2. | ਕਾਰਪੋਰੇਟ ਕਰਜ਼ਦਾਰ ਦੀ ਇਨਕਾਰਪੋਰੇਸ਼ਨ ਮਿਤੀ | 5 ਅਕਤੂਬਰ 1987 |
| 3. | ਅਥਾਰਟੀ ਜਿਸ ਤਹਿਤ ਕਾਰਪੋਰੇਟ ਕਰਜ਼ਦਾਰ ਇਨਕਾਰਪੋਰਟਿਡ ਹੈ | ਕੰਪਨੀਜ਼ ਰਜਿਸਟਰਾਰ ਚੰਡੀਗੜ੍ਹ, ਕੰਪਨੀਜ਼ ਐਕਟ, 1956 |
| 4. | ਕਾਰਪੋਰੇਟ ਕਰਜ਼ਦਾਰ ਦਾ ਕਾਰਪੋਰੇਟ ਪਛਾਣ ਨੰਬਰ | U65921PB1987PTC007706 |
| 5. | ਕਾਰਪੋਰੇਟ ਦੇ ਰਜਿਸਟਰਡ ਦਫਤਰ ਅਤੇ ਮੁੱਖ ਦਫਤਰ ਜੇਕਰ ਕੋਈ ਹੈ, ਦਾ ਪਤਾ | ਈ-378, ਗਣਪਤੀ ਇਨਕਲੇਵ, ਬਠਿੰਡਾ, ਪੰਜਾਬ-151001, ਭਾਰਤ |
| 6. | ਕਾਰਪੋਰੇਟ ਕਰਜ਼ਦਾਰ ਦੇ ਦੀਵਾਲੀਆਪਣ ਦੇ ਸ਼ੁਰੂ ਹੋਣ ਦੀ ਮਿਤੀ | 23 ਅਪ੍ਰੈਲ 2024 |
| 7. | ਦੀਵਾਲੀਆਪਣ ਰੈਜ਼ੂਲੂਸ਼ਨ ਪ੍ਰਕਿਰਿਆ ਦੇ ਬੰਦ ਹੋਣ ਦੀ ਅਨੁਮਾਨਤ ਮਿਤੀ | 20 ਅਕਤੂਬਰ 2024 |
| 8. | ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ ਵਜੋਂ ਦੀਵਾਲੀਆਪਣ ਪ੍ਰੋਫੈਸ਼ਨਲ ਐਕਟਿੰਗ ਦਾ ਨਾਂਅ ਅਤੇ ਰਜਿਟ੍ਰੇਸ਼ਨ ਨੰਬਰ | ਅਨੁਜ ਮਹੇਸ਼ਵਰੀ Reg No.- IBBI/IPA-001/IP-P00577/2017-2018/11018 |
| 9. | ਬੋਰਡ 'ਚ ਰਜਿਸਟਰਡ ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ ਦਾ ਪਤਾ ਅਤੇ ਈਮੇਲ | 201, ਹਰਸ਼ ਭਵਨ, 64-65, ਨਹਿਰੂ ਪਲੇਸ, ਨਵੀਂ ਦਿੱਲੀ-110019, ਈ-ਮੇਲ ਆਈ ਡੀ :anuj@vksa.in |
| 10. | ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ ਕੋਲ ਪੱਤਰ ਵਿਹਾਰ ਪਤਾ ਅਤੇ ਈਮੇਲ : | 201, ਹਰਸ਼ ਭਵਨ, 64-65, ਨਹਿਰੂ ਪਲੇਸ, ਨਵੀਂ ਦਿੱਲੀ-110019, ਈ-ਮੇਲ ਆਈ ਡੀ :anuj@vksa.in |
| 11. | ਦਾਅਵੇ ਪੇਸ਼ ਕਰਨ ਦੀ ਅੰਤਰਿਮ ਮਿਤੀ | 7 ਮਈ 2024 |
| 12. | ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ ਦੁਆਰਾ ਸੈਕਸ਼ਨ 21 ਦੇ ਸਬ-ਸੈਕਸ਼ਨ (6ਏ) ਤਹਿਤ ਕਲਾਜ਼, ਲੈਣਦਾਰਾਂ ਦੀਆਂ ਸ਼੍ਰੇਣੀਆਂ ਜੇਕਰ ਕੋਈ ਹਨ : | ਵਰਤਮਾਨ 'ਚ ਲਾਗੂ ਨਹੀਂ |
| 13. | ਇੱਕ ਸ਼੍ਰੇਣੀ ਵਿੱਚ ਲੈਣਦਾਰਾਂ ਦੇ ਅਧਿਕਾਰਤ ਪ੍ਰਤੀਨਿਧੀ ਵਜੋਂ ਕੰਮ ਕਰਨ ਲਈ ਪਛਾਣੇ ਗਏ ਦੀਵਾਲੀਆ ਪ੍ਰੋਫੈਸ਼ਨਲ ਦੇ ਨਾਂਅ (ਹਰੇਕ ਸ਼੍ਰੇਣੀ ਲਈ ਤਿੰਨ ਨਾਂਅ) | ਵਰਤਮਾਨ 'ਚ ਲਾਗੂ ਨਹੀਂ |
| 14. | ਸੰਬੰਧਤ ਫਾਰਮ ਅਤੇ (ਬੀ) ਅਧਿਕਾਰਤ ਪ੍ਰਤੀਨਿਧੀਆਂ ਦੇ ਵੇਰਵੇ | (ਏ) Web link : https://ibbi.gov.in/home/downloads ਭੌਤਿਕ ਪਤਾ : ਉਹੀ ਜੋ ਉਪਰ 10ਵੇਂ ਨੰਬਰ 'ਤੇ ਵਰਣਿਤ ਹੈ (ਬੀ) ਲਾਗੂ ਨਹੀਂ |

ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ, ਨਵੀਂ ਦਿੱਲੀ ਬੈਂਚ (ਕੋਰਟ-IV) ਨਵੀਂ ਦਿੱਲੀ ਨੇ ਮੈਸਰਜ਼ ਭਾਟੀਆ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ ਦੇ 23 ਅਪ੍ਰੈਲ 2024 ਨੂੰ ਕਾਰਪੋਰੇਟ ਦੀਵਾਲੀਆਪਣ ਰੈਜ਼ੂਲੂਸ਼ਨ ਪ੍ਰਕਿਰਿਆ ਨੂੰ ਸ਼ੁਰੂ ਕਰਨ ਦਾ ਹੁਕਮ ਦਿੱਤਾ ਹੈ।

ਮੈਸਰਜ਼ ਭਾਟੀਆ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ ਦੇ ਲੈਣਦਾਰ ਨੂੰ ਇੰਦਰਾਜ਼ ਨੰ. 10 'ਚ ਵਰਣਿਤ ਪਤੇ 'ਤੇ ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ ਕੋਲ ਸਬੂਤ ਨਾਲ ਆਪਣੇ ਦਾਅਵੇ 7 ਮਈ 2024 ਨੂੰ ਜਾਂ ਇਸ ਤੋਂ ਪਹਿਲਾਂ ਸਬੂਤਾਂ ਸਹਿਤ ਪੇਸ਼ ਕਰਨ ਲਈ ਕਿਹਾ ਹੈ।

ਵਿੱਤੀ ਲੈਣਦਾਰ ਕੇਵਲ ਇਲੈਕਟ੍ਰਾਨਿਕ ਸਾਧਨਾਂ ਰਾਹੀਂ ਹੀ ਸਬੂਤਾਂ ਸਹਿਤ ਆਪਣੇ ਦਾਅਵੇ ਪੇਸ਼ ਕਰ ਸਕਦੇ ਹਨ। ਹੋਰ ਸਾਰੇ ਲੈਣਦਾਰ ਆਪਣੇ ਦਾਅਵੇ ਸਬੂਤਾਂ ਸਮੇਤ ਨਿੱਜੀ, ਡਾਕ ਜਾਂ ਇਲੈਕਟ੍ਰਿਕ ਸਾਧਨਾਂ ਰਾਹੀਂ ਪੇਸ਼ ਕਰਨਗੇ।

ਵਿੱਤੀ ਲੈਣਦਾਰ ਇੱਕ ਸ਼੍ਰੇਣੀ ਨਾਲ ਸੰਬੰਧਤ, ਜੋ ਇੰਦਰਾਜ਼ ਨੰ. 12 ਵਿਰੁੱਧ ਸੂਚੀਬੱਧ ਕੀਤਾ ਗਿਆ ਹੈ, ਇੰਦਰਾਜ਼ ਨੰ. 13 ਵਿਰੁੱਧ ਸੂਚੀਬੱਧ ਤਿੰਨ ਦੀਵਾਲੀਆਪਣ ਪ੍ਰੋਫੈਸ਼ਨਲਾਂ ਵਿੱਚੋਂ ਅਧਿਕਾਰਤ ਪ੍ਰਤੀਨਿਧੀ ਦੀ ਆਪਣੀ ਚੋਣ ਦਰਸਾਏਗਾ ਤਾਂ ਜੋ ਫਾਰਮ ਸੀ ਏ 'ਚ (ਵਿਸ਼ੇਸ਼ ਸ਼੍ਰੇਣੀ) ਵਜੋਂ ਕੰਮ ਕੀਤਾ ਜਾ ਸਕੇ।

ਝੂਠੇ ਜਾਂ ਗੁੰਮਰਾਹਕੁੰਨ ਸਬੂਤ ਪੇਸ਼ ਕਰਨ 'ਤੇ ਜ਼ੁਰਮਾਨਾ ਲਗਾਇਆ ਜਾਵੇਗਾ।

ਮਿਤੀ : 25.04.2023
ਸਥਾਨ : ਨਵੀਂ ਦਿੱਲੀ
ਸਹੀ/-
ਅਨੁਜ ਮਹੇਸ਼ਵਰੀ
(ਅੰਤਰਿਮ ਰੈਜ਼ੂਲੂਸ਼ਨ ਪ੍ਰੋਫੈਸ਼ਨਲ)
ਰਜਿ : ਨੰ. ਆਈ ਬੀ ਬੀ ਆਈ/ਆਈ ਪੀ ਏ-001/ਆਈ ਪੀ-ਪੀ-00577/2017-2018/11018


## ਸੰਵਿਧਾਨ ਤੇ ਲੋਕਤੰਤਰ ਨੂੰ ਬਹਾਲ ਰੱਖਣਾ ਹੈ ਤਾਂ ਭਾਜਪਾ ਨੂੰ ਸੱਤਾ ਤੋਂ ਹਟਾਉਣਾ ਬੇਹੱਦ ਜ਼ਰੂਰੀ : ਕਾਕਾ ਬਰਾੜ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਆਮ ਆਦਮੀ ਪਾਰਟੀ ਵੱਲੋਂ ਐਲਾਨੇ ਗਏ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਉਮੀਦਵਾਰ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਚੋਣ ਮੁਹਿੰਮ ਦਿਨੋ ਦਿਨ ਭਖਦੀ ਜਾ ਰਹੀ ਹੈ।ਹਲਕੇ ਦੇ ਲੋਕਾਂ ਵੱਲੋਂ ਅਥਾਹ ਪਿਆਰ ਤੇ ਸਤਿਕਾਰ ਦਿੱਤਾ ਜਾ ਰਿਹਾ ਹੈ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਜ਼ਿਲ੍ਹਾ ਕਚਹਿਰੀ ਵਿਖੇ ਬਾਰ ਕੌਂਸਲ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਮਾਰਕਿਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਸੰਧੂ, ਮਾਰਕਿਟ ਕਮੇਟੀ ਗਿੱਦੜਬਾਹਾ ਦੇ ਚੇਅਰਮੈਨ ਤੇ ਹਲਕਾ ਇੰਚਾਰਜ਼ ਐਡਵੋਕੇਟ ਪ੍ਰਿਤਪਾਲ ਸ਼ਰਮਾ, ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਬੱਬਲੂ ਬਰਾੜ, ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੰਬਰਦਾਰ ਆਦਿ ਹਾਜ਼ਰ ਸਨ।

ਸੰਬੋਧਨ ਵਿੱਚ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਉਮੀਦਵਾਰ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਇਸ ਵਾਰ ਚੋਣਾਂ ਬਹੁਤ ਅਹਿਮ ਹਨ ਕਿਉਂਕਿ ਸੰਵਿਧਾਨ ਨੂੰ ਖਤਮ ਤੇ ਲੋਕਤੰਤਰ ਦੀ ਹੱਤਿਆ ਕਰਨ ਤੇ ਤੁਲੀ ਕੇਂਦਰ ਦੀ ਭਾਜਪਾ ਸਰਕਾਰ ਨੂੰ ਇਸ ਵਾਰ ਸਬਕ ਸਿਖਾਉਣਾ ਬਹੁਤ ਹੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਦੇਸ਼ ਦੀ ਜਨਤਾ ਧੱਕੇਸ਼ਾਹੀ ਦਾ ਜਵਾਬ ਵੋਟ ਨਾਲ ਦੇਵੇਗੀ।ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਦੋ ਸਾਲਾਂ ਤੋਂ ਜੋ ਕੰਮ ਕੀਤੇ ਹਨ, ਉਹ ਕੰਮ ਰਿਵਾਇਤੀ ਪਾਰਟੀਆਂ ਨੇ ਆਪਣੇ ਕਾਰਜਕਾਲਾਂ ਦੌਰਾਨ ਨਹੀਂ ਕੀਤਾ। ਉਨ੍ਹਾਂ ਸਮੂਹ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਪੂਰੀ ਤਰ੍ਹਾਂ ਨਾਲ ਨਾਪਤੋਲ ਕਰਕੇ ਕਰਨ ਤਾਂ ਜੁ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਬਚਾਇਆ ਜਾ ਸਕੇ।ਹਲਕਾ ਇੰਚਾਰਜ ਪ੍ਰਿਤਪਾਲ ਸ਼ਰਮਾ ਨੇ ਅਪੀਲ ਕੀਤੀ ਕਿ ਇਸ ਵਾਰ ਆਪਣੇ ਹਲਕੇ ਤੋਂ ਲੋਕ ਸਭਾ ਦੇ ਉਮੀਦਵਾਰ ਹਨ, ਜੋ ਬੇਹੱਦ ਦੀ ਸ਼ਰੀਫ਼ ਤੇ ਵਧੀਆ ਇਨਸਾਨ ਹਨ, ਜਿਨ੍ਹਾਂ ਨੇ ਕਦੇ ਵੀ ਕਿਸੇ ਨਾਲ ਧੱਕਾ ਨਹੀਂ ਕੀਤਾ।ਉਨ੍ਹਾਂ ਅਪੀਲ ਕੀਤੀ ਕਿ ਇਹ ਵਾਰ ਲੋਕ ਸਭਾ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਦਿੱਤਾ ਜਾਵੇ ਤਾਂ ਜੁ ਕੇਂਦਰ ਤੋਂ ਪੰਜਾਬ ਦੇ ਹੱਕ ਲਿਆਂਦੇ ਜਾਣ।

## ਹੱਥਾਂ ਦੀ ਸਫ਼ਾਈ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਦੱਸਿਆ

**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਛੋਟੇ ਬੱਚਿਆਂ ਲਈ ਮਜ਼ੇਦਾਰ ਗਤੀਵਿਧੀਆਂ ਦੇ ਰਾਹੀਂ ਬੱਚਿਆਂ ਨੂੰ ਹੱਥਾਂ ਦੀ ਸਫਾਈ ਰੱਖਣ ਬਾਰੇ ਦੱਸਿਆ ਗਿਆ। ਅਧਿਆਪਕਾਂ ਨੇ ਛੋਟੇ ਬੱਚਿਆਂ ਨੂੰ ਦੱਸਦੇ ਹੋਏ ਕਿਹਾ ਕਿ ਸਾਨੂੰ ਆਪਣੇ ਹੱਥਾਂ ਦੀ ਸਫ਼ਾਈ ਰੱਖਣੀ ਚਾਹੀਦੀ ਹੈ, ਕਿਉਂਕਿ ਜੇਕਰ ਅਸੀਂ ਆਪਣੇ ਹੱਥਾਂ ਦੀ ਚੰਗੀ ਤਰ੍ਹਾਂ ਸਫ਼ਾਈ ਰੱਖਦੇ ਹਾਂ ਤਾਂ ਅਸੀਂ ਅਨੇਕਾਂ ਬਿਮਾਰੀਆਂ ਤੋਂ ਦੂਰ ਰਹਿੰਦੇ ਹਾਂ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਸਕੂਲ ਨੇ ਸਰਬ ਪੱਖੀ ਹੁਨਰਾਂ ਨੂੰ ਵਧਾਉਣ ਲਈ ਨਵੀਨਤਾਕਾਰੀ ਤੇ ਖੇਡ ਅਧਾਰਤ ਅਭਿਆਸਾਂ ਨੂੰ ਲਾਗੂ ਕੀਤਾ ਹੈ, ਜੋ ਬੱਚਿਆਂ ਦੇ ਸੰਪੂਰਨ ਵਿਕਾਸ ਵਿੱਚ ਯੋਗਦਾਨ ਪਾਉਂਦੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮਜ਼ੇਦਾਰ ਗਤੀਵਿਧੀਆਂ ਨੇ ਨਾ ਸਿਰਫ਼ ਸਿਰਜਣਾਤਮਕਤਾ ਨੂੰ ਉਤਸ਼ਾਹਤ ਕੀਤਾ, ਸਗੋਂ ਹੋਲੀ ਹਾਰਟ ਸਕੂਲ ਦੀਆਂ ਉਭਰਦੀਆਂ ਪ੍ਰਤਿਭਾਵਾਂ ਵਿੱਚ ਟੀਮ ਵਰਕ ਤੇ ਸਵੈ ਪ੍ਰਗਟਾਵੇ ਨੂੰ ਵੀ ਉਤਸ਼ਾਹਤ ਕੀਤਾ।



## ਇੱਕ ਸ਼ਾਮ ਪੀਰ ਬਾਬਾ ਦੇ ਨਾਮ ਸਮਾਗਮ ਅੱਜ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਗਿਆਨ ਸਾਗਰ ਪੀਰ ਮੰਦਰ ਚੈਰੀਟੇਬਲ ਟਰੱਸਟ ਭੋਲਾ ਬਾਬਾ ਜੀ ਵਾਲਾ ਪੀਰਖਾਨਾ ਵਿਖੇ ਲੱਖਦਾਤਾ ਲਾਲਾ ਵਾਲੇ ਪੀਰ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਇੱਕ ਸ਼ਾਮ ਪੀਰ ਬਾਬਾ ਜੀ ਦੇ ਨਾਮ ਦਾ ਸਮਾਗਮ ਸਮੂਹ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਾਇਆ ਜਾ ਰਿਹਾ ਹੈ।

ਚੈਰੀਟੇਬਲ ਟਰੱਸਟ ਦੇ ਪ੍ਰਧਾਨ ਜਸਕਰਨ ਬਾਂਸਲ ਉਰਫ਼ ਜੱਸੀ ਬਾਬਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 25 ਅਪ੍ਰੈਲ ਨੂੰ ਪੀਰ ਬਾਬਾ ਜੀ ਦੇ ਜਨਮ ਦਿਨ ਨੂੰ ਸਮਰਪਤ ਸ਼ੁਭ ਦੀਵਾਨ ਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਸ਼ਹਿਰ ਰਾਮਪੁਰਾ ਫੂਲ ਤੋਂ ਇਲਾਵਾ ਆਸ-ਪਾਸ ਦੇ ਪਿੰਡਾਂ ਅਤੇ ਸ਼ਹਿਰਾਂ ਅਤੇ ਬਾਹਰਲੇ ਸੂਬਿਆ ਵਿੱਚੋਂ ਹਜ਼ਾਰਾਂ ਦੇ ਕਰੀਬ ਸੰਗਤ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਪਹੁੰਚਦੀ ਹੈ। ਸੰਗਤਾਂ ਵਿੱਚ ਬਹੁਤ ਉਤਸ਼ਾਹ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀ ਦੀ ਚਾਦਰ ਰਸਮ ਸ਼ਾਮ 5 ਵਜੇ, ਦੀਵਾਨ ਸਜੇਗਾ। ਸ਼ਾਮ 5:30 ਵਜੇ ਬਾਬਾ ਜੀ ਦੇ ਭਗਤਾਂ ਵੱਲੋਂ ਇਸ ਸਥਾਨ ਤੇ ਅਪਣੀ ਸ਼ਰਧਾ ਅਨੁਸਾਰ ਕਈ ਪ੍ਰਕਾਰ ਦੀਆਂ ਸਟਾਲਾਂ ਲਾਈਆਂ ਜਾਂਦੀਆਂ ਹਨ। ਇਸ ਦੀਵਾਨ ਦੌਰਾਨ ਭੰਡਾਰਾ ਬਾਬਾ ਜੀ ਦੀ ਇਛਾ ਅਨੁਸਾਰ ਅਤੁੱਟ ਵਰਤਾਇਆ ਜਾਵੇਗਾ।

## ਜਨਤਾ ਡਾ. ਅਮਰ ਸਿੰਘ ਦੇ ਕੀਤੇ ਕੰਮਾਂ ਦਾ ਮੁੱਲ ਪਾਵੇਗੀ : ਸਨੀ ਦੂਆ

**ਸਮਰਾਲਾ, (ਸੁਰਜੀਤ ਸਿੰਘ)** ਬਲਾਕ ਕਾਂਗਰਸ ਸ਼ਹਿਰੀ ਦੇ ਪ੍ਰਧਾਨ ਕੌਂਸਲਰ ਸਨੀ ਦੂਆ ਨੇ ਕਿਹਾ ਕਿ ਫ਼ਤਿਹਗੜ੍ਹ ਸਾਹਿਬ ਲੋਕ ਸਭਾ ਸੀਟ ਤੋਂ ਕਾਂਗਰਸ ਪਾਰਟੀ ਉਮੀਦਵਾਰ ਡਾਕਟਰ ਅਮਰ ਸਿੰਘ ਨੂੰ ਵੱਡੇ ਫ਼ਰਕ ਨਾਲ ਜੇਤੂ ਬਣਾ ਕੇ ਦੁਬਾਰਾ ਲੋਕ ਸਭਾ 'ਚ ਭੇਜਾਂਗੇ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਮਿਹਨਤੀ ਤੇ ਇਮਾਨਦਾਰ ਆਗੂ ਡਾਕਟਰ ਅਮਰ ਸਿੰਘ ਨੂੰ ਚੋਣ ਮੈਦਾਨ ਚ ਉਤਾਰੇ ਜਾਣ ਤੋਂ ਬਾਅਦ ਵਿਰੋਧੀਆਂ ਨੂੰ ਹੱਥਾਂ ਪੈਰਾਂ ਦੀ ਪੈ ਗਈ ਹੈ, ਕਿਉਂਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਹਰ ਪੰਜਾਬੀ ਦੁਖੀ ਹੋ ਚੁੱਕਾ ਹੈ, ਜਿਸ ਕਰਕੇ ਹੁਣ ਲੋਕ ਕਾਂਗਰਸ ਪਾਰਟੀ ਸਰਕਾਰ ਸਮੇਂ ਵਿਕਾਸ ਕਾਰਜਾਂ ਤੇ ਸੂਬੇ ਦੀ ਤਰੱਕੀ ਨੂੰ ਯਾਦ ਕਰਦੇ ਹੋਏ ਮੁੜ ਕਾਂਗਰਸ ਪਾਰਟੀ ਉਮੀਦਵਾਰਾਂ ਨੂੰ ਵੋਟਾਂ ਪਾਉਣ ਲਈ ਕਾਹਲੇ ਨਜ਼ਰ ਆ ਰਹੇ ਹਨ ਤੇ ਪਿਛਲੀ ਕਾਂਗਰਸ ਦੀ ਮਨਮੋਹਣ ਸਿੰਘ ਦੀ ਸਰਕਾਰ ਵੇਲੇ ਕੀਤੇ ਕੰਮਾਂ ਨੂੰ ਲੋਕ ਅੱਜ ਵੀ ਯਾਦ ਕਰ ਰਹੇ ਹਨ ਸਨੀ ਦੂਆ ਨੇ ਕਿਹਾ ਕਿ ਡਾਕਟਰ ਅਮਰ ਸਿੰਘ ਵੱਲੋਂ ਪਿਛਲੇ ਲੋਕ ਸਭਾ ਮੈਂਬਰ ਦੇ ਕਾਰਜਕਾਲ ਦੌਰਾਨ ਜੋ ਵਿਕਾਸ ਕਾਰਜ ਅਤੇ ਵੱਡੇ ਪ੍ਰੋਜੈਕਟ ਲੋਕ ਸਭਾ ਹਲਕਾ ਫ਼ਤਿਹਗੜ੍ਹ ਸਾਹਿਬ ਦੇ ਵਿੱਚ ਲਿਆਂਦੇ ਹਨ, ਉਨ੍ਹਾਂ ਨੂੰ ਮੁੱਖ ਰੱਖਦੇ ਹੋਏ ਹਲਕੇ ਦੇ ਲੋਕ ਦੂਜੀ ਵਾਰ ਡਾਕਟਰ ਅਮਰ ਸਿੰਘ ਨੂੰ ਵੱਡੇ ਫਰਕ ਨਾਲ ਵੋਟਾਂ ਪਾ ਕੇ ਜਿਤਾਉਣਗੇ।

## ਡੀ ਏ ਵੀ ਕਾਲਜ 'ਚ ਵਿਦਾਇਗੀ ਸਮਾਰੋਹ ਦਾ ਆਯੋਜਨ



**ਮਲੋਟ, (ਗੁਰਮੀਤ ਸਿੰਘ ਮੱਕੜ)** ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਸ਼੍ਰੀ ਸੁਭਾਸ਼ ਗੁਪਤਾ ਦੀ ਅਗਵਾਈ ਹੇਠ ਕਾਲਜ ਦੇ ਯੂਥ ਵੈਲਫੇਅਰ ਵਿਭਾਗ ਤੇ ਈ.ਐਮ.ਏ ਵਿਭਾਗ ਦੇ ਇੰਚਾਰਜ ਡਾ. ਮੁਕਤਾ ਮੁਟਨੇਜਾ ਅਤੇ ਸਹਿ-ਇੰਚਾਰਜ ਮੈਡਮ ਰਿਪੂ ਦੀ ਨਿਗਰਾਨੀ 'ਚ ਸਾਲ ਦੂਜਾ ਦੇ ਵਿਦਿਆਰਥੀਆਂ ਵੱਲੋਂ ਸਾਲ ਤੀਜਾ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਜਿਸ ਵਿੱਚ ਬੀ.ਏ./ ਬੀ.ਐਸ.ਸੀ/ ਬੀ.ਕਾਮ. ਅਤੇ ਪੀ.ਜੀ.ਡੀ.ਸੀ.ਏ ਆਦਿ ਸਾਰੇ ਕੋਰਸਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸਭ ਤੋਂ ਪਹਿਲਾਂ ਜੋਤੀ ਪ੍ਰਜਵਲਨ ਕੀਤਾ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਵਲੋਂ ਸ਼ਬਦ ਗਾਨ ਨਾਲ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਸਮਾਰੋਹ 'ਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਜਿਵੇਂ ਗੀਤ, ਸਕਿੱਟ, ਭੰਗੜਾ, ਗਿੱਧਾ, ਸੋਲੋ ਡਾਂਸ, ਮਾਡਲਿੰਗ ਆਦਿ ਕੀਤੀਆਂ ਗਈਆਂ।

ਡਾ. ਜਸਬੀਰ ਕੌਰ, ਡਾ. ਮੁਕਤਾ ਮੁਟਨੇਜਾ ਤੇ ਪ੍ਰੋਫੈਸਰ ਰਾਮ ਮਨੋਜ ਸ਼ਰਮਾ ਨੇ ਮਾਡਲਿੰਗ ਦੇ ਵੱਖਰੇ-ਵੱਖਰੇ ਪੜਾਵਾਂ ਵਿਚ ਬਤੌਰ ਜੱਜ ਦੀ ਭੂਮਿਕਾ ਨਿਭਾਈ। ਅੰਤ ਵਿਚ ਵਿਦਿਆਰਥੀਆਂ ਵਿਚੋਂ ਮਿਸ. ਡੀ.ਏ.ਵੀ ਦਾ ਖਿਤਾਬ ਹਿਮਾਨੀ ਨੂੰ ਤੇ ਮਿਸਟਰ ਡੀ.ਏ.ਵੀ ਦਾ ਖਿਤਾਬ ਸੁਖਹਰਮਨਦੀਪ ਸਿੰਘ ਨੂੰ ਦਿੱਤਾ ਗਿਆ। ਇਸ ਤੋਂ ਇਲਾਵਾ ਮਿਸ ਡਾਇਨਾਮਿਕ ਸ਼ਬਨਮ ਤੇ ਮਿਸਟਰ ਡਾਇਨਾਮਿਕ ਅਮਨਦੀਪ ਅਤੇ ਮਿਸਟਰ ਹੈਂਡਸਮ ਰਿਆਸ ਅਤੇ ਮਿਸ ਬਿਊਟੀਫੁਲ ਟੀਸ਼ਾ ਨੂੰ ਚੁਣਿਆ ਗਿਆ। ਇਸ ਸਮਾਰੋਹ ਦਾ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਵਲੋਂ ਰੱਜ ਕੇ ਆਨੰਦ ਮਾਣਿਆ ਗਿਆ। ਕਾਲਜ ਦੇ ਪ੍ਰਿੰਸੀਪਲ ਸੁਭਾਸ਼ ਗੁਪਤਾ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹੋਏ ਸਾਲ ਤੀਜਾ ਦੇ ਵਿਦਿਆਰਥੀਆਂ ਨੂੰ ਖੁਸ਼ੀ ਖੁਸ਼ੀ ਵਿਦਾ ਕੀਤਾ।

## ਆਟੋ ਰਿਕਸ਼ਾ ਯੂਨੀਅਨ ਵਾਲਿਆਂ ਨੇ ਫੜਿਆ ਆਪ ਦਾ ਪੱਲਾ



**ਮੱਖੂ (ਰਛਪਾਲ ਸਿੰਘ ਸੰਧੂ)** ਪੰਜਾਬ ਦੇ ਮੁੱਖ ਭਗਵੰਤ ਸਿੰਘ ਮਾਨ ਵੱਲੋਂ ਕਰਾਏ ਜਾ ਰਹੇ ਵਿਕਾਸ ਕਾਰਜਾਂ ਦੀਆਂ ਨੀਤੀਆਂ ਤੇ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਦੀ ਵਿਕਾਸ ਪੱਖੀ ਸੋਚ ਨੂੰ ਦੇਖਦੇ ਹੋਏ ਰੋਜ਼ਾਨਾ ਸੈਂਕੜੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।

ਵਿਧਾਇਕ ਨਰੇਸ਼ ਕਟਾਰੀਆ ਦੇ ਨਿੱਜੀ ਦਫਤਰ ਮਖੂ ਵਿਖੇ ਆਟੋ ਰਿਕਸ਼ਾ ਯੂਨੀਅਨ ਮਖੂ ਦੇ ਪ੍ਰਧਾਨ ਬੀਰਾ ਸਿੰਘ, ਬੱਬੂ, ਲਖਵਿੰਦਰ ਸਿੰਘ, ਰੋਹਿਤ ਗੋਪਾਲ, ਅਮਰੀਕ ਸਿੰਘ, ਕੁਲਦੀਪ ਸਿੰਘ, ਅੰਗਰੇਜ ਸਿੰਘ ਸਦਰਵਾਲਾ, ਕਰਨੈਲ ਸਿੰਘ, ਫਿਲਪਸ, ਲਾਲਾ, ਰੋਹਿਤ, ਜਸਵੰਤ ਸਿੰਘ, ਦਰਸ਼ਨ ਸਿੰਘ ਦੀ ਅਗਵਾਈ ਵਿੱਚ 70 ਦੇ ਕਰੀਬ ਦੇ ਪਰਵਾਰਾਂ ਨੇ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਛੱਡ ਕੇ ਯੂਥ ਆਗੂ ਸ਼ੰਕਰ ਕਟਾਰੀਆ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ।

ਇਸ ਮੌਕੇ ਯੂਥ ਆਗੂ ਸ਼ੰਕਰ ਕਟਾਰੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਂਦਾ ਹੈ।


**ਉੱਤਰ ਰੇਲਵੇ**
**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.26&29-2024-25-ADEN-II-ASR,27&28-2024-25-ADEN-JUC ਤਾਰੀਕ 9.04.2024 ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 13.05.2024 ਸਮਾਂ 15:00 ਵਜੇ ਤਕ www.ireps.gov.in ਤੋਂ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੈਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 19.04.2024 | 29.04.2024 | 13.05.2024 / 15:00 ਵਜੇ |

| ਲ.ਨ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 26-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ ਦੇ ਤਹਿਤ ਆਉਣ ਵਾਲੇ ਅੰਮ੍ਰਿਤਸਰ-ਖੇਮਕਰਨ ਸੈਕਸ਼ਨ ਵਿਚ ਪੱਟੀ ਵਿਚ ਗੁਡਸ ਸ਼ੈਡ ਦਾ ਉਨਯਨ/ਸੁਧਾਰ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 2,41,83,255.50/- | 2,70,900/- | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | |
| 2. | 27-2024-25-ADEN-JUC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਤਹਿਤ ਫਿਲੌਰ-ਲੋਹਿਯਾਖਾਸ ਸੈਕਸ਼ਨ ਮਲਸਿਯਾਂ ਸ਼ਾਹਕੋਟ ਵਿਚ ਗੁਡਸ ਸ਼ੈਡ ਦਾ ਉਨਯਨ/ਸੁਧਾਰ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 4,00,52,007.21/- | 3,50,300/- | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | |
| 3. | 28-2024-25-ADEN-JUC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਤਹਿਤ ਫਿਲੌਰ-ਲੋਹਿਯਾਖਾਸ ਸੈਕਸ਼ਨ ਨਕੋਦਰ ਵਿਚ ਗੁਡਸ ਸ਼ੈਡ ਦਾ ਉਨਯਨ/ਸੁਧਾਰ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 4,42,70,622.77/- | 3,71,400/- | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | |
| 4. | 29-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ/ਅੰਮ੍ਰਿਤਸਰ ਦੇ ਤਹਿਤ ਆਉਣ ਵਿਆਸ-ਤਰਨਤਾਰਨ ਸੈਕਸ਼ਨ ਤੇ ਕੇਵਲ ਕ੍ਰਾਸਿੰਗ ਨੰ. 2 ਅਤੇ ਮਾਨਕ ਡਿਊਟੀ ਹਟ ਦਾ ਪ੍ਰਾਵਧਾਨ ਅਤੇ ਲੇਵਲ ਕ੍ਰਾਸਿੰਗ ਨੰ. 5 ਅਤੇ ਸ਼ੌਚਾਲਯ ਦੀ ਸੁਵਿਧਾ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 53,12,363.09/- | 1,06,300/- | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 1198/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਕਾਂਗਰਸੀ ਉਮੀਦਵਾਰ ਬੀਬੀ ਸਾਹੋਕੇ ਕਰਨਗੇ ਜਿੱਤ ਪ੍ਰਾਪਤ : ਕੇ ਕੇ ਤਿਵਾੜੀ



**ਕੋਟ ਈਸੇ ਖਾਂ (ਅਰੋੜਾ)** ਲੋਕ ਸਭਾ ਹਲਕਾ ਫਰੀਦਕੋਟ ਤੋਂ ਕਾਂਗਰਸ ਪਾਰਟੀ ਵੱਲੋਂ ਮਿਹਨਤੀ, ਪੜ੍ਹੇ ਲਿਖੇ ਅਤੇ ਅਗਾਹਵਧੂ ਸੋਚ ਵਾਲੇ ਬੀਬੀ ਅਮਰਜੀਤ ਕੌਰ ਸਾਹੋਕੇ ਨੂੰ ਟਿਕਟ ਦਿੱਤੇ ਜਾਣ ਤੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ ਤੇ ਬੀਬੀ ਸਾਹੋਕੇ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ।

ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੀਪੀਸੀ ਮੈਂਬਰ ਕ੍ਰਿਸ਼ਨ ਤਿਵਾੜੀ ਅਤੇ ਸੀਨੀ.ਕਾਂਗਰਸੀ ਆਗੂ ਬਲਰਾਮ ਸ਼ਰਮਾ ਨੇ ਪ੍ਰੈਸ ਨਾਲ ਸਾਂਝਾ ਕੀਤਾ। ਆਗੂਆਂ ਨੇ ਬੀਬੀ ਸਾਹੋਕੇ ਨੂੰ ਟਿਕਟ ਦਿੱਤੇ ਜਾਣ ਤੇ ਕੌਮੀ ਕਾਂਗਰਸੀ ਆਗੂ ਰਾਹੁਲ ਗਾਂਧੀ, ਸੋਨੀਆਂ ਗਾਂਧੀ, ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਹਾਂਈਕਮਾਂਡ ਨੇ ਮਿਹਨਤੀ ਤੇ ਸੂਝਬੂਝ ਨਾਲ ਕੰਮ ਕਰਨ ਵਾਲੇ ਉਮੀਦਵਾਰ ਨੂੰ ਟਿਕਟ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਬੀਬੀ ਅਮਰਜੀਤ ਕੌਰ ਸਾਹੋਕੇ ਜ਼ਿਲ੍ਹਾ ਪ੍ਰੀਸ਼ਦ ਮੋਗਾ ਦੇ ਚੇਅਰਮੈਨ ਵੀ ਰਹਿ ਚੁੱਕੇ ਹਨ। ਆਗੂਆਂ ਨੇ ਕਿਹਾ ਕਿ ਲੋਕ ਸਭਾ ਹਲਕਾ ਫਰੀਦਕੋਟ ਤੋਂ ਕਾਂਗਰਸੀ ਪਾਰਟੀ ਦੇ ਸਾਰੇ ਅਹੁਦੇਦਾਰ, ਆਗੂ ਤੇ ਵਰਕਰ ਇੱਕਜੁੱਟ ਹੋ ਕੇ ਬੀਬੀ ਸਾਹੋਕੇ ਨੂੰ ਵੱਡੀ ਲੀਡ ਨਾਲ ਜਿਤਾਉਣਗੇ ਤੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਕਾਂਗਰਸ ਪਾਰਟੀ ਫਿਰ ਤੋਂ ਜਿੱਤ ਦਾ ਝੰਡਾ ਲਹਿਰਾਏਗੀ।

## ਪ੍ਰਸ਼ਾਸਨ ਵੱਲੋਂ ਪੋਲ ਫ਼ੀਸਦੀ ਵਧਾਉਣ ਲਈ ਸੀਨੀਅਰ ਸਿਟੀਜ਼ਨ ਮਿਲਣੀ ਪ੍ਰੋਗਰਾਮ



**ਮੋਗਾ, (ਇਕਬਾਲ ਸਿੰਘ ਖਹਿਰਾ)** ਇਸ ਵਾਰ ਲੋਕ ਸਭਾ ਚੋਣਾਂ ਦੌਰਾਨ ਵੋਟ ਫ਼ੀਸਦੀ ਵਧਾਉਣ ਲਈ ਮੋਗਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਵਰਗ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਵੋਟ ਪਾਉਣ ਲਈ ਅਪੀਲ ਕੀਤੀ ਜਾ ਰਹੀ ਹੈ। ਇਨ੍ਹਾਂ ਯਤਨਾਂ ਦੀ ਲਗਾਤਾਰਤਾ ਵਿੱਚ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਤੇ ਸਹਾਇਕ ਕਮਿਸ਼ਨਰ (ਜ)-ਕਮ-ਸਵੀਪ ਨੋਡਲ ਅਫ਼ਸਰ ਸ਼ੁਭੀ ਆਂਗਰਾ ਵੱਲੋਂ ਜ਼ਿਲ੍ਹਾ ਮੋਗਾ ਦੇ ਸਮੂਹ ਸੀਨੀਅਰ ਸਿਟੀਜ਼ਨਾਂ ਨਾਲ 'ਸੀਨੀਅਰ ਸਿਟੀਜ਼ਨ ਮਿਲਣੀ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜ਼ਨ ਸਮਾਜ ਦੇ ਇੱਕ ਵੱਡੇ ਤੇ ਬੁੱਧੀਜੀਵੀ ਵਰਗ ਵਿੱਚ ਆਉਂਦੇ ਹਨ। ਜੇਕਰ ਇਨ੍ਹਾਂ ਦਾ ਸਾਥ ਜ਼ਿਲ੍ਹਾ ਪ੍ਰਸ਼ਾਸਨ ਨੂੰ ਮਿਲੇ ਤਾਂ ਵੋਟ ਫ਼ੀਸਦੀ ਵਿੱਚ ਵੱਡਾ ਵਾਧਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਬਜ਼ੁਰਗ ਆਪਣੇ ਪਰਿਵਾਰ ਦੀਆਂ ਸਾਰੀਆਂ ਯੋਗ ਵੋਟਾਂ ਦੇ ਸਹੀ ਇਸਤੇਮਾਲ ਲਈ ਪ੍ਰਸ਼ਾਸਨ ਦਾ ਸਾਥ ਦੇਣ। ਚੋਣ ਕਮਿਸ਼ਨ ਬਜ਼ੁਰਗ ਵੋਟਰਾਂ ਲਈ ਉਹ ਸਾਰੀਆਂ ਸਹੂਲਤਾਂ ਪੋਲਿੰਗ ਬੂਥਾਂ ਉੱਪਰ ਮੁਹੱਈਆ ਕਰਾਏਗਾ, ਜਿਸ ਨਾਲ ਉਹ ਆਪਣੀ ਵੋਟ ਦਾ ਇਸਤੇਮਾਲ ਬੜੀ ਹੀ ਆਸਾਨੀ ਨਾਲ ਕਰ ਸਕਣਗੇ।

ਉਨ੍ਹਾਂ ਕਿਹਾ ਕਿ ਬਜ਼ੁਰਗ ਵੋਟਰਾਂ ਲਈ ਪਿੱਕ ਐਂਡ ਡਰਾਪ ਅਤੇ ਵੀਲ੍ਹ ਚੇਅਰ ਦੀ ਸਹੂਲਤ ਵੀ ਮੁਹੱਈਆ ਕਰਾਈ ਜਾਵੇਗੀ।

ਇਸ ਮੌਕੇ ਸੀਨੀਅਰ ਸਿਟੀਜ਼ਨ ਵੋਟਰਾਂ ਲਈ ਇੱਕ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਦਾ ਆਯੋਜਨ ਵੀ ਕੀਤਾ ਗਿਆ, ਜਿਸਦਾ ਬਜ਼ੁਰਗ ਵੋਟਰਾਂ ਵੱਲੋਂ ਭਰਪੂਰ ਲਾਹਾ ਲਿਆ ਗਿਆ।

ਕੁਲਵੰਤ ਸਿੰਘ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨਾਂ, ਮਹਿਲਾ ਵੋਟਰਾਂ ਤੇ ਦਿਵਿਆਂਗ ਵੋਟਰਾਂ ਲਈ ਪੋਲਿੰਗ ਬੂਥਾਂ ਉੱਪਰ ਪ੍ਰਭਾਵਸ਼ਾਲੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਠੰਡੇ ਮਿੱਠੇ ਪਾਣੀ ਦੀਆਂ ਛਬੀਲਾਂ, ਸ਼ਾਮਿਆਨੇ, ਮੈਡੀਕਲ ਸਹੂਲਤਾਂ ਨਾਲ ਲੈਸ ਪੋਲਿੰਗ ਬੂਥ ਇਸ ਵਾਰ ਵੋਟਰਾਂ ਲਈ ਖਿੱਚ ਦਾ ਕੇਂਦਰ ਬਣਨਗੇ।

## ਪੁਲਸ ਦੀ ਨਸ਼ਿਆਂ ਖਿਲਾਫ਼ ਕਾਰਵਾਈ, ਅਫ਼ੀਮ ਸਮੇਤ ਤਸਕਰ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਸੀ.ਆਈ.ਏ. ਸਟਾਫ਼ ਫ਼ਿਰੋਜ਼ਪੁਰ ਦੀ ਪੁਲਿਸ ਨੇ ਸਬ-ਇੰਸਪੈਕਟਰ ਚਰਨਜੀਤ ਸਿੰਘ ਦੀ ਅਗਵਾਈ 'ਚ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਮੋਟਰਸਾਈਕਲ 'ਤੇ ਆ ਰਹੇ ਇਕ ਕਥਿਤ ਨਸ਼ਾ ਤਸਕਰ ਨੂੰ ਇਕ ਕਿੱਲੋ ਅਫ਼ੀਮ ਸਮੇਤ ਕਾਬੂ ਕੀਤਾ। ਐਸ.ਪੀ ਇਨਵੈਸਟੀਗੇਸ਼ਨ ਫ਼ਿਰੋਜ਼ਪੁਰ ਰਣਧੀਰ ਕੁਮਾਰ ਨੇ ਦੱਸਿਆ ਕਿ ਐਸ.ਐਸ.ਪੀ. ਫ਼ਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਨਸ਼ਾ ਤਸਕਰਾਂ ਵਿਰੁੱਧ ਸ਼ਿਕੰਜਾ ਕੱਸਦੇ ਹੋਏ ਡੀ.ਐਸ.ਪੀ. ਬਲਕਾਰ ਸਿੰਘ ਤੇ ਸੀ.ਆਈ.ਏ. ਇੰਚਾਰਜ ਇੰਸਪੈਕਟਰ ਪ੍ਰਭਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਬ-ਇੰਸਪੈਕਟਰ ਚਰਨਜੀਤ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਫ਼ਿਰੋਜ਼ਪੁਰ ਦੀ ਪੁਲਿਸ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਦੇ ਹੋਏ ਪਿੰਡ ਉਸਮਾਨ ਵਾਲਾ ਦੇ ਪੁਲ ਨੇੜੇ ਪੁੱਜੀ ਤਾਂ ਪੁਲਸ ਪਾਰਟੀ ਨੇ ਇੱਕ ਪੰਜਾਬ ਨੰਬਰ ਸੀਟੀ 100 ਮੋਟਰਸਾਈਕਲ 'ਤੇ ਇੱਕ ਸ਼ੱਕੀ ਵਿਅਕਤੀ ਨੂੰ ਆਉਂਦਾ ਦੇਖਿਆ, ਜੋ ਪੁਲਸ ਨੂੰ ਦੇਖ ਕੇ ਘਬਰਾ ਗਿਆ ਅਤੇ ਮੋਟਰਸਾਈਕਲ ਨੂੰ ਪਿੱਛੇ ਹਟ ਗਿਆ।ਜਦੋਂ ਉਸ ਨੂੰ ਕਾਬੂ ਕਰਕੇ ਸ਼ੱਕ ਦੇ ਆਧਾਰ 'ਤੇ ਪੁੱਛਗਿੱਛ ਕੀਤੀ ਗਈ ਤਾਂ ਉਹ ਭੱਜਣ ਲੱਗਾ।ਪੁੱਛਗਿੱਛ ਦੌਰਾਨ ਉਸ ਨੇ ਆਪਣਾ ਨਾਂਅ ਬਲਜੀਤ ਸਿੰਘ ਪੁੱਤਰ ਸੁਖਚੈਨ ਸਿੰਘ ਵਾਸੀ ਪਿੰਡ ਕਾਲੇ, ਹਿਠਾੜ ਦੱਸਿਆ, ਜਿਸ ਕੋਲੋਂ ਤਲਾਸ਼ੀ ਦੌਰਾਨ ਇਕ ਕਿਲੋ ਅਫ਼ੀਮ ਬਰਾਮਦ ਹੋਈ।ਉਸ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀ ਖਿਲਾਫ਼ ਥਾਣਾ ਸਦਰ ਵਿਖੇ ਐੱਨ.ਡੀ.ਪੀ.ਐੱਸ ਆਰਿਫ਼. ਐਕਟ ਤਹਿਤ ਮਾਮਲਾ ਦਰਜ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ।


**ਪੰਜਾਬ ਨੈਸ਼ਨਲ ਬੈਂਕ**
**punjab national bank**
**BO. URBAN ESTATE, PHASE 1, SCO 7-8 JALANDHAR CITY-144022**
**ਸਾਡੀ ਸ਼ਾਖਾ 'ਚ ਲਾਕਰਾਂ ਦੇ ਕਿਰਾਏ ਦੇ ਬਕਾਇਆਂ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਸ਼ਾਖਾ ਦਫਤਰ ਅਰਬਨ ਅਸਟੇਟ, ਫੇਜ਼-1 ਐੱਸ ਸੀ ਓ 7-8, ਜਲੰਧਰ ਸਿਟੀ 144022 ਨੇ ਹੇਠਾਂ ਸਾਰਣੀ 'ਚ ਵਰਣਿਤ ਕੀਤੇ ਲਾਕਰ ਕਿਰਾਏਦਾਰਾਂ ਨੂੰ ਸੁਰੱਖਿਅਤ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਕਿਰਾਏਦਾਰਾਂ ਨੇ 3 ਸਾਲਾਂ ਤੋਂ ਵੱਧ ਸਮੇਂ ਤੋਂ ਲਾਕਰਾਂ ਦੇ ਕਿਰਾਏ ਜਮ੍ਹਾਂ ਨਹੀਂ ਕਰਵਾਏ ਅਤੇ ਹੇਠਾਂ ਲਾਕਰ ਕਿਰਾਏਦਾਰਾਂ ਦਾ ਕਿਰਾਇਆ ਦਿੱਤਾ ਗਿਆ ਹੈ। ਬੈਂਕ ਨੇ ਸੰਬੰਧਤ ਲਾਕਰ ਕਿਰਾਏਦਾਰਾਂ ਨੂੰ ਲਾਕਰਾਂ ਦੀ ਬਕਾਇਆ ਅਦਾਇਗੀ ਲਈ ਤਿੰਨ ਨੋਟਿਸ ਜਾਰੀ ਕੀਤੇ ਹਨ, ਪਰ ਅਜੇ ਤੱਕ ਰੁਪਏ ਜਮ੍ਹਾਂ ਨਹੀਂ ਕਰਵਾਏ ਗਏ।

| ਲੜੀ ਨੰ. | ਲਾਕਰ ਨੰ. | ਨਾਂਅ | ਸ਼ਾਖਾ |
|---|---|---|---|
| 1. | ਏ ਏ 00040 | ਗੁਰਕਮਲ ਸਿੰਘ ਅਤੇ ਜਸਵਿੰਦਰ ਕੌਰ | ਸ਼ਾਖਾ ਦਫਤਰ ਅਰਬਨ ਅਸਟੇਟ, ਫੇਜ਼-1, ਐੱਸ ਸੀ ਓ 7-8, ਜਲੰਧਰ ਸਿਟੀ-144022 |
| 2. | ਏ ਸੀ 00202 | ਰਜਿੰਦਰ ਕੁਮਾਰ ਅਤੇ ਬੰਧਨਾ | ਸ਼ਾਖਾ ਦਫਤਰ ਅਰਬਨ ਅਸਟੇਟ, ਫੇਜ਼-1, ਐੱਸ ਸੀ ਓ 7-8, ਜਲੰਧਰ ਸਿਟੀ-144022 |

ਲਾਕਰ ਕਿਰਾਏਦਾਰਾਂ ਨੂੰ ਇਸ ਕਰਕੇ ਨੋਟਿਸ ਦਿੱਤਾ ਜਾਂਦਾ ਹੈ ਕਿ ਉਪਰੋਕਤ ਵਰਣਿਤ ਲਾਕਰਾਂ ਦੇ ਕਿਰਾਏ ਜੇਕਰ ਬੈਂਕ ਨੂੰ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਜਮ੍ਹਾਂ ਨਹੀਂ ਕਰਾਏ ਜਾਂਦੇ ਤਾਂ ਰੈਂਟ ਡੀਡ ਦੀ ਕਲਾਜ਼ ਨੰ. 9 ਅਨੁਸਾਰ ਬੈਂਕ ਲਾਕਰ 'ਚ ਪਏ ਸਾਮਾਨ ਦੇ ਹਿੱਸੇ ਜਾਂ ਸਾਰੇ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਬੈਂਕ ਆਪਣੇ ਬਕਾਇਆਂ ਦਾ ਭੁਗਤਾਨ ਕਰ ਲਵੇਗਾ ਅਤੇ ਲਾਕਰ ਦੇ ਟੁੱਟਣ, ਖੋਲ੍ਹਣ ਦਾ ਸੰਬੰਧਤ ਲਾਕਰ ਕਿਰਾਏਦਾਰ ਆਪਣੀ ਲਾਗਤ ਤੇ ਖਰਚੇ 'ਤੇ ਖੁਦ ਜ਼ਿੰਮੇਵਾਰ ਹੋਵੇਗਾ। ਬੈਂਕ 'ਚ ਪਏ ਲਾਕਰ 'ਚ ਰਕਮ ਜਾਂ ਸਮਾਨ ਨਾਲ ਲਾਕਰ ਕਿਰਾਏਦਾਰ ਨੂੰ ਬੈਂਕ ਨੂੰ ਆਪਣੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਸੰਤੁਸ਼ਟ ਕਰਨਾ ਹੋਵੇਗਾ। ਜੇਕਰ ਉਕਤ ਵਿਕਰੀ ਦੀ ਕਾਰਵਾਈ ਬੈਂਕ ਦੇ ਬਕਾਇਆਂ ਨੂੰ ਰਿਕਵਰ ਕਰਨ ਲਈ ਬੈਂਕ ਲਈ ਨਾਕਾਫੀ ਹੋਏਗੀ ਤਾਂ ਲਾਕਰ ਕਿਰਾਏਦਾਰ ਇਸ ਕਮੀ ਨੂੰ ਪੂਰਾ ਕਰਨ ਦਾ ਜ਼ਿੰਮੇਵਾਰ ਹੋਵੇਗਾ ।

ਮਿਤੀ : 24-04-2024 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

# ਸਕੂਲ ਵਾਹਨ ਪਾਲਿਸੀ ਤਹਿਤ 8 ਸਕੂਲਾਂ ਦੀਆਂ ਬੱਸਾਂ ਦੀ ਕੀਤੀ ਚੈਕਿੰਗ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੇਫ ਸਕੂਲ ਵਾਹਨ ਸਕੀਮ ਤਹਿਤ ਸਕੂਲੀ ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਲਈ ਚੈਕਿੰਗ ਮੁਹਿੰਮ ਦੌਰਾਨ ਰਿਜਨਲ ਟਰਾਂਸਪੋਰਟ ਅਫਸਰ ਹੁਸ਼ਿਆਰਪੁਰ ਇੰਜ: ਰਵਿੰਦਰ ਸਿੰਘ ਗਿੱਲ ਅਤੇ ਸਹਾਇਕ ਰਿਜਨਲ ਟਰਾਂਸਪੋਰਟ ਅਫਸਰ ਸੰਦੀਪ ਭਾਰਤੀ ਵੱਲੋਂ ਆਪਣੀ ਟੀਮ ਨਾਲ ਮਿਲ ਕੇ ਸਕੂਲਾਂ ਵਿਚ ਬੱਚਿਆਂ ਨੂੰ ਲਿਆਉਣ ਵਾਲੀਆਂ ਬੱਸਾਂ ਦੀ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਮੁਹਿੰਮ ਦੌਰਾਨ ਵੱਖ-ਵੱਖ ਸਥਾਨਾਂ 'ਤੇ ਤਕਰੀਬਨ 8 ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਸੇਫ ਸਕੂਲ ਵਾਹਨ ਪਾਲਸੀ ਤਹਿਤ ਸ਼ਰਤਾਂ ਨਾ ਪੂਰੀਆਂ ਕਰਨ ਵਾਲੇ ਸਕੂਲਾਂ ਦੀਆਂ ਬੱਸਾਂ ਦੇ ਮੋਟਰ ਵਹੀਕਲ ਐਕਟ ਤਹਿਤ 23 ਚਲਾਨ ਕੀਤੇ ਗਏ ਅਤੇ 6 ਸਕੂਲੀ ਵਾਹਨ ਜ਼ਬਤ ਕੀਤੇ ਗਏ।ਇਸ ਦੌਰਾਨ ਸਕੂਲਾਂ ਦੇ ਟਰਾਂਸਪੋਰਟ ਇੰਚਾਰਜਾਂ ਨੂੰ ਅਤੇ ਬੱਸਾਂ ਦੇ ਚਾਲਕਾਂ ਨੂੰ ਪੰਜਾਬ ਸਰਕਾਰ ਵੱਲੋਂ ਆਈਆਂ ਹਦਾਇਤਾਂ ਤੋਂ ਜਾਣੂ ਕਰਵਾਇਆ ਗਿਆ। ਬੱਸਾਂ ਦੇ ਚਾਲਕਾਂ ਨੂੰ ਅਤੇ ਬੱਸਾਂ 'ਤੇ ਡਿਊਟੀ ਕਰ ਰਹੇ ਹੈਲਪਰਾਂ ਨੂੰ ਵਰਦੀ ਪਾਉਣ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ। ਇਸ ਦੇ ਨਾਲ ਹੀ ਇਹ ਸਖ਼ਤ ਹਦਾਇਤ ਕੀਤੀ ਗਈ ਕਿ ਕਿਸੇ ਵੀ ਕਿਸਮ ਦਾ ਨਸ਼ਾ ਕਰਕੇ ਸਕੂਲ ਬੱਸ ਨਾ ਚਲਾਈ ਜਾਵੇ। ਚੈਕਿੰਗ ਮੁਹਿੰਮ ਦੌਰਾਨ ਸਕੂਲ ਪ੍ਰਿੰਸੀਪਲਾਂ ਦੇ ਇਹ ਵੀ ਧਿਆਨ ਵਿਚ ਲਿਆਂਦਾ ਗਿਆ ਕਿ ਸਕੂਲ ਅਥਾਰਟੀਜ਼ ਅਤੇ ਪ੍ਰਿੰਸੀਪਲ ਹੀ ਸੇਫ ਸਕੂਲ ਵਾਹਨ ਸਕੀਮ ਤਹਿਤ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਲਈ ਜ਼ਿੰਮੇਵਾਰ ਹਨ। ਉਹ ਚਾਹੇ ਮਾਪਿਆਂ ਵੱਲੋਂ ਕਿਰਾਏ 'ਤੇ ਲਈ ਗਈ ਗੱਡੀ ਹੋਵੇ ਜਾਂ ਸਕੂਲ ਵੱਲੋਂ ਪ੍ਰਾਈਵੇਟ ਟਰਾਂਸਪੋਰਟਰ ਤੋਂ ਕਿਰਾਏ/ਐਗਰੀਮੈਂਟ 'ਤੇ ਲਈ ਗਈ ਹੋਵੇ ਜਾਂ ਸਕੂਲ ਦੀ ਆਪਣੀ ਬੱਸ ਹੋਵੇ। ਇਸ ਤਰ੍ਹਾਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਮੂਹ ਸਕੂਲ ਪ੍ਰਿੰਸੀਪਲ ਅਤੇ ਪ੍ਰਬੰਧਕ ਕਮੇਟੀਆਂ ਨੂੰ ਇਹ ਹਦਾਇਤ ਕੀਤੀ ਗਈ ਕਿ ਸਕੂਲੀ ਬੱਚਿਆਂ ਦੇ ਆਵਾਜਾਈ ਸਾਧਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾਵੇ ਅਤੇ ਜੇ ਕੋਈ ਸਕੂਲ ਬੱਸ ਸੇਫ ਸਕੂਲ ਵਾਹਨ ਸਕੀਮ ਦੀ ਉਲੰਘਣਾ ਕਰਦੀ ਪਾਈ ਜਾਂਦੀ ਹੈ, ਤਾਂ ਉਸ ਵਿਚ ਬੱਚੇ ਨਾ ਭੇਜੇ ਜਾਣ ਉਸ ਲਈ ਵਾਧੂ ਬੱਸ ਦਾ ਇੰਤਜ਼ਾਮ ਕੀਤਾ ਜਾਵੇ। ਸਕੂਲ ਬੱਸ ਦਾ ਪਰਮਿਟ, ਬੀਮਾ, ਪ੍ਰਦੂਸ਼ਣ ਸਰਟੀਫਿਕੇਟ ਅਤੇ ਫਿਟਨੈੱਸ ਸਰਟੀਫਿਕੇਟ ਜ਼ਰੂਰ ਚੈੱਕ ਕੀਤੇ ਜਾਣ ਅਤੇ ਕਿਸੇ ਵੀ ਦਸਤਾਵੇਜ਼ ਦੀ ਮਿਆਦ ਲੰਘਣ ਦੀ ਹਾਲਤ ਵਿਚ ਉਸ ਬੱਸ ਵਿਚ ਬੱਚੇ ਨਾ ਭੇਜੇ ਜਾਣ।

ਸਕੂਲ ਬੱਸ ਦੇ ਡਰਾਈਵਰ ਅਤੇ ਸਹਾਇਕ ਦੀ ਤਸਦੀਕਸ਼ੁਦਾ ਆਚਰਣ ਪੁਲਸ ਰਿਪੋਰਟ ਲਈ ਜਾਵੇ ਅਤੇ ਜੇਕਰ ਹੋ ਸਕੇ, ਤਾਂ ਸਕੂਲ ਵਿਚ ਐਲਕੋਮੀਟਰ ਰੱਖੇ ਜਾਣ ਅਤੇ ਸਮੇਂ-ਸਮੇਂ ਸਿਰ ਡਰਾਈਵਰਾਂ ਦਾ ਟੈਸਟ ਕੀਤਾ ਜਾਵੇ। ਹਰੇਕ ਸਾਲ ਡਰਾਈਵਰ ਦਾ ਡੋਪ ਟੈਸਟ ਕਰਵਾਉਣਾ ਇਕ ਸੁਰੱਖਿਅਤ ਕਦਮ ਹੋਵੇਗਾ। ਇਸ ਮੁਹਿੰਮ ਦੌਰਾਨ ਸਕੂਲੀ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਖ਼ੁਦ ਵੀ ਆਪਣੇ ਬੱਚਿਆਂ ਦੀ ਆਵਾਜਾਈ ਲਈ ਵਰਤੇ ਜਾਂਦੇ ਸਾਧਨਾਂ/ਬੱਸਾਂ ਦੀ ਖੁਦ ਵੀ ਸਮੇਂ-ਸਮੇਂ ਸਿਰ ਜਾਂਚ ਕਰਨ ਅਤੇ ਜੇ ਕੋਈ ਕਮੀ ਪੇਸ਼ੀ ਨਜ਼ਰ ਆਉਂਦੀ ਹੈ, ਤਾਂ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਲਿਆਉਣ, ਤਾਂ ਜੋ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਯਕੀਨੀ ਬਣਾਈ ਜਾ ਸਕੇ। ਸੇਫ ਸਕੂਲ ਵਾਹਨ ਸਕੀਮ ਤਹਿਤ ਸਕੂਲ ਬੱਸਾਂ ਵਿਚ ਸਪੀਡ ਗਵਰਨਰ ਚਾਲੂ ਹਾਲਤ ਵਿਚ ਹੋਣੇ ਚਾਹੀਦੇ ਹਨ, ਕਈ ਸਕੂਲ ਬੱਸਾਂ ਦੇ ਚਲਾਨ ਸਪੀਡ ਗਵਰਨਰ ਲੱਗਿਆ ਹੋਣ ਦੇ ਬਾਵਜੂਦ ਉਸ ਨਾਲ ਛੇੜ-ਛਾੜ ਕਰਕੇ ਸਪੀਡ ਵਧਾਈ ਹੋਣ ਕਾਰਨ ਵੀ ਕੀਤੇ ਗਏ ਜੋ ਕਿ ਹਾਦਸੇ ਦਾ ਕਾਰਨ ਬਣ ਸਕਦਾ ਹੈ।ਡਿਪਟੀ ਕਮਿਸ਼ਨਰ ਵੱਲੋਂ ਵੀ ਸਕੂਲੀ ਬੱਚਿਆਂ/ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਹੁਸ਼ਿਆਰਪੁਰ (ਸੈਕੰਡਰੀ ਅਤੇ ਐਲੀਮੈਂਟਰੀ) ਨੂੰ ਅਤੇ ਜ਼ਿਲ੍ਹੇ ਦੇ ਸਾਰੇ ਸਬੰਧਤ ਸਬ ਡਵੀਜ਼ਨਲ ਮੈਜਿਸਟ੍ਰੇਟ ਨੂੰ ਸਬ ਡਵੀਜ਼ਨ ਵਿਚ ਪੈਂਦੇ ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਤੋਂ ਅੰਡਰਟੇਕਿੰਗ ਸਰਟੀਫਿਕੇਟ 25 ਅਪ੍ਰੈਲ ਤੋਂ ਪਹਿਲਾਂ ਦਫਤਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਵਿਖੇ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਹੈ, ਜਿਸ ਅੰਡਰਟੇਕਿੰਗ ਸਰਟੀਫਿਕੇਟ ਵਿਚ ਸਕੂਲ ਪ੍ਰਿੰਸੀਪਲ ਇਹ ਸਰਟੀਫਿਕੇਟ ਦੇਣਗੇ ਕਿ ਉਨ੍ਹਾਂ ਦੇ ਸਕੂਲ ਦੇ ਵਿਦਿਆਰਥੀਆਂ ਦੇ ਆਉਣ-ਜਾਣ ਲਈ ਵਰਤੀਆਂ ਜਾਣ ਵਾਲੀਆਂ ਸਕੂਲ ਬੱਸਾਂ ਅਤੇ ਵਾਹਨ, ਸੇਫ ਸਕੂਲ ਵਾਹਨ ਸਕੀਮ ਦੀ ਪੂਰੀ ਤਰ੍ਹਾਂ ਨਾਲ ਪਾਲਣਾ ਕਰਦੇ ਹਨ।

# ਪੀ ਏ ਸੀ ਕਮੇਟੀ 'ਚ ਮੈਂਬਰਾਂ ਦਾ ਸਨਮਾਨ



**ਮੋਹਾਲੀ (ਗੁਰਜੀਤ ਬਿੱਲਾ)** ਰਾਮਗੜ੍ਹੀਆ ਸਭਾ (ਰਜਿ:) ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਦੇ ਪ੍ਰਧਾਨ ਸੂਰਤ ਸਿੰਘ ਕਲਸੀ ਅਤੇ ਪ੍ਰਬੰਧਕ ਕਮੇਟੀ ਮੈਂਬਰਾਂ ਵੱਲੋਂ ਪ੍ਰਦੀਪ ਸਿੰਘ ਭਾਰਜ, ਮਨਜੀਤ ਸਿੰਘ ਮਾਨ, ਕਰਮ ਸਿੰਘ ਬਬਰਾ ਅਤੇ ਗੁਰਚਰਨ ਸਿੰਘ ਨੰਨੜਾ ਦਾ ਸ਼੍ਰੋਮਣੀ ਅਕਾਲੀ ਦਲ ਦੀ ਰਾਜਸੀ ਮਾਮਲਿਆਂ ਬਾਰੇ ਕਮੇਟੀ (ਪੀ.ਏ.ਸੀ.) ਦਾ ਮੈਂਬਰ ਬਣਨ 'ਤੇ ਸਨਮਾਨ ਕੀਤਾ ਗਿਆ ਅਤੇ ਸ. ਸੁਖਬੀਰ ਸਿੰਘ ਬਾਦਲ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸ. ਪਰਵਿੰਦਰ ਸਿੰਘ ਸੋਹਾਣਾ ਦਾ ਰਾਮਗੜ੍ਹੀਆ ਭਾਈਚਾਰੇ ਦੇ ਉਪਰੋਕਤ ਸੱਜਣਾ ਨੂੰ ਮਾਣ ਸਨਮਾਨ ਦੇ ਕੇ ਪੀ.ਏ.ਸੀ. ਕਮੇਟੀ ਦਾ ਮੈਂਬਰ ਬਣਾਉਣ ਅਤੇ ਸ. ਜਸਵੰਤ ਸਿੰਘ ਭੁੱਲਰ ਜੀ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਮੀਤ ਪ੍ਰਧਾਨ ਬਣਾਉਣ ਪ੍ਰਤੀ ਧੰਨਵਾਦ ਕੀਤਾ ਗਿਆ। ਇਸ ਮੌਕੇ ਨਿਰਮਲ ਸਿੰਘ ਸੱਭਰਵਾਲ, ਦੀਦਾਰ ਸਿੰਘ ਕਲਸੀ, ਬਲਵਿੰਦਰ ਸਿੰਘ ਹੂੰਜਣ, ਭੁਪਿੰਦਰ ਸਿੰਘ ਚਾਨ੍ਹੇ, ਜਸਪਾਲ ਸਿੰਘ ਵਿਰਕ, ਸੁਰਿੰਦਰ ਸਿੰਘ ਜੰਡੂ, ਤਰਸੇਮ ਸਿੰਘ ਖੋਖਰ, ਤੇਜਿੰਦਰ ਸਿੰਘ ਸੱਭਰਵਾਲ, ਬਲਵਿੰਦਰ ਸਿੰਘ ਕਲਸੀ, ਕੰਵਰਦੀਪ ਸਿੰਘ ਮਣਕੂ, ਸੁਰਜੀਤ ਸਿੰਘ ਮਠਾੜੂ, ਕੁਲਵਿੰਦਰ ਸਿੰਘ ਸੋਖੀ ਆਦਿ ਹਾਜ਼ਰ ਸਨ।

# ਕਣਕ ਦੇ ਚਾਰ ਖੇਤ ਸੜ ਕੇ ਸੁਆਹ



**ਮਾਹਿਲਪੁਰ (ਸਫ਼ਰੀ)** - ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਮੁੱਗੋਵਾਲ ਵਿਚ ਬਿਜਲੀ ਦੇ ਟ੍ਰਾਂਸਫਾਰਮਰ ਵਿਚੋਂ ਨਿਕਲੇ ਚੰਗਿਆੜਿਆਂ ਨਾਲ ਸੁਕੀ ਕਣਕ ਦੀ ਫਸਲ ਦੇ ਤਕਰੀਬਨ ਚਾਰ ਖੇਤ ਸੜ ਕੇ ਸੁਆਹ ਹੋ ਗਏ। ਪੀੜਤ ਕਿਸਾਨ ਸਰਬਜੀਤ ਸਿੰਘ, ਜਸਵੀਰ ਸਿੰਘ ਅਤੇ ਰਣਵੀਰ ਸਿੰਘ ਸਾਰੇ ਵਾਸੀ ਮੁੱਗੋਵਾਲ ਨੇ ਦੱਸਿਆ ਕਿ ਬਿਜਲੀ ਮਹਿਕਮੇ ਦੀ ਅਣਗਿਹਲੀ ਕਾਰਨ ਬਿਜਲੀ ਦੇ ਟ੍ਰਾਂਸਫਾਰਮਰ ਵਿਚੋਂ ਨਿਕਲੇ ਚੰਗਿਆੜਿਆਂ ਨਾਲ ਸਾਡੀ ਸੁਕੀ ਕੋਈ ਕਣਕ ਸੜ ਕੇ ਸੁਆਹ ਹੋ ਗਈ। ਪਿੰਡ ਵਾਸੀਆਂ ਦੇ ਬੁਲੰਦ ਹੌਸਲੇ ਨਾਲ ਇਕ ਬਹੁਤ ਬੜਾ ਦੁਖਾਂਤ ਹੋਣੋਂ ਟਲ ਗਿਆ। ਕਿਉਂਕਿ ਅੱਸੀ ਨੱਬੇ ਸੁਕੀ ਕਣਕ ਦੇ ਖੇਤ ਨਾਲ ਨਾਲ ਹੀ ਸਨ। ਪਿੰਡ ਵਾਸੀ ਆਪਣੇ ਟਰੈਕਟਰਾਂ ਸਮੇਤ ਖੇਤਾਂ ਵਿਚ ਨਾ ਪਹੁੰਚਦੇ ਤਾਂ ਅੱਗ 'ਤੇ ਕਾਬੂ ਪਾਉਣਾ ਬਹੁਤ ਮੁਸ਼ਕਲ ਸੀ। ਇੱਕ ਹੋਰ ਕਿਸਾਨ ਨੇ ਆਪਣੇ ਖੇਤਾਂ ਵਿਚੋਂ ਬਿਜਲੀ ਦੀਆਂ ਲਟਕਦੀਆਂ ਬਿਜਲੀ ਦੀਆਂ ਤਾਰਾਂ ਵਿਖਾਉਂਦਿਆਂ ਕਿਹਾ ਕਿ ਇਥੇ ਕਦੇ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਜਦੋਂ ਬਿਜਲੀ ਮਹਿਕਮੇ ਦੇ ਐਸ ਡੀ ਓ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਅਸੀਂ ਜਲਦੀ ਹੀ ਆਪਣਾ ਕਰਮਚਾਰੀ ਭੇਜ ਕੇ ਅੱਗ ਲੱਗਣ ਦੇ ਕਾਰਨ ਦਾ ਪਤਾ ਕਰਕੇ ਤੁਹਾਡੇ ਨਾਲ ਗੱਲ ਕਰਾਂਗੇ।

# ਆਬਕਾਰੀ ਵਿਭਾਗ ਵੱਲੋਂ 18000 ਲੀਟਰ ਲਾਹਨ ਬਰਾਮਦ

**ਜਲੰਧਰ (ਸੁਰਿੰਦਰ ਕੁਮਾਰ)** -ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਰੇਂਜ ਵੈਸਟ ਨਵਜੀਤ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਆਬਕਾਰੀ ਵਿਭਾਗ ਵਲੋਂ ਨਜ਼ਾਇਜ਼ ਸ਼ਰਾਬ ਦੇ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਦਰਿਆ ਸਤਲੁਜ ਦੇ ਨਾਲ ਲੱਗਦੇ 15 ਕਿਲੋਮੀਟਰ ਦੇ ਖੇਤਰ ਵਿੱਚ ਬਾਰੀਕੀ ਨਾਲ ਤਲਾਸ਼ੀ ਅਭਿਆਨ ਚਲਾਇਆ ਗਿਆ।ਉਨ੍ਹਾਂ ਦੱਸਿਆ ਕਿ ਉਪ ਕਮਿਸ਼ਨਰ (ਆਬਕਾਰੀ) ਜਲੰਧਰ ਜ਼ੋਨ ਸੁਰਿੰਦਰ ਕੁਮਾਰ ਗਰਗ ਦੀ ਅਗਵਾਈ ਵਿੱਚ ਛਾਪੇਮਾਰੀ ਕੀਤੀ ਗਈ। ਆਬਕਾਰੀ ਅਫ਼ਸਰ ਸੁਨੀਲ ਗੁਪਤਾ ਅਤੇ ਆਬਕਾਰੀ ਨਿਰੀਖਕ ਸਾਹਿਲ ਰੰਗਾ, ਸਰਵਨ ਸਿੰਘ ਢਿੱਲੋਂ ਅਤੇ ਹਰਪ੍ਰੀਤ ਸਿੰਘ ਵਲੋਂ ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡ ਵੇਹਰਾਂ, ਭੋਡੇ, ਗਦਰੇ, ਬੁਰਜ, ਸੰਘੋਵਾਲ ਅਤੇ ਮਾਊ ਸਾਹਿਬ ਆਦਿ ਖੇਤਰਾਂ ਵਿੱਚ ਤਲਾਸ਼ੀ ਅਭਿਆਨ ਚਲਾਕੇ 15 ਤਰਪਾਲਾਂ ਵਿੱਚ ਲਗਭਗ 18000 ਲੀਟਰ ਲਾਹਨ ਫੜੀ ਅਤੇ ਮੌਕੇ 'ਤੇ ਹੀ ਸੁੱਕੇ ਥਾਂ 'ਤੇ ਇਸ ਨੂੰ ਨਸ਼ਟ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਲਾਹਨ ਦਰਿਆ ਦੇ ਪਾਣੀ ਵਿੱਚ ਛੁਪਾ ਕੇ ਰੱਖੀ ਹੋਈ ਸੀ।

## ਮੋਹਾਲੀ ਪ੍ਰਸ਼ਾਸਨ ਦਿਵਿਆਂਗ ਰੈਪੀਡੋ ਦੀਆਂ ਸਵੈ-ਇੱਛੁਕ ਸੇਵਾਵਾਂ ਦਾ ਲਾਭ ਲਵੇਗਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਆਗਾਮੀ ਲੋਕ ਸਭਾ ਚੋਣਾਂ 'ਚ ਮਤਦਾਨ ਪ੍ਰਤੀਸ਼ਤਤਾ ਵਿੱਚ ਵਾਧਾ ਕਰਨ ਲਈ ਆਪਣੇ ਚੱਲ ਰਹੇ ਉਪਰਾਲਿਆਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਮੁਹਾਲੀ ਨੇ ਦਿਵਿਆਂਗ ਅਤੇ ਸੀਨੀਅਰ ਸਿਟੀਜ਼ਨ ਵੋਟਰਾਂ ਦੀ ਮੁਫ਼ਤ ਆਵਾਜਾਈ ਲਈ ਰੈਪੀਡੋ (ਰੋਪਨ ਟ੍ਰਾਂਸਪੋਰਟੇਸ਼ਨ ਸਰਵਿਸਿਜ਼ ਪ੍ਰਾਈਵੇਟ ਲਿਮਟਿਡ) ਦੀਆਂ ਸਵੈ-ਇੱਛੁਕ ਸੇਵਾਵਾਂ ਦਾ ਲਾਭ ਲੈਣ ਦਾ ਨਿਰਣਾ ਲਿਆ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਜੋ ਖੁਦ ਜ਼ਿਲ੍ਹੇ ਵਿੱਚ ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸੀਪੇਸ਼ਨ (ਐਸ ਵੀ ਈ ਈ ਪੀ) ਮੁਹਿੰਮ ਦੀ ਅਗਵਾਈ ਕਰ ਰਹੇ ਹਨ, ਨੇ ਦੱਸਿਆ ਕਿ ਰੈਪੀਡੋ ਨੇ ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਨੂੰ ਪੰਜਾਬ ਵਿੱਚ ਚੋਣਾਂ ਵਾਲੇ ਦਿਨ ਦਿਵਿਆਂਗ ਅਤੇ ਬਜ਼ੁਰਗ ਮਤਦਾਤਾਵਾਂ ਨੂੰ ਚੋਣ ਬੂਥਾਂ ਤੱਕ ਲੈ ਕੇ ਜਾਣ ਅਤੇ ਵਾਪਸ ਲਿਆਉਣ ਲਈ ਮਹਾਰਾਸ਼ਟਰ, ਗੁਜਰਾਤ ਅਤੇ ਝਾਰਖੰਡ ਦੀ ਤਰ੍ਹਾਂ ਆਪਣੀਆਂ ਸੇਵਾਵਾਂ ਦੀ ਪੇਸ਼ਕਸ਼ ਕਰਨ ਲਈ ਸੰਪਰਕ ਕੀਤਾ ਹੈ।ਪੰਜਾਬ ਦੇ ਸੀ.ਈ.ਓ. ਨੇ ਰੈਪੀਡੋ ਦੁਆਰਾ ਪੇਸ਼ ਕੀਤੇ ਪ੍ਰਸਤਾਵ ਨੂੰ ਆਪਣੀ ਸਹਿਮਤੀ ਦੇ ਦਿੱਤੀ ਹੈ ਅਤੇ ਪੰਜ ਜ਼ਿਲ੍ਹਿਆਂ ਨੂੰ ਚੋਣਾਂ ਵਾਲੇ ਦਿਨ ਸੇਵਾਵਾਂ ਦੀ ਵਰਤੋਂ 'ਤੇ ਵਿਚਾਰ ਕਰਨ ਲਈ ਕਿਹਾ ਹੈ।ਡਿਪਟੀ ਕਮਿਸ਼ਨਰ ਜੈਨ ਨੇ ਐਸ.ਏ.ਐਸ.ਨਗਰ (ਮੁਹਾਲੀ) ਜ਼ਿਲ੍ਹੇ ਨੂੰ ਰੈਪੀਡੋ ਦੀ ਪੇਸ਼ਕਸ਼ ਵਾਲੇ ਲਾਭਪਾਤਰੀ ਜ਼ਿਲ੍ਹਿਆਂ ਵਿੱਚੋਂ ਇੱਕ ਮੰਨਣ ਲਈ ਪੰਜਾਬ ਦੇ ਮੁੱਖ ਚੋਣ ਅਫ਼ਸਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਰੈਪੀਡੋ ਵੱਲੋਂ ਦਿੱਤੀਆਂ ਜਾਣ ਵਾਲੀਆਂ ਮੁਫ਼ਤ ਆਵਾਜਾਈ ਸੇਵਾਵਾਂ ਉਨ੍ਹਾਂ ਵੋਟਰਾਂ ਲਈ ਸਹਾਈ ਹੋਣਗੀਆਂ ਜਿਨ੍ਹਾਂ ਨੂੰ ਇਸ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਹਾਇਕ ਰਿਟਰਨਿੰਗ ਅਫਸਰ-ਕਮ-ਐਸ ਡੀ ਐਮਜ਼, ਖੇਤਰੀ ਟਰਾਂਸਪੋਰਟ ਅਫਸਰ ਅਤੇ ਦਿਵਿਆਂਗ ਵੋਟਰਾਂ ਲਈ ਨੋਡਲ ਅਫਸਰ ਨੂੰ ਦਿਵਿਆਂਗ ਅਤੇ ਸੀਨੀਅਰ ਸਿਟੀਜ਼ਨ ਵੋਟਰਾਂ ਲਈ ਸਬੰਧਤ ਪੋਲਿੰਗ ਬੂਥਾਂ ਤੱਕ ਮੁਫ਼ਤ ਰਾਈਡ ਦੀ ਸੁਚੱਜੀ ਵਰਤੋਂ ਲਈ ਰੈਪੀਡੋ ਨਾਲ ਤਾਲਮੇਲ ਕਰਨ ਲਈ ਕਿਹਾ ਗਿਆ ਹੈ।ਪੰਜਾਬ ਦੇ ਹੋਰ ਜ਼ਿਲ੍ਹਿਆਂ ਜਿਨ੍ਹਾਂ ਨੂੰ ਰੈਪੀਡੋ ਦੀ ਪੇਸ਼ਕਸ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਉਨ੍ਹਾਂ ਵਿੱਚ ਪਟਿਆਲਾ, ਜਲੰਧਰ, ਅੰਮ੍ਰਿਤਸਰ ਅਤੇ ਲੁਧਿਆਣਾ ਸ਼ਾਮਲ ਹਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਪ੍ਰਿਆ ਸੂਦ ਨੇ ਚਾਰਜ ਸੰਭਾਲਿਆ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਕੋਰਟ ਕੰਪਲੈਕਸ, ਸ਼ਹੀਦ ਭਗਤ ਸਿੰਘ ਨਗਰ ਵਿਖੇ ਸ੍ਰੀਮਤੀ ਪ੍ਰਿਆ ਸੂਦ ਵੱਲੋ ਬਤੌਰ ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਦਾ ਚਾਰਜ ਸੰਭਾਲਿਆ ਗਿਆ। ਇਸ ਤੋਂ ਪਹਿਲਾ ਉਹ ਬਤੌਰ ਜ਼ਿਲ੍ਹਾ ਅਤੇ ਸੈਸ਼ਨ ਜੱਜ, ਤਰਨ ਤਾਰਨ ਵਿਖੇ ਆਪਣੀਆ ਸੇਵਾਵਾਂ ਨਿਭਾਅ ਚੁੱਕੇ ਹਨ। ਇਹਨਾਂ ਵੱਲੋ ਨਵਾਂਸ਼ਹਿਰ ਵਿਖੇ ਤਾਇਨਾਤ ਸਾਰੇ ਜੁਡੀਸ਼ੀਅਲ ਅਧਿਕਾਰੀਆ ਨਾਲ ਮੀਟਿੰਗ ਕੀਤੀ ਗਈ ਅਤੇ ਨਿਰਦੇਸ਼ ਦਿੱਤੇ ਗਏ ਕਿ ਜਿਆਦਾ ਸਮੇਂ ਤੋਂ ਪਏ ਪੈਡਿੰਗ ਕੇਸਾਂ ਦਾ ਮਾਣਯੋਗ ਅਦਾਲਤਾਂ ਵੱਲੋ ਨਿਪਟਾਰਾ ਜਲਦੀ ਕੀਤਾ ਜਾਵੇ। ਇਹਨਾਂ ਵੱਲੋ ਨਵੀ ਬਣੀ ਕੋਰਟ ਕੰਪਲੈਕਸ ਅਤੇ ਏ.ਡੀ.ਆਰ ਸੈਂਟਰ ਸਹੀਦ ਭਗਤ ਸਿੰਘ ਨਗਰ ਦੀ ਵੀ ਚੈਕਿੰਗ ਕੀਤੀ ਗਈ। ਇਸ ਮੌਕੇ ਚੇਅਰਮੈਨ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਅਸ਼ੋਕ ਕਪੂਰ, ਵਧੀਕ ਜ਼ਿਲ੍ਹਾ ਤੇ ਸ਼ੈਸਨ ਜੱਜ-1 ਕਰੁਨੇਸ਼ ਕੁਮਾਰ, ਸਿਵਲ ਜੱਜ (ਸੀਨੀਅਰ ਡੀਵੀਜ਼ਨ)ਮੈਡਮ ਪਰਮਿੰਦਰ ਕੌਰ, ਸੀ.ਜੇ.ਐਮ -ਕਮ - ਸਕੱਤਰ ਕਮਲਦੀਪ ਸਿੰਘ ਧਾਲੀਵਾਲ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਜਗਬੀਰ ਸਿੰਘ ਮਹਿੰਦੀਰੱਤਾ, ਵਧੀਕ ਸਿਵਲ ਜੱਜ (ਸੀਨੀਅਰ ਡੀਵੀਜਨ) ਕੋਂਪਲ ਧੰਜਲ, ਸਿਵਲ ਜੱਜ (ਜੂਨੀਅਰ ਡੀਵੀਜਨ) ਮੋਨਿਕਾ ਚੌਹਾਨ, ਸਿਵਲ ਜੱਜ (ਜੂਨੀਅਰ ਡੀਵੀਜਨ) ਸਰਵੇਸ਼ ਸਿੰਘ, ਅਤੇ ਸਬ-ਡਵੀਜ਼ਨਲ ਜੁਡੀਸ਼ੀਅਲ ਮੈਜਿਸਟਰੇਟ ਬਲਾਚੌਰ ਸੁਖਵਿੰਦਰ ਸਿੰਘ ਅਤੇ ਸਿਵਲ ਜੱਜ (ਜੂਨੀਅਰ ਡੀਵੀਜਨ) ਸਬ-ਡਵੀਜ਼ਨ, ਬਲਾਚੌਰ ਮਿਸ ਪਪਨੀਤ ਅਤੇ ਪ੍ਰਧਾਨ ਬਾਰ ਐਸੋਸ਼ੀਅਨ ਸ਼ਮਸੇਰ ਸਿੰਘ ਝਿੱਕਾ ਅਤੇ ਸਮੂਹ ਵਕੀਲ ਹਾਜ਼ਰ ਸਨ।

# ਹਲਕਾ ਇੰਚਾਰਜ ਨੇ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡੇ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ ਨੇ ਇੱਥੇ ਕਿਹਾ ਕਿ ਇਸ ਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਖੇਤਰੀਵਾਦ ਨੂੰ ਬਚਾਉਣ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਇਕੱਲੇ ਤੌਰ 'ਤੇ ਚੋਣ ਲੜੀ ਜਾ ਰਹੀ ਹੈ, ਕਿਉਂਕਿ ਕੌਮੀ ਪਾਰਟੀਆਂ ਸੂਬਿਆਂ ਵਿਚ ਸਿੱਧੀ ਦਖਲਅੰਦਾਜ਼ੀ ਕਰਕੇ ਘੱਟ ਗਿਣਤੀਆਂ ਦੇ ਲੋਕਾਂ ਨਾਲ ਧੱਕਾ ਕਰ ਰਹੀਆਂ ਹਨ। ਇਨ੍ਹਾਂ ਵਿਚ ਕੇਂਦਰ ਦੀ ਭਾਜਪਾ ਸਰਕਾਰ ਦੇ ਨਾਲ ਨਾਲ ਆਪ ਅਤੇ ਕਾਂਗਰਸ ਪਾਰਟੀ ਵੀ ਰਲੀ ਹੋਈ ਹੈ। ਇਸ ਤੋਂ ਪਹਿਲਾਂ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ ਨੇ ਇੱਥੇ ਦਫਤਰ ਵਿਚ ਪਾਰਟੀ ਦੇ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੀ ਵੰਡੇ। ਇਸ ਤੋਂ ਬਾਅਦ ਉਹ ਪਾਰਟੀ ਵਰਕਰਾਂ ਨਾਲ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨਤਮਸਤਕ ਹੋਣ ਤੋਂ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਜਿਹੜੀਆਂ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਹਨ, ਉਹ ਹਮੇਸ਼ਾਂ ਹੀ ਪੰਜਾਬ, ਪੰਜਾਬੀਅਤ ਨਾਲ ਧੋਖਾ ਕਰਦੀਆਂ ਹਨ। ਉਨ੍ਹਾਂ ਪਾਰਟੀਆਂ ਨੇ ਕਦੇ ਵੀ ਪੰਜਾਬ ਦੇ ਹਿਤਾਂ ਲਈਂ ਡਟ ਕੇ ਪਹਿਰਾ ਨਹੀਂ ਦਿੱਤਾ ਅਤੇ ਉਨ੍ਹਾਂ ਹਮੇਸ਼ਾਂ ਹੀ ਦਿੱਲੀ ਦੇ ਹੁਕਮਾਂ ਅਨੁਸਾਰ ਪੰਜਾਬ ਵਿਰੋਧੀ ਹੀ ਫੈਸਲੇ ਲਏ ਹਨ, ਚਾਹੇ ਉਹ ਕਿਸਾਨੀ ਦੇ ਮਸਲੇ ਹੋਣ, ਚਾਹੇ ਪੰਜਾਬ ਦੇ ਪਾਣੀਆਂ ਦਾ ਮਸਲਾ ਹੋਵੇ, ਚਾਹੇ ਨਿਰਦੋਸ਼ ਸਿੱਖਾਂ ਨੂੰ ਜੇਲ੍ਹਾਂ ਵਿਚ ਬੰਦ ਕਰਨ ਦਾ ਹੋਵੇ ਜਾਂ ਫਿਰ ਮੁਲਾਜ਼ਮ ਵਰਗ ਦੇ ਉੱਪਰ ਜ਼ੁਲਮ ਕਰਨ ਦਾ ਹੋਵੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਪੰਜਾਬ ਦਾ ਨੌਜਵਾਨ ਪੜ੍ਹ ਲਿਖ ਕੇ ਬੇਰੁਜ਼ਗਾਰ ਹੋ ਕੇ ਘਰ ਬੈਠਣ ਲਈ ਮਜਬੂਰ ਹੈ ਜਾਂ ਵਿਦੇਸ਼ਾਂ ਵਿਚ ਜਾਣ ਲਈਂ ਮਜਬੂਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਆਪ ਦੀ ਸਰਕਾਰ ਲੋਕਾਂ ਨਾਲ ਕਈ ਵਾਅਦੇ ਕਰਕੇ ਸੱਤਾ ਵਿਚ ਆਈ ਹੈ, ਪਰ ਉਕਤ ਸਰਕਾਰ ਵੱਲੋਂ ਵਾਅਦੇ ਤਾਂ ਕੀ ਪੂਰੇ ਕਰਨੇ ਸਨ, ਸਗੋਂ ਸੂਬੇ ਅੰਦਰ ਨਸ਼ਾ, ਬੇਰੁਜ਼ਗਾਰੀ ਅਤੇ ਗੈਂਗਵਾਰ ਹੀ ਵਧਿਆ ਹੈ। ਇਸ ਮੌਕੇ ਐਡਵੋਕੇਟ ਸਿਮਰਨਜੀਤ ਸਿੰਘ ਚੰਦੂਮਾਜਰਾ, ਅਮਨਦੀਪ ਸਿੰਘ ਮਾਂਗਟ, ਬਲਦੇਵ ਸਿੰਘ ਹਾਫਿਜ਼ਾਬਾਦ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਮੋਹਨਜੀਤ ਸਿੰਘ ਕਮਾਲਪੁਰ, ਬਾਈ ਪਰਮਿੰਦਰ ਸਿੰਘ ਸੇਖੋਂ, ਜੁਗਰਾਜ ਸਿੰਘ ਮਾਨਖੇੜੀ, ਜਗਪਾਲ ਸਿੰਘ ਜੌਲੀ, ਅੰਮ੍ਰਿਤਪਾਲ ਸਿੰਘ ਖੱਟੜਾ, ਚੇਅਰਮੈਨ ਅਮਰਜੀਤ ਸਿੰਘ, ਨਰਿੰਦਰ ਸਿੰਘ ਮਾਵੀ ਅਤੇ ਪਾਲ ਸਿੰਘ ਆਦਿ ਹਾਜਰ ਸਨ।

# ਸਰਕਾਰੀ ਹਾਈ ਸਕੂਲ ਪਾਂਸ਼ਟਾ ਦਾ ਨਤੀਜਾ ਸੌ ਫੀਸਦੀ ਰਿਹਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਰਕਾਰੀ ਹਾਈ ਸਕੂਲ ਪਾਂਸ਼ਟਾ ਦਾ 10ਵੀਂ 'ਚ ਪੜ੍ਹਦੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਮੌਕੇ ਸਕੂਲ ਮੁੱਖੀ ਹਰਜੀਤ ਸਿੰਘ ਲੱਕੀ ਨੇ ਕਿਹਾ ਕਿ ਇਹ ਸਾਡੇ ਸਮੂਹ ਸਟਾਫ ਦੀ ਸਖਤ ਮਿਹਨਤ ਤੇ ਬੱਚਿਆਂ ਵੱਲੋਂ ਮਨ ਲਗਾ ਕਿ ਕੀਤੀ ਪੜ੍ਹਾਈ ਦੀ ਬਦੌਲਤ ਹੀ ਹੈ ਕਿ ਸਾਡੇ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗੁਰਵਿੰਦਰ ਕੌਰ ਨੇ 91.53% ਨੰਬਰ ਲੈ ਕੇ ਪਹਿਲਾ ਸਥਾਨ, ਪ੍ਰਭਜੋਤ ਸਿੰਘ ਨੇ 84.61% ਨੰਬਰ ਲੈ ਕੇ ਦੂਸਰਾ ਅਤੇ ਵੰਦਨਾ ਕੁਮਾਰੀ ਨੇ 84% ਨੰਬਰ ਲੈ ਕਿ ਤੀਸਰਾ ਸਥਾਨ ਹਾਸਿਲ ਕੀਤਾ ਹੈ। ਸ਼ਹੀਦ ਬਾਬਾ ਮੱਤੀ ਸਭਾ ਦੇ ਪ੍ਰਧਾਨ ਭਾਈ ਜਰਨੈਲ ਸਿੰਘ ਨਡਾਲੋਂ ਨੇ ਆਪਣੀ ਸਭਾ ਵੱਲੋਂ ਉਕਤ ਨਤੀਜ਼ੇ ਲਈ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਜੇ ਇਸ ਸਕੂਲ ਵਰਗਾ ਮਿਹਨਤੀ ਸਟਾਫ ਹੋਵੇ ਤਾਂ ਸਿੱਖਿਆ ਮਿਆਰ ਬੁਲੰਦੀਆਂ ਨੂੰ ਛੂਹ ਸਕਦਾ ਹੈ। ਇਸ ਮੌਕੇ ਦਲਵਿੰਦਰ ਸਿੰਘ ਯੂ. ਕੇ., ਮੈਡਮ ਸਰਬਜੀਤ ਕੌਰ, ਸੁਰਜਿੰਦਰ ਸਿੰਘ ਮੈਥ ਮਾਸਟਰ, ਮੈਡਮ ਗੀਟਾ ਰਾਣੀ, ਅਧਿਆਪਕ ਇੰਦਰਜੀਤ ਸਿੰਘ, ਅਨਿਲ ਕੁਮਾਰ ਸਾਇੰਸ ਮਾਸਟਰ, ਅਧਿਆਪਕਾ ਸ਼ੋਭਾ ਰਾਣੀ, ਅਧਿਆਪਕਾ ਵੀਰਪਾਲ ਕੌਰ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ ਆਦਿ ਹਾਜ਼ਰ ਸਨ।

# ਵਾਲਮੀਕੀ ਭਾਈਚਾਰਾ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦਰਜ ਕਰਵਾਉਣ ਲਈ ਦੇਵੇਗਾ ਸਾਥ : ਸ਼ੁਭਮ ਸਹੋਤਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਅਕਾਲੀ ਦਲ ਦੇ ਸੀਨੀਅਰ ਆਗੂ ਸ਼ੁਭਮ ਸਹੋਤਾ ਗੜ੍ਹਦੀਵਾਲਾ ਦੇ ਦਫਤਰ ਪਹੁੰਚੇ ਡੇਮੋਕ੍ਰੇਟਿਕ ਪਾਰਟੀ ਆਫ਼ ਇੰਡੀਆ ਅੰਬੇਡਕਰ ਕੌਮੀ ਪ੍ਰਧਾਨ ਰੋਹਨ ਚੱਢਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਬਾਲਮੀਕ ਭਾਈਚਾਰੇ ਵੱਲੋਂ ਪਾਏ ਜਾਣ ਵਾਲੇ ਯੋਗਦਾਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਆਉਣ ਵਾਲੀਆਂ 2024 ਦੇ ਇਲੈਕਸ਼ਨਾਂ ਬਾਰੇ ਰਾਸ਼ਟਰੀ ਪ੍ਰਧਾਨ ਨੇ ਕਿਹਾ ਕਿ ਇਹ ਇਲੈਕਸ਼ਨ ਅਕਾਲੀ ਦਲ ਤੇ ਡੇਮੋਕ੍ਰੇਟਿਕ ਪਾਰਟੀ ਆਫ਼ ਇੰਡੀਆ ਅੰਬੇਡਕਰ ਸਾਂਝੇ ਤੌਰ 'ਤੇ ਸਮਝੌਤੇ ਦੇ ਤਹਿਤ ਲੜ ਰਹੀ ਹੈ।ਇਸ ਇਲੈਕਸ਼ਨ ਵਿੱਚ ਵਾਲਮੀਕ ਭਾਈਚਾਰਾ ਵੱਡੇ ਪੱਧਰ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਸਾਰਿਆਂ ਦੇ ਸਹਿਯੋਗ ਨਾਲ ਕੰਮ ਕਰੇਗਾ। ਉਹਨਾਂ ਨੇ ਕਿਹਾ ਕਿ ਬੀਤੇ ਸਾਲਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀ ਜਦੋਂ ਸਰਕਾਰ ਹੁੰਦੀ ਸੀ ਤਾਂ ਸ਼੍ਰੋਮਣੀ ਅਕਾਲੀ ਦਲ ਦੇ ਪਿਛਲੇ ਕਾਰਜਕਾਲ ਦੌਰਾਨ ਲੋਕਪੱਖੀ ਕਾਰਜ ਕੀਤੇ ਗਏ ਸਨ।ਇਸ ਮੌਕੇ ਸ਼ੁਭਮ ਸਹੋਤਾ ਨੇ ਕਿਹਾ ਕਿ ਇਨ੍ਹਾਂ ਲੋਕ ਸਭਾ ਚੋਣਾਂ ਵਿਚ ਵੀ ਸ਼੍ਰੋਮਣੀ ਅਕਾਲੀ ਦਲ ਦੇ ਐਮ ਪੀ ਉਮੀਦਵਾਰਾਂ ਦੇ ਨਾਂਅ 'ਤੇ ਮੋਹਰ ਲਗਾਈ ਜਾਵੇਗੀ।

ਇਨ੍ਹਾਂ ਚੋਣਾਂ ਵਿੱਚ ਫਤਿਹੇ ਹਾਸਲ ਕਰਵਾਉਣ ਲਈ 13 ਦੀਆਂ 13 ਸੀਟਾਂ ਦੇ ਉੱਤੇ ਹੀ ਵਾਲਮੀਕੀ ਭਾਈਚਾਰਾ ਪੂਰਨ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦਰਜ ਕਰਵਾਉਣ ਲਈ ਤਨਦੇਹੀ ਨਾਲ ਸਾਥ ਦੇਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ਼ੁਭਮ ਸਹੋਤਾ, ਸ਼ੈਂਕੀ ਕਲਿਆਣ, ਬਿੱਟਾ ਸੱਭਰਵਾਲ, ਜਸਪਾਲ ਦਰਾਵੜ, ਅਵੀ, ਮਾਨਵ ਚੌਂਟਾਲਾ ਆਦਿ ਹਾਜ਼ਰ ਸਨ।

## ਜਿਨ੍ਹਾਂ ਨੇ ਰਿਜ਼ਰਵੇਸ਼ਨ ਦਾ ਲਾਭ ਲਿਆ ਉਹ ਅੱਜ ਜੈ ਭੀਮ ਬੋਲਣ ਤੋਂ ਵੀ ਕੰਨੀ ਕਤਰਾਉਂਦੇ : ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਜੁਝਾਰੂ ਅਤੇ ਗਰੀਬਾਂ, ਲਚਾਰਾਂ ਅਤੇ ਲਤਾੜੇ ਹੋਏ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਵਾਲੇ ਫੋਰਸ ਦੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇਕਰ ਅਸੀਂ ਭਾਰਤ ਵਿੱਚ ਆਜ਼ਾਦੀ ਦਾ ਆਨੰਦ ਮਾਣ ਰਹੇ ਹਾ ਤਾਂ ਉਹ ਸੰਵਿਧਾਨ ਦੀ ਬਦੌਲਤ ਹੈ। ਇਹ ਸਾਨੂੰ ਸਭ ਨੂੰ ਦੇਣ ਬਾਬਾ ਸਾਹਿਬ ਦੀ ਹੈ। ਉਨ੍ਹਾਂ ਕਿਹਾ ਕਿ ਪਰ ਬੜੇ ਦੁੱਖ ਦੀ ਗੱਲ ਹੈ ਕਿ ਜਿਨ੍ਹਾਂ ਲੋਕਾਂ ਨੇ ਬਾਬਾ ਸਾਹਿਬ ਦੀ ਰਿਜ਼ਰਵੇਸ਼ਨ ਦਾ ਸਹਾਰਾ ਲੈ ਕੇ ਆਪਣੇ ਆਪ ਨੂੰ ਅੱਗੇ ਵਧਾਇਆ ਹੈ, ਉਹ ਹੁਣ ਜੈ ਭੀਮ ਬੋਲਣ ਤੋਂ ਵੀ ਝਿਜਕਦੇ ਹਨ ਜੋ ਕਿ ਬਹੁਤ ਹੀ ਦੁੱਖ ਦੀ ਗੱਲ ਹੈ। ਉਨ੍ਹਾ ਕਿਹਾ ਕਿ ਹੁਣ ਬਾਬਾ ਸਾਹਿਬ ਨੂੰ ਮੁੱਖ ਰੱਖਦੇ ਹੋਏ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਜਾਤ ਪਾਤ, ਊਚ ਨੀਚ ਨੂੰ ਛੱਡ ਕੇ ਰਲ ਕੇ ਬੈਠਣਾ ਚਾਹੀਦਾ ਹੈ ਅਤੇ ਬਾਬਾ ਸਾਹਿਬ ਦੇ ਦਿੱਤੇ ਸੰਵਿਧਾਨ ਅਨੁਸਾਰ ਆਪਣੇ ਹੱਕਾਂ ਦੀ ਰਾਖੀ ਕਰਨੀ ਚਾਹੀਦਾ ਹੈ ਅਤੇ ਸੰਵਿਧਾਨ ਵਿੱਚ ਦਿੱਤੇ ਹੋਏ ਫਰਜ਼ਾਂ ਨੂੰ ਵੀ ਪਛਾਣਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਵੱਲੋਂ ਵੱਲੋਂ ਦਿੱਤੇ ਸੰਦੇਸ਼ ਪੜ੍ਹੋ, ਜੁੜੋ, ਸੰਘਰਸ਼ ਕਰੋ 'ਤੇ ਪਹਿਰਾ ਦੇਣਾ ਚਾਹੀਦਾ ਹੈ।ਉਨ੍ਹਾ ਅੰਤ ਵਿੱਚ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਇੱਕ ਰਜਿ. ਜਥੇਬੰਦੀ ਹੈ ਅਤੇ ਫੋਰਸ ਵਿੱਚੋਂ ਕੁਝ ਕੱਢੇ ਹੋਏ ਲੋਕ ਅਜੇ ਵੀ ਸ਼ਾਸਨ ਅਤੇ ਪ੍ਰਸ਼ਾਸਨ ਨੂੰ ਬੇਗਮਪੁਰਾ ਟਾਈਗਰ ਫੋਰਸ ਦਾ ਗੈਰ ਸੰਵਿਧਾਨਕ ਤੌਰ 'ਤੇ ਨਾਂ ਲੈ ਕੇ ਧਮਕਾ ਰਹੇ ਹਨ। ਉਨ੍ਹਾ ਕਿਹਾ ਕਿ ਅਸੀਂ ਸ਼ਾਸਨ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਫੋਰਸ ਵਿੱਚੋਂ ਕੱਢੇ ਗਏ ਇਹੋ ਜਿਹੇ ਸ਼ਰਾਰਤੀ ਅਨਸਰਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# 'ਓਡੀਸ਼ਾ ਦੇ ਆਰਕੀਟੈਕਚਰਲ ਸਪਲੈਂਡਰ' ਵਿਸ਼ੇ 'ਤੇ ਚਰਚਾ



**ਜਲੰਧਰ ( ਇਕਬਾਲ ਸਿੰਘ ਉੱਭੀ )** 'ਏਕ ਭਾਰਤ ਸ੍ਰੇਸ਼ਟ ਭਾਰਤ' ਸਿਰਲੇਖ ਵਾਲੇ ਰਾਸ਼ਟਰੀ ਪ੍ਰੋਗਰਾਮ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ, ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਦੇ ਆਈ-ਸੋਸ਼ਲ ਕਲੱਬ ਨੇ 'ਓਡੀਸ਼ਾ ਦੇ ਆਰਕੀਟੈਕਚਰਲ ਸਪਲੈਂਡਰ' ਵਿਸ਼ੇ 'ਤੇ ਇੱਕ ਸਮੂਹ ਚਰਚਾ ਦਾ ਆਯੋਜਨ ਕੀਤਾ। ਮੁਕਾਬਲੇ ਦਾ ਉਦੇਸ਼ ਓਡੀਸ਼ਾ ਦੇ ਆਰਕੀਟੈਕਚਰਲ ਵਿਰਾਸਤ, ਇਸ ਦੀਆਂ ਵਿਲੱਖਣ ਵਿਸ਼ੇਸ਼ਤਾਵਾਂ, ਇਤਿਹਾਸਕ ਸੰਦਰਭ ਅਤੇ ਸੱਭਿਆਚਾਰਕ ਮਹੱਤਤਾ ਸਮੇਤ, ਪ੍ਰਤੀਭਾਗੀਆਂ ਦੀ ਸਮਝ ਨੂੰ ਡੂੰਘਾ ਕਰਨਾ ਸੀ। ਪੁਰੀ ਵਿੱਚ ਜਗਨਨਾਥ ਮੰਦਿਰ, ਭੁਵਨੇਸ਼ਵਰ ਵਿੱਚ ਲਿੰਗਰਾਜਾ ਮੰਦਿਰ ਅਤੇ ਕੋਨਾਰਕ ਸੂਰਜ ਮੰਦਿਰ ਵਰਗੇ ਪ੍ਰਤੀਕ ਮੰਦਰਾਂ ਬਾਰੇ ਵੀ ਚਰਚਾ ਕੀਤੀ ਗਈ, ਉਨ੍ਹਾਂ ਦੀਆਂ ਭਵਨ ਨਿਰਮਾਣ ਸ਼ੈਲੀਆਂ, ਧਾਰਮਿਕ ਮਹੱਤਤਾ ਅਤੇ ਕਲਾਤਮਕ ਤੱਤਾਂ ਦੀ ਪੜਚੋਲ ਕੀਤੀ ਗਈ। ਭਵਿੱਖ ਦੀਆਂ ਪੀੜ੍ਹੀਆਂ ਲਈ ਓਡੀਸ਼ਾ ਦੀ ਆਰਕੀਟੈਕਚਰਲ ਵਿਰਾਸਤ ਦੀ ਸੁਰੱਖਿਆ ਲਈ ਸੰਭਾਲ ਅਤੇ ਸੰਭਾਲ ਦੇ ਯਤਨਾਂ ਦੀ ਮਹੱਤਤਾ ਨੂੰ ਵੀ ਛੋਹਿਆ ਗਿਆ। ਇਸ ਮੌਕੇ ਤੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ-ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਦੇ ਵੱਖ-ਵੱਖ ਪਹਿਲੂਆਂ ਦੀ ਖੋਜ ਕਰਨ ਅਤੇ ਅੰਤਰ-ਸਭਿਆਚਾਰਕ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਲਈ ਕਲੱਬ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਖ਼ੂਨਦਾਨ ਕੈਂਪ 28 ਨੂੰ

**ਨਵਾਂਸ਼ਹਿਰ (ਮਨੋਜ ਲਾਡੀ)**- ਭਾਰਤ ਰਤਨ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਸਮਾਜ ਸੇਵੀ ਸੰਸਥਾ ਅਤੇ ਮੈਡੀਕਲ ਪ੍ਰੈਕਟੀਸ਼ਨਰ ਦੇ ਸਹਿਯੋਗ ਨਾਲ 7ਵਾਂ ਸਵੈ-ਇੱਛੁਕ ਖੂਨਦਾਨ ਕੈਂਪ 28 ਅਪ੍ਰੈਲ ਨੂੰ ਪਿੰਡ ਮਾਹਲੋਂ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਹੋਈ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਮਾਹਲੋਂ ਨੇ ਦੱਸਿਆ ਕਿ ਪਿੰਡ ਦੀ ਸਮਾਜ ਸੇਵੀ ਸੰਸਥਾ ਦੇ ਸਹਿਯੋਗ ਨਾਲ ਲਗਾਏ ਜਾਣ ਵਾਲੇ ਖ਼ੂਨਦਾਨ ਕੈਂਪ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਖ਼ੂਨਦਾਨ ਇਕ ਮਹਾਨ ਦਾਨ ਹੈ, ਜਿਸਨਾਲ ਕਿਸੇ ਲੋੜਵੰਦ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਇਲਾਕੇ ਦੇ ਨੌਜਵਾਨਾਂ ਨੂੰ ਇਸ ਸਮਾਜ ਭਲਾਈ ਦੇ ਕੰਮ 'ਚ ਯੋਗਦਾਨ ਪਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਲੱਡੂ, ਬੌਬੀ, ਤਾਰੀ, ਬੁੱਧ ਰਾ ਸੁਰਿੰਦਰ, ਬਲਵੀਰ ਸਿੰਘ, ਜਗਤਾਰ ਸਿੰਘ, ਹੈਪੀ, ਜਗਜ ਸਿੰਘ ਅਤੇ ਸੁਰਜੀਤ ਸਿੰਘ ਆਦਿ ਹਾਜ਼ਰ ਸਨ।

# ਸਕੂਲ ਦੇ ਵਿਕਾਸ ਲਈ ਦੋ ਲੱਖ ਰੁਪਏ ਦਿੱਤੇ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** - ਐੱਨ ਆਰ ਆਈ ਤਰਸੇਮ ਸਿੰਘ ਚੀਮਾ ਉਰਫ ਸਾਈਮਨ ਚੀਮਾ ਨੇ ਆਪਣੇ ਪੁੱਤਰ ਅਜਮੇਲ ਸਿੰਘ ਚੀਮਾ, ਪਿੰਦਰ ਸਿੰਘ ਚੀਮਾ ਅਤੇ ਪੋਤੇ ਪੋਤੀਆਂ ਨਾਲ ਸੀਨੀਅਰ ਸੈਕੰਡਰੀ ਸਕੂਲ ਚੀਮਾ ਕਲਾਂ ਚੀਮਾ ਖੁਰਦ ਵਿਖੇ ਸ਼ਿਰਕਤ ਕੀਤੀ। ਉਹਨਾਂ ਨੇ ਕੁੱਝ ਪਲ ਬੱਚਿਆਂ ਨਾਲ ਗੁਜਾਰੇ ਅਤੇ ਮਿਹਨਤ ਨਾਲ ਵਿਦਿਆ ਹਾਸਲ ਕਰ ਕੇ ਉੱਚੇ ਅਹੁਦੇ ਪ੍ਰਾਪਤ ਕਰਨ ਲਈ ਪ੍ਰੇਰਿਆ। ਉਹਨਾਂ ਨੇ ਸਕੂਲ ਦੇ ਵਿਕਾਸ ਲਈ ਦੋ ਲੱਖ ਰੁਪਏ ਦਿੱਤੇ। ਉਹਨਾਂ ਨਾਲ ਕੁਲਦੀਪ ਸਿੰਘ ਚੀਮਾ ਅਤੇ ਗੁਰਮੇਲ ਸਿੰਘ ਚੀਮਾ ਹਾਜ਼ਰ ਸਨ।

## ਦੁਕਾਨਦਾਰਾਂ ਨੂੰ ਮਿਆਦ ਪੁੱਗੀਆਂ ਖਾਣ-ਪੀਣ ਵਾਲੀਆਂ ਵਸਤਾਂ ਨਾ ਵੇਚਣ ਦੀ ਹਦਾਇਤ

**ਨਵਾਂਸ਼ਹਿਰ (ਮਨੋਜ ਲਾਡੀ)** ਕਮਿਸ਼ਨਰ ਫੂਡ ਸੇਫਟੀ ਪੰਜਾਬ ਦੇ ਹੁਕਮਾਂ ਅਤੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਹਾਇਕ ਕਮਿਸ਼ਨਰ ਫੂਡ ਸੇਫਟੀ ਸ਼੍ਰੀਮਤੀ ਰਾਖੀ ਵਿਨਾਇਕ ਅਤੇ ਫੂਡ ਸੇਫਟੀ ਅਫਸਰ ਬਿਕਰਮਜੀਤ ਸਿੰਘ ਵਲੋਂ ਜ਼ਿਲ੍ਹੇ ਦੇ ਵੱਖ ਵੱਖ ਫੂਡ ਵਿਕਰੇਤਾਵਾਂ ਜਿਹਨ੍ਹਾਂ ਵਿੱਚ ਹਲਵਾਈ, ਕਰਿਆਨਾ, ਬੇਕਰੀ, ਹੋਟਲ ਅਤੇ ਰੈਂਸਟੋਰੈਂਟ ਸ਼ਾਮਲ ਸੀ, ਨਾਲ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਫੂਡ ਸੇਫਟੀ ਸ਼ਹੀਦ ਭਗਤ ਸਿੰਘ ਨਗਰ ਵਲੋਂ ਹਦਾਇਤ ਕੀਤੀ ਗਈ ਕਿ ਕੋਈ ਵੀ ਦੁਕਾਨਦਾਰ ਮਿਆਦ ਪੁੱਗ ਚੁੱਕੀ ਖਾਣ ਪੀਣ ਵਾਲੀ ਵਸਤੂ ਕਿਸੇ ਗਾਹਕ ਨੂੰ ਨਾ ਵੇਚੇ ਤਾਂ ਕਿ ਲੋਕਾਂ ਨੂੰ ਸਹੀ ਅਤੇ ਗੁਣਵੱਤਾਂ ਵਾਲਾ ਭੋਜਨ ਮੁਹੱਈਆ ਕਰਵਾਇਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਖੁਰਾਕ ਸੁਰੱਖਿਆ ਦੇ ਮਿਆਰ ਨੂੰ ਯਕੀਨੀ ਬਣਾਉਣ ਲਈ ਹਰ ਫੂਡ ਵਿਕਰੇਤਾਵਾਂ ਜਿਵੇਂ ਕਰਿਆਨਾ, ਹਲਵਾਈ, ਰੇਹੜੀ ਫਲ ਵਿਕਰੇਤਾਵਾਂ ਆਦਿ ਨੂੰ ਫੂਡ ਸੇਫਟੀ ਐਕਟ ਅਧੀਨ ਆਪਣਾ ਲਾਇਸੈਂਸ ਅਤੇ ਰਜਿਸਟ੍ਰੇਸ਼ਨ ਕਰਵਾਉਣੀ ਜ਼ਰੂਰੀ ਹੈ ਅਤੇ ਜੇਕਰ ਕੋਈ ਐਕਟ ਦੇ ਨਿਯਮਾਂ ਅਨੁਸਾਰ ਕੰਮ ਨਹੀਂ ਕਰਦਾ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

# ਠੰਡਲ ਨੇ ਗੁਰਦੁਆਰਾ ਸੰਤ ਬਾਬਾ ਨਿਧਾਨ ਸਿੰਘ ਨਤਮਸਤਕ ਹੋ ਕੇ ਕੀਤੀ ਚੋਣ ਮੁਹਿੰਮ ਸ਼ੁਰੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਾਬਕਾ ਕੈਬਨਿਟ ਮੰਤਰੀ ਪੰਜਾਬ ਸੋਹਣ ਸਿੰਘ ਠੰਡਲ ਜੋ ਹੁਸ਼ਿਆਰਪੁਰ ਲੋਕ ਸਭਾ ਸੀਟ ਤੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਉਮੀਦਵਾਰ ਐਲਾਨੇ ਗਏ ਹਨ, ਉਨ੍ਹਾਂ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਨਤਮਸਤਕ ਹੋਣ ਉਪਰੰਤ ਆਪਣੀ ਚੋਣ ਮੁਹਿੰਮ ਦੀ ਆਰੰਭਤਾ ਕੀਤੀ। ਉਨ੍ਹਾਂ ਇੱਥੋਂ ਰਵਾਨਾ ਹੋਣ ਤੋਂ ਪਹਿਲਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਅਹੁਦੇਦਾਰ ਤੇ ਵਰਕਰ ਜਿੱਥੇ ਪੂਰੇ ਪੰਜਾਬ 'ਚ ਆਪਣੇ ਆਪਣੇ ਤੌਰ 'ਤੇ ਆਪਣੇ ਲੋਕ ਸਭਾ ਹਲਕਿਆਂ ਵਿੱਚ ਚੋਣ ਮੁਹਿੰਮ ਵਿੱਚ ਕੁੱਦੇ ਪਏ ਨੇ ਉੱਥੇ ਬਾਕੀ ਪੰਜਾਬ ਵਿਰੋਧੀ ਪਾਰਟੀਆਂ ਤੋਂ ਭਲੀ ਭਾਂਤ ਜਾਣੂ ਹੋ ਚੁੱਕੇ ਵੋਟਰ ਵੀ 1 ਜੂਨ ਦੀ ਬੇਸਬਰੀ ਨਾਲ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਵੋਟ ਪਾਉਣ ਦੀ ਉਡੀਕ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ੀਸ਼ ਸਿਰੋਪਾਓ ਮੁੱਖ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਵੱਲੋਂ ਦਿੱਤਾ ਗਿਆ। ਇਸ ਮੌਕੇ ਜਥੇਦਾਰ ਇਕਬਾਲ ਸਿੰਘ ਖੇੜਾ, ਅਕਾਲੀ ਆਗੂ ਰਵਿੰਦਰ ਸਿੰਘ ਠੰਡਲ, ਬਾਬਾ ਜਰਨੈਲ ਸਿੰਘ ਨਡਾਲੋਂ, ਸਾਬਕਾ ਸਰਪੰਚ ਜਸਬੀਰ ਸਿੰਘ ਭੱਟੀ, ਭਾਈ ਰਣਜੋਧ ਸਿੰਘ ਨਡਾਲੋਂ, ਲਖਵਿੰਦਰ ਸਿੰਘ ਵਿੰਦਾ, ਧਰਮਿੰਦਰ ਸਿੰਘ ਸੋਨੂੰ, ਬਲਵੀਰ ਸਿੰਘ, ਮਨਪ੍ਰੀਤ ਸਿੰਘ ਧਰਦਿਉ, ਸ਼ਮਸ਼ੇਰ ਸਿੰਘ, ਕਿਸ਼ਨ ਸਿੰਘ ਲਾਂਗਰੀ, ਬਾਬਾ ਵਿੰਦਰ ਸਿੰਘ ਆਦਿ ਹਾਜ਼ਰ ਸਨ।

# ਚੋਰੀ ਦੇ ਵਾਹਨਾਂ ਸਮੇਤ ਤਿੰਨ ਕਾਬੂ



**ਜਲੰਧਰ ( ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਇਤਲਾਹ ਮਿਲੀ ਸੀ ਕਿ ਦਿਲਪ੍ਰੀਤ ਸਿੰਘ ਉਰਫ ਅਤੇ ਮਨਿੰਦਰ ਸਿੰਘ ਉਰਫ ਵਿੱਕੀ, ਜੋ ਕਿ ਜੁਰਮਾਂ ਦੇ 'ਚ ਸ਼ਾਮਲ ਹਨ, ਜਲੰਧਰ ਦੇ ਜੇਲ੍ਹ ਚੌਂਕ ਨੇੜੇ ਚੋਰੀ ਦੇ ਮੋਟਰਸਾਈਕਲ 'ਤੇ ਸਵਾਰ ਸੀ। ਉਨ੍ਹਾਂ ਦੱਸਿਆ ਕਿ ਇਸ ਸੂਚਨਾ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਜਾਲ ਵਿਛਾਇਆ ਤਾਂ ਦੋ ਨੌਜਵਾਨਾਂ ਨੂੰ ਮੋਟਰਸਾਈਕਲ ਰਜਿਸਟ੍ਰੇਸ਼ਨ ਨੰਬਰ ਪੀ.ਬੀ.08-ਈਯੂ-5663 ਨਾਲ ਆਉਂਦੇ ਦੇਖਿਆ। ਸਵਪਨ ਸ਼ਰਮਾ ਨੇ ਦੱਸਿਆ ਕਿ ਤਫ਼ਤੀਸ਼ ਦੌਰਾਨ ਨੌਜਵਾਨ ਵਾਹਨ ਦੇ ਮਾਲਕ ਬਾਰੇ ਕੋਈ ਜਾਣਕਾਰੀ ਨਹੀਂ ਦੇ ਸਕੇ ਜਿਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਪੁਲਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਨੌਜਵਾਨਾਂ ਨੇ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਹੈ ਕਿ ਉਨ੍ਹਾਂ ਦਾ ਸਾਥੀ ਬੁੱਧ ਪ੍ਰਕਾਸ਼ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ 386ਬੀ ਮੋਹਨ ਵਿਹਾਰ ਲੱਧੇਵਾਲੀ ਜਲੰਧਰ ਵੀ ਉਨ੍ਹਾਂ ਨਾਲ ਵਾਹਨ ਚੋਰੀ ਕਰਨ ਵਿਚ ਸ਼ਾਮਲ ਸੀ। ਇਸ ਸਬੰਧੀ ਉਨ੍ਹਾਂ ਦੱਸਿਆ ਕਿ ਪੁਲਸ ਨੇ ਬੁੱਧ ਪ੍ਰਕਾਸ਼ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ ਇੱਕ ਐਕਟਿਵਾ ਜਿਸਦਾ ਰਜਿਸਟ੍ਰੇਸ਼ਨ ਨੰਬਰ ਪੀ.ਬੀ.08-ਈ.ਡੀ.-3502 ਸੀ, ਬਰਾਮਦ ਕੀਤਾ, ਜਿਸ 'ਤੇ ਜਾਅਲੀ ਨੰਬਰ ਪਲੇਟ ਲੱਗੀ ਹੋਈ ਸੀ, ਜਿਸ 'ਤੇ ਰਜਿਸਟ੍ਰੇਸ਼ਨ ਨੰਬਰ ਪੀ.ਬੀ.08-ਈਡੀ-3534 ਲਿਖਿਆ ਹੋਇਆ ਸੀ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਮੁਲਜ਼ਮਾਂ ਨੇ ਚੋਰੀ ਦੀਆਂ ਕਈ ਵਾਰਦਾਤਾਂ ਵਿੱਚ ਆਪਣੀ ਸ਼ਮੂਲੀਅਤ ਕਬੂਲ ਕੀਤੀ ਹੈ ਅਤੇ 3-4 ਦਿਨ ਪਹਿਲਾਂ ਹੀ ਜਲੰਧਰ ਦੇ ਲਵਲੀ ਸਵੀਟਸ ਰੋਡ 'ਤੇ ਇੱਕ ਵਿਅਕਤੀ ਤੋਂ ਮੋਟਰਸਾਈਕਲ ਖੋਹਣ ਦੀ ਗੱਲ ਕਬੂਲੀ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਉਨ੍ਹਾਂ ਦੇ ਖਿਲਾਫ ਥਾਣਾ ਡਿਵੀਜ਼ਨ 2 ਜਲੰਧਰ ਵਿਖੇ ਐਫਆਈਆਰ ਨੰਬਰ 34 ਮਿਤੀ 21-04-2024, ਅਧੀਨ 379ਬੀ,34,411 ਆਈਪੀਸੀ ਦਰਜ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮਨਿੰਦਰ ਤੇ ਦਿਲਪ੍ਰੀਤ ਖ਼ਿਲਾਫ਼ ਪਹਿਲਾਂ ਵੀ ਸ਼ਹਿਰ ਦੇ ਵੱਖ-ਵੱਖ ਥਾਣਿਆਂ ਵਿੱਚ ਕੇਸ ਦਰਜ ਹਨ। ਸ੍ਰੀ ਸਵਪਨ ਸ਼ਰਮਾ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਸਨਾਤਨ ਸੰਸਕ੍ਰਿਤੀ ਨੂੰ ਕਿਵੇਂ ਸੰਭਾਲੀਏ ਸਮਾਗਮ ਸੰਬੰਧੀ ਮੀਟਿੰਗ



**ਨਵਾਂਸ਼ਹਿਰ (ਮਨੋਜ ਲਾਡੀ)** ਸਤਾਨਤ ਸੰਸਕ੍ਰਿਤੀ ਨੂੰ ਕਿਵੇ ਸੰਭਾਲੀਏ ਦੇ ਸੰਬੰਧ ਵਿੱਚ ਹੋਣ ਜਾ ਰਹੀ ਧਰਮ ਸੰਸਦ ਸਮਾਗਮ ਦੇ ਸੰਚਾਲਕ ਆਚਾਰਯ ਰਿਸ਼ੀ ਰਾਜ ਜੀ ਮਹਾਰਾਜ ਅਤੇ ਸ਼ਿਵ ਸੈਨਾ ਹਿੰਦ ਦੇ ਰਾਸ਼ਟਰੀ ਚੇਅਰਮੈਨ ਭਾਰਤੀ ਆਂਗਰਾ ਅਤੇ ਵਕੀਲ ਵਿਸ਼ਾਲ ਸ਼ਰਮਾ ਦੀ ਰਹਿਨੁਮਾਈ ਹੇਠ ਮਹਾਰਾਜ ਕੁਟੀਆ ਵਿਖੇ ਬਰਨਾਲਾ ਰੋਡ ਨਵਾਂਸ਼ਹਿਰ ਵਿਖੇ ਬੈਠਕ ਹੋਈ ਉਹਨਾਂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਤੇ ਮਹਾਰਿਸ਼ੀ ਸੰਤ, ਮਹਾਂਮੰਡਲੇਸ਼ਵਰ ਪਹੁੰਚਣਗੇ। ਇਸ ਸਮਾਗਮ ਨੂੰ ਸਵਾਲ ਬਣਾਉਣ ਲਈ ਸਾਰੀਆਂ ਤਿਆਰੀਆਂ ਨੂੰ ਲੈ ਕੇ ਵਿਸਤਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਬੈਠਕ ਮੀਟਿੰਗ ਵਿੱਚ ਡਾ. ਅਸ਼ਵਨੀ ਕੁਮਾਰ ਧੀਰ , ਗੋਪਾਲ ਸ਼ਰਧਾ ਪ੍ਰਧਾਨ ਗਊਸਾਲਾ , ਅੰਕੁਸ਼ ਨਿਝਾਵਨ ਐਸ. ਕੇ .ਟੀ . ਪਲਾਂਟੇਸ਼ਨ ਟੀਮ, ਰਾਸ਼ਟਰੀ ਸਵੰਵਯਮ ਸੇਵਕ ਸੰਘ ਤੋਂ ਨਗਰ ਪ੍ਰਮੁੱਖ ਸੰਦੀਪ ਜੈਨ , ਜਸਪਾਲ ਜੱਸਾ , ਉਮ ਪ੍ਰਕਾਸ਼ ਅਰੋੜਾ, ਕਿਸ਼ੋਰ ਕੁਮਾਰ ਆਦਿ ਹਾਜ਼ਰ ਰਹੇ।

# ਪੰਜਾਬ 'ਚ ਸ਼ੈਲਰ ਸਨਅਤ ਦਾ ਬੁਰਾ ਹਾਲ- ਮਿੱਤਲ



**ਸ਼ਾਹਕੋਟ (ਗਿਆਨ ਸੈਦਪੁਰੀ)** ਲੋਕ ਸਭਾ ਹਲਕਾ ਜਲੰਧਰ ਦੀ ਸੀਟ ਤੋਂ ਚੋਣ ਲੜ ਰਹੇ ਸ਼ੁਸ਼ੀਲ ਕੁਮਾਰ ਰਿੰਕੂ ਇੱਕੋ ਇੱਕ ਅਜਿਹੇ ਉਮੀਦਵਾਰ ਹਨ, ਜੋ ਆਪ ਦੀ ਟਿਕਟ ਨੂੰ ਠੁਕਰਾ ਕੇ ਭਾਜਪਾ ਵਿੱਚ ਸ਼ਾਮਲ ਹੋਏ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਜਲੰਧਰ(ਦਿਹਾਤੀ) ਦੇ ਪ੍ਰਧਾਨ ਅਤੇ ਸ਼ਾਹਕੋਟ ਰਾਈਸ ਮਿਲਰਜ਼ ਐਸੋਸੀਏਸ਼ਨ ਸ਼ਾਹਕੋਟ ਦੇ ਪ੍ਰਧਾਨ ਅਸ਼ਵਨੀ ਕੁਮਾਰ ਮਿੱਤਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਰਿੰਕੂ ਧਰਤੀ ਨਾਲ ਜੁੜੇ ਹੋਏ ਆਗੂ ਹਨ। ਅਜਿਹੇ ਆਗੂਆਂ ਨੇ ਵਿਕਾਸ ਦੇ ਕੰਮ ਕਰਵਾਉਣੇ ਹੁੰਦੇ ਹਨ। 'ਆਪ' ਵਿਕਾਸ ਵਿਰੋਧੀ ਪਾਰਟੀ ਹੋਣ ਕਰਕੇ ਰਿੰਕੂ ਨੇ ਭਾਜਪਾ ਵਿੱਚ ਜਾਣ ਦਾ ਫੈਸਲਾ ਜਲੰਧਰ ਦੇ ਲੋਕਾਂ ਦੀ ਬਿਹਤਰੀ ਲਈ ਕੀਤਾ ਹੈ। ਮਿੱਤਲ ਨੇ ਕਿਹਾ ਕਿ ਆਪ ਦੇ ਰਾਜ ਵਿੱਚ ਪੰਜਾਬ ਦੀ ਹਰ ਤਰਾਂ ਦੀ ਸਨਅਤ ਘਾਟੇ ਵਿੱਚ ਹੈ। ਉਨ੍ਹਾਂ ਉਦਾਹਰਣ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ 600 ਦੇ ਕਰੀਬ ਸ਼ੈਲਰ ਹਨ। ਪੰਜਾਬ ਸਰਕਾਰ ਦੀਆਂ ਸ਼ੈਲਰ ਸਨਅਤ ਵਿਰੋਧੀ ਨੀਤੀਆਂ ਕਾਰਨ ਸਾਰੇ ਸ਼ੈਲਰ ਬੰਦ ਪਏ ਹਨ।ਇਸ ਨਾਲ ਹਜ਼ਾਰਾਂ ਕਾਮੇ ਪ੍ਰਭਾਵਤ ਹੋਏ ਹਨ। ਮਿੱਤਲ ਨੇ ਦਾਅਵਾ ਕੀਤਾ ਕਿ ਇਨ੍ਹਾਂ ਚੋਣਾਂ ਵਿੱਚ ਪੰਜਾਬ ਦੇ ਲੋਕ ਆਪ ਨੂੰ ਸਬਕ ਸਿਖਾਉਣਗੇ।

# ਮੁੱਗੋਵਾਲ ਦੇ ਸੰਘਰਸ਼ ਸਦਕਾ ਹੀ ਦਲਿਤਾਂ ਨੂੰ ਜ਼ਮੀਨ ਖਰੀਦਣ ਦੇ ਹੱਕ ਪ੍ਰਾਪਤ ਹੋਏ : ਗੜ੍ਹੀ



**ਬੰਗਾ (ਅਵਤਾਰ ਕਲੇਰ)** ਭਾਰਤ ਦੀ ਅਜ਼ਾਦੀ ਤੋਂ ਪਹਿਲਾਂ ਅਛੂਤਾਂ ਦਾ ਜੀਵਨ ਗੁਲਾਮਾਂ ਤੋਂ ਵੀ ਭੈੜਾ ਸੀ। ਆਜ਼ਾਦੀ ਤੋਂ ਪਹਿਲਾਂ ਵਿਸ਼ਾਲ ਪੰਜਾਬ ਵਿੱਚ ਦਲਿਤਾਂ (ਅਛੂਤਾਂ) ਨੂੰ ਕੋਈ ਵੀ ਜ਼ਮੀਨ ਖਰੀਦਣ ਦੇ ਹੱਕ ਨਹੀਂ ਸਨ। ਇਥੋਂ ਤੱਕ ਸੀ ਕਿ ਅਛੂਤ ਲੋਕ ਆਪਣੇ ਘਰਾਂ ਦੇ ਮਾਲਕ ਵੀ ਨਹੀਂ ਸਨ।ਉਹ ਰਿਜਤਨਾਮੇ ਵਸਦੇ ਸਨ।ਰਿਜਤਨਾਮੇ ਤੋਂ ਭਾਵ ਇਹ ਸੀ ਕਿ ਉਨ੍ਹਾਂ ਦੇ ਮਕਾਨ ਦੀ ਜੋ ਤਹਿ ਜ਼ਮੀਨ ਸੀ, ਉਹ ਜਿੰਮੀਦਾਰ ਦੀ ਹੁੰਦੀ ਸੀ।ਇਸ ਦੇ ਇਵਜ ਵਜੋਂ ਜਿੰਮੀਦਾਰ ਅਛੂਤਾਂ ਤੋਂ ਮੁਫ਼ਤ ਕੰਮ ਕਰਵਾਇਆ ਕਰਦੇ ਸਨ ਜੋ ਇੱਕ ਵਗਾਰ ਸੀ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਾ. ਅੰਬੇਡਕਰ ਬੁੱਧਿਸਟ ਵੈਲਫੇਅਰ ਟਰੱਸਟ ਬੰਗਾ ਵੱਲੋਂ ਗ਼ਦਰੀ ਬਾਬੇ ਆਦਿ ਧਰਮ ਦੇ ਮੋਢੀ ਤੇ ਸਮਾਜਿਕ ਕ੍ਰਾਂਤੀਕਾਰੀ ਬਾਬੂ ਮੰਗੂ ਰਾਮ ਮੁੱਗੋਵਾਲ ਜੀ ਦੇ ਪ੍ਰੀਨਿਰਵਾਣ ਦਿਵਸ ਮਨਾਉਣ ਮੌਕੇ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾ. ਜਸਵੀਰ ਸਿੰਘ ਗੜ੍ਹੀ ਨੇ ਕੀਤਾ।ਉਨ੍ਹਾਂ ਦੱਸਿਆ ਕਿ ਬਾਬੂ ਮੰਗੂ ਰਾਮ ਮੁੱਗੋਵਾਲ ਜੀ ਨੇ ਦੇਸ਼ ਦੀ ਆਜ਼ਾਦੀ ਲਈ ਗਦਰੀ ਬਾਬਿਆਂ ਸੋਹਨ ਸਿੰਘ ਭਕਨਾ ਤੇ ਲਾਲਾ ਹਰਦਿਆਲ ਦੀ ਸਲਾਹ ਨਾਲ ਉਹ ਕੰਮ ਕੀਤੇ ਜਿਹੜੇ ਬਾ ਮੁਸ਼ਕਲ ਸਨ।ਬਾਬੂ ਮੰਗੂ ਰਾਮ ਮੁੱਗੋਵਾਲ ਜੀ ਨੇ ਡਾ ਅੰਬੇਡਕਰ ਜੀ ਦਾ ਸਮਾਜਿਕ ਅੰਦੋਲਨ ਵਿਚ ਬਹੁਤ ਸਾਥ ਦਿੱਤਾ।ਸਮਾਗਮ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਡਾ. ਸੰਤੋਖ ਲਾਲ ਵਿਰਦੀ ਨੇ ਦੱਸਿਆ ਕਿ ਬਾਬੂ ਮੰਗੂ ਰਾਮ ਮੁੱਗੋਵਾਲ ਨੇ ਪਿੰਡ ਪਿੰਡ ਵਿੱਚ ਜਾ ਕੇ ਆਤਮ ਸਨਮਾਨ ਲਈ ਆਦਿ ਧਰਮ ਅੰਦੋਲਨ ਲਈ ਜਹਾਦ ਖੜਾ ਕਰ ਦਿੱਤਾ ਸੀ ਕਿ ਅਸੀਂ ਤਾਂ ਦੋਹਰੇ ਗੁਲਾਮ ਹਾਂ। ਉਨ੍ਹਾਂ ਗੁਲਾਮੀ ਤੋਂ ਛੁਟਕਾਰੇ ਲਈ ਬਹੁਤ ਸੰਘਰਸ਼ ਕੀਤਾ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਾਨਫਰੰਸਾਂ ਕਰਕੇ ਆਦਿ ਧਰਮ ਮੰਡਲ ਦੀ ਸਥਾਪਨਾ ਕੀਤੀ। ਇਸ ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਡਾ. ਕਸ਼ਮੀਰ ਚੰਦ, ਡਾ ਨਰੰਜਣ ਪਾਲ ਹੀਓਂ ਅਤੇ ਇੰਜੀਨੀਅਰ ਬਾਬੂ ਜੀਤ ਰਾਮ ਸਾਬਕਾ ਸਰਪੰਚ ਗੁਣਾਚੌਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮਿਸ਼ਨਰੀ ਕਲਾਕਾਰ ਹਰਨਾਮ ਦਾਸ ਬਹਿਲਪੁਰੀ ਨੇ ਬਾਬੂ ਮੰਗੂ ਰਾਮ ਮੁੱਗੋਵਾਲ ਜੀ ਦੇ ਜੀਵਨ ਨਾਲ ਸਬੰਧਤ ਪ੍ਰੋਗਰਾਮ ਪੇਸ਼ ਕੀਤਾ।ਸਮਾਗਮ ਵਿੱਚ ਪ੍ਰੋਫੈਸਰ ਸ੍ਰੀਮਤੀ ਬੰਸੋ ਵਿਰਦੀ, ਮਨੋਹਰ ਕਮਾਮ, ਲੇਖਕ ਜਸਵੀਰ ਮੋਰੋਂ, ਪ੍ਰਕਾਸ਼ ਬੈਂਸ, ਧਰਮ ਪਾਲ ਤਲਵੰਡੀ, ਐਡਵੋਕੇਟ ਇੰਦਰਜੀਤ ਕਜਲਾ, ਹਰਜਿੰਦਰ ਲੱਧੜ, ਨਿਰਮਲ ਸੱਲਣ, ਅਮਰ ਹੀਓਂ, ਹਰਮੇਸ਼ ਭਾਰਤੀ , ਸੁਖਦੇਵ ਸਿੰਘ ਬਿੰਜੋ , ਇੰਸਪੈਕਟਰ ਅਮਰਜੀਤ ਸਿੰਘ, ਨਰਿੰਦਰ ਕੁਮਾਰ ਸਾਬਕਾ ਪੰਚ, ਹਰਮੇਸ਼ ਲਾਲ ਬੰਗੜ ਸਾਬਕਾ ਪੰਚ ਆਦਿ ਹਾਜ਼ਰ ਸਨ।

## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਮਾਹਿਲਪੁਰ (ਸਫ਼ਰੀ)** - ਬਲਾਕ ਮਾਹਿਲਪੁਰ ਦੇ ਪਿੰਡ ਬਘੌਰਾ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਜੀ ਦਾ ਜਨਮ ਦਿਨ ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸੰਦੀਪ ਸਿੰਘ ਦੀ ਅਗਵਾਈ ਹੇਠ ਸਮੂਹ ਕਮੇਟੀ ਮੈਂਬਰਾਂ ਅਤੇ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਇਆ। ਜਿਸ ਵਿਚ ਪਿੰਡ ਦੇ ਲੋਕ ਵੱਡੀ ਗਿਣਤੀ ਵਿਚ ਹਾਜ਼ਰ ਹੋਏ। ਸਭ ਤੋਂ ਪਹਿਲਾ ਡਾਕਟਰ ਸਾਹਿਬ ਜੀ ਦੀ ਤਸਵੀਰ ਤੇ ਫੁੱਲਾਂ ਦੇ ਹਾਰ ਪਾਏ ਅਤੇ ਮੋਮਬੱਤੀਆਂ ਜਗਾ ਕੇ ਲੋਕਾਂ ਨੂੰ ਅਤੇ ਆਪਣੇ ਬੱਚਿਆਂ ਨੂੰ ਪੜ੍ਹਾ ਲਿਖਾ ਕੇ ਉਨ੍ਹਾਂ ਦੇ ਭਵਿੱਖ ਨੂੰ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੰਦੀਪ ਸਿੰਘ ਨੇ ਕਿਹਾ ਕਿ ਡਾਕਟਰ ਸਾਹਿਬ ਦੀ ਵਿਚਾਰਧਾਰਾ ਅਪਨਾਉਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਬਾਵਾ ਸਾਹਿਬ ਅੰਬੇਡਕਰ ਜੀ ਦੀ ਔਰਤਾਂ ਨੂੰ ਬਹੁਤ ਵੱਡੀ ਦੇਣ ਹੈ। ਇਸ ਮੌਕੇ ਰਾਵਿੰਦਰ ਸਿੰਘ, ਹਰਬੰਸ ਕੌਰ, ਸਾਹਿਲ ਕੁਮਾਰ, ਮਨਜੀਤ ਸਿੰਘ, ਅਮਰਜੀਤ ਸਿੰਘ, ਸੁਮਨ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।



# ਦੇਸ਼ ਨੂੰ ਲੋਕਤੰਤਰ ਤੋਂ ਤਾਨਾਸ਼ਾਹੀ ਵੱਲ ਧੱਕਿਆ ਜਾ ਰਿਹੈ : ਆਪ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਪੰਜਾਬ ਨੇ 'ਆਪ' ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਜੇਲ੍ਹ ਵਿੱਚ ਨਿਯਮਤ ਸਿਹਤ ਜਾਂਚ ਲਈ ਏਮਜ਼ ਦੇ ਡਾਕਟਰਾਂ ਦਾ ਪੈਨਲ ਬਣਾਉਣ ਦੇ ਹੁਕਮਾਂ ਲਈ ਅਦਾਲਤ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਸਾਜ਼ਿਸ਼ ਤਹਿਤ ਜਾਣਬੁੱਝ ਕੇ ਇੰਸੁਲਿਨ ਨਹੀਂ ਦਿੱਤੀ ਜਾ ਰਹੀ ਸੀ। ਮੰਗਲਵਾਰ ਨੂੰ ਪਾਰਟੀ ਹੈੱਡਕੁਆਟਰ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਅਤੇ ਬੁਲਾਰੇ ਨੀਲ ਗਰਗ ਨੇ ਕਿਹਾ ਕਿ ਅਸੀਂ ਅਦਾਲਤ ਦੇ ਸ਼ੁਕਰਗੁਜ਼ਾਰ ਹਾਂ ਕਿ ਅਦਾਲਤ ਦੇ ਹੁਕਮਾਂ ਸਦਕਾ ਅਰਵਿੰਦ ਕੇਜਰੀਵਾਲ ਨੂੰ ਇੰਸੁਲਿਨ ਦਿੱਤਾ ਗਿਆ।ਨੀਲ ਗਰਗ ਨੇ ਕਿਹਾ ਕਿ ਜਦੋਂ ਤੋਂ ਕੇਂਦਰ ਵਿੱਚ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਦੀ ਸਰਕਾਰ ਬਣੀ ਹੈ, ਦੇਸ਼ ਨੂੰ ਲਗਾਤਾਰ ਲੋਕਤੰਤਰ ਤੋਂ ਤਾਨਾਸ਼ਾਹੀ ਵੱਲ ਧੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਵਿਚ ਇਕੱਲੀ ਪਾਰਟੀ ਪ੍ਰਣਾਲੀ ਲਾਗੂ ਕਰਨਾ ਚਾਹੁੰਦੀ ਹੈ।

ਉਨ੍ਹਾਂ ਕਿਹਾ ਕਿ 'ਆਪ' ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਦੇ ਮਾਮਲੇ 'ਚ ਸੁਪਰੀਮ ਕੋਰਟ ਨੇ ਖੁਦ ਕਿਹਾ ਹੈ ਕਿ ਈਡੀ ਕੋਲ ਉਨ੍ਹਾਂ ਵਿਰੁੱਧ ਕੋਈ ਸਬੂਤ ਨਹੀਂ ਹੈ, ਇਸ ਲਈ ਉਨ੍ਹਾਂ ਨੂੰ ਬਰੀ ਕੀਤਾ ਜਾਂਦਾ ਹੈ। ਸੰਜੇ ਸਿੰਘ ਨੂੰ ਸਿਰਫ ਇਸ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ, ਕਿਉਂਕਿ ਉਨ੍ਹਾਂ ਨੇ ਸੰਸਦ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਡਾਨੀ ਦੇ ਖ਼ਿਲਾਫ਼ ਬੋਲਿਆ ਸੀ।ਉਨ੍ਹਾਂ ਦੋਸ਼ ਲਾਇਆ ਕਿ ਜਾਂਚ ਏਜੰਸੀਆਂ ਪੀ ਐਮ ਓ ਦੇ ਇਸ਼ਾਰੇ 'ਤੇ ਕੰਮ ਕਰ ਰਹੀਆਂ ਹਨ।ਭਾਜਪਾ ਦੇ ਇਸ਼ਾਰੇ 'ਤੇ ਈਡੀ ਨੇ ਅਰਵਿੰਦ ਕੇਜਰੀਵਾਲ ਦਾ ਜਾਅਲੀ ਡਾਈਟ ਚਾਰਟ ਜਾਰੀ ਕੀਤਾ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਦੋਸ਼ ਲਾਇਆ ਕਿ ਉਹ ਖੁਦ ਸੀਸੀਟੀਵੀ ਲਿੰਕ ਰਾਹੀਂ ਜੇਲ੍ਹ ਵਿੱਚ ਅਰਵਿੰਦ ਕੇਜਰੀਵਾਲ ਦੀਆਂ ਗਤੀਵਿਧੀਆਂ ਦੀ ਜਾਂਚ ਕਰ ਰਹੇ ਹਨ। ਇਹ ਬੇਹੱਦ ਗਲਤ ਅਤੇ ਗੈਰ-ਕਾਨੂੰਨੀ ਹੈ।

# ਹਨੂੰਮਾਨ ਜਯੰਤੀ ਮੌਕੇ ਅਜੈਵੀਰ ਸਿੰਘ ਲਾਲਪੁਰਾ ਨੇ ਹਨੂੰਮਾਨ ਮੰਦਰ 'ਚ ਮੱਥਾ ਟੇਕਿਆ



**ਭਲਾਣ (ਹਰਭਜਨ ਢਿੱਲੋਂ)** ਹਨੂੰਮਾਨ ਜਯੰਤੀ ਦੇ ਪਵਿੱਤਰ ਦਿਹਾੜੇ 'ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਹਨੂੰਮਾਨ ਮੰਦਰ ਪਿੰਡ ਨਾਨਗਰਾਂ ਵਿਖੇ ਨਤਮਸਤਕ ਹੋ ਕੇ ਭਗਵਾਨ ਹਨੂੰਮਾਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਲਾਲਪੁਰਾ ਨੇ ਕਿਹਾ ਕਿ ਹਨੂੰਮਾਨ ਜਯੰਤੀ 'ਤੇ ਦੇਸ਼ ਭਰ ਦੇ ਸਾਰੇ ਲੋਕਾਂ ਨੂੰ ਮੇਰੀਆਂ ਸ਼ੁਭਕਾਮਨਾਵਾਂ ਦਿੰਦਾ ਹਾਂ ਪਵਨਪੁਤਰ ਦਾ ਸਮਰਪਣ ਹਮੇਸ਼ਾ ਸਾਰੇ ਰਾਮ ਭਗਤਾਂ ਲਈ ਇੱਕ ਪ੍ਰੇਰਨਾ ਬਣਿਆ ਰਹੇਗਾ।ਇਸ ਮੌਕੇ ਕੰਵਰ ਪੋਸਵਾਲ, ਬਰਿੰਦਰ ਵਿੱਕੀ, ਜੀਵਨ ਕੁਮਾਰ ਸੰਜੂ ਆਦਿ ਸਮੇਤ ਇਲਾਕਾ ਵਾਸੀ ਵੀ ਮੌਜੂਦ ਸਨ।

# ਪੰਜਾਬ ਦੇ ਵਿਰਸੇ ਦੀ ਝਲਕ ਦਰਸਾਉਂਦਾ ਆਦਰਸ਼ ਪੋਲਿੰਗ ਬੂਥ ਬਣਿਆ ਖਿੱਚ ਦਾ ਕੇਂਦਰ



**ਹੁਸ਼ਿਆਰਪੁਰ, : (ਓਮ ਪ੍ਰਕਾਸ਼ ਰਾਣਾ )**-ਜ਼ਿਲ੍ਹੇ 'ਚ 70 ਫੀਸਦੀ ਤੋਂ ਵੱਧ ਵੋਟਾਂ ਦੇ ਟੀਚੇ ਨੂੰ ਧਿਆਨ ਵਿਚ ਰੱਖਦਿਆਂ ਪੋਲਿੰਗ ਬੂਥਾਂ 'ਤੇ ਹਰ ਵਰਗ ਦੇ ਵੋਟਰਾਂ ਨੂੰ ਇਕ ਵਧੀਆ ਮਾਹੌਲ ਦੇਣ ਦੇ ਉਦੇਸ਼ ਨਾਲ ਆਦਰਸ਼ ਪੋਲਿੰਗ ਬੂਥ ਬਣਾਏ ਜਾ ਰਹੇ ਹਨ, ਜਿਥੇ ਵੋਟਿੰਗ ਕਰਨ ਆਏ ਵੋਟਰਾਂ ਨੂੰ ਹਰ ਬੁਨਿਆਦੀ ਸੁਵਿਧਾਵਾਂ ਮਿਲਣਗੀਆਂ। ਇਸੇ ਲੜੀ ਵਿਚ ਵਿਧਾਨ ਸਭਾ ਖੇਤਰ-043 ਹੁਸ਼ਿਆਰਪੁਰ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਰੇਲਵੇ ਮੰਡੀ ਵਿਚ ਆਦਰਸ਼ ਪੋਲਿੰਗ ਬੂਥ ਬਣਾਇਆ ਗਿਆ ਹੈ। ਇਸ ਬੂਥ 'ਤੇ ਵੋਟਰਾਂ ਨੂੰ ਪੰਜਾਬ ਦੀ ਵਿਰਾਸਤ ਦੀ ਝਲਕ ਅਤੇ ਉਤਸਵ ਦਾ ਮਾਹੌਲ ਦਿਖਾਉਂਦੇ ਹੋਏ ਇਕ ਪਿੰਡ ਦਾ ਦ੍ਰਿਸ਼ ਦਿਖਾਉਣ ਦਾ ਯਤਨ ਕੀਤਾ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਅੱਜ ਆਦਰਸ਼ ਪੋਲਿੰਗ ਬੂਥ ਦਾ ਦੌਰਾ ਕਰਨ ਦੌਰਾਨ ਦਿੱਤੀ। ਇਸ ਦੌਰਾਨ ਉਨ੍ਹਾਂ ਨਾਲ ਐਸ.ਐਸ.ਪੀ ਸੁਰੇਂਦਰ ਲਾਂਬਾ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਨੇ ਦੱਸਿਆ ਕਿ 1 ਜੂਨ ਨੂੰ ਵੋਟਾਂ ਵਾਲੇ ਦਿਨ ਹੋਰ ਪੋਲਿੰਗ ਬੂਥਾਂ ਦੇ ਇਲਾਵਾ ਜ਼ਿਲ੍ਹੇ ਵਿਚ ਵੋਟਰਾਂ ਦੀ ਸੁਵਿਧਾ ਲਈ 70 ਆਦਰਸ਼ ਪੋਲਿੰਗ ਬੂਥ ਵੀ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹੇ ਦੇ ਸਾਰੇ ਯੋਗ ਵੋਟਰਾਂ ਨੂੰ 1 ਜੂਨ 2024 ਨੂੰ ਆਪਣੇ ਵੋਟ ਦੇ ਅਧਿਕਾਰ ਦਾ ਪ੍ਰਯੋਗ ਕਰਨ ਲਈ ਪ੍ਰੇਰਿਤ ਕਰ ਰਹੇ ਹਨ, ਜਿਸ ਦੇ ਤਹਿਤ ਇਸ ਆਦਰਸ਼ ਪੋਲਿੰਗ ਬੂਥ ਦਾ ਪ੍ਰਦਰਸ਼ਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਆਦਰਸ਼ ਪੋਲਿੰਗ ਬੂਥ 'ਤੇ ਖਾਣ-ਪੀਣ ਅਤੇ ਬੈਠਣ ਦੇ ਉਚਿਤ ਪ੍ਰਬੰਧ ਦੇ ਨਾਲ-ਨਾਲ ਦਿਵਿਆਂਗ ਅਤੇ ਬਜ਼ੁਰਗ ਵੋਟਰਾਂ ਲਈ ਵੋਟ ਦੇ ਵੱਖਰੇ ਤੌਰ 'ਤੇ ਪ੍ਰਬੰਧ ਕੀਤੇ ਗਏ ਹਨ ਅਤੇ ਬੂਥ 'ਤੇ ਸਹੂਲਤਾਂ ਦੇ ਨਾਲ-ਨਾਲ ਇਸ ਨੂੰ ਸਜਾਇਆ ਵੀ ਗਿਆ ਹੈ। ਆਦਰਸ਼ ਪੋਲਿੰਗ ਬੂਥ ਵਿਚ ਮਹਿਲਾ, ਨੌਜਵਾਨ, ਦਿਵਿਆਂਗ, ਸੀਨੀਅਰ ਸਿਟੀਜ਼ਨ ਅਤੇ ਟ੍ਰਾਂਸਜੈਂਡਰ ਮੈਨੇਜ ਬੂਥ ਅਤੇ ਯੂਨੀਕ ਬੂਥ ਸ਼ਾਮਿਲ ਹੈ। ਇਸ ਆਦਰਸ਼ ਬੂਥ 'ਤੇ ਲੋਕਾਂ ਦੇ ਬੈਠਣ ਦੇ ਲਈ ਵੇਟਿੰਗ ਏਰੀਆ ਬਣਿਆ ਹੈ ਅਤੇ ਵੇਟਿੰਗ ਏਰੀਏ ਵਿਚ ਲੋਕਾਂ ਦੇ ਬੈਠਣ ਦੇ ਲਈ ਕੁਰਸੀਆਂ ਰੱਖੀਆਂ ਗਈਆਂ ਹਨ। ਪਹਿਲੀ ਵਾਰ ਵੋਟ ਪਾਉਣ ਵਾਲਿਆਂ ਦਾ ਪਹਿਲਾ ਅਨੁਭਵ ਯਾਦਗਾਰ ਰਹੇ, ਉਸਦੇ ਵੀ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਨੇ ਦੱਸਿਆ ਕਿ ਆਦਰਸ਼ ਪੋਲਿੰਗ ਬੂਥ ਵਿਚ ਲੋਕਾਂ ਦੀ ਸੁਵਿਧਾ ਲਈ ਹੈਲਪ ਡੈਸਕ ਬਣਾਇਆ ਗਿਆ ਹੈ, ਜਿਥੇ ਵੋਟਰ ਵੋਟ ਪਾਉਣ ਸਬੰਧੀ ਜਾਣਕਾਰੀ ਲੈ ਸਕਦਾ ਹੈ। ਇਸ ਦੇ ਨਾਲ ਹੀ ਪੀ. ਡਬਲਿਊ.ਡੀ ਵੋਟਰ ਹੈਲਪ ਡੈਸਕ ਜਿਸ ਵਿਚ ਪੀ. ਡਬਲਿਊ. ਡੀ ਵੋਟਰਾਂ ਦੀ ਸੁਵਿਧਾ ਲਈ ਵੀਲ੍ਹ ਚੇਅਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਅਤੇ ਉਨ੍ਹਾਂ ਦੀ ਮਦਦ ਲਈ ਐਨ.ਐਸ.ਐਸ ਵਾਲੰਟੀਅਰ ਵੀ ਮੌਜੂਦ ਰਹੇ। ਹਰੇਕ ਵੋਟਰ ਲਈ ਲੱਸੀ ਅਤੇ ਪਾਣੀ ਦੇ ਪ੍ਰਬੰਧ ਦੇ ਨਾਲ-ਨਾਲ ਪਹਿਲਾਂ ਆਉਣ ਵਾਲੇ ਵੋਟਰ ਦਾ ਸਵਾਗਤ ਬੈਂਡ-ਵਾਜਿਆਂ ਦੇ ਨਾਲ ਕੀਤਾ ਗਿਆ ਅਤੇ ਬੈਂਡ-ਵਾਜੇ ਦੇ ਨਾਲ ਹੀ ਉਨ੍ਹਾਂ ਨੂੰ ਪੋਲਿੰਗ ਬੂਥ ਤੱਕ ਲਿਜਾਇਆ ਗਿਆ। ਵੋਟਰਾਂ ਲਈ ਵਿਛਾਇਆ ਗਿਆ ਰੈੱਡ ਕਾਰਪੈਟ ਉਨ੍ਹਾਂ ਦੇ ਜੀਵਨ ਦਾ ਯਾਦਗਾਰ ਪੱਲ ਸੀ। ਇਸ ਦੌਰਾਨ ਪਹਿਲੀ ਵਾਰ ਬਣੇ ਨੌਜਵਾਨ ਵੋਟਰਾਂ ਦਾ ਸਨਮਾਨ ਵੀ ਕੀਤਾ ਗਿਆ। ਪੋਲਿੰਗ ਬੂਥ ਵਿਚ ਵੋਟਰਾਂ ਦੀ ਸੁਰੱਖਿਆ ਅਤੇ ਸਿਹਤ ਨੂੰ ਦੇਖਦਿਆਂ ਪੰਜਾਬ ਪੁਲਸ ਦੀਆਂ ਨਵੀਆਂ ਗੱਡੀਆਂ ਅਤੇ ਸਿਹਤ ਵਿਭਾਗ ਦੀ ਐਂਬੂਲੈਂਸ ਟੀਮ ਮੌਜੂਦ ਸੀ। ਵੋਟਰਾਂ ਲਈ ਸੈਲਫੀ ਪੁਆਇੰਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ ਅਤੇ ਲੋਕ ਗੀਤ, ਗਿੱਧਾ, ਢਾਬਾ, ਖੂਹ ਆਦਿ ਬਣਾ ਕੇ ਪੂਰਾ ਜਸ਼ਨ ਦਾ ਮਾਹੌਲ ਸਿਰਜਿਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ, ਕਮਿਸ਼ਨਰ ਨਗਰ ਨਿਗਮ ਡਾ. ਅਮਨਦੀਪ ਕੌਰ, ਐਸ.ਡੀ.ਐਮ ਪ੍ਰੀਤ ਇੰਦਰ ਸਿੰਘ ਬੈਂਸ, ਸਹਾਇਕ ਕਮਿਸ਼ਨਰ ਦਿਵਿਆ ਪੀ ਤੋਂ ਇਲਾਵਾ ਸਕੂਲ ਦੀ ਪ੍ਰਿੰਸੀਪਲ, ਸਵੀਪ ਟੀਮ ਅਤੇ ਚੋਣ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

# ਸੀਟੀ ਗਰੁੱਪ ਵੱਲੋਂ ਵਿਰਸਾ ਵਿਹਾਰ ਵਿਖੇ ਹੁਨਰ ਕ੍ਰਿਤੀ ਕਲਾ ਪ੍ਰਦਰਸ਼ਨੀ ਦੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**-ਸੀਟੀ ਗਰੁੱਪ ਨੇ ਵਿਰਸਾ ਵਿਹਾਰ ਵਿਖੇ ਆਯੋਜਿਤ ਇੱਕ ਕਲਾ ਪ੍ਰਦਰਸ਼ਨੀ ਹੁਨਰ ਕ੍ਰਿਤੀ ਨੂੰ ਮਾਣ ਨਾਲ ਪੇਸ਼ ਕੀਤਾ, ਸੀਟੀ ਇੰਸਟੀਚਿਊਟ ਆਫ਼ ਹਾਇਰ ਸਟੱਡੀਜ਼ ਅਤੇ ਸੀਟੀ ਇੰਸਟੀਚਿਊਟ ਆਫ਼ ਆਰਕੀਟੈਕਚਰ ਐਂਡ ਪਲੈਨਿੰਗ ਦੇ ਨੌਜਵਾਨ ਕਲਾਕਾਰਾਂ ਦੀ ਜੀਵੰਤ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਦੀ ਹੈ। ਸੀਟੀ ਗਰੁੱਪ ਦੀ ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ ਦੁਆਰਾ ਉਦਘਾਟਨ ਕੀਤਾ ਗਿਆ ਇਹ ਸਮਾਗਮ ਰਚਨਾਤਮਕਤਾ ਅਤੇ ਕਲਾਤਮਕ ਪ੍ਰਗਟਾਵੇ ਦਾ ਜਸ਼ਨ ਹੈ। ।ਵਿਰਸਾ ਵਿਹਾਰ ਵਿਖੇ ਗੈਲਰੀ ਕਲਾਤਮਕ ਊਰਜਾ ਦਾ ਇੱਕ ਹਲਚਲ ਵਾਲਾ ਕੇਂਦਰ ਬਣ ਗਈ ਕਿਉਂਕਿ ਵਿਦਿਆਰਥੀ, ਕਲਾ ਪ੍ਰੇਮੀ, ਅਤੇ ਆਲੋਚਕ ਕਲਾਕਾਰੀ ਦੀਆਂ ਵਿਭਿੰਨ ਸ਼੍ਰੇਣੀਆਂ ਨੂੰ ਦੇਖਣ ਲਈ ਇਕੱਠੇ ਹੋਏ ਸਨ । 34 ਮੰਡਲਾ ਕਲਾ ਦੀ ਗੁੰਝਲਦਾਰ ਸੁੰਦਰਤਾ ਤੋਂ ਲੈ ਕੇ ਸ਼ੀਸ਼ੇ ਦੇ ਕਲਾਕਾਰੀ ਦੇ ਟੁਕੜਿਆਂ ਦੇ ਮਨਮੋਹਕ ਲੁਭਾਉਣ ਤੱਕ, ਧਾਗੇ ਅਤੇ ਨਹੁੰਆਂ ਦੇ ਕੰਮ ਦੀ ਬਾਰੀਕ ਕਾਰੀਗਰੀ ਤੋਂ ਲੈ ਕੇ ਤੇਲ ਪੇਂਟਿੰਗਾਂ ਦੇ ਉਤਸ਼ਾਹੀ ਸਟ੍ਰੋਕ ਤੱਕ, ਪ੍ਰਦਰਸ਼ਨੀ ਨੇ ਹਾਜ਼ਰੀਨ ਲਈ ਇੱਕ ਵਿਜ਼ੂਅਲ ਦਾਵਤ ਦੀ ਪੇਸ਼ਕਸ਼ ਕੀਤੀ।

ਹੁਨਰ ਕ੍ਰਿਤੀ ਨੇ ਉੱਭਰਦੇ ਕਲਾਕਾਰਾਂ ਨੂੰ ਖੇਤਰ ਦੇ ਮਾਣਯੋਗ ਫ੍ਰੀਲਾਂਸਰਾਂ ਦੇ ਕੰਮਾਂ ਦੇ ਨਾਲ-ਨਾਲ ਆਪਣੀ ਪ੍ਰਤਿਭਾ ਪ੍ਰਦਰਸ਼ਿਤ ਕਰਨ ਲਈ ਇੱਕ ਵਿਲੱਖਣ ਪਲੇਟਫਾਰਮ ਪ੍ਰਦਾਨ ਕੀਤਾ। ਵਿਜ਼ਟਰਾਂ ਨਾਲ ਬਹੁਤ ਸਾਰੀਆਂ ਤਕਨੀਕਾਂ ਅਤੇ ਥੀਮਾਂ ਦਾ ਇਲਾਜ ਕੀਤਾ ਗਿਆ, ਜਿਸ ਵਿੱਚ ਸਥਿਰ ਜੀਵਨ, ਪੋਰਟਰੇਟ, ਜੰਗਲੀ ਜੀਵ, ਲੈਂਡਸਕੇਪ ਅਤੇ ਰਚਨਾਵਾਂ ਸ਼ਾਮਲ ਹਨ, ਹਰ ਇੱਕ ਨੌਜਵਾਨਾਂ ਦੇ ਸਿਰਜਣਾਤਮਕ ਦਿਮਾਗ ਦੀ ਝਲਕ ਪੇਸ਼ ਕਰਦਾ ਹੈ। ।ਆਏ ਹੋਏ ਮਹਿਮਾਨਾਂ ਵਿੱਚ ਵੱਖ-ਵੱਖ ਕਾਲਜਾਂ ਦੇ ਕਲਾ ਪ੍ਰੇਮੀ ਅਤੇ ਫਾਈਨ ਆਰਟਸ ਦੇ ਵਿਦਿਆਰਥੀ ਅਤੇ ਨਾਲ ਹੀ ਸੀਟੀ ਇੰਸਟੀਚਿਊਟ ਆਫ਼ ਹਾਇਰ ਸਟੱਡੀਜ਼ ਦੇ ਪ੍ਰਿੰਸੀਪਲ ਡਾ: ਸੀਮਾ ਅਰੋੜਾ, ਸੀਟੀ ਇੰਸਟੀਚਿਊਟ ਆਫ਼ ਆਰਕੀਟੈਕਚਰ ਐਂਡ ਪਲੈਨਿੰਗ ਏਆਰ ਦੇ ਪ੍ਰਿੰਸੀਪਲ ਡਾ. ਸ਼ਰੂਤੀ ਕਪੂਰ ਅਤੇ ਸਹਾਇਕ ਪ੍ਰੋਫੈਸਰ ਗੁਰਪ੍ਰੀਤ ਕੌਰ ਸ਼ਾਮਲ ਹਨ । ਸੀਟੀ ਗਰੁੱਪ ਦੀ ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਨੌਜਵਾਨ ਕਲਾਕਾਰਾਂ ਵੱਲੋਂ ਵਿਖਾਈ ਗਈ ਲਗਨ ਅਤੇ ਪ੍ਰਤਿਭਾ ਦੀ ਸ਼ਲਾਘਾ ਕੀਤੀ ।। ਉਹਨਾਂ ਨੇ ਰਚਨਾਤਮਕਤਾ ਨੂੰ ਪਾਲਣ ਅਤੇ ਕਲਾਤਮਕ ਪ੍ਰਗਟਾਵੇ ਲਈ ਪਲੇਟਫਾਰਮ ਪ੍ਰਦਾਨ ਕਰਨ ਦੇ ਮਹੱਤਵ ਤੇ ਜ਼ੋਰ ਦਿੱਤਾ, ਕਲਾ ਦਾ ਸਮਰਥਨ ਕਰਨ ਅਤੇ ਖੇਤਰ ਵਿੱਚ ਸੱਭਿਆਚਾਰਕ ਸੰਸ਼ੋਧਨ ਨੂੰ ਉਤਸ਼ਾਹਿਤ ਕਰਨ ਲਈ ਸੀਟੀ ਗਰੁੱਪ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ

# 'ਦ ਨੋਬੇਲ ਸਕੂਲ' 'ਚ ਪ੍ਰਿਥਵੀ ਦਿਵਸ ਤੇ ਪੋਸਟਰ ਮੇਕਿੰਗ ਪ੍ਰਤੀਯੋਗਤਾ



**ਕਰਤਕਰਤਾਰਪੁਰ (ਹਰਮੇਸ਼ ਦੱਦੱਤ)** ਦ ਨੋਬੇਲ ਸਕੂਲ ਵਿੱਚ ਵਿਸ਼ਵ ਪ੍ਰਿਥਵੀ ਦਿਵਸ ਦੇ ਮੌਕੇ 'ਤੇ ਪ੍ਰਿਥਵੀ ਬਚਾਓ ਵਿਸ਼ੇ 'ਤੇ ਪੋਸਟਰ ਮੇਕਿੰਗ ਪ੍ਰਤੀਯੋਗਿਤਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰਤੀਯੋਗਿਤਾ ਵਿੱਚ ਛੇਵੀਂ ਜਮਾਤ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਸਾਰੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸਾਰੇ ਵਿਦਿਆਰਥੀਆਂ ਨੇ ਪ੍ਰਿਥਵੀ ਬਚਾਓ ਤੇ ਆਕਰਸ਼ਕ ਪੇਂਟਿੰਗ ਬਣਾ ਕੇ ਅਤੇ ਸਲੋਗਨ ਲਿਖ ਕੇ ਲੋਕਾਂ ਨੂੰ ਵਾਤਾਵਰਣ ਸਾਫ਼-ਸੁਥਰਾ ਰੱਖਣ ਦੇ ਲਈ ਪੇੜ-ਪੌਦੇ ਲਗਾਉਣ ਅਥਵਾ ਪ੍ਰਦੂਸ਼ਣ ਘੱਟ ਕਰਨ ਦਾ ਸੰਦੇਸ਼ ਦਿੱਤਾ। ਇਸ ਪ੍ਰਤੀਯੋਗਿਤਾ ਵਿੱਚ ਛੇਵੀਂ ਜਮਾਤ ਦੀ ਤਵਲੀਨ ਕੌਰ ਪਹਿਲੇ , ਸਸਮਿਤ ਦੂਸਰੇ, ਸੱਤਵੀਂ ਜਮਾਤ ਦੀ ਦਮਨਦੀਪ ਕੌਰ ਪਹਿਲੇ, ਰੀਤ ਬਾਰਗਵ ਦੂਸਰੇ, ਅੱਠਵੀਂ ਜਮਾਤ ਦੀ ਸ੍ਰਿਆ ਕੁਮਾਰੀ ਪਹਿਲੇ , ਜਸਲੀਨ ਕੌਰ ਦੂਸਰੇ, ਨੌਵੀਂ ਜਮਾਤ ਦੀ ਹਰਸੁਖਮੀਤ ਕੌਰ ਪਹਿਲੇ , ਰਿਧਿਮਾ ਅਤੇ ਹਿਤਾਕਸ਼ੀ ਦੂਸਰੇ, ਦਸਵੀਂ ਜਮਾਤ ਵਿੱਚ ਸਾਨੀਆ ਪਹਿਲੇ, ਗੁਰਲੀਨ ਕੌਰ ਦੂਸਰੇ, ਗਿਆਰਵੀਂ ਜਮਾਤ ਵਿੱਚ ਜੈਸਮੀਨ ਪਹਿਲੇ , ਨਵਨੀਤ ਕੌਰ ਦੂਸਰੇ ਅਤੇ ਬਾਰਵੀਂ ਜਮਾਤ ਵਿੱਚ ਸਹਿਜਪ੍ਰੀਤ ਕੌਰ ਪਹਿਲੇ , ਦੀਪਿਕਾ ਦੂਸਰੇ ਸਥਾਨ ਤੇ ਰਹੀਆਂ। ਇਸ ਪ੍ਰਤੀਯੋਗਿਤਾ ਵਿੱਚ ਜੱਜ ਦੀ ਭੂਮਿਕਾ ਚਿੱਤਰਕਲਾ ਵਿਭਾਗ ਦੀ ਅਧਿਆਪਿਕਾ ਮਿਸ ਮਰੀਦੂ ਅਤੇ ਮਿਸ ਪਰਮਿੰਦਰ ਕੌਰ ਦੁਆਰਾ ਨਿਭਾਈ ਗਈ। ਇਸ ਪ੍ਰਤੀਯੋਗਿਤਾ ਦੇ ਦੌਰਾਨ ਸਕੂਲ ਦੇ ਚੇਅਰਮੈਨ ਸਰ ਪ੍ਰੋਫੈਸਰ ਸੀ.ਐਲ. ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ, ਸਕੂਲ ਦੇ ਪ੍ਰਿੰਸੀਪਲ ਸੰਗੀਤ ਕੁਮਾਰ ਅਤੇ ਸਕੂਲ ਦੀ ਵਾਈਸ ਪ੍ਰਿੰਸੀਪਲ ਰਵਿੰਦਰ ਕੌਰ ਮੌਜੂਦ ਰਹੇ। ਚੇਅਰਮੈਨ ਸਰ ਨੇ ਵਿਜੇਤਾ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਧਰਤੀ ਨੂੰ ਮਾਤਾ ਦਾ ਦਰਜਾ ਪ੍ਰਾਪਤ ਹੈ ਇਸ ਦਾ ਸ਼ਿੰਗਾਰ ਪੇੜ-ਪੌਦੇ ਹੈ ਇਸ ਧਰਤੀ 'ਤੇ ਪੇੜ-ਪੌਦੇ ਲਗਾ ਕੇ ਗਲੋਬਲ ਵਾਰਮਿੰਗ ਅਤੇ ਪ੍ਰਦੂਸ਼ਣ ਵਰਗੇ ਮੁੱਦਿਆਂ ਤੋਂ ਨਿਜਾਤ ਪਾ ਸਕਦੇ ਹਾਂ। ਪ੍ਰਤੀਯੋਗਿਤਾ ਵਿੱਚ ਵਿਜੇਤਾ ਰਹੇ ਬੱਚਿਆਂ ਨੂੰ ਸਕੂਲ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਐਮ.ਡੀ ਅਤੇ ਪ੍ਰਿੰਸੀਪਲ ਨੇ ਵੀ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪ੍ਰਿਥਵੀ ਦੀ ਸੰਭਾਲ ਕਰਨੀ ਸਾਡੇ ਸਾਰਿਆਂ ਦਾ ਫਰਜ਼ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਜ਼ਿਆਦਾ ਤੋਂ ਜ਼ਿਆਦਾ ਪੇੜ-ਪੌਦੇ ਲਗਾਉਣੇ ਚਾਹੀਦੇ ਹਨ। ਇਸ ਦੇ ਇਲਾਵਾ ਵਿਸ਼ਵ ਪ੍ਰਿਥਵੀ ਦਿਵਸ ਦੇ ਮੌਕੇ 'ਤੇ ਸਕੂਲ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।

# ਸਤਲੁਜ ਦਰਿਆ ਕੰਢਿਓ 18000 ਲੀਟਰ ਲਾਹਨ ਫੜੀ



**ਫਿਲੌਰ (ਨਿਰਮਲ)**- ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਰੇਂਜ ਵੈਸਟ ਨਵਜੀਤ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਆਬਕਾਰੀ ਵਿਭਾਗ ਵਲੋਂ ਨਜਾਇਜ਼ ਸ਼ਰਾਬ ਦੇ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਦਰਿਆ ਸਤਲੁਜ ਦੇ ਨਾਲ ਲੱਗਦੇ 15 ਕਿਲੋਮੀਟਰ ਦੇ ਖੇਤਰ ਵਿੱਚ ਬਾਰੀਕੀ ਨਾਲ ਤਲਾਸ਼ੀ ਅਭਿਆਨ ਚਲਾਇਆ ਗਿਆ।ਸਹਾਇਕ ਕਮਿਸ਼ਨਰ(ਆਬਕਾਰੀ) ਨਵਜੀਤ ਸਿੰਘ ਨੇ ਅੱਗੇ ਦੱਸਿਆ ਕਿ ਉਪ ਕਮਿਸ਼ਨਰ (ਆਬਕਾਰੀ) ਜਲੰਧਰ ਜ਼ੋਨ ਸੁਰਿੰਦਰ ਕੁਮਾਰ ਗਰਗ ਦੀ ਅਗਵਾਈ ਵਿੱਚ ਛਾਪੇਮਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਆਬਕਾਰੀ ਅਫ਼ਸਰ ਸੁਨੀਲ ਗੁਪਤਾ ਅਤੇ ਆਬਕਾਰੀ ਨਿਰੀਖਕ ਸਾਹਿਲ ਰੰਗਾ, ਸਰਵਨ ਸਿੰਘ ਢਿਲੋਂ ਅਤੇ ਹਰਪ੍ਰੀਤ ਸਿੰਘ ਵਲੋਂ ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡ ਵੇਹਰਾਂ, ਭੋਡੇ, ਗਦਰੇ, ਬੁਰਜ, ਸੰਘੋਵਾਲ ਅਤੇ ਮਾਊ ਸਾਹਿਬ ਆਦਿ ਖੇਤਰਾਂ ਵਿੱਚ ਤਲਾਸ਼ੀ ਅਭਿਆਨ ਚਲਾਕੇ 15 ਤਰਪਾਲਾਂ ਵਿੱਚ ਲਗਭਗ 18000 ਲੀਟਰ ਲਾਹਨ ਫੜੀ ਗਈ ਅਤੇ ਮੌਕੇ 'ਤੇ ਹੀ ਸੁੱਕੇ ਥਾਂ 'ਤੇ ਇਸ ਨੂੰ ਨਸ਼ਟ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਲਾਹਨ ਦਰਿਆ ਦੇ ਪਾਣੀ ਵਿੱਚ ਛੁਪਾ ਕੇ ਰੱਖੀ ਹੋਈ ਸੀ।ਉਨ੍ਹਾਂ ਦੱਸਿਆ ਕਿ ਨਜ਼ਾਇਜ ਸ਼ਰਾਬ ਦੇ ਕਾਰੋਬਾਰੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਸ ਲਾਹਨ ਤੋਂ ਬਣੀ ਸ਼ਰਾਬ ਦਾ ਸੇਵਨ ਨਾ ਕਰਨ ਕਿਉਂਕਿ ਇਸ ਦੀ ਕੋਈ ਡਿਗਰੀ ਨਹੀਂ ਹੁੰਦੀ ਅਤੇ ਇਸ ਦੇ ਸੇਵਨ ਨਾਲ ਜਾਨੀ ਨੁਕਸਾਨ ਵੀ ਹੋ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਭਵਿੱਖ ਵਿੱਚ ਇਸ ਤਲਾਸ਼ੀ ਅਭਿਆਨ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਨਜਾਇਜ਼ ਸ਼ਰਾਬ ਦੇ ਕਾਰੋਬਾਰ ਵਿੱਚ ਲਿਪਤ ਕਿਸੇ ਵੀ ਵਿਅਕਤੀ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਐੱਸ ਡੀ ਐੱਮ ਨੇ ਕੀਤੀ ਮਾਰਕੀਟ ਦਫਤਰ ਵਿਖੇ ਮੀਟਿੰਗ



**ਫਿਲੌਰ, ( ਨਿਰਮਲ )** -ਸਬ ਡਵੀਜ਼ਨ ਵਿਚ ਕਣਕ ਦੀ ਨਿਰਵਿਘਨ ਤੇ ਸੁਚਾਰੂ ਖ਼ਰੀਦ ਨੂੰ ਯਕੀਨੀ ਬਣਾਉਣ ਲਈ ਐਸ.ਡੀ.ਐਮ. ਅਮਨਪਾਲ ਸਿੰਘ ਵੱਲੋਂ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਟਰੱਕ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ।ਇਥੇ ਮਾਰਕੀਟ ਕਮੇਟੀ ਦੇ ਦਫ਼ਤਰ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਐਸ.ਡੀ.ਐਮ. ਨੇ ਉਨ੍ਹਾਂ ਨੂੰ ਕਣਕ ਦੀ ਚੁਕਾਈ ਵੱਲ ਵਿਸ਼ੇਸ਼ ਧਿਆਨ ਦਿੰਦਿਆਂ ਫ਼ਸਲ ਦੀ ਨਾਲੋ-ਨਾਲ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਮੰਡੀਆਂ ਵਿੱਚ ਹੋਰ ਫ਼ਸਲ ਆਉਣ ਲਈ ਥਾਂ ਉਪਲਬਧ ਰਹੇ।

ਖ਼ਰੀਦ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਨ੍ਹਾਂ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਪ੍ਰਕਿਰਿਆ 'ਤੇ ਵਿਅਕਤੀਗਤ ਤੌਰ 'ਤੇ ਨਜ਼ਰ ਰੱਖਣ ਲਈ ਵੀ ਕਿਹਾ। ਐਸ.ਡੀ.ਐਮ. ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇਪਾਣੀ,ਸਾਫ-ਸਫਾਈ, ਛਾਂ, ਰੌਸ਼ਨੀ ਆਦਿ ਦੇ ਪ੍ਰਬੰਧ ਸੁਚਾਰੂ ਰੱਖੇ ਜਾਣ। ਇਸ ਤੋਂ ਇਲਾਵਾ ਮੌਸਮ ਦੇ ਮੱਦੇਨਜ਼ਰ ਲੋੜੀਂਦੀ ਗਿਣਤੀ ਵਿਚ ਤਰਪਾਲਾਂ ਆਦਿ ਦਾ ਇੰਤਜ਼ਾਮ ਵੀ ਰੱਖਿਆ ਜਾਵੇ।

# ਸਿੱਖ ਮਿਸ਼ਨ ਅਕੈਡਮੀ ਦਾ ਦਸਵੀਂ ਦਾ ਨਤੀਜਾ 100 ਫੀਸਦੀ ਰਿਹਾ



**ਸੁਲਤਾਨਪੁਰ ਲੋਧੀ ( ਹਨੀ )** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ 'ਚ ਸਿੱਖ ਮਿਸ਼ਨ ਅਕੈਡਮੀ ਸੁਲਤਾਨਪੁਰ ਲੋਧੀ ਦਾ ਨਤੀਜਾ 100 ਫੀਸਦੀ ਰਿਹਾ ਐਮ ਡੀ ਸੁਖਦੇਵ ਸਿੰਘ ਖਾਲਸਾ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਖਾਲਸਾ ਨੇ ਦੱਸਿਆ ਕਿ ਸਾਲਾਨਾ ਪ੍ਰੀਖਿਆ ਵਿਚ ਕੁੱਲ 24 ਵਿਦਿਆਰਥੀ ਬੈਠੇ ਅਤੇ ਸਾਰੇ ਹੀ ਵਿਦਿਆਰਥੀਆਂ ਦਾ ਵਧੀਆ ਅੰਕਾਂ ਨਾਲ ਪਾਸ ਹੋਣਾ, ਅਦਾਰੇ ਅਤੇ ਸਟਾਫ਼ ਮੈਂਬਰਾਂ ਲਈ ਮਾਨ ਵਾਲੀ ਗੱਲ ਹੈ ।ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਸਕੂਲ ਦਾ ਹੋਣਹਾਰ ਵਿਦਿਆਰਥੀ ਅਮਨਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ 650 ਅੰਕਾਂ ਵਿਚੋਂ 520 ਅੰਕ ਹਾਸਲ ਕਰਕੇ ਪਹਿਲੇ ਸਥਾਨ 'ਤੇ ਰਿਹਾ । ਜਦਕਿ ਜਸ਼ਨਪ੍ਰੀਤ ਸਿੰਘ ਪੁੱਤਰ ਨਿਰਵੈਰ ਸਿੰਘ 510 ਅੰਕਾਂ ਨਾਲ ਦੂਜੇ ਅਤੇ ਨਵਜੋਤ ਸਿੰਘ ਪੁੱਤਰ ਸਤਨਾਮ ਸਿੰਘ 499 ਅੰਕਾਂ ਨਾਲ ਤੀਜੇ ਸਥਾਨ 'ਤੇ ਰਿਹਾ ।ਇਸ ਦੌਰਾਨ ਦਸਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ । ਐਮ ਡੀ ਸੁਖਦੇਵ ਸਿੰਘ ਖਾਲਸਾ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਖਾਲਸਾ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ ।ਇਸ ਮੌਕੇ ਮੈਡਮ ਦਲਜੀਤ ਕੌਰ, ਕਮਲਜੀਤ ਕੌਰ, ਪਰਮਜੀਤ ਕੌਰ, ਕੁਲਦੀਪ ਕੌਰ, ਜਗਰੂਪ ਕੌਰ, ਪਵਨਪ੍ਰੀਤ ਕੌਰ, ਜਸਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

# ਏ ਜੀ ਆਈ ਗਲੋਬਲ ਸਕੂਲ ਨੇ ਮਦਰ ਅਰਥ ਦਿਵਸ ਮਨਾਇਆ



**ਜਲੰਧਰ ( ਰਾਜੇਸ਼ ਥਾਪਾ )** ਧਰਤੀ ਦਿਵਸ , ਵਾਤਾਵਰਨ ਸੁਰੱਖਿਆ ਲਈ ਸਮਰਥਨ ਦਾ ਪ੍ਰਦਰਸ਼ਨ ਕਰਨ ਲਈ ਵਿਸ਼ਵ ਭਰ ਵਿੱਚ ਮਨਾਇਆ ਜਾਣ ਵਾਲਾ ਇੱਕ ਸਾਲਾਨਾ ਸਮਾਗਮ ਹੈ।ਇਹ ਨਾਗਰਿਕਾਂ ਨੂੰ ਵਾਤਾਵਰਣ ਸੰਭਾਲ ਅਤੇ ਸਥਿਰਤਾ ਦੇ ਮਹੱਤਵ ਦੀ ਯਾਦ ਦਿਵਾਉਂਦਾ ਹੈ ਤੇ ਸਾਨੂੰ ਇੱਕ ਸਿਹਤਮੰਦ ਗ੍ਰਹਿ ਅਤੇ ਉੱਜਵਲ ਭਵਿੱਖ ਲਈ ਇਕੱਠੇ ਹੋਣ ਅਤੇ ਕਦਮ ਚੁੱਕਣ ਲਈ ਉਤਸ਼ਾਹਿਤ ਕਰਦਾ ਹੈ।ਏਜੀਆਈ ਗਲੋਬਲ ਸਕੂਲ ਦੀ ਚੇਅਰਪਰਸਨ ਸ੍ਰੀਮਤੀ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਵਿਸ਼ਵ ਧਰਤੀ ਦਿਵਸ 2024 ਦਾ ਥੀਮ, ਪਲੈਨੇਟ ਬਨਾਮ ਪਲਾਸਟਿਕ ਹੈ।ਥੀਮ ਦਾ ਉਦੇਸ਼ ਪਲਾਸਟਿਕ ਪ੍ਰਦੂਸ਼ਣ ਦੇ ਗੰਭੀਰ ਮੁੱਦੇ ਵੱਲ ਧਿਆਨ ਦਿਵਾਉਣਾ ਹੈ ਕਿ ਕਿਵੇਂ ਇਹ ਕੁਦਰਤ ਨੂੰ ਨੁਕਸਾਨ ਪਹੁੰਚਾਉਂਦਾ ਹੈ।ਧਰਤੀ ਦਿਵਸ 2024 ਦਾ ਉਦੇਸ਼ ਗ੍ਰਹਿ ਦੀ ਸਿਹਤ ਲਈ ਪਲਾਸਟਿਕ ਨੂੰ ਖਤਮ ਕਰਨਾ ਹੈ ਅਤੇ 2040 ਤੱਕ ਸਾਰੇ ਪਲਾਸਟਿਕ ਦੇ ਉਤਪਾਦਨ ਵਿੱਚ 60 ਪ੍ਰਤੀਸ਼ਤ ਦੀ ਕਮੀ ਦੀ ਮੰਗ ਕਰਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਇਸ ਦਿਨ ਨੂੰ ਵਿਸ਼ੇਸ਼ ਬਣਾਉਣ ਲਈ ਵਾਤਾਵਰਣ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੀ ਸਲਾਹ ਦਿੱਤੀ।

ਉਹਨਾਂ ਅੱਗੇ ਕਿਹਾ ਕਿ ਤੁਸੀਂ ਆਪਣੇ ਘਰ ਵਿੱਚ ਪਲਾਸਟਿਕ ਦੀ ਵਰਤੋਂ ਤੋਂ ਬਚਣ, ਅਪਨੀ ਜੀਵਨਸ਼ੈਲੀ ਵਿੱਚ ਤਬਦੀਲੀਆਂ ਕਰਨ, ਆਪਣੇ ਪਰਵਾਰ ਅਤੇ ਦੋਸਤਾਂ ਨੂੰ ਵਾਤਾਵਰਣ ਨੂੰ ਬਚਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕਰ ਸਕਦੇ ਹੋ । ਉਹਨਾਂ ਚੀਜ਼ਾਂ ਨੂੰ ਮੁੜ ਵਰਤੋਂ ਅਤੇ ਰੀਸਾਈਕਲ ਕਰਨ ਦੇ ਸਿਧਾਂਤਾਂ ਨੂੰ ਸਿੱਖਣ ਅਤੇ ਆਪਣੀ ਜੀਵਨ ਸ਼ੈਲੀ ਵਿੱਚ ਉਹਨਾਂ ਦਾ ਅਭਿਆਸ ਕਰਨ 'ਤੇ ਵੀ ਜ਼ੋਰ ਦਿੱਤਾ।

# ਗੁਰਦੁਆਰਾ ਸਾਹਿਬ ਲਈ 3 ਮਰਲੇ ਜ਼ਮੀਨ ਕੀਤੀ ਦਾਨ



**ਬੰਗਾ (ਅਵਤਾਰ ਕਲੇਰ)** ਸਰਪੰਚ ਭਾਗ ਚੰਦ,ਨਿੰਦਰ ਮਾਈਦਿੱਤਾ ਅਤੇ ਕੇਵਲ ਲਾਲ ਪ੍ਰਧਾਨ ਸ੍ਰੀ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਮਾਈਦਿੱਤਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਪ੍ਰੈੱਸ ਦੇ ਨਾਂਅ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸ੍ਰੀਮਤੀ ਭਜਨ ਕੌਰ ਪਤਨੀ ਮਰਹੂਮ ਤਰਸੇਮ ਸਿੰਘ ਪੁੱਤਰ ਪਰੀਤੂ ਰਾਮ ਵਾਸੀ ਪਿੰਡ ਮੀਰਪੁਰਲੱਖਾ ਹਾਲ ਮਾਲਕ ਜਗਾ ਮਾਈਦਿੱਤਾ ਸਬ.ਤਹਿ. ਔੜ ਜ਼ਿਲ੍ਹਾ ਸ਼.ਭ.ਸ.ਨਗਰ ਨੇ ਆਪਣੀ ਵਿਰਾਸਤੀ ਜੱਦੀ ਜਾਇਦਾਦ ਰਕਬਾ ਲਗਭਗ 3 ਮਰਲੇ ਆਪਣੇ ਪਰਵਾਰ ਦੇ ਸਹਿਯੋਗ ਅਤੇ ਖੁਸ਼ੀ ਨਾਲ ਮਾਈਦਿੱਤਾ ਦੇ ਗੁਰਦੁਆਰਾ ਸਾਹਿਬ (ਸ੍ਰੀ ਗੁਰੂ ਰਵਿਦਾਸ ਜੀ) ਨੂੰ ਦਾਨ ਵਜੋਂ ਦਿੱਤੀ ਹੈ। ਉਹਨਾਂ ਆਪਣੇ ਇਕਰਾਰਨਾਮੇ, ਦਾਨਨਾਮੇ 'ਚ ਦਰਸਾਇਆ ਹੈ ਕਿ ਇਹ ਥਾਂ ਹੁਣ ਗੁਰਦੁਆਰਾ ਸਾਹਿਬ ਵੱਲੋਂ ਕਿਸੇ ਵੀ ਕੰਮ ਲਈ ਵਰਤੀ ਜਾ ਸਕਦੀ ਹੈ, ਵੇਚੀ ਨਹੀਂ ਜਾਵੇਗੀ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਸ੍ਰੀਮਤੀ ਭਜਨ ਕੌਰ ਨੂੰ ਅਤੇ ਵਿਸ਼ੇਸ਼ ਸਹਿਯੋਗ ਲਈ ਛਿੰਦਰਪਾਲ ਤੇ ਨਾਲ ਆਏ ਸਾਥੀਆਂ ਨੂੰ ਸਰੋਪੇ ਭੇਟ ਕਰਕੇ ਪਿੰਡ ਵਾਸੀਆਂ ਵਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੰਬਰਦਾਰ ਸੁੱਚਾ ਰਾਮ, ਗੁਰਮੀਤ ਰਾਮ, ਹਰਦੇਵ ਰਾਮ, ਗਿਆਨੀ ਤਰਨਜੀਤ ਸਿੰਘ, ਮਹਿੰਦਰ ਸਿੰਘ, ਜੀਵਨ ਲਾਲ, ਜਸਪਾਲ , ਸ਼ਕੁੰਤਲਾ ਦੇਵੀ , ਰਾਜਵਿੰਦਰ ਕੌਰ, ਬਲਜਿੰਦਰ ਕੌਰ, ਬਲਵੀਰ ਕੌਰ, ਸੋਡੀ ਰਾਮ ਪੰਚ, ਨਰਿੰਦਰ ਸਿੰਘ, ਪ੍ਰੇਮ ਲਾਲ ਪੰਚ, ਕਮਲਜੀਤ ਕੌਰ, ਗੀਨਾ ਰਾਣੀ ਆਦਿ ਹਾਜ਼ਰ ਸਨ।

# ਸੇਵਾਮੁਕਤ ਐੱਸ ਐੱਸ ਪੀ ਹਰਵਿੰਦਰ ਸਿੰਘ ਡੱਲੀ ਭਾਜਪਾ 'ਚ ਸ਼ਾਮਲ

**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)** ਲੋਕ ਸਭਾ ਚੋਣਾਂ ਤੋਂ ਪਹਿਲਾਂ ਦਿਹਾਤੀ ਖੇਤਰ ਭੋਗਪੁਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਮਜ਼ਬੂਤੀ ਨਾਲ ਸੇਵਾਮੁਕਤ ਐੱਸ ਐੱਸ ਪੀ ਪੀ ਪੀ ਐੱਸ ਹਰਵਿੰਦਰ ਸਿੰਘ ਡੱਲੀ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ। ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਕਰਵਾਉਣ ਲਈ ਪੰਜਾਬ ਦੇ ਸੂਬਾ ਇੰਚਾਰਜ ਅਤੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੁਪਾਨੀ, ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਕੌਮੀ ਕਾਰਜਕਾਰਨੀ ਮੈਂਬਰ ਮਨੋਰੰਜਨ ਕਾਲੀਆ ਅਤੇ ਸੂਬਾ ਮੀਤ ਪ੍ਰਧਾਨ ਕੇ. ਡੀ ਭੰਡਾਰੀ, ਪੰਜਾਬ ਰਾਜ ਯੁਵਾ ਮੋਰਚਾ ਦੇ ਮੀਤ ਪ੍ਰਧਾਨ ਅੰਮ੍ਰਿਤਪਾਲ ਸਿੰਘ ਡੱਲੀ, ਕੇਂਦਰੀ ਮੰਡਲ 5 ਦੇ ਜਨਰਲ ਸਕੱਤਰ ਇੰਜੀ.ਚੰਦਨ ਰਖੇਜਾ ਅਤੇ ਡੱਲੀ ਜੋ ਕਿ ਭਾਰੀ ਸਮੱਰਥਕਾਂ ਨਾਲ ਪਹੁੰਚੇ ਉਹਨਾਂ ਵਿੱਚ ਭੁਪਿੰਦਰ ਸਿੰਘ ਸੇਵਾਮੁਕਤ ਇੰਸਪੈਕਟਰ ਪੰਜਾਬ ਪੁਲਸ, ਸਰਵਣ ਸਿੰਘ ਡੱਲੀ, ਅਵਤਾਰ ਸਿੰਘ ਦਸ਼ਮੇਸ਼, ਵਿਜੇ ਰੁਪਾਨੀ ਰਾਹੀਂ ਵੀ ਉਹਨਾਂ ਦੇ ਨਾਲ ਸ਼ਾਮਲ ਹੋਏ ਸਨ।ਵਿਜੇ ਰੁਪਾਨੀ ਨੇ ਭਾਜਪਾ 'ਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਜਲੰਧਰ ਲੋਕ ਸਭਾ 'ਚ ਭਾਜਪਾ ਦੇ ਵੱਧ ਰਹੇ ਸਮਰਥਨ ਨੇ ਸੱਤਾਧਾਰੀ ਪਾਰਟੀ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਸੂਬੇ ਵਿੱਚ ਪੂਰੇ ਜ਼ੋਰਾਂ 'ਤੇ ਅਰਾਜਕਤਾ ਚੱਲ ਰਹੀ ਹੈ ਅਤੇ ਅੱਜ ਹਰ ਪੰਜਾਬੀ ਆਪਣੀ ਸੁਰੱਖਿਆ ਪ੍ਰਤੀ ਡੂੰਘੀ ਸੋਚ ਵਿੱਚ ਡੁੱਬਿਆ ਹੋਇਆ ਹੈ।



# ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 27 ਨੂੰ

**ਫਗਵਾੜਾ ( ਡਾ ਰਮਨ )**—ਲਾਇਨਜ਼ ਕਲੱਬ ਫਗਵਾੜਾ ਰਾਇਲ ਵਲੋਂ 53ਵਾਂ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਕਲੱਬ ਦੇ ਪ੍ਰਧਾਨ ਲਾਇਨ ਪਰਮਿੰਦਰ ਸਿੰਘ ਕੁੰਦੀ ਨੇ ਦੱਸਿਆ ਕਿ ਇਹ ਕੈਂਪ 27 ਅਪ੍ਰੈਲ ਨੂੰ ਸ੍ਰੀ ਹਨੂੰਮਾਨਗੜ੍ਹੀ ਮੰਦਰ ਨੇੜੇ ਬੱਸ ਸਟੈਂਡ ਜੀ ਟੀ ਰੋਡ ਫਗਵਾੜਾ ਵਿਖੇ ਲਗਾਇਆ ਜਾਵੇਗਾ ਜਿਸ ਦਾ ਸਮਾਂ ਸਵੇਰੇ 9.00 ਵਜੇ ਤੋਂ ਦੁਪਹਿਰ 2.00 ਵਜੇ ਤੱਕ ਹੋਵੇਗਾ। ਇਸ ਕੈਂਪ 'ਚ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਹਰਿੰਦਰ ਪਾਲ ਮਿੱਤਰਾ ਮਰੀਜ਼ਾਂ ਦੀਆਂ ਅੱਖਾਂ ਦਾ ਮੁਆਇਨਾ ਕਰ ਲੋੜਵੰਦ ਮਰੀਜ਼ਾਂ ਦੇ ਅਪ੍ਰੇਸ਼ਨ ਮਿੱਤਰਾ ਆਈ ਹਸਪਤਾਲ ਫਗਵਾੜਾ ਵਿਖੇ ਕਰਨਗੇ।

# ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੁਲਤਾਨਪੁਰ ਲੋਧੀ ਤੋਂ ਡੱਲਾ ਰੋਡ ਨਜ਼ਦੀਕ ਪੈਟ੍ਰੋਲ ਪੰਪ ਹੋਏ ਹਾਦਸੇ 'ਚ ਇੱਕ ਨੌਜਵਾਨ ਦੀ ਮੌਤ ਹੋ ਗਈ ਅਤੇ ਇੱਕ ਜਖਮੀ ਹੋ ਗਿਆ ਹੈ। ਜਿਸ ਦੀ ਖਬਰ ਮਿਲਦਿਆਂ ਹੀ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ।ਜਾਣਕਾਰੀ ਅਨੁਸਾਰ ਸੁਲਤਾਨਪੁਰ ਲੋਧੀ ਦੇ ਮੁਹੱਲਾ ਸੈਂਟਰ ਟਾਊਨ ਦਾ 18 ਸਾਲਾ ਨਵਦੀਪ ਸਿੰਘ ਪੁੱਤਰ ਜਸਵੀਰ ਸਿੰਘ ਮਲਸੀਆਂ ਵਿਖੇ ਏਪੀਜੇ ਨਰਸਿੰਗ ਕਾਲਜ ਵਿਖੇ ਪੜ੍ਹਾਈ ਕਰਦਾ ਸੀ ਅਤੇ ਦੋ ਮਹੀਨੇ ਦੀ ਟਰੇਨਿੰਗ ਤੋਂ ਬਾਅਦ ਪਹਿਲੇ ਦਿਨ ਆਪਣੇ ਸਾਥੀ ਅਜੇ ਪੁੱਤਰ ਰਾਜੂ ਵਾਸੀ ਪਿੰਡ ਜੈਨ ਪੁਰ ਨਾਲ ਪੀਬੀ 08 ਈਸੀ 6926 ਮੋਟਰਸਾਈਕਲ 'ਤੇ ਕਾਲਜ ਮਲਸੀਆਂ ਜਾ ਰਿਹਾ ਸੀ ਜਦੋਂ ਉਹ ਡੱਲਾ ਰੋਡ ਨੇੜੇ ਪਟਰੋਲ ਪੰਪ ਪੁੱਜਾ ਤਾਂ ਅੱਗੇ ਤੋਂ ਅਚਾਨਕ ਇੱਕ ਟਿੱਪਰ ਆ ਗਿਆ। ਮੋਟਰਸਾਈਕਲ ਦਾ ਸੰਤੁਲਨ ਵਿਗੜਨ ਨਾਲ ਹੇਠਾਂ ਡਿਗਦਿਆਂ ਹੀ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ ਅਤੇ ਦੂਸਰਾ ਨੌਜਵਾਨ ਜ਼ਖ਼ਮੀ ਹੋ ਗਿਆ।ਆਸ ਪਾਸ ਦੇ ਲੋਕਾਂ ਨੇ ਮੌਕੇ 'ਤੇ ਹੀ ਪੁਲਸ ਨੂੰ ਸੂਚਨਾ ਦਿੱਤੀ ਅਤੇ ਮੌਕੇ 'ਤੇ ਪਹੁੰਚੇ ਪੁਲਸ ਨੇ ਲੋਕਾਂ ਦੀ ਮਦਦ ਨਾਲ ਦੋਨਾਂ ਨੂੰ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਭਰਤੀ ਕਰਵਾਇਆ ਗਿਆ।ਜਿੱਥੇ ਡਾਕਟਰਾਂ ਵੱਲੋਂ ਇੱਕ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਜਿਸ ਦੀ ਲਾਸ਼ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤੀ ਹੈ ਅਤੇ ਜ਼ਖ਼ਮੀ ਦਾ ਇਲਾਜ ਕੀਤਾ ਗਿਆ। ਪੁਲਸ ਨੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਇਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਨੇ ਮਨਾਇਆ ਵਿਸ਼ਵ ਧਰਤੀ ਦਿਵਸ




**ਜਲੰਧਰ (ਸ਼ੈਲੀ ਐਲਬਰਟ)**-ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਗਰੀਨ ਇੰਡੀਆ, ਕਲੀਨ ਇੰਡੀਆ ਦਾ ਸੰਦੇਸ਼ ਦਿੰਦੇ ਹੋਏ ਚਲਾਏ ਜਾ ਰਹੇ ਦਿਸ਼ਾ-ਐਨ-ਇਨੀਸ਼ੀਏਟਿਵ ਤਹਿਤ ਈਕੋ ਕਲੱਬ, ਆਰਟ ਕਲੱਬ, ਲਿਟਰੇਰੀ ਕਲੱਬ, ਡਿਜ਼ਾਸਟਰ ਮੈਨੇਜਮੈਂਟ ਕਲੱਬ ਦੇ ਵਿਦਿਆਰਥੀਆਂ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਇੰਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ- ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਦੇ ਸਾਰੇ ਪੰਜ ਸਕੂਲਾਂ ਵਿੱਚ ਵਿਸ਼ਵ ਧਰਤੀ ਦਿਵਸ ਨੁਰਚਰ ਵਿਦ ਨੇਚਰ ਗਤੀਵਿਧੀ ਰਾਹੀਂ ਈਕੋ ਕਲੱਬ ਦੇ ਵਿਦਿਆਰਥੀਆਂ ਨੇ ਇਨੋਕਿਡਜ਼ ਕਲਾਸ ਦੇ ਡਿਸਕਵਰਰ ਅਤੇ ਸਕੋਰਰ ਨੂੰ ਕੰਪੋਸਟ ਗੱਡਾ ਬਣਾਉਣ, ਸੁੱਕੇ ਅਤੇ ਗਿੱਲੇ ਕੂੜੇ ਨੂੰ ਵੱਖ-ਵੱਖ ਕਰਨ, ਦਰੱਖਤਾਂ ਤੋਂ ਡਿੱਗੇ ਪੱਤਿਆਂ ਨੂੰ ਇਕੱਠਾ ਕਰਕੇ ਸੁੰਦਰ ਲਟਕਣ ਆਦਿ ਬਾਰੇ ਜਾਣਕਾਰੀ ਦਿੱਤੀ। । ਗ੍ਰੇਡ 1 ਅਤੇ 2 ਦੇ ਬੱਚਿਆਂ ਲਈ ਕਲਰਿੰਗ ਮੁਕਾਬਲਾ ਕਰਵਾਇਆ ਗਿਆ, ਜਿਸ ਵਿਚ ਉਨ੍ਹਾਂ ਨੇ ਭੂਮੀ ਬਚਾਓ ਦੀਆਂ ਆਕਾਰ ਵਿਚ ਵੱਖ-ਵੱਖ ਰੰਗਾਂ ਨੂੰ ਭਰਿਆ। ਗ੍ਰੇਡ ਤੀਸਰੀ ਅਤੇ ਚੌਥੀ ਦੇ ਬੱਚਿਆਂ ਨੇ ਆਪਣੀ ਕਲਪਨਾ ਨੂੰ ਜੀਵੰਤ ਕਰਦੇ ਹੋਏ ਓਰੀਗਾਮੀ ਕਲਾ ਗਤੀਵਿਧੀ ਵਿੱਚ ਹਿੱਸਾ ਲਿਆ । ਪੰਜਵੀਂ ਜਮਾਤ ਦੇ ਬੱਚਿਆਂ ਵੱਲੋਂ 'ਮਾਤ ਭੂਮੀ ਦੇ ਰੱਖਿਅਕ' ਵਿਸ਼ੇ 'ਤੇ ਸਲੋਗਨ ਰਾਈਟਿੰਗ ਕੀਤੀ ਗਈ । ਛੇਵੀਂ ਜਮਾਤ ਦੇ ਬੱਚਿਆਂ ਵੱਲੋਂ 'ਗੋ ਗ੍ਰੀਨ' ਵਿਸ਼ੇ 'ਤੇ ਐਕਸਟੈਂਪੋਰ ਗਤੀਵਿਧੀ ਕਰਵਾਈ ਗਈ। ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਏ ਵਿਜ਼ਨ: ਗ੍ਰੀਨ ਇੰਡੀਆ, ਕਲੀਨ ਇੰਡੀਆ ਵਿਸ਼ੇ ਤੇ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ । ਵਿਦਿਆਰਥੀਆਂ ਨੇ ਧਰਤੀ ਦੀ ਰੱਖਿਆ ਲਈ ਖ਼ੂਬਸੂਰਤ ਸੰਦੇਸ਼ ਲਿਖੇ। ਵਿਦਿਆਰਥੀਆਂ ਨੇ 24 ਘੰਟੇ ਆਕਸੀਜਨ ਪ੍ਰਦਾਨ ਕਰਨ ਵਾਲੇ ਪੌਦੇ ਅਤੇ ਤੁਲਸੀ, ਐਲੋਵੇਰਾ, ਕੈਕਟਸ ਵਰਗੇ ਔਸ਼ਧੀ ਵਾਲੇ ਪੌਦੇ ਲਗਾਏ। ਬੱਚਿਆਂ ਨੂੰ ਵਾਤਾਵਰਨ ਦੀ ਸੰਭਾਲ ਅਤੇ ਧਰਤੀ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ ਗਿਆ । ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਧਰਤੀ ਨੂੰ ਹਰਿਆ ਭਰਿਆ ਅਤੇ ਸਾਫ਼ ਸੁਥਰਾ ਰੱਖਣ ਅਤੇ ਕੁਦਰਤੀ ਧਰੋਹਰ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ।

# ਸੁਖਦੇਵ ਰਾਜ ਗਿੱਲ ਮੁੜ ਕਾਂਗਰਸ 'ਚ ਸ਼ਾਮਲ

**ਸ਼ਾਹਕੋਟ (ਗਿਆਨ ਸੈਦਪੁਰੀ)** ਕਾਂਗਰਸ ਪਾਰਟੀ ਨੇ ਹਮੇਸ਼ਾ ਧਰਮ ਨਿਰਪੱਖ ਹੋ ਕੇ ਲੋਕਾਂ ਦੀ ਸੇਵਾ ਕੀਤੀ ਹੈ। ਉਕਤ ਵਿਚਾਰਾਂ ਦੇ ਪ੍ਰਗਟਾਵਾ ਹਲਕਾ ਵਿਧਾਇਕ ਅਤੇ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕੀਤਾ। ਉਹ ਨੇੜਲੇ ਪਿੰਡ ਨੰਗਲ ਅੰਬੀਆਂ ਵਿਖੇ ਸੁਖਦੇਵ ਰਾਜ ਗਿੱਲ ਸਾਬਕਾ ਸਰਪੰਚ ਦੇ ਗ੍ਰਹਿ ਵਿਖੇ ਉਨ੍ਹਾਂ ਨੂੰ ਮੁੜ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਨ ਲਈ ਪਹੁੰਚੇ ਸਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਕਾਂਗਰਸ ਦੇ ਪ੍ਰਧਾਨ ਅਤੇ ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਪਹਿਲਵਾਨ ਨਛੱਤਰ ਸਿੰਘ ਸੱਤੀ, ਕੋ: ਸੁਸਾਇਟੀ ਢੰਡੋਵਾਲ ਦੇ ਪ੍ਰਧਾਨ ਜਗਤਾਰ ਸਿੰਘ ਖਾਲਸਾ, ਸੁਖਦੀਪ ਸਿੰਘ ਕੰਗ ਪੀ.ਏ, ਅਮਨਦੀਪ ਸੈਦਪੁਰੀ ਜ਼ਿਲ੍ਹਾ ਮੀਡੀਆ ਇਨਚਾਰਜ, ਹਰਜੀਤ ਪਾਲ ਸਿੰਘ, ਗੁਰਪ੍ਰੀਤ ਸਿੰਘ ਗੋਪੀ ਸਾਬਕਾ ਪੰਚ, ਗੁਰਪ੍ਰੀਤ ਸਿੰਘ ਸੰਧੂ, ਬਲਜਿੰਦਰ ਸਿੰਘ ਭੋਲਾ ਆਦਿ ਮੌਜੂਦ ਸਨ।

# ਡਾਕਟਰ ਦੀ ਪ੍ਰਵਾਨਗੀ ਤੋਂ ਬਿਨਾਂ ਫਾਰਮੇਸੀ ਵੱਲੋਂ ਨਾ ਦਿੱਤੀ ਜਾਵੇ ਪ੍ਰੀਗਾਬਾਲਿਨ

**ਨਵਾਂਸ਼ਹਿਰ (ਮਨੋਜ ਲਾਡੀ)** ਜ਼ਿਲ੍ਹਾ ਮੈਜਿਸਟਰੇਟ -ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਪ੍ਰੀਗਾਬਾਲਿਨ ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ ਪ੍ਰਵਾਨਗੀ ਦੇ ਆਧਾਰ 'ਤੇ ਹੀ ਫਾਰਮੇਸੀ ਵਲੋਂ ਦਿੱਤਾ ਜਾਵੇ। ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਫਾਰਮੇਸੀ ਵਲੋਂ ਇਸ ਦਵਾਈ ਦਾ ਮੁਕੰਮਲ ਰਿਕਾਰਡ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਸਿਵਲ ਸਰਜਨ ਨੇ ਆਪਣੇ ਦਫ਼ਤਰ ਦੇ ਪੱਤਰ ਨੰਬਰ ਡਰੱਗਜ਼/2023/452 ਮਿਤੀ 24.8.2023 ਰਾਹੀਂ ਦੱਸਿਆ ਹੈ ਕਿ ਪ੍ਰੀਗਾਬਾਲਿਨ ਦੀ ਵਰਤੋਂ ਫਾਈਬਰੋ ਮਾਇਲਜੀਆ/ਨਿਊਰਲਜੀਆ ਆਦਿ ਬਿਮਾਰੀਆਂ ਨਾਲ ਸਬੰਧਤ ਮਰੀਜ਼ਾਂ ਦੇ ਇਲਾਜ ਲਈ ਆਮ ਤੌਰ 'ਤੇ ਮੈਡੀਕਲ ਸਪੈਸ਼ਲਿਸਟ/ ਸਾਈਕੈਟਰਿਸਟ/ ਜੀ ਡੀ ਐਮ ਓ ਵਲੋਂ ਕੀਤੀ ਜਾਂਦੀ ਹੈ, ਪਰ ਜ਼ਿਆਦਾ ਮਾਤਰਾ ਵਿੱਚ ਪ੍ਰੀਗਾਬਾਲਿਨ ਦੀ ਦੁਰਵਰਤੋਂ ਨਸ਼ੇ ਦੇ ਤੌਰ 'ਤੇ ਕੀਤੀ ਜਾ ਸਕਦੀ ਹੈ। ਇਸ ਲਈ ਪ੍ਰੀਗਾਬਾਲਿਨ ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ ਪ੍ਰਵਾਨਗੀ ਦੇ ਆਧਾਰ 'ਤੇ ਹੀ ਅਤੇ ਮਿੱਥੇ ਹੋਏ ਸਮੇਂ ਲਈ ਹੀ ਫਾਰਮੇਸੀ ਵਲੋਂ ਦਿੱਤੀ ਜਾਣੀ ਚਾਹੀਦੀ ਹੈ।

# ਪਟਾਕ ਵਜਾਉਣ 'ਤੇ ਪੂਰਨ ਪਾਬੰਧੀ

**ਨਵਾਂਸ਼ਹਿਰ (ਮਨੋਜ ਲਾਡੀ)**:-ਜ਼ਿਲ੍ਹਾ ਮੈਜਿਸਟ੍ਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਇਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਸ਼ੋਰ ਪ੍ਰਦੂਸ਼ਣ ਨੂੰ ਰੋਕਣ ਅਤੇ ਆਮ ਨਾਗਰਿਕਾਂ ਦੀ ਸਿਹਤ ਦੀ ਸੁਰੱਖਿਆ ਦੇ ਲਈ ਦੋਪਹੀਆ ਵਾਹਨਾਂ ਦੇ ਸਾਇਲੰਸਰ ਬਦਲਣ ਅਤੇ ਸਾਇਲੰਸਰ ਨਾਲ ਪਟਾਖੇ ਬਜਾਉਣ ਤੇ ਪੂਰਨ ਤੌਰ 'ਤੇ ਪਾਬੰਧੀ ਲਗਾ ਦਿੱਤੀ ਗਈ ਹੈ।ਇਹ ਹੁਕਮ ਸਾਇਲੰਸਰ ਬਦਲਣ ਵਾਲੇ ਦੁਕਾਨਦਾਰਾਂ/ਮਕੈਨਿਕਾ ਅਤੇ ਸਾਇਲੰਸਰ ਨਾਲ ਪਟਾਖੇ ਬਜਾਉਣ ਵਾਲੇ ਵਾਹਨ 'ਤੇ ਵੀ ਲਾਗੂ ਹੋਣਗੇ। ਇਹਨਾਂ ਹੁਕਮਾਂ ਨੂੰ ਸੀਨੀਅਰ ਪੁਲਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ ਲਾਗੂ ਕਰਵਾਉਣ ਦੇ ਜਿੰਮੇਵਾਰ ਹੋਣਗੇ। ਇਹ ਹੁਕਮ 27 ਜੂਨ 2024 ਤੱਕ ਲਾਗੂ ਰਹੇਗਾ।

# ਢੱਕ ਪੰਡੋਰੀ ਵਿਖੇ ਮਨਾਇਆ ਅੰਬੇਡਕਰ ਦਾ 133ਵਾਂ ਜਨਮ ਦਿਨ



**ਫਗਵਾੜਾ (ਡਾ. ਰਮਨ )** ਡਾ. ਬੀ.ਆਰ. ਅੰਬੇਡਕਰ ਵੈਲਫੇਅਰ ਅਤੇ ਡਿਵੈਲਪਮੈਂਟ ਕਲੱਬ ਰਜਿ. ਪਿੰਡ ਢੱਕ ਪੰਡੋਰੀ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ, ਨਾਰੀ ਜਾਤੀ ਦੇ ਮੁਕਤੀ ਦਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 133ਵਾਂ ਜਨਮ ਦਿਵਸ ਨੂੰ ਸਮਰਪਿਤ ਦੋ ਰੋਜ਼ਾ ਪ੍ਰਭਾਵਸ਼ਾਲੀ ਸਮਾਗਮ ਪ੍ਰਵਾਸੀ ਭਾਰਤੀਆਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪਹਿਲੇ ਦਿਨ ਬਾਅਦ ਦੁਪਿਹਰ ਚੇਤਨਾ ਮਾਰਚ ਕੱਢਿਆ ਗਿਆ ਜੋ ਕਿ ਪਿੰਡ ਦੀ ਪਰਿਕ੍ਰਮਾ ਕਰਨ ਉਪਰੰਤ ਵਾਪਸ ਪਾਰਕ ਵਿਖੇ ਸਮਾਪਤ ਹੋਇਆ। ਦੂਸਰੇ ਦਿਨ ਦੇ ਸਮਾਗਮ ਦਾ ਸ਼ੁੱਭ ਆਰੰਭ ਬੀਬੀ ਸੁਰਜੀਤ ਕੌਰ ਸਰਪੰਚ ਨੇ ਰਿਬਨ ਕੱਟ ਕੇ ਕਰਵਾਇਆ। ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਦੀ ਧਰਮ ਪਤਨੀ ਸ੍ਰੀਮਤੀ ਅਨੀਤਾ ਕੈਂਥ ਸ਼ਾਮਲ ਹੋਏ। ਜਦਕਿ ਮੁੱਖ ਬੁਲਾਰਿਆਂ ਵਜੋਂ ਡਾ. ਐਸ. ਰਾਜਨ, ਆਮ ਆਦਮੀ ਪਾਰਟੀ ਐਸ.ਸੀ. ਵਿੰਗ ਪੰਜਾਬ ਦੇ ਸੂਬਾ ਜਨਰਲ ਸਕੱਤਰ ਜਰਨੈਲ ਨੰਗਲ, ਅਮਨਦੀਪ ਸਿੰਘ ਸਿੱਧੂ ਫੂਲੇ ਸਾਹੂ ਅੰਬੇਡਕਰੀ ਮਿਸ਼ਨਰੀ ਕਾਰਜਕਰਤਾ ਅਤੇ ਹਰਭਜਨ ਸੁਮਨ ਪ੍ਰਧਾਨ ਅੰਬੇਡਕਰ ਸੈਨਾ ਮੂਲ ਨਿਵਾਸੀ ਪੰਜਾਬ, ਡਾ. ਸਤੀਸ਼ ਸੁਮਨ ਅਤੇ ਰਿਟਾ. ਪ੍ਰਿੰਸੀਪਲ ਪਲਜਸਵਿੰਦਰ ਸਿੰਘ ਬੰਗੜ ਨੇ ਸ਼ਿਰਕਤ ਕੀਤੀ। ਸਮੂਹ ਪਤਵੰਤਿਆਂ ਨੇ ਡਾ. ਅੰਬੇਡਕਰ ਪਾਰਕਰ/ਭਵਨ ਵਿਖੇ ਸਥਾਪਤ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤ 'ਤੇ ਫੁੱਲਮਾਲਾਵਾਂ ਭੇਟ ਕੀਤੀਆਂ। ਉਪਰੰਤ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਅਨੀਤਾ ਕੈਂਥ ਨੇ ਕਿਹਾ ਕਿ ਬਾਬਾ ਸਾਹਿਬ ਨੇ ਜੀਵਨ ਦੇ ਬਹੁਤ ਸੰਘਰਸ਼ਾਂ ਤੋਂ ਬਾਅਦ ਸਮਾਜ ਵਿਚ ਉੱਚਾ ਮੁਕਾਮ ਹਾਸਲ ਕੀਤਾ। ਉਹਨਾਂ ਦੀ ਸਫਲਤਾ 'ਚ ਪੜ੍ਹਾਈ ਦਾ ਅਹਿਮ ਯੋਗਦਾਨ ਸੀ। ਡਾ. ਅੰਬੇਡਕਰ ਨੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਕੰਮ ਕੀਤਾ ਅਤੇ ਸੰਵਿਧਾਨ ਦੀ ਰਚਨਾ ਕਰਦਿਆਂ ਵੀ ਸਮਾਜ ਦੇ ਹਰੇਕ ਵਰਗ ਦਾ ਧਿਆਨ ਰੱਖਿਆ। ਇਸ ਲਈ ਉਹਨਾਂ ਨੂੰ ਕਿਸੇ ਇਕ ਵਰਗ ਦੇ ਆਗੂ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ। ਡਾ. ਐਸ. ਰਾਜਨ ਨੇ ਨੌਜਵਾਨਾਂ ਨੂੰ ਬਾਬਾ ਸਾਹਿਬ ਦੇ ਜੀਵਨ ਤੋਂ ਸੇਧ ਲੈ ਕੇ ਉੱਚ ਸਿੱਖਿਆ ਪ੍ਰਾਪਤ ਕਰਦੇ ਹੋਏ ਜਾਤ ਪਾਤ ਤੋਂ ਰਹਿਤ ਸਮਾਜ ਦੀ ਸਿਰਜਣਾ ਵਿਚ ਸਹਿਯੋਗ ਕਰਨ ਲਈ ਪ੍ਰੇਰਿਆ। ਇਸ ਤੋਂ ਵੱਖ-ਵੱਖ ਬੁਲਾਰਿਆਂ ਬਾਬਾ ਸਾਹਿਬ ਦੇ ਜੀਵਨ ਅਤੇ ਸੰਘਰਸ਼ਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਤੇ ਕਿਹਾ ਕਿ ਅਜੋਕੀ ਨੌਜਵਾਨ ਪੀੜ੍ਹੀ ਨੂੰ ਬਾਬਾ ਸਾਹਿਬ ਦੇ ਜੀਵਨ ਨਾਲ ਸਬੰਧਤ ਸਾਹਿੱਤ ਦਾ ਅਧਿਐਨ ਕਰਨਾ ਚਾਹੀਦਾ ਹੈ ਤਾਂ ਹੀ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਸਮਝਿਆ ਜਾ ਸਕੇਗਾ। ਉਹਨਾਂ ਨੌਜਵਾਨਾਂ ਨੂੰ ਨਸ਼ਿਆਂ ਦਾ ਪੂਰੀ ਤਰ੍ਹਾਂ ਨਾਲ ਤਿਆਗ ਕਰਦੇ ਹੋਏ ਦੇਸ਼ ਅਤੇ ਸਮਾਜ ਦੀ ਬਿਹਤਰੀ ਲਈ ਸਹਿਯੋਗ ਕਰਨ ਦਾ ਸੱਦਾ ਦਿੱਤਾ। ਇਸ ਦੌਰਾਨ ਪ੍ਰਵਾਜ ਰੰਗ ਮੰਚ ਨਾਟਕ ਟੀਮ ਫਗਵਾੜਾ ਵਲੋਂ ਬਾਬਾ ਸਾਹਿਬ ਡਾ. ਅੰਬੇਡਕਰ ਦੇ ਜੀਵਨ 'ਤੇ ਕੋਰੀਓਗ੍ਰਾਫੀ ਅਤੇ ਨਾਟਕ ਪੇਸ਼ ਕੀਤੇ ਗਏ। ਸਕੂਲੀ ਬੱਚਿਆਂ ਵਲੋਂ ਬਾਬਾ ਸਾਹਿਬ ਨੂੰ ਸਮਰਪਿਤ ਗੀਤ, ਕਵਿਤਾ ਅਤੇ ਭਾਸ਼ਣ ਪੇਸ਼ ਕੀਤੇ ਗਏ। ਇਸ ਮੌਕੇ ਸਮਾਗਮ ਵਿਚ ਪਹੁੰਚੀਆਂ ਪ੍ਰਮੁੱਖ ਸ਼ਖਸੀਅਤਾਂ, ਹੋਣਹਾਰ ਨੌਜਵਾਨਾਂ, ਵਿਦਿਆਰਥੀਆਂ ਅਤੇ ਸਮਾਜਿਕ, ਧਾਰਮਿਕ ਖੇਤਰ ਵਿਚ ਵਢਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਤ ਵੀ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਅਵਤਾਰ ਕਲੇਰ ਨੇ ਬਾਖੂਬੀ ਨਿਭਾਈ।

ਇਸ ਮੌਕੇ ਕਲੱਬ ਦੇ ਪ੍ਰਧਾਨ ਰਾਮ ਮੂਰਤੀ ਲਾਲੀ, ਚੇਅਰਮੈਨ ਵਿਜੇ ਪੰਡੋਰੀ, ਮੇਹਟ ਨਰਿੰਦਰ ਕੌਰ ਮੀਤ ਪ੍ਰਧਾਨ, ਕੈਸ਼ੀਅਰ ਅਮਨਦੀਪ ਕੁਮਾਰ, ਜਨਰਲ ਸਕੱਤਰ ਵਿਜੇ ਕੁਮਾਰ ਦਾਦਰ, ਸਰਬਜੀਤ ਸਾਬੀ, ਦਲਬੀਰ ਗੱਗੀ, ਸਨੀ ਕੁਮਾਰ, ਅਜੇ ਕੁਮਾਰ, ਪ੍ਰੇਮ ਦੇਵਾ ਜੀ, ਮਨਜੀਤ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਸੁਰਜੀਤ ਕੌਰ, ਵਰਿੰਦਰ ਕੌਰ, ਰੇਸ਼ਮ ਕੌਰ, ਗੇਜੋ, ਮਹਿੰਦਰ ਕੌਰ, ਆਰਤੀ, ਮਨਦੀਪ ਕੌਰ, ਬੱਲੂ ਵਾਲੀਆ, ਧਰਮਵੀਰ ਚੱਕ ਹਕੀਮ, ਡਾ. ਰਾਜਿੰਦਰ ਕਲੇਰ, ਜੀਤ ਰਾਮ, ਰਾਮ ਸਰਨ, ਸੁਰਿੰਦਰ ਕੁਮਾਰ ਬਾਬਾ ਗਧੀਆ, ਮੇਹਟ ਮਨਜੀਤ ਕੌਰ ਬੇਗਮਪੁਰ, ਮੇਹਟ ਹਰਜਿੰਦਰ ਕੌਰ ਬਲਾਲੋਂ, ਮੇਹਟ ਰਾਜ ਰਾਣੀ, ਦਵਿੰਦਰ ਦੀਪੂ, ਪ੍ਰਿੰਸ, ਲੱਕੀ ਸੋਭਾ, ਹਨੀ ਢੰਡਾ ਆਦਿ ਹਾਜ਼ਰ ਸਨ।

# ਗੁਰੂ ਨਾਨਕ ਖਾਲਸਾ ਕਾਲਜ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਵਿਖੇ ਐਨ ਐਸ ਐਸ ਵਿਭਾਗ ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਗਿਸ਼ੂ ਬਾਲਾ ਦੀ ਅਗਵਾਈ 'ਚ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ।ਇਸ ਸੰਬੰਧ ਵਿੱਚ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਧਰਤੀ ਨੂੰ ਪ੍ਰਦੂਸ਼ਿਤ ਰਹਿਤ ਕਰਨ, ਪਲਾਸਟਿਕ ਦੀ ਵਰਤੋਂ ਤੋਂ ਸੰਕੋਚ ਕਰਨ ਅਤੇ ਉਸਦੇ ਮਾਰੂ ਪ੍ਰਭਾਵਾਂ ਤੋਂ ਬਚਣ ਬਾਰੇ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਵੱਲੋਂ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿਸ਼ਵ ਧਰਤੀ ਦਿਵਸ ਦੇ ਇਸ ਵਾਰੀ ਦੇ ਵਿਸ਼ੇ ਪਲੈਨੇਟ ਬਨਾਮ ਪਲਾਸਟਿਕ 'ਤੇ ਚਰਚਾ ਕਰਦਿਆਂ ਧਰਤੀ ਨੂੰ ਪਲਾਸਟਿਕ ਰਹਿਤ ਰੱਖਣ ਦਾ ਸੁਝਾਅ ਦਿੱਤਾ ਅਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਪ੍ਰਤੀ ਆਪਣੀ ਜਿੰਮੇਵਾਰੀ ਸਮਝਣ ਦੀ ਹਦਾਇਤ ਦਿੱਤੀ।ਇਸ ਮੌਕੇ ਡਾ. ਮਨੀ ਛਾਬੜਾ, ਪ੍ਰੋ. ਰਾਜਪ੍ਰੀਤ ਕੌਰ, ਪ੍ਰੋ. ਸਿਮਰਜੀਤ ਕੌਰ, ਪ੍ਰੋ. ਦੀਕਸ਼ਾ, ਪ੍ਰੋ. ਇਸ਼ਿਤਾ ਅਰੋੜਾ, ਅਮਰੀਕ ਸਿੰਘ, ਅਮਨਦੀਪ ਕੌਰ ਆਦਿ ਹਾਜ਼ਰ ਸਨ।


## ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.- 30 & 31-2024-25-ADEN-II-ASR ਤਾਰੀਕ 22.04.2024

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 14.05.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 22.04.2024 | 30.04.2024 | 14.05.2024 / 15:00 ਵਜੇ |

| ਲ. ਨ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 30-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ ਦੇ ਤਹਿਤ ਢਿਲਵਾਂ-ਅੰਮ੍ਰਿਤਸਰ ਸੈਕਸ਼ਨ ਵਿਚ ਲੇਵਲ ਕ੍ਰਾਸਿੰਗ 4 ਤੇ ਮਾਨਕ ਡਯੂਟੀ ਹਟ ਦਾ ਪ੍ਰਾਵਧਾਨ ਅਤੇ 10 ਸਥਾਨਾਂ ਤੇ ਲੇਵਲ ਕ੍ਰਾਸਿੰਗ ਅਤੇ ਸ਼ੌਚਾਲਯ ਦੀ ਸੁਵਿਧਾ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,07,56,623.06/- | 2,03,800.00/- | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।"

| ਲ. ਨ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 2. | 31-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ ਦੇ ਤਹਿਤ ਅੰਮ੍ਰਿਤਸਰ-ਖੇਮਕਰਨ ਸੈਕਸ਼ਨ ਵਿਚ ਲੇਵਲ ਕ੍ਰਾਸਿੰਗ ਨੰ. 8 ਤੇ ਮਾਨਕ ਡਯੂਟੀ ਹਟ ਦਾ ਪ੍ਰਾਵਧਾਨ ਅਤੇ 15 ਸਥਾਨਾਂ ਤੇ ਲੇਵਲ ਕ੍ਰਾਸਿੰਗ ਅਤੇ ਸ਼ੌਚਾਲਯ ਦੀ ਸੁਵਿਧਾ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,86,17,021.82/- | 2,43,100/- | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : - "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1214/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੀ ਏ ਯੂ ਇੰਪਲਾਈਜ਼ ਯੂਨੀਅਨ ਦੀ ਨਵੀਂ ਐਗਜ਼ੈਕਟਿਵ ਕੌਂਸਲ ਵੱਲੋਂ ਉਦਘਾਟਨੀ ਸਮਾਰੋਹ



**ਲੁਧਿਆਣਾ (ਐੱਮ ਐੱਸ ਭਾਟੀਆ)**-ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੀ 2024-26 ਦੀ ਟਰਮ ਲਈ ਚੁਣੀ ਗਈ ਐਗਜ਼ੈਕਟਿਵ ਕੌਂਸਲ ਵੱਲੋਂ ਮੰਗਲਵਾਰ ਪਾਲ ਆਡੀਟੋਰੀਅਮ ਪੀ.ਏ.ਯੂ. ਲੁਧਿਆਣਾ ਵਿਖੇ ਉਦਘਾਟਨੀ ਸਮਾਰੋਹ ਕੀਤਾ ਗਿਆ, ਜਿਸ ਵਿੱਚ ਪੀ.ਏ.ਯੂ. ਦੇ ਉਪ-ਕੁਲਪਤੀ ਡਾਕਟਰ ਸਤਿਬੀਰ ਸਿੰਘ ਗੋਸਲ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਪੀ.ਏ.ਯੂ. ਦੇ ਰਜਿਸਟਰਾਰ ਸ੍ਰੀ ਰਿਸ਼ੀ ਪਾਲ ਸਿੰਘ (ਆਈ.ਏ.ਐੱਸ.) ਤੇ ਡੀਨ ਖੇਤੀਬਾੜੀ ਕਾਲਜ ਡਾਕਟਰ ਚਰਨਜੀਤ ਸਿੰਘ ਔਲਖ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੇ ਜਨਰਲ ਸਕੱਤਰ ਮਨਮੋਹਨ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਤੇ ਨਵੀਂ ਚੁਣੀ ਗਈ ਐਗਜ਼ੈਕਟਿਵ ਕੌਂਸਲ ਨਾਲ ਜਾਣ ਪਹਿਚਾਣ ਕਰਵਾਈ ਗਈ।

ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਬਲਦੇਵ ਸਿੰਘ ਵਾਲੀਆ ਤੇ ਸਮੂਹ ਐਗਜ਼ੈਕਟਿਵ ਕੌਂਸਲ ਵੱਲੋਂ ਪੀ.ਏ.ਯੂ. ਦੇ ਉਪ-ਕੁਲਪਤੀ ਡਾਕਟਰ ਸਤਿਬੀਰ ਸਿੰਘ ਗੋਸਲ ਨੂੰ ਮੰਗ ਪੱਤਰ ਦਿੱਤਾ ਗਿਆ। ਪ੍ਰਧਾਨ ਵਾਲੀਆ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਸਮੂਹ ਮੁਲਾਜ਼ਮਾਂ ਵੱਲੋਂ ਉਨ੍ਹਾਂ ਦੀ ਟੀਮ ਨੂੰ ਲਗਾਤਾਰ ਪੰਜਵੀਂ ਵਾਰ ਯੂਨੀਅਨ ਦੀ ਵਾਗਡੋਰ ਸੌਂਪਣ ਲਈ ਧੰਨਵਾਦ ਕੀਤਾ ਅਤੇ ਉਪ-ਕੁਲਪਤੀ ਸਾਹਿਬ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਬੇਨਤੀ ਕੀਤੀ।

ਪੀ.ਏ.ਯੂ. ਦੇ ਉਪ-ਕੁਲਪਤੀ ਡਾਕਟਰ ਸਤਿਬੀਰ ਸਿੰਘ ਗੋਸਲ ਵੱਲੋਂ ਨਵੀਂ ਚੁਣੀ ਗਈ ਐਗਜ਼ੈਕਟਿਵ ਕੌਂਸਲ ਨੂੰ ਵਧਾਈ ਦਿੱਤੀ ਗਈ ਤੇ ਐਗਜ਼ੈਕਟਿਵ ਕੌਂਸਲ ਵੱਲੋਂ ਦਿੱਤੇ ਗਏ ਮੰਗ ਪੱਤਰ 'ਤੇ ਜਲਦੀ ਮੀਟਿੰਗ ਕਰਕੇ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਸਮੇਂ ਲਾਲ ਬਹਾਦੁਰ ਯਾਦਵ, ਬਿੱਕਰ ਸਿੰਘ ਕਲਸੀ, ਨਵਨੀਤ ਸ਼ਰਮਾ, ਨਰਿੰਦਰ ਸਿੰਘ ਸੇਖੋਂ, ਕੇਸ਼ਵ ਸੈਣੀ, ਗੁਰਇਕਬਾਲ ਸਿੰਘ, ਧਰਮਿੰਦਰ ਸਿੰਘ, ਭੁਪਿੰਦਰ ਸਿੰਘ, ਸਤਵਿੰਦਰ ਸਿੰਘ, ਹਰਮਿੰਦਰ ਸਿੰਘ, ਸੁਰਜੀਤ ਸਿੰਘ, ਕਰਨੈਲ ਸਿੰਘ, ਜਗਦੀਪ ਸਿੰਘ, ਹਰਜੀਤ ਸਿੰਘ ਖੰਟ, ਅਵਤਾਰ ਚੰਦ, ਰਕੇਸ਼ ਕੁਮਾਰ, ਪ੍ਰਿੰਸ ਗਰਗ, ਤੇਜਿੰਦਰ ਸਿੰਘ, ਹੁਸਨ ਕੁਮਾਰ, ਸ਼ਮਸ਼ੇਰ ਸਿੰਘ, ਚਰਨ ਦਾਸ, ਅਮਰੀਕ ਸਿੰਘ ਤੇ ਅੰਮ੍ਰਿਤ ਪਾਲ ਹਾਜ਼ਰ ਰਹੇ।

## ਜ਼ਿਲ੍ਹਾ ਪ੍ਰਧਾਨ ਨੇ ਸਰਕਲ ਪ੍ਰਧਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਵੱਲੋਂ ਸਲਾਹ ਮਸ਼ਵਰਾ ਕਰਨ ਉਪਰੰਤ ਸ਼ਹਿਰੀ ਸਰਕਲ ਪ੍ਰਧਾਨਾਂ ਦਾ ਐਲਾਨ ਕੀਤਾ ਗਿਆ, ਜਿਸ ਤਹਿਤ ਸਰਕਲ 1 ਦੇ ਪ੍ਰਧਾਨ ਸੁਰਿੰਦਰ ਖੱਤਰੀ (ਛਿੰਦਾ ਕੇਬਲ ਵਾਲਾ) ਅਤੇ ਸਰਕਲ 2 ਦੇ ਪ੍ਰਧਾਨ ਜਗਮੀਤ ਸਿੰਘ ਜੱਗੀ (ਸਾਬਕਾ ਕੌਂਸਲਰ) ਨੂੰ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਨਵ-ਨਿਯੁਕਤ ਸਰਕਲ ਪ੍ਰਧਾਨ ਸੁਰਿੰਦਰ ਖੱਤਰੀ ਤੇ ਜਗਮੀਤ ਸਿੰਘ ਜੱਗੀ ਨੂੰ ਨਿਯੁਕਤੀ ਪੱਤਰ ਤੇ ਸਿਰੋਪਾਓ ਭੇਟ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਪਾਰਟੀ ਦੇ ਮੁੱਢਲੇ ਢਾਂਚੇ ਨੂੰ ਮਜਬੂਤ ਕਰਨ ਲਈ ਸਮੇਂ-ਸਮੇਂ ਅਨੁਸਾਰ ਸਖਤ ਮਿਹਨਤ ਕਰਨ ਵਾਲੇ ਹਰ ਵਰਕਰਾਂ ਨੂੰ ਪਾਰਟੀ ਵੱਲੋਂ ਮਾਣ ਸਨਮਾਨ ਬਖਸ਼ਿਆ ਜਾਂਦਾ ਹੈ।

ਉਨ੍ਹਾਂ ਅਹੁਦੇਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜਬੂਤ ਕਰਨ ਲਈ ਨੌਜਵਾਨਾਂ ਤੇ ਅਕਾਲੀ ਵਰਕਰਾਂ ਨੂੰ ਵੱਧ ਤੋਂ ਵੱਧ ਲਾਮਬੰਦ ਕੀਤਾ ਜਾਵੇ। ਇਸ ਮੌਕੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ, ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਪੂਰੀ ਤਨਦੇਹੀ ਨਾਲ ਨਿਭਾਵਾਂਗੇ।

## ਸਕੂਲਜ਼ ਐਸੋਸੀਏਸ਼ਨ ਦੀ ਪ੍ਰਧਾਨ ਪ੍ਰਿੰਸੀਪਲ ਰਾਜਪਾਲ ਕੌਰ ਬਣੀ



**ਜਗਰਾਉਂ (ਅਮਿਤ ਖੰਨਾ)** ਜਗਰਾਉਂ ਸਕੂਲਜ਼ ਐਸੋਸੀਏਸ਼ਨ ਦੀ ਪ੍ਰਧਾਨ ਸ੍ਰੀਮਤੀ ਸ਼ਸ਼ੀ ਜੈਨ, ਡਾਇਰੈਕਟਰ ਸਨਮਤੀ ਵਿਮਲ ਜੈਨ ਸਕੂਲ ਦੇ ਸੱਦੇ ਤੇ ਅਗਵਾਈ ਵਿੱਚ ਡੀ.ਏ.ਵੀ. ਸੈਂਟਨਰੀ ਸਕੂਲ ਵਿਖੇ ਜਗਰਾਉਂ ਸਕੂਲਜ਼ ਐਸੋਸੀਏਸ਼ਨ ਦੀ ਮੀਟਿੰਗ ਹੋਈ, ਜਿਸ ਵਿੱਚ 12 ਸਕੂਲਾਂ ਦੇ ਮੁਖੀਆਂ ਜਿਵੇਂ ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ, ਮਹਾਪ੍ਰਗਯ ਸਕੂਲ, ਜਗਰਾਉਂ, ਸਵਾਮੀ ਰੂਪ ਚੰਦ ਜੈਨ ਸਕੂਲ, ਜਗਰਾਉਂ, ਰੂਪ ਵਾਟਿਕਾ ਸਕੂਲ, ਜਗਰਾਉਂ, ਸ਼ਿਵਾਲਿਕ ਮਾਡਲ ਸਕੂਲ, ਜਗਰਾਉਂ, ਤਾਰਾ ਦੇਵੀ ਜਿੰਦਲ ਆਰਿਆ ਵਿੱਦਿਆ ਮੰਦਿਰ ਸਕੂਲ, ਜਗਰਾਉਂ, ਅਨੁਵਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ, ਜੀ. ਐਚ. ਜੀ. ਸਕੂਲ, ਜਗਰਾਉਂ, ਨਿਊ ਪੰਜਾਬ ਸਕੂਲ, ਜਗਰਾਉਂ,ਵਿੱਦਿਆ ਇੰਟਰਨੈਸ਼ਨਲ ਸਕੂਲ, ਮੈਪਲ ਇੰਟਰਨੈਸ਼ਨਲ ਸਕੂਲ, ਡੀ. ਏ. ਵੀ. ਸਕੂਲ, ਜਗਰਾਉਂ ਨੇ ਭਾਗ ਲਿਆ।ਸਕੂਲ ਐਸੋਸੀਏਸ਼ਨ ਦੀ ਪ੍ਰਧਾਨ ਸ੍ਰੀਮਤੀ ਸ਼ਸ਼ੀ ਜੈਨ, ਉਪ ਪ੍ਰਧਾਨ ਤੇ ਕੈਸ਼ੀਅਰ ਸ੍ਰੀ ਵਿਸ਼ਾਲ ਜੈਨ, ਡਾਇਰੈਕਟਰ ਮਹਾਪ੍ਰਗਯ ਸਕੂਲ, ਸਕੱਤਰ ਸ੍ਰੀਮਤੀ ਰਾਜਪਾਲ ਕੌਰ, ਸਵਾਮੀ ਰੂਪ ਚੰਦ ਜੈਨ ਸਕੂਲ ਵੱਲੋਂ ਬਜਟ ਪੇਸ਼ ਕੀਤਾ ਗਿਆ ਅਤੇ ਪਿਛਲੀ ਕਾਰਵਾਈ ਪੜ੍ਹ ਕੇ ਸੁਣਾਈ ਗਈ।

ਜਗਰਾਉਂ ਸਕੂਲਜ਼ ਐਸੋਸੀਏਸ਼ਨ ਦੀ ਪ੍ਰਧਾਨ ਸ੍ਰੀਮਤੀ ਸ਼ਸ਼ੀ ਜੈਨ ਦੀ ਦੇਖ-ਰੇਖ ਵਿੱਚ ਸਕੂਲ ਐਸੋਸੀਏਸ਼ਨ ਦੇ ਪੁਨਰ ਗਠਨ ਲਈ ਚੋਣ ਕੀਤਾ ਗਿਆ, ਜਿਸ ਵਿੱਚ ਸ੍ਰੀਮਤੀ ਰਾਜਪਾਲ ਕੌਰ, ਪ੍ਰਿੰਸੀਪਲ ਸਵਾਮੀ ਰੂਪ ਚੰਦ ਜੈਨ ਸਕੂਲ ਨੂੰ ਸਰਵ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ, ਉਪ ਪ੍ਰਧਾਨ ਸ੍ਰੀਮਤੀ ਵਿੰਮੀ ਠਾਕੁਰ, ਪ੍ਰਿੰਸੀਪਲ ਰੂਪ ਵਾਟਿਕਾ, ਸਕੱਤਰ ਸ੍ਰੀ ਵੇਦਵ੍ਰ ਪਲਾਹ, ਪ੍ਰਿੰਸੀਪਲ ਡੀ.ਏ.ਵੀ. ਸਕੂਲ ਜਗਰਾਉਂ ਤੇ ਕੈਸ਼ੀਅਰ ਸ੍ਰੀਮਤੀ ਅਮਰਜੀਤ ਕੌਰ, ਡਾਇਰੈਕਟਰ ਅਨੁਵਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ ਚੁਣੇ ਗਏ।

ਨਿਊ ਪੰਜਾਬ ਸਕੂਲ ਦੇ ਡਾਇਰੈਕਟਰ ਪਿਆਰਾ ਸਿੰਘ ਅਤੇ ਤਾਰਾ ਦੇਵੀ ਸਕੂਲ ਦੇ ਪ੍ਰਿੰਸੀਪਲ ਸ੍ਰੀ ਮਤੀ ਨਿਧੀ ਗੁਪਤਾ ਦੀ ਐਕਸਕਿਊਟਿਵ ਮੈਂਬਰ ਵਜੋਂ ਚੋਣ ਹੋਈ।ਨਵ ਨਿਰਵਾਚਿਤ ਪ੍ਰਧਾਨ ਸ੍ਰੀਮਤੀ ਰਾਜਪਾਲ ਕੌਰ ਦੀ ਦੇਖ-ਰੇਖ ਵਿੱਚ ਮੀਟਿੰਗ ਵਿੱਚ ਅੱਗੇ ਲਈ ਕਈ ਨੁਕਤੇ ਵਿਚਾਰੇ ਗਏ, ਜਿਸ ਵਿੱਚ ਮੁੱਖ ਤੌਰ ਤੇ ਵਿਦਿਆਰਥੀਆਂ ਦੀ ਸੁੱਖ-ਸੁਵਿਧਾ ਤੇ ਸੁਰੱਖਿਆ ਲਈ ਸੇਫ਼ ਵਾਹਨ ਸਕੀਮ ਤੇ ਉਚੇਚੇ ਤੌਰ 'ਤੇ ਚਰਚਾ ਕੀਤੀ ਗਈ।

## ਕਾਤਰਾਂ

### ਵਿਦਿਆਰਥੀਆਂ ਨੇ 7 ਮੈਡਲ ਪ੍ਰਾਪਤ ਕੀਤੇ



**ਬਰੇਟਾ (ਰੀਤਵਾਲ)** ਪਿਛਲੇ ਦਿਨੀਂ ਸਟੇਟ ਪੱਧਰੀ 20ਵੀਂ ਪੰਜਾਬ ਸਟੇਟ ਕਿੱਕ ਬਾਕਸਿੰਗ ਚੈਂਪੀਅਨਸ਼ਿਪ 2024, ਜੋ ਭਾਈ ਸੰਗਤ ਸਿੰਘ ਖਾਲਸਾ ਕਾਲਜ ,ਬੰਗਾ (ਐੱਸ. ਬੀ.ਐੱਸ ਨਗਰ) ਵਿਖੇ ਹੋਈ, ਜਿਸ ਵਿੱਚ ਗਿਆਨ ਸਾਗਰ ਸਕੂਲ ਦੇ 9 ਵਿਦਿਆਰਥੀਆਂ ਨੇ ਭਾਗ ਲਿਆ, ਜਿਸ 'ਚ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ 7 ਮੈਡਲ ਪ੍ਰਾਪਤ ਕੀਤੇ। ਇਨ੍ਹਾਂ ਵਿੱਚੋਂ 2 ਸਿਲਵਰ ਅਤੇ 5 ਬਰਾਊਂਜ ਮੈਡਲ ਪ੍ਰਾਪਤ ਕੀਤੇ। ਪ੍ਰਗਟ ਸਿੰਘ, ਸੰਧਿਆਪ੍ਰੀਤ ਕੌਰ ਨੇ 2 ਪੁਜੀਸ਼ਨ ਤੇ ਕੋਮਲਪ੍ਰੀਤ ਕੌਰ, ਅਪਰਿੰਦਰ ਕੌਰ, ਨੈਨਸੀ, ਦੀਕਸ਼ਾ ਰਾਣੀ ਸਹਿਜ ਸਿੰਘ ਨੇ 3 ਪੁਜ਼ੀਸ਼ਨ ਹਾਸਲ ਕੀਤੀ। ਸਕੂਲ ਪਹੁੰਚਣ ਤੇ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀਆਂ ਮੱਲਾਂ ਮਾਰਨ ਲਈ ਹੌਸਲਾ ਅਫ਼ਜ਼ਾਈ ਕੀਤੀ। ਸਕੂਲ ਚੈਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਬੱਚਿਆਂ ਨੂੰ ਇਸ ਜਿੱਤ 'ਤੇ ਵਧਾਈ ਦਿੱਤੀ ।

### ਦੇਤਵਾਲ ਵਿਖੇ ਬਿੱਟੂ ਦਾ ਭਰਵਾਂ ਸਵਾਗਤ



**ਜਗਰਾਉਂ (ਅਮਿਤ ਖੰਨਾ)** ਲੁਧਿਆਣਾ ਲੋਕ ਸਭਾ ਤੋਂ ਭਾਜਪਾ ਉਮੀਦਵਾਰ ਰਵਨੀਤ ਬਿੱਟੂ ਦਾ ਦਾਖਾ ਹਲਕੇ ਦੇ ਪਿੰਡ ਦੇਤਵਾਲ ਵਿਖੇ ਭਰਵਾਂ ਸਵਾਗਤ ਕੀਤਾ ਗਿਆ।ਲੁਧਿਆਣਾ ਸੰਸਦੀ ਹਲਕੇ ਦੇ ਦਿਹਾਤੀ ਖੇਤਰ ਵਿੱਚ ਇਹ ਉਨ੍ਹਾਂ ਦੀ ਪਹਿਲੀ ਮੀਟਿੰਗ ਸੀ।ਪਿੰਡ ਦੇਤਵਾਲ ਵਿਖੇ ਬੋਲਦਿਆਂ ਬਿੱਟੂ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਪੰਜਾਬ ਦੀਆਂ ਸਮੱਸਿਆਵਾਂ ਖਾਸ ਕਰਕੇ ਕਿਸਾਨੀ ਦੇ ਮਸਲੇ ਪ੍ਰਤੀ ਬਹੁਤ ਚਿੰਤਤ ਹਨ।ਅਸੀਂ ਲੋਕ ਸਭਾ ਚੋਣਾਂ ਤੋਂ ਤੁਰੰਤ ਬਾਅਦ ਇਸ ਦਾ ਹੱਲ ਕਰਾਂਗੇ।ਮੈਂ ਪ੍ਰਧਾਨ ਮੰਤਰੀ ਕੋਲ ਕਿਸਾਨਾਂ ਦੇ ਵਫ਼ਦ ਦੀ ਅਗਵਾਈ ਕਰਾਂਗਾ ਤੇ ਉਨ੍ਹਾਂ ਦੀ ਧੀਰਜ ਨਾਲ ਸੁਣਵਾਈ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਜਰ ਸਿੰਘ ਦੇਤਵਾਲ, ਅੰਕੁਸ਼ ਸਹਿਜ ਪਾਲ ਯੁਵਾ ਮੋਰਚਾ ਜ਼ਿਲ੍ਹਾ ਪ੍ਰਧਾਨ, ਜਸਵੰਤ ਸਿੰਘ ਖ਼ਾਲਸਾ ਮੰਡਲ ਪ੍ਰਧਾਨ ਪੱਖੋਵਾਲ, ਗੁਰਜੀਤ ਕੌਰ ਮਹਿਲਾ ਮੋਰਚਾ ਜ਼ਿਲ੍ਹਾ ਪ੍ਰਧਾਨ, ਸੁਖਵੰਤ ਸਿੰਘ ਟਿੱਲੂ ਕਿਸਾਨ ਮੋਰਚਾ ਜ਼ਿਲ੍ਹਾ ਪ੍ਰਧਾਨ, ਜਗਜੀਵਨ ਸਿੰਘ ਸੱਕਾ ਮੋਰਚਾ ਜ਼ਿਲ੍ਹਾ ਪ੍ਰਧਾਨ ਸੰਜੀਵ ਢੰਡ ਤੇ ਬਲਰਾਜ ਸਿੰਘ ਆਦਿ ਹਾਜ਼ਰ ਸਨ।

### ਹਰਸਿਮਰਤ ਕੌਰ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਮਿਲਣ 'ਤੇ ਵਰਕਰਾਂ ਨੇ ਵੰਡੇ ਲੱਡੂ

**ਬਰੇਟਾ (ਰੀਤਵਾਲ)**- ਲੋਕ ਸਭਾ ਹਲਕਾ ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੌਜੂਦਾ ਸਾਂਸਦ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਪਾਰਟੀ ਦੀ ਟਿਕਟ ਮਿਲਣ 'ਤੇ ਅਕਾਲੀ ਦਲ ਬਰੇਟਾ ਸ਼ਹਿਰੀ 1 ਦੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਯੂਥ ਅਕਾਲੀ ਦਲ ਜ਼ਿਲ੍ਹਾ ਮਾਨਸਾ (ਦਿਹਾਤੀ ) ਦੇ ਪ੍ਰਧਾਨ ਦਵਿੰਦਰ ਸਿੰਘ ਚੱਕ ਅਲੀਸ਼ੇਰ ਅਤੇ ਬਰੇਟਾ ਸ਼ਹਿਰੀ ਸਰਕਲ ਦੇ ਪ੍ਰਧਾਨ ਰਾਜੇਸ਼ ਸਿੰਗਲਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਪਾਰਟੀ ਹਾਈ ਕਮਾਨ ਨੇ ਹਲਕੇ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਬੀਬਾ ਨੂੰ ਪਾਰਟੀ ਦੀ ਟਿਕਟ ਦਿੱਤੀ ਹੈ । ਜਿਸ ਕਾਰਨ ਵਰਕਰਾਂ ਅਤੇ ਸ਼ਹਿਰ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਬਰੇਟਾ ਯੂਥ ਅਕਾਲੀ ਦਲ ਦੇ ਪ੍ਰਧਾਨ ਪਰਵੇਸ਼ ਗੁਪਤਾ, ਰਾਜ ਕੁਮਾਰ ਸਿਧਾਨੀ, ਰਾਜੀਵ ਗੋਇਲ, ਸੁਭਾਸ਼ ਚੰਦ ਗੋਇਲ, ਭੋਜ ਰਾਜ, ਮਹਿੰਦਰ ਪਾਲ, ਰਾਕੇਸ਼ ਸ਼ਰਮਾ, ਈਸ਼ਵਰ ਮਿੱਤਲ, ਕੌਂਸਲਰ ਵਿਨੋਦ ਸਿੰਗਲਾ, ਕਮਲ ਜੈਨ, ਵਿਨੋਦ ਕੁਮਾਰ, ਤਰਸੇਮ ਜਿੰਦਲ, ਕੁਲਵੀਰ ਸਿੰਘ ਜੁਗਲਾਨ, ਹੈਪੀ ਜੁਗਲਾਨ, ਪਵਨ ਕੁਮਾਰ, ਪੱਪੂ ਗਾਗੋਵਾਲ, ਮਲਕੀਤ ਸਿੰਘ ਬੌਬੀ, ਨਾਮਦੇਵ ਸਭਾ ਦੇ ਪ੍ਰਧਾਨ ਦਰਸ਼ਨ ਸਿੰਘ, ਨਰਿੰਦਰ ਸਿੰਘ, ਕੇਸਰ ਸਿੰਘ, ਰੋਹਿਤ ਛਾਜਲੀ ਅਤੇ ਹੋਰ ਵਰਕਰ ਮੌਜੂਦ ਸਨ।

## ਵਿਦਿਆਰਥੀਆਂ ਦੀ ਸਹੂਲਤ ਲਈ ਕਾਲਜ ਨੂੰ 40 ਸੀਟਰ ਨਵੀਂ ਏ.ਸੀ. ਬੱਸ ਦਿੱਤੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਬਾਬਾ ਫ਼ਰੀਦ ਲਾਅ ਕਾਲਜ ਵਿੱਚ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਸ਼੍ਰੀ ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਵਿੱਚ ਨਵੀਂ 40 ਸੀਟਰ ਏ.ਸੀ. ਬੱਸ ਖਰੀਦੀ ਗਈ।

ਕਾਲਜ ਦੇ ਪ੍ਰਿੰਸੀਪਲ ਸ਼੍ਰੀ ਪੰਕਜ ਕੁਮਾਰ ਗਰਗ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਵਿੱਦਿਅਕ ਅਤੇ ਧਾਰਮਿਕ ਦੌਰਿਆਂ ਨੂੰ ਮੁੱਖ ਰੱਖਦੇ ਹੋਏ ਕਾਲਜ ਦੀ ਮੈਨੇਜਮੈਂਟ ਨੇ ਕਾਲਜ ਵਿੱਚ ਬੱਸ ਦੀ ਸਹੂਲਤ ਮੁਹੱਈਆ ਕਰਾਈ ਹੈ।ਇਸ ਮੌਕੇ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ, ਅਹੁਦੇਦਾਰ ਸਾਹਿਬਾਨ ਡਾ. ਗੁਰਇੰਦਰ ਮੋਹਣ ਸਿੰਘ, ਸੁਰਿੰਦਰ ਸਿੰਘ ਰੋਮਾਣਾ ਤੇ ਦੀਪਇੰਦਰ ਸਿੰਘ ਸੇਖੋਂ ਨੇ ਬੱਸ ਨੂੰ ਕਾਲਜ ਦੇ ਪ੍ਰਿੰਸੀਪਲ ਸਾਹਿਬ ਦੇ ਸਪੁਰਦ ਕੀਤਾ ਅਤੇ ਇਹ ਹਦਾਇਤ ਵੀ ਦਿੱਤੀ ਕਿ ਵਿਦਿਆਰਥੀਆਂ ਅਤੇ ਕਾਲਜ ਦੇ ਸਟਾਫ਼ ਦੀ ਸਹੂਲਤ ਲਈ ਇਸ ਬੱਸ ਦਾ ਸਦਉਪਯੋਗ ਕੀਤਾ ਜਾਵੇ। ਪ੍ਰਿੰਸੀਪਲ ਸਾਹਿਬ ਨੇ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਸਮੂਹ ਅਹੁਦੇਦਾਰ ਸਾਹਿਬਾਨ ਦਾ ਧੰਨਵਾਦ ਕਰਦੇ ਹੋਏ ਉਹਨਾਂ ਨੂੰ ਵਧਾਈਆਂ ਦਿੱਤੀਆਂ। ਇਸ ਉਪਰੰਤ ਕਾਲਜ ਮੈਨੇਜਮੈਂਟ, ਪ੍ਰਿੰਸੀਪਲ ਸ਼੍ਰੀ ਪੰਕਜ ਕੁਮਾਰ ਗਰਗ ਅਤੇ ਸਟਾਫ ਮੈਂਬਰਾਂ ਨੇ ਗੁ. ਗੋਦੜੀ ਸਾਹਿਬ ਜੀ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਲੈਂਦੇ ਹੋਏ ਕਾਲਜ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾਈ।

## ਡੀ.ਸੀ. ਵੱਲੋਂ ਘੱਗਰ ਦਰਿਆ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਦੀ ਤਾਕੀਦ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਡਿਪਟੀ ਕਮਿਸ਼ਨਰ ਆਰ.ਕੇ.ਸਿੰਘ ਹੜ੍ਹ ਰੋਕੂ ਪ੍ਰਬੰਧਾਂ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਘੱਗਰ ਦਰਿਆ ਦੇ ਬੰਨ੍ਹਾਂ ਦਾ ਨਿਰੀਖਣ ਕਰਨ ਪੁੱਜੇ ਤਾਂ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸਥਿਤੀਆਂ ਤੇ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ। ਡੀ ਸੀ ਨੇ ਕਿਹਾ ਕਿ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਪਿਛਲੇ ਸਮੇਂ ਵਿੱਚ ਹੋਈਆਂ ਗ਼ਲਤੀਆਂ ਤੋਂ ਸਬਕ ਲੈਣਾ ਚਾਹੀਦਾ ਹੈ ਅਤੇ ਕਮਜ਼ੋਰ ਬੰਨ੍ਹਾਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਤੇ ਬੰਨ੍ਹਾਂ ਅਤੇ ਨਾਲਿਆਂ ਨੂੰ ਸਮੇਂ ਸਿਰ ਮਜ਼ਬੂਤ ?ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਹੜ੍ਹ ਰੋਕੂ ਪ੍ਰਬੰਧਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਜਾਣ, ਤਾਂ ਜੁ ਕਿਸੇ ਵੀ ਸੰਭਾਵੀ ਆਫ਼ਤ ਨਾਲ ਸਫ਼ਲਤਾਪੂਰਵਕ ਨਿਪਟਿਆ ਜਾ ਸਕੇ।

ਉਨ੍ਹਾਂ ਖੁਦ ਅਧਿਕਾਰੀਆਂ ਨਾਲ ਕਿਸ਼ਤੀ ਤੇ ਸਵਾਰ ਹੋ ਕੇ ਪਿੰਡ ਫਰਵਾਈ ਤੇ ਬੁੱਢਾਭਾਣਾ ਵਿਖੇ ਬਣਾਏ ਗਏ ਬੰਨ੍ਹਾਂ ਦਾ ਨੇੜਿਓਂ ਨਿਰੀਖਣ ਕੀਤਾ।ਉਨ੍ਹਾਂ ਪਿੰਡ ਮੁਸਾਹਿਬਵਾਲਾ, ਨੇਜਾਡੇਲਾ ਕਲਾਂ ਤੇ ਬੁਰਜ ਭੰਗੂ, ਓਟੂ ਹੈੱਡ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ।ਘੱਗਰ ਦਰਿਆ ਦਾ ਮੁਆਇਨਾ ਕਰਦਿਆਂ ਡੀ ਸੀ ਨੇ ਪਿੰਡਾਂ ਦੇ ਲੋਕਾਂ ਤੇ ਕਿਸਾਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਸਮੱਸਿਆਵਾਂ ਦੇ ਹੱਲ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।ਨਿਰੀਖਣ ਦੌਰਾਨ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਕੇਂਦਰੀ ਵਿਦਿਆਲਿਆ ਸਲਾਈਟ 'ਚ ਇੰਡਕਸ਼ਨ ਟ੍ਰੇਨਿੰਗ ਪ੍ਰੋਗਰਾਮ ਦਾ ਉਦਘਾਟਨ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** ਕੇਂਦਰੀ ਵਿਦਿਆਲਿਆ ਸਲਾਈਟ ਵਿਖੇ 27 ਅਪ੍ਰੈਲ ਤੱਕ ਸਿੱਧੇ ਤੌਰ 'ਤੇ ਭਰਤੀ ਕੀਤੇ ਗਏ ਪੀ.ਆਰ.ਟੀ.ਐਸ ਲਈ 5 ਦਿਨਾਂ ਦਾ ਇੰਡਕਸ਼ਨ ਟ੍ਰੇਨਿੰਗ ਪ੍ਰੋਗਰਾਮ ਦਾ ਉਦਘਾਟਨ ਕੀਤਾ ਗਿਆ, ਜਿਸ ਦੌਰਾਨ ਪੀ.ਸੀ. ਤਿਵਾੜੀ ਸਹਾਇਕ ਕਮਿਸ਼ਨਰ ਕੇਵੀਐਸ ਆਰ.ਓ. ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਵਿਦਿਆਰਥੀਆਂ ਦੀ ਸਕਾਊਟ ਤੇ ਗਾਈਡ ਕਲਰ ਪਾਰਟੀ ਵੱਲੋਂ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਸਮਾਗਮ ਦਾ ਸਵਾਗਤ ਸੰਬੋਧਨ ਵਿਦਿਆਲਿਆ ਦੇ ਪ੍ਰਿੰਸੀਪਲ ਐਚ. ਐਚ. ਯਾਦਵ ਵੱਲੋਂ ਦਿੱਤਾ ਗਿਆ। ਉਪਰੰਤ ਮਾਨਯੋਗ ਸਹਾਇਕ ਆਯੁਕਤ ਨੇ ਭਾਗੀਦਾਰਾਂ ਨਾਲ ਆਪਣੇ ਅਨੁਭਵ ਅਤੇ ਸੁਝਾਂ ਸਾਂਝੀਆਂ ਕੀਤੀਆਂ।ਸਿਖਲਾਈ ਦਾ ਉਦੇਸ਼ ਕੇਂਦਰੀ ਵਿਦਿਆਲਿਆ ਸੰਗਠਨ ਦੇ ਕੰਮਕਾਜ ਨੂੰ ਸਮਝਣ ਅਤੇ ਆਪਣੇ ਫ਼ਰਜ਼ਾਂ ਤੇ ਭੂਮਿਕਾਵਾਂ ਨੂੰ ਸੁਚਾਰੂ ਅਤੇ ਕੁਸ਼ਲਤਾ ਨਾਲ ਨਿਭਾਉਣ ਲਈ ਨਵੇਂ ਭਰਤੀ ਕੀਤੇ ਅਧਿਆਪਕਾਂ ਦੀ ਸਹਾਇਤਾ ਕਰਨਾ ਹੈ।ਇਨ੍ਹਾਂ ਪੰਜ ਦਿਨਾਂ ਦੌਰਾਨ ਸੰਸਾਧਕ ਦਵਿੰਦਰ ਸ਼ਰਮਾ (ਐਚ.ਐਮ), ਕੇ.ਵੀ. ਸੈਕਟਰ-29 ਚੰਡੀਗੜ੍ਹ, ਹਿਮਾਨੀ ਖੰਨਾ (ਐਚ.ਐਮ) ਕੇ.ਵੀ. ਨੰਬਰ-2 ਪਟਿਆਲਾ ਅਤੇ ਡਾ: ਨੀਲੂ ਸ਼ਰਮਾ ਕੇ.ਵੀ. ਭੂੰਗਾ ਵੱਲੋਂ ਨਵੇਂ ਆਧਿਆਪਕਾਂ ਨੂੰ ਸਿਖਲਾਈ ਦਿੱਤੀ ਜਾਵੇਗੀ।

## ਕੇਜਰੀਵਾਲ ਨਾਲ ਜੇਲ੍ਹ 'ਚ ਰੂਸ ਦੇ ਲੈਫ. ਕਰਨਲ ਅਲੈਗਜੈਂਡਰ ਵਿਹਾਰ ਹੋ ਰਿਹਾ : ਮਾਨ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਜਿਵੇਂ ਰੂਸ ਨੇ ਆਪਣੇ ਬਾਗ਼ੀ ਹੋਏ ਲੈਫ. ਕਰਨਲ ਐਲਗਜੈਂਡਰ ਨੂੰ ਬਰਤਾਨੀਆ ਵਿੱਚ ਪੋਲੋਨੀਅਮ ਦੀ ਜ਼ਹਿਰੀਲੀ ਦਵਾਈ ਦੇ ਕੇ ਮਾਰਿਆ ਸੀ ਤੇ ਰੂਸ ਦੇ 2 ਬਾਗੀਆਂ ਪਾਵੇਲ ਐਂਟੋਵ ਤੇ ਵਲਾਦੀਮੀਰ ਬਿਦੇਨੋਵ ਨੂੰ ਇੰਡੀਆ ਉੜੀਸਾ ਸਟੇਟ ਵਿੱਚ ਇੱਕ ਹੋਟਲ ਵਿੱਚ ਠਹਿਰੇ ਹੋਇਆਂ ਨੂੰ ਸਾਜ਼ਿਸ਼ ਤਹਿਤ ਮਾਰ ਦਿੱਤਾ ਸੀ ਤੇ ਹੁਣੇ ਹੀ 16 ਫਰਵਰੀ ਨੂੰ ਰੂਸ ਦੇ ਵਿਰੋਧੀ ਧਿਰ ਦੇ ਆਗੂ, ਵਕੀਲ ਤੇ ਐਂਟੀ ਭ੍ਰਿਸ਼ਟਾਚਾਰ ਦੇ ਮੈਂਬਰ ਮਿਸਟਰ ਨੇਵਲਨੀ ਨੂੰ ਵੀ ਇਸੇ ਸਾਜ਼ਿਸ਼ ਤਹਿਤ ਮਾਰ ਦਿੱਤਾ ਗਿਆ ਸੀ, ਉਸ ਤਰ੍ਹਾਂ ਦਾ ਦੁਖਦਾਇਕ ਵਰਤਾਰਾ ਮੌਜੂਦਾ ਇੰਡੀਆ ਦੀ ਮੋਦੀ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਆਮ ਆਦਮੀ ਪਾਰਟੀ ਦੇ ਮੁਖੀ ਸ੍ਰੀ ਕੇਜਰੀਵਾਲ ਜੋ ਇਸ ਸਮੇਂ ਜੇਲ੍ਹ ਵਿੱਚ ਬੰਦੀ ਹਨ, ਉਨ੍ਹਾਂ ਨੂੰ ਪੋਲੋਨੀਅਮ ਨਾਂਅ ਦੀ ਦਵਾਈ ਰਾਹੀਂ ਇਹ ਹੁਕਮਰਾਨ ਖਤਮ ਕਰਨ ਦੀ ਸਾਜ਼ਿਸ਼ ਉਤੇ ਅਮਲ ਕਰ ਸਕਦੇ ਹਨ।ਇਹ ਹੁਕਮਰਾਨਾਂ ਦੀ ਬਹੁਤ ਵੱਡੀ ਗੈਰ ਇਨਸਾਨੀਅਤ ਤੇ ਵਿਰੋਧੀ ਸੋਚ ਰੱਖਣ ਵਾਲੇ ਆਗੂਆਂ ਨਾਲ ਅਤਿ ਸ਼ਰਮਨਾਕ ਨਿੰਦਣਯੋਗ ਅਮਲ ਹੋਵੇਗਾ।ਇਸ ਲਈ ਅਸੀ ਮੋਦੀ ਹਕੂਮਤ ਨੂੰ ਇਸ ਇਨਸਾਨੀਅਤ ਵਿਰੋਧੀ ਹੋਣ ਵਾਲੇ ਭਿਆਨਕ ਨਤੀਜਿਆਂ ਤੋਂ ਖ਼ਬਰਦਾਰ ਕਰਦੇ ਹਾਂ।

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਐਮ.ਪੀ ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਕੇਜਰੀਵਾਲ ਨਾਲ ਜੇਲ੍ਹ ਵਿੱਚ ਹੁਕਮਰਾਨਾਂ ਵੱਲੋਂ ਸਲੋ ਪੋਆਇਜਨ ਜਾਂ ਜ਼ਹਿਰੀਲੀ ਦਵਾਈ ਨਾਲ ਮਾਰ ਦੇਣ ਦੀ ਘੜੀ ਜਾ ਰਹੀ ਸਾਜ਼ਿਸ਼ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਹਾਲਾਤ ਨੂੰ ਵਿਸਫੋਟਕ ਬਣਾਉਣ ਦੇ ਖਤਰਨਾਕ ਨਤੀਜਿਆਂ ਤੋਂ ਖ਼ਬਰਦਾਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਬਰਤਾਨੀਆ ਵਿਚ ਉੱਘੇ ਸਿੱਖ ਨੌਜਵਾਨ ਭਾਈ ਅਵਤਾਰ ਸਿੰਘ ਖੰਡਾ ਨੂੰ ਹਸਪਤਾਲ ਵਿਚ ਦਾਖਲ ਹੁੰਦੇ ਹੋਏ ਉਪਰੋਕਤ ਪੋਲੋਨੀਅਮ ਨਾਮ ਦੀ ਜ਼ਹਿਰ ਨਾਲ ਖਤਮ ਕਰ ਦਿੱਤਾ ਸੀ।ਉਨ੍ਹਾਂ ਕਿਹਾ ਕਿ ਬੇਸ਼ੱਕ ਸਾਡੀ ਸਿਧਾਂਤਕ 'ਤੇ ਨੀਤੀ ਤੌਰ ਤੇ ਸ੍ਰੀ ਕੇਜਰੀਵਾਲ ਤੇ ਉਸਦੀ ਆਮ ਆਦਮੀ ਪਾਰਟੀ ਨਾਲ ਪੂਰੀ ਵਿਰੋਧਤਾ ਹੈ, ਪਰ ਜਦੋ ਵੀ ਹੁਕਮਰਾਨ ਗੈਰ-ਜਮਹੂਰੀਅਤ, ਗੈਰ ਵਿਧਾਨਕ ਢੰਗ ਨਾਲ ਆਪਣੇ ਵਿਰੋਧੀਆਂ ਨੂੰ ਸਰੀਰਕ ਤੌਰ 'ਤੇ ਖਤਮ ਕਰਨ ਤੇ ਮਨੁੱਖੀ ਅਧਿਕਾਰਾਂ ਦਾ ਹਨਨ ਕਰਨ ਦੀ ਗੱਲ ਕਰੇ ਤਾਂ ਸਾਡਾ ਸਭ ਦਾ ਇਹ ਇਨਸਾਨੀ ਤੇ ਇਖਲਾਕੀ ਫ਼ਰਜ਼ ਬਣ ਜਾਂਦਾ ਹੈ ਕਿ ਹੁਕਮਰਾਨਾਂ ਦੀਆਂ ਤਾਨਾਸ਼ਾਹੀ ਅਮਲਾਂ ਦਾ ਦ੍ਰਿੜਤਾ ਨਾਲ ਵਿਰੋਧ ਵੀ ਕੀਤਾ ਜਾਵੇ ਤੇ ਅਜਿਹੇ ਅਮਲ ਹੋਣ ਤੋਂ ਸਖਤ ਸ਼ਬਦਾਂ ਰਾਹੀ ਤਾੜਨਾ ਵੀ ਕੀਤੀ ਜਾਵੇ।

## ਅੱਗ ਲੱਗਣ ਕਾਰਨ ਸੜੀ ਕਣਕ ਦਾ ਹਨੀ ਫੱਤਣਵਾਲਾ ਵੱਲੋਂ ਜਾਇਜ਼ਾ



**ਸ਼੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**-ਬੀਤੇ ਦਿਨੀਂ 2 ਪਿੰਡਾਂ ਹਰਾਜ ਤੇ ਖੋਖਰ ਦੇ ਰਸਤੇ 'ਤੇ ਦੋਨਾਂ ਪਿੰਡਾਂ ਦੇ ਕਿਸਾਨਾਂ ਦੀ ਫਸਲ ਨੂੰ ਅੱਗ ਲੱਗਣ ਕਾਰਨ ਬਹੁਤ ਵੱਡਾ ਨੁਕਸਾਨ ਹੋ ਗਿਆ, ਜਿਸ ਦਾ ਜਾਇਜ਼ਾ ਲੈਣ 'ਤੇ ਕਿਸਾਨਾਂ ਨਾਲ ਦੁੱਖ ਵੰਡਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਪਹੁੰਚੇ।ਅੱਗ ਲੱਗਣ ਕਾਰਨ 50 ਏਕੜ ਕਣਕ ਤੇ 20 ਏਕੜ ਦੇ ਕਰੀਬ ਕਣਕ ਦਾ ਨਾੜ ਸੜ ਕੇ ਸੁਆਹ ਹੋ ਗਿਆ।ਇਸ ਅੱਗ ਨਾਲ ਪਿੰਡ ਖੋਖਰ ਦੇ 7 ਕਿਸਾਨਾਂ ਤੇ ਹਰਾਜ ਦੇ 5 ਕਿਸਾਨਾਂ ਦਾ ਨੁਕਸਾਨ ਹੋਇਆ ਹੈ।ਕਿਸਾਨਾਂ ਨੇ ਹਨੀ ਫੱਤਣਵਾਲਾ ਨੂੰ ਦੱਸਿਆ ਕਿ ਇਹ ਅੱਗ ਕੁਦਰਤੀ ਨਹੀਂ ਲੱਗੀ, ਬਲਕਿ ਕਿਸੇ ਸ਼ਰਾਰਤੀ ਅਨਸਰ ਦੀ ਕਰਤੂਤ ਹੈ।ਇਸ ਦੌਰਾਨ ਹਨੀ ਫੱਤਣਵਾਲਾ ਨੇ ਜਿੱਥੇ ਕਿਸਾਨਾਂ ਨਾਲ ਐਨਾ ਨੁਕਸਾਨ ਹੋਣ 'ਤੇ ਅਫਸੋਸ ਪ੍ਰਗਟ ਕੀਤਾ, ਉਥੇ ਹੀ ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦੋਸ਼ੀ ਦੀ ਭਾਲ ਕਰਕੇ ਉਸ ਨੂੰ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇ ਤੇ ਪੰਜਾਬ ਸਰਕਾਰ ਇਨ੍ਹਾਂ ਗਰੀਬ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਕਣਕ ਦਾ ਤੇ 5 ਹਜ਼ਾਰ ਨਾੜ ਦਾ ਮੁਆਵਜ਼ਾ ਦੇਵੇ।ਇਸ ਦੌਰਾਨ ਹਨੀ ਫੱਤਣਵਾਲਾ ਨੇ ਅੱਗ ਨੂੰ ਬੜੀ ਹਿੰਮਤ ਨਾਲ ਬੁਝਾਉਣ ਵਾਲੇ 5 ਪਿੰਡਾਂ ਦੇ ਸਾਰੇ ਲੋਕਾਂ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਰੂਪ ਸਿੰਘ ਹਰਾਜ, ਬਿਧੀਚੰਦ ਸਿੰਘ, ਗੁਰਵਿੰਦਰ ਸਿੰਘ ਖੋਖਰ, ਫਰੀਦ ਸਿੰਘ, ਗੁਰਭਜਨ ਸਿੰਘ, ਲਛਮਣ ਸਿੰਘ, ਗੁਰਪ੍ਰੀਤ ਸਿੰਘ, ਬਲਤੇਜ ਸਿੰਘ ਖੋਖਰ ਤੇ ਸੁਰਜੀਤ ਸਿੰਘ ਦੇ ਇਲਾਵਾ ਹੋਰ ਵੀ ਕਿਸਾਨ ਹਾਜ਼ਰ ਸਨ।

## ਕੰਧ ਪੱਤ੍ਰਿਕਾ ਖਾਲਸਾ ਪੰਥ ਦੀ ਸਾਜਨਾ ਦਿਵਸ ਮੌਕੇ ਕਰਾਏ ਮੁਕਾਬਲੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਕੰਧ ਪੱਤ੍ਰਿਕਾ ਮੁਕਾਬਲੇ ਕਰਾਏ ਗਏ।ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਕਾਲਜ ਯੂਨਿਟ ਦੇ ਕਨਵੀਨਰ ਡਾ. ਗਗਨਦੀਪ ਕੌਰ ਨੇ ਕਿਹਾ ਕਿ ਅਪ੍ਰੈਲ ਮਹੀਨੇ ਦੀ ਕੰਧ ਪੱਤ੍ਰਿਕਾ ਦਾ ਵਿਸ਼ਾ ਵਿਸਾਖੀ ਤੇ ਖਾਲਸਾ ਪੰਥ ਦੀ ਸਾਜਨਾ ਨਾਲ ਸੰਬਧਿਤ ਸੀ।ਉਨ੍ਹਾਂ ਦੱਸਿਆ ਕਿ ਕੰਧ ਪੱਤ੍ਰਿਕਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਊਰਜਾ ਨੂੰ ਚੰਗੇ ਪਾਸੇ ਲਾਉਣ ਦੇ ਨਾਲ ਨਾਲ ਸਿੱਖ ਇਤਿਹਾਸ ਬਾਰੇ ਜਾਣਕਾਰੀ ਦੇਣਾ ਹੈ।ਇਸ ਮੁਕਾਬਲੇ ਵਿੱਚ ਵੱਖ-ਵੱਖ ਵਿਭਾਗਾਂ ਦੇ 20 ਵਿਦਿਆਰਥੀਆਂ ਨੇ ਭਾਗ ਲਿਆ।

ਪ੍ਰੋ. ਸੁਖਜੀਤ ਸਿੰਘ ਨੇ ਨਤੀਜੇ ਐਲਾਨਦਿਆਂ ਦੱਸਿਆ ਕਿ ਯੋਗਿੰਦਰ ਸਿੰਘ ਨੇ ਪਹਿਲਾ, ਖੁਸ਼ਮੀਤ ਕੌਰ ਅਤੇ ਲਵਜੋਤ ਕੌਰ ਨੇ ਦੂਜਾ ਸਥਾਨ ਅਤੇ ਪਿੰਕੀ ਨਿਸ਼ਾਦ ਨੇ ਤੀਜਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਸ਼੍ਰੀ ਰਾਜੇਸ਼ ਕੁਮਾਰ, ਯੂਥ ਕੋਆਰਡੀਨੇਟਰ ਡਾ.ਰਾਜੇਸ਼ ਮੋਹਨ ਤੇ ਡਾ. ਪੂਜਾ ਭੱਲਾ ਨੇ ਮੈਡਲ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਨਾਲ, ਜਿੱਥੇ ਬੱਚਿਆਂ ਦੀ ਸਮੁੱਚੀ ਸ਼ਖ਼ਸੀਅਤ ਵਿੱਚ ਨਿਖਾਰ ਆਵੇਗਾ, ਉੱਥੇ ਨਾਲ ਹੀ ਉਨ੍ਹਾ ਨੂੰ ਭਾਰਤ ਦੇ ਇਤਿਹਾਸ ਬਾਰੇ ਜਾਣਕਾਰੀ ਵੀ ਪ੍ਰਾਪਤ ਹੋਵੇਗੀ।

ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਲਈ ਪ੍ਰੋ. ਪਵਨ ਵਾਲੀਆ, ਪ੍ਰੋ. ਵਰਿੰਦਰ ਮੱਕੜ, ਪ੍ਰੋ. ਸੁਖਜੀਤ, ਪ੍ਰੋ. ਕਿਰਨ ਬਾਲਾ, ਡਾ. ਕੁਲਵਿੰਦਰ ਕੌਰ ਵਿਸ਼ੇਸ਼ ਰੂਪ ਵਿੱਚ ਹਾਜ਼ਰ ਸਨ।ਅੰਤ ਵਿੱਚ ਡਾ. ਗਗਨਦੀਪ ਕੌਰ ਨੇ ਸਭ ਦਾ ਧੰਨਵਾਦ ਕੀਤਾ।

## ਖਾਮੀਆਂ ਪਾਏ ਜਾਣ 'ਤੇ ਸਕੂਲੀ ਵਾਹਨ ਹੋਣਗੇ ਜ਼ਬਤ : ਡੀ ਸੀ

**ਸੰਗਰੂਰ, (ਪ੍ਰਵੀਨ ਸਿੰਘ)**-ਜ਼ਿਲ੍ਹਾ ਸੰਗਰੂਰ ਵਿੱਚ ਸੇਫ਼ ਸਕੂਲ ਵਾਹਨ ਪਾਲਿਸੀ ਨੂੰ ਲਾਗੂ ਕਰਨ ਲਈ ਵਿਭਾਗੀ ਪੱਧਰ 'ਤੇ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਸਕੂਲੀ ਵਾਹਨਾਂ ਦੀ ਜਾਂਚ ਦੌਰਾਨ ਅਨਿਯਮਤਾਵਾਂ ਪਾਏ ਜਾਣ ਦੀ ਸੂਰਤ ਵਿੱਚ ਸਕੂਲੀ ਵਾਹਨਾਂ ਨੂੰ ਜ਼ਬਤ ਕੀਤੇ ਜਾਣ ਦੀ ਹਦਾਇਤ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸੇ ਵੀ ਹਾਲਤ ਵਿੱਚ ਵਿਦਿਆਰਥੀਆਂ ਦੀ ਜਾਨ ਨੂੰ ਜੋਖਮ ਵਿੱਚ ਨਹੀਂ ਪਾਇਆ ਜਾ ਸਕਦਾ ਅਤੇ ਜਿਹੜੇ ਸਕੂਲਾਂ ਦੇ ਮੁਖੀ ਵਾਰ ਵਾਰ ਕੀਤੀਆਂ ਜਾ ਰਹੀਆਂ ਪ੍ਰਸ਼ਾਸ਼ਨਿਕ ਅਪੀਲਾਂ ਦੇ ਬਾਵਜੂਦ ਸੇਫ ਸਕੂਲ ਵਾਹਨ ਪਾਲਿਸੀ ਦੀ ਉਲੰਘਣਾ ਕਰਦੇ ਪਾਏ ਜਾਣਗੇ ਉਨ੍ਹਾ ਖਿਲਾਫ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਉਨ੍ਹਾ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਸਮੂਹ ਸਕੂਲਾਂ ਦੇ ਮੁਖੀਆਂ ਨੂੰ ਇਨ੍ਹਾਂ ਦਿਸ਼ਾ ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਲਈ ਸੁਚੇਤ ਕੀਤਾ ਜਾਵੇ। ਉਨ੍ਹਾ ਸਮੂਹ ਐਸ. ਡੀ. ਐਮ., ਆਰ. ਟੀ. ਓ. ਅਤੇ ਪੁਲਸ ਅਧਿਕਾਰੀਆਂ ਨੂੰ ਸਕੂਲੀ ਵਾਹਨਾਂ ਦੀ ਨਿਯਮਿਤ ਜਾਂਚ ਨੂੰ ਹੋਰ ਤੇਜ਼ ਕਰਨ ਦੀ ਹਦਾਇਤ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿਛਲੇ ਦਿਨਾਂ ਦੌਰਾਨ ਪੰਜਾਬ ਤੇ ਗੁਆਂਢੀ ਰਾਜਾਂ ਵਿੱਚ ਵੱਖ-ਵੱਖ ਥਾਈਂ ਵਾਪਰੀਆਂ ਸੜਕ ਦੁਰਘਟਨਾਵਾਂ ਦੌਰਾਨ ਵਾਹਨ ਚਾਲਕਾਂ ਦੀ ਅਣਗਹਿਲੀ ਕਾਰਨ ਸਕੂਲੀ ਵਿਦਿਆਰਥੀਆਂ ਦੀ ਜਾਨ ਖਤਰੇ ਵਿੱਚ ਪਈ ਜਿਸ ਦੇ ਮੱਦੇਨਜ਼ਰ ਜ਼ਿਲ੍ਹਾ ਸੰਗਰੂਰ ਦੇ ਸਮੂਹ ਸਕੂਲਾਂ ਵਿੱਚ ਸਕੂਲੀ ਵਾਹਨਾਂ ਦੇ ਡਰਾਈਵਰਾਂ ਲਈ ਲਾਜ਼ਮੀ ਤੌਰ 'ਤੇ ਸਾਰੇ ਦਿਸ਼ਾ ਨਿਰਦੇਸ਼ਾਂ ਦੀ ਸਖਤੀ ਨਾਲ ਪਾਲਣਾ ਕਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ ਤਾਂ ਕਿ ਭਵਿੱਖ ਵਿੱਚ ਕਿਸੇ ਅਣਗਹਿਲੀ ਦੀ ਗੁੰਜਾਇਸ਼ ਨਾ ਰਹੇ। ਉਨ੍ਹਾ ਸਕੂਲੀ ਵਾਹਨਾਂ ਵਿੱਚ ਫਸਟ ਏਡ ਬਾਕਸ, ਅੱਗ ਨਿਯੰਤ੍ਰਣ ਯੰਤਰਾਂ, ਐਮਰਜੈਂਸੀ ਦਰਵਾਜ਼ਾ, ਪਰਮਿਟ, ਮਹਿਲਾ ਸਹਾਇਕ, ਸੀਟਾਂ ਦੀ ਸਮਰੱਥਾ ਆਦਿ ਮਾਪਦੰਡਾਂ ਦੀ ਚੈਕਿੰਗ ਵੀ ਕਰਦੇ ਰਹਿਣ ਦੇ ਆਦੇਸ਼ ਦਿੱਤੇ।

## ਬਲੌਜ਼ਮਜ਼ ਸਕੂਲ 'ਚ ਪੌਦੇ ਲਗਾ ਕੇ ਮਨਾਇਆ 'ਅਰਥ ਡੇਅ'



**ਜਗਰਾਉਂ, (ਸੰਜੀਵ ਅਰੋੜਾ)**- ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਹਰ ਦਿਨ ਤਿਉਹਾਰ ਨੂੰ ਆਪਣੇ ਵਿਦਿਆਰਥੀਆਂ ਨਾਲ ਸਾਂਝਾ ਕਰਕੇ ਮਨਾਇਆ ਜਾਂਦਾ ਹੈ। ਉਸੇ ਲੜੀ ਤਹਿਤ ਅੱਜ ਅਰਥ ਡੇਅ ਨੂੰ ਮੁੱਖ ਰੱਖਦੇ ਹੋਏ ਸਕੂਲ ਦੀ ਅਧਿਆਪਕਾ ਮਿਸਿਜ਼ ਡਾਲੀ ਦੁਆਰਾ ਵਿਦਿਆਰਥੀਆਂ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ ਤੇ ਪੌਦੇ ਵੀ ਲਗਾਏ ਗਏ, ਜਿਸ ਦੀ ਸਾਂਭ ਸੰਭਾਲ ਸਬੰਧੀ ਵਿਦਿਆਰਥੀਆਂ ਦੀ ਜ਼ਿੰਮੇਵਾਰੀ ਲਗਾਈ ਗਈ। ਇਸ ਦੇ ਨਾਲ ਹੀ ਇੱਕ ਸਹੁੰ ਵੀ ਚੁੱਕੀ ਗਈ ਕਿ ਧਰਤੀ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਲਈ ਅਸੀਂ ਆਪਣੇ ਬਣਦੇ ਫਰਜ਼ ਜ਼ਰੂਰ ਨਿਭਾਵਾਂਗੇ। ਇਸ ਮੌਕੇ ਸਕੂਲ ਦੇ ਪ੍ਰਿੰ. ਡਾ. ਅਮਰਜੀਤ ਕੌਰ ਨਾਜ਼ ਨੇ ਵਿਦਿਆਰਥੀ ਵਰਗ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਪ੍ਰਮਾਤਮਾ ਵੱਲੋਂ ਬਖਸ਼ੇ ਕੁਦਰਤੀ ਸੋਮਿਆਂ ਨੂੰ ਹਮੇਸ਼ਾ ਸਾਂਭ ਕੇ ਰੱਖਣਾ ਚਾਹੀਦਾ ਹੈ। ਅੱਜ ਅਰਥ ਡੇਅ 'ਤੇ ਅਸੀਂ ਪੌਦੇ ਲਗਾ ਕੇ ਵਿਦਿਆਰਥੀਆਂ ਲਈ ਇੱਕ ਨਵਾਂ ਰਾਹ ਬਣਾਇਆ ਹੈ ਕਿ ਇਹ ਹਰ ਵਰ੍ਹੇ ਹੀ ਨਹੀਂ ਸਗੋਂ ਆਪਣੇ ਰੋਜ਼ਾਨਾ ਜੀਵਨ ਵਿੱਚ ਰੁੱਖਾਂ ਦੀ ਅਹਿਮੀਅਤ ਨੂੰ ਸਮਝਣਗੇ ਤੇ ਵੱਧ ਤੋਂ ਵੱਧ ਪੌਦੇ ਲਗਾਉਣਗੇ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਕਿਹਾ ਕਿ ਕੁਦਰਤੀ ਸੋਮਿਆਂ ਨੂੰ ਹਮੇਸ਼ਾ ਸੰਭਾਲ ਕੇ ਰੱਖਣਾ ਚਾਹੀਦਾ ਹੈ।

## 30 ਤੱਕ ਮਨਾਇਆ ਜਾਵੇਗਾ ਵਿਸ਼ਵ ਟੀਕਾਕਰਨ ਹਫਤਾ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਿਹਤ ਵਿਭਾਗ ਵੱਲੋਂ 24 ਤੋਂ 30 ਅਪ੍ਰੈਲ ਤੱਕ 'ਵਿਸ਼ਵ ਟੀਕਾਕਰਨ ਹਫ਼ਤਾ' ਮਨਾਇਆ ਜਾ ਰਿਹਾ ਹੈ।ਮੰਗਲਵਾਰ ਡਾ. ਮਨਿੰਦਰ ਪਾਲ ਸਿੰਘ ਸਿਵਲ ਸਰਜਨ ਫਰੀਦਕੋਟ ਵੱਲੋਂ ਬੈਨਰ ਰਿਲੀਜ਼ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰ ਕੁਮਾਰ, ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਵਿਵੇਕ ਰਾਜੌਰਾ, ਮੈਡੀਕਲ ਅਫਸਰ ਡਾ. ਮੈਰੀ ਵੀ ਹਾਜ਼ਰ ਸਨ। ਡਾ. ਮਨਿੰਦਰ ਪਾਲ ਸਿੰਘ ਨੇ ਦੱਸਿਆ ਕਿ ਗਰਭਵਤੀ ਮਾਵਾਂ ਨੂੰ ਟੈਟਨਸ ਅਤੇ ਛੋਟੇ ਬੱਚਿਆਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਨਾਮੁਰਾਦ ਬਿਮਾਰੀਆਂ ਤੋਂ ਬਚਾਉਣ ਲਈ ਉਨ੍ਹਾਂ ਦਾ ਸੰਪੂਰਨ ਟੀਕਾਕਰਨ ਕਰਨਾ ਅਤੀ ਜ਼ਰੂਰੀ ਹੁੰਦਾ ਹੈ, ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਮਾਵਾਂ ਤੇ ਬੱਚਿਆਂ ਦਾ ਸੰਪੂਰਨ ਟੀਕਾਕਰਨ ਕਰਨ ਲਈ ਸਿਹਤ ਵਿਭਾਗ ਵੱਲੋਂ 24 ਤੋਂ 30 ਅਪ੍ਰੈਲ ਤੱਕ ਵਿਸ਼ਵ ਟੀਕਾਕਰਨ ਹਫ਼ਤਾ ਮਨਾਇਆ ਜਾ ਰਿਹਾ ਹੈ।ਡਾ.ਵਰਿੰਦਰ ਕੁਮਾਰ ਜ਼ਿਲ੍ਹਾ ਟੀਕਾਕਰਨ ਅਫਸਰ ਫਰੀਦਕੋਟ ਨੇ ਦੱਸਿਆ ਕਿ ਐਕਸਪੈਂਡਿਡ ਪ੍ਰੋਗਰਾਮ ਆਨ ਇਮਨਾਈਜੇਸ਼ਨ ਦੇ 50 ਵਰ੍ਹੇ ਪੂਰੇ ਹੋਣ 'ਤੇ ਪੂਰੇ ਵਿਸ਼ਵ ਵਿਚ ਇਹ ਹਫ਼ਤਾ ਮਨਾਇਆ ਜਾ ਰਿਹਾ ਹੈ।ਸਿਹਤ ਵਿਭਾਗ ਪੰਜਾਬ ਤੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਅੰਦਰ ਪੈਂਦੇ ਖ਼ਾਸ ਤੌਰ 'ਤੇ ਸ਼ਹਿਰੀ ਅਤੇ ਪ੍ਰਵਾਸੀ ਵਸੋਂ ਵਾਲੇ ਹੋਰ ਇਲਾਕੇ ਜਿਵੇਂ ਸਲੱਮ ਏਰੀਆ, ਝੁੱਗੀਆਂ, ਝੌਂਪੜੀਆਂ, ਭੱਠਿਆਂ, ਪਥੇਰਾਂ, ਗੁੱਜਰਾਂ ਦੇ ਡੇਰੇ ਤੇ ਹੋਰ ਅਪਹੁੰਚ ਇਲਾਕਿਆਂ ਵਿੱਚ ਗਰਭਵਤੀ ਔਰਤਾਂ ਅਤੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਸਾਰੇ ਬੱਚਿਆਂ ਦਾ ਸੰਪੂਰਨ ਟੀਕਾਕਰਨ ਕਰਨ ਲਈ ਆਊਟਰੀਚ ਕੈਂਪ ਲਗਾਏ ਜਾਣਗੇ। ਪੈਰਾਮੈਡੀਕਲ ਸਟਾਫ ਵੱਲੋਂ ਫੀਲਡ ਵਿੱਚ ਹੈਡ ਕਾਊਂਟ ਕਰਨ ਲਈ ਸਰਵੇ ਕੀਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਟੀਕਾਕਰਨ ਮੁਹਿੰਮ ਵਿਚ ਸ਼ਾਮਲ ਹੋਣ ਅਤੇ ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕਰਵਾਇਆ ਜਾਵੇ।ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ ਅਤੇ ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ ਨੇ ਦੱਸਿਆ ਕਿ ਇਸ ਮੁਹਿੰਮ ਸੰਬੰਧੀ ਜਾਗਰੂਕਤਾ ਫੈਲਾਉਣ ਲਈ ਸਕੂਲਾਂ ਵਿੱਚ ਭਾਸ਼ਨ, ਕੁਇਜ਼ ਮੁਕਾਬਲੇ ਕਰਵਾਏ ਜਾਣਗੇ ਅਤੇ ਆਮ ਲੋਕਾਂ ਵਿੱਚ ਇਸ ਮੁਹਿੰਮ ਸੰਬੰਧੀ ਹੋਰ ਜਾਗਰੂਕਤਾ ਗਤੀਵਿਧੀਆਂ ਵੀ ਕੀਤੀਆਂ ਜਾਣਗੀਆਂ। ਇਸ ਮੌਕੇ ਅਮਨਦੀਪ ਕੌਰ, ਕੌਸ਼ਲ ਕੁਮਾਰ ਆਦਿ ਵੀ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਮੰਡੀਆਂ ਤੇ ਗੁਦਾਮਾਂ ਦਾ ਦੌਰਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਸੋਮਵਾਰ ਦੀ ਰਾਤ ਖੁਦ ਮੰਡੀਆਂ ਅਤੇ ਗੋਦਾਮਾਂ ਦਾ ਦੌਰਾ ਕਰਨ ਨਿਕਲੇ ਜਿੱਥੇ ਉਹ ਕਣਕ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਲਈ ਖਰੀਦ ਏਜੰਸੀਆਂ ਨੂੰ ਹੱਲਾਸ਼ੇਰੀ ਦਿੰਦੇ ਵਿਖਾਈ ਦਿੱਤੇ।ਡਿਪਟੀ ਕਮਿਸ਼ਨਰ ਨੇ ਜਲਾਲਾਬਾਦ ਦੀ ਮੁੱਖ ਅਨਾਜ ਮੰਡੀ ਤੋਂ ਇਲਾਵਾ ਇੱਥੇ ਵੱਖ-ਵੱਖ ਗੋਦਾਮਾਂ ਵਿੱਚ ਪਹੁੰਚ ਕੇ ਜਿੱਥੇ ਕਣਕ ਦੀ ਲਿਫਟਿੰਗ ਕਰ ਰਹੇ ਮਜ਼ਦੂਰਾਂ ਦਾ ਹੌਸਲਾ ਵਧਾਇਆ ਉਥੇ ਹੀ ਉਨ੍ਹਾ ਖਰੀਦ ਏਜੰਸੀਆਂ ਨੂੰ ਵੀ ਹੱਲਾਸ਼ੇਰੀ ਦਿੱਤੀ ਅਤੇ ਹਦਾਇਤ ਕੀਤੀ ਕਿ ਕਣਕ ਦੀ ਲਿਫਟਿੰਗ ਤੇਜ਼ੀ ਨਾਲ ਕੀਤੀ ਜਾਵੇ।ਉਨ੍ਹਾ ਕਿਹਾ ਕਿ ਜੇਕਰ ਲਿਫਟਿੰਗ ਨਾਲੋ ਨਾਲ ਹੁੰਦੀ ਰਹੇਗੀ ਤਾਂ ਮੰਡੀਆਂ ਵਿੱਚ ਹੋਰ ਕਣਕ ਆਉਣ ਲਈ ਥਾਂ ਵੀ ਉਪਲਬਧ ਹੁੰਦੀ ਰਹੇਗੀ ਅਤੇ ਕਿਸਾਨਾਂ ਨੂੰ ਨਵੀਂ ਫਸਲ ਲਿਆਉਣ ਵਿੱਚ ਦਿੱਕਤ ਨਹੀਂ ਆਵੇਗੀ।ਡਿਪਟੀ ਕਮਿਸ਼ਨਰ ਨੇ ਇਸ ਮੌਕੇ ਖਰੀਦ ਏਜੰਸੀਆਂ, ਆੜ੍ਹਤੀਆਂ, ਟਰਾਂਸਪੋਰਟਰਾਂ ਅਤੇ ਲੇਬਰ ਨੂੰ ਕਿਹਾ ਕਿ ਕਣਕ ਦੀ ਖਰੀਦ ਦਾ ਸੀਜ਼ਨ ਸਾਡੇ ਲਈ ਮਹੱਤਵਪੂਰਨ ਸਮਾਂ ਹੁੰਦਾ ਹੈ ਅਤੇ ਇਸ ਸਮੇਂ ਸਾਨੂੰ ਸਭ ਨੂੰ ਇੱਕ ਟੀਮ ਵਜੋਂ ਕੰਮ ਕਰਦੇ ਹੋਏ ਤੇਜੀ ਨਾਲ ਸਾਰੇ ਟੀਚੇ ਪੂਰੇ ਕਰਨੇ ਚਾਹੀਦੇ ਹਨ।ਇਸ ਮੌਕੇ ਉਨ੍ਹਾ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਜਨਰਲ ਰਾਕੇਸ਼ ਕੁਮਾਰ ਪੋਪਲੀ, ਜਲਾਲਾਬਾਦ ਦੇ ਐਸ ਡੀ ਐਮ ਬਲਕਰਨ ਸਿੰਘ, ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਹਿਮਾਂਸ਼ੂ ਕੁੱਕੜ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।ਫਾਜ਼ਿਲਕਾ ਜ਼ਿਲ੍ਹੇ ਵਿਚ ਬੀਤੀ ਸ਼ਾਮ ਤੱਕ 185907 ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ।ਹੁਣ ਤੱਕ ਮੰਡੀਆਂ ਵਿਚ ਕੁੱਲ ਆਮਦ 206472 ਮੀਟ੍ਰਿਕ ਟਨ ਹੋਈ ਹੈ।

## ਮਲੇਰੀਆ ਦੀ ਰੋਕਥਾਮ ਲਈ ਕੀਤੀਆਂ ਜਾ ਰਹੀਆਂ ਫੀਵਰ ਸਰਵੇ ਤੇ ਜਾਗਰੂਕਤਾ ਗਤੀਵਿਧੀਆਂ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਿਵਲ ਸਰਜਨ ਡਾ. ਨਵਜੋਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਐਸ.ਐਮ.ਓ. ਡਾ. ਕੁਲਤਾਰ ਸਿੰਘ ਦੀ ਯੋਗ ਅਗਵਾਈ ਹੇਠ ਬਲਾਕ ਚੱਕ ਸ਼ੇਰੇ ਵਾਲਾ ਦੇ ਵੱਖ-ਵੱਖ ਪਿੰਡਾਂ ਵਿਖੇ ਮਲੇਰੀਆ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਹੈ।

ਬੀ.ਈ.ਈ ਮਨਬੀਰ ਸਿੰਘ ਤੇ ਐਸ.ਆਈ ਪਰਮਜੀਤ ਸਿੰਘ ਨੇ ਦੱਸਿਆ ਕਿ 26 ਅਪ੍ਰੈਲ ਤੱਕ ਚਲਾਏ ਜਾ ਰਹੇ ਇਸ ਵਿਸ਼ੇਸ਼ ਹਫ਼ਤੇ ਦੌਰਾਨ ਫੀਵਰ ਸਰਵੇ ਤੇ ਜਾਗਰੂਕਤਾ ਗਤੀਵਿਧੀਆਂ ਕੀਤੀ ਜਾ ਰਹੀਆਂ ਹਨ।ਸਿਹਤ ਕਰਮੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਮਾਈਗ੍ਰੇਟਰੀ ਆਬਾਦੀ ਜਿਵੇਂ ਅਨਾਜ ਮੰਡੀ, ਭੱਠਿਆਂ 'ਤੇ ਮਜ਼ਦੂਰੀ ਕਰਦੇ ਪ੍ਰਵਾਸੀਆਂ ਨੂੰ ਮਲੇਰੀਏ ਦੇ ਫੈਲਣ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਪਿੰਡ ਮਹਾਂਬੱਧਰ, ਰੁਪਾਣਾ, ਹਰੀ ਕੇ ਕਲਾਂ, ਮਦਾਹਰ ਕਲਾਂ, ਸਰਾਏਨਾਗਾ, ਭਾਗਸਰ, ਲੁਬਾਣਿਆਂ ਵਾਲੀ, ਫੱਤਣਵਾਲਾ, ਬਧਾਈ, ਬਲਮਗੜ੍ਹ, ਉਦੇਕਰਨ, ਸੰਗੂ ਧੌਣ, ਰਾਮਗੜ੍ਹ ਚੂੰਘਾ, ਲੱਖੇਵਾਲੀ, ਬਾਜਾ ਮਰਾੜ, ਰਹੂੜਿਆਂ ਵਾਲੀ, ਗੋਨਿਆਣਾ, ਵੜਿੰਗ, ਹਰਾਜ ਆਦਿ ਵਿਖੇ ਫੀਵਰ ਸਰਵੇ ਦੌਰਾਨ ਸਿਹਤ ਕਰਮੀਆਂ ਵਲੋਂ ਮਲੇਰੀਏ ਦੀ ਰੋਕਥਾਮ, ਇਸ ਤੋਂ ਬਚਾਓ, ਲੱਛਣ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਪ੍ਰਵਾਸੀ ਮਜ਼ਦੂਰਾਂ ਦੀਆਂ ਬਲੱਡ ਸਲਾਈਡਾਂ ਬਣਾਈਆਂ ਗਈਆਂ ਤਾਂ ਜੁ ਮਲੇਰੀਆ ਪੀੜਤ ਪ੍ਰਵਾਸੀ ਮਜ਼ਦੂਰਾਂ ਦੀ ਪੁਸ਼ਟੀ ਹੋ ਸਕੇ।ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ ਤੇ ਨਿਯੁਕਤ ਸਮੂਹ ਐਸ.ਆਈ ਤੇ ਮਲਟੀਪਰਪਜ਼ ਹੈਲਥ ਵਰਕਰ ਮੌਜੂਦ ਸਨ।

## ਯੂਥ ਅਕਾਲੀ ਦਲ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਕੋਹਲੀ ਦਾ ਸਨਮਾਨ

**ਜਗਰਾਉਂ (ਸੰਜੀਵ ਅਰੋੜਾ)**-ਯੂਥ ਅਕਾਲੀ ਦਲ ਦਾ ਕੌਮੀ ਸੀਨੀਅਰ ਮੀਤ ਪ੍ਰਧਾਨ ਬਣਨ 'ਤੇ ਹੁਸ਼ਿਆਰਪੁਰ ਵਾਸੀ ਗੁਰਪ੍ਰੀਤ ਸਿੰਘ ਕੋਹਲੀ ਦਾ ਜਗਰਾਉਂ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇੰਦਰਪ੍ਰੀਤ ਸਿੰਘ ਵਛੇਰ ਦੀ ਅਗਵਾਈ 'ਚ ਰੱਖਿਆ ਸਨਮਾਨ ਸਮਾਰੋਹ ਯਾਦਗਾਰੀ ਹੋ ਨਿਬੜਿਆ। ਗੁਰਪ੍ਰੀਤ ਸਿੰਘ ਕੋਹਲੀ ਦਾ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਦੀ ਪ੍ਰਬੰਧਕ ਕਮੇਟੀ, ਸਿੱਖ ਯੂਥ ਵੈੱਲਫੇਅਰ ਸੁਸਾਇਟੀ, ਗੁਰੂ ਆਸਰਾ ਗਰੁੱਪ ਤੇ ਨਗਰ ਕੀਰਤਨ ਨੌਜਵਾਨ ਸੁਸਾਇਟੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਯੂਥ ਅਕਾਲੀ ਦਲ ਦਾ ਕੌਮੀ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਕੋਹਲੀ ਨੇ ਵੱਖ-ਵੱਖ ਸੰਸਥਾਵਾਂ ਦੇ ਅਹੁਦੇਦਾਰਾਂ ਦਾ ਮਾਣ-ਸਨਮਾਨ ਦੇਣ 'ਤੇ ਧੰਨਵਾਦ ਕੀਤਾ ਤੇ ਆਖਿਆ ਕਿ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਬਾਖ਼ੂਬੀ ਨਿਭਾਇਆ ਜਾਵੇਗਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਖਜ਼ਾਨਚੀ ਇੰਦਰਪਾਲ ਸਿੰਘ ਵਛੇਰ, ਸੀਨੀਅਰ ਮੀਤ ਪ੍ਰਧਾਨ ਤਿਰਲੋਕ ਸਿੰਘ ਸਿਡਾਨਾ, ਰਵਿੰਦਰਪਾਲ ਸਿੰਘ ਮੇਦ, ਸਿੱਖ ਯੂਥ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਚਰਨਜੀਤ ਸਿੰਘ ਸਰਨਾ, ਚੇਅਰਮੈਨ ਗਗਨਦੀਪ ਸਿੰਘ ਸਰਨਾ, ਜਨਰਲ ਸਕੱਤਰ ਇੰਦਰਪ੍ਰੀਤ ਸਿੰਘ ਵਛੇਰ, ਗੁਰੂ ਆਸਰਾ ਗਰੁੱਪ ਦੇ ਪ੍ਰਧਾਨ ਪਰਮਵੀਰ ਸਿੰਘ ਮੋਤੀ, ਸੀਨੀਅਰ ਅਕਾਲੀ ਆਗੂ ਜਗਦੀਸ਼ਰ ਸਿੰਘ ਡੋਲਾ, ਗੁਰਮੀਤ ਸਿੰਘ ਸਿਡਾਨਾ, ਜਥੇਦਾਰ ਕੁਲਬੀਰ ਸਿੰਘ ਸਰਨਾ, ਬਲਜੋਤ ਸਿੰਘ ਵਛੇਰ, ਸੋਨੂੰ ਮੇਦ ਤੇ ਬਿੰਦਰ ਭੰਡਾਰੀ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਹਾਜ਼ਰ ਸਨ।

# ਬੀਜੇਪੀ ਦੇ ਵਿਰੋਧ ਦੀ ਵਿਉਂਤਬੰਦੀ ਲਈ ਸੰਯੁਕਤ ਕਿਸਾਨ ਮੋਰਚੇ ਦੀ ਇਕੱਤਰਤਾ




**ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ/ ਜਨਕ ਮਹਾਜਨ )**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਦੀਆਂ ਜ਼ਿਲ੍ਹੇ ਭਰ ਦੀਆਂ ਕਿਸਾਨ ਜਥੇਬੰਦੀਆਂ ਨੇ ਕਿਸਾਨ ਮਜ਼ਦੂਰ ਵਿਰੋਧੀ ਮੋਦੀ ਸਰਕਾਰ ਦੀ ਭਾਰਤੀ ਜਨਤਾ ਪਾਰਟੀ ਦਾ ਚੋਣਾਂ ਵਿੱਚ ਵਿਰੋਧ ਕਰਨ ਦੀ ਵਿਉਂਤਬੰਦੀ ਲਈ ਇੱਕ ਭਰਵੀਂ ਮੀਟਿੰਗ ਸੁਖਦੇਵ ਸਿੰਘ ਭਾਗੋਕਾਵਾਂ ਦੀ ਪ੍ਰਧਾਨਗੀ ਹੇਠ ਕੀਤੀ। ਮੀਟਿੰਗ ਨੂੰ ਸਤਬੀਰ ਸਿੰਘ ਸੁਲਤਾਨੀ, ਰਘਬੀਰ ਸਿੰਘ ਪਕੀਵਾਂ, ਮੱਖਣ ਸਿੰਘ ਕੁਹਾੜ, ਹਰਜੀਤ ਸਿੰਘ ਕਾਹਲੋਂ, ਤਰਲੋਕ ਸਿੰਘ ਬਹਿਰਾਮਪੁਰ, ਜਗੀਰ ਸਿੰਘ ਸਲਾਚ, ਗੁਰਵਿੰਦਰ ਸਿੰਘ ਤੇ ਮੰਗਤ ਸਿੰਘ ਜੀਵਨ ਚੱਕ, ਗੁਰਨਾਮ ਸਿੰਘ ਸਤਕੋਹਾ, ਬਲਬੀਰ ਸਿੰਘ ਬੈਂਸ, ਕੁਲਜੀਤ ਸਿੰਘ ਸਿੱਧਵਾਂ ਜਮੀਤਾਂ, ਅਜੀਤ ਸਿੰਘ ਹੁੰਦਲ, ਸੁਰਿੰਦਰ ਸਿੰਘ ਕੋਠੇ, ਰਘਬੀਰ ਸਿੰਘ ਚਾਹਲ, ਗੁਰਦਿਆਲ ਸਿੰਘ ਸੋਹਲ, ਲਖਵਿੰਦਰ ਸਿੰਘ ਮਰੜ, ਨਰਿੰਦਰ ਸਿੰਘ ਰੰਧਾਵਾ, ਪਲਵਿੰਦਰ ਸਿੰਘ ਘਰਾਲਾ ਅਵਤਾਰ ਸਿੰਘ ਠੱਠਾ, ਮੱਖਣ ਸਿੰਘ ਤਿੱਬੜ, ਮਲਕੀਅਤ ਸਿੰਘ ਬੁੱਢਾਕੋਟ, ਗੁਰਦੀਪ ਸਿੰਘ ਮੁਸਤਫਾਬਾਦ, ਗੁਰਮੀਤ ਸਿੰਘ ਥਾਣੇਵਾਲ ਆਦਿ ਨੇ ਸੰਬੋਧਨ ਕੀਤਾ। ਇਹ ਨੋਟ ਕੀਤਾ ਗਿਆ ਕਿ ਭਾਜਪਾ ਦੀ ਮੋਦੀ ਸਰਕਾਰ ਨੇ ਕਿਸਾਨਾਂ ਮਜ਼ਦੂਰਾਂ ਦਾ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ। ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਪੁਰ ਅਮਨ ਵਿਰੋਧ ਕਰਨਾ ਲਾਜ਼ਮੀ ਹੈ ਤਾਂ ਕਿ ਉਨ੍ਹਾਂ ਨੂੰ ਮੁੜ ਸੱਤਾ ਵਿੱਚ ਆਉਣ ਤੋਂ ਰੋਕਿਆ ਜਾ ਸਕੇ। ਇਹ ਵੀ ਨੋਟ ਕੀਤਾ ਗਿਆ ਕਿ ਮੋਦੀ ਸਰਕਾਰ ਘੋਰ ਫਿਰਕਾਪ੍ਰਸਤ ਫੈਸਲੇ ਲੈ ਰਹੀ ਹੈ, ਧਰਮਾਂ ਨੂੰ ਆਪਸ ਵਿੱਚ ਲੜਾ ਕੇ ਵੋਟਾਂ ਲੈਣਾ ਚਾਹੁੰਦੀ ਹੈ। ਜੋ ਵੀ ਵਿਰੋਧ ਕਰਦਾ ਹੈ ਉਸ ਨੂੰ ਜੇਲਾਂ ਵਿੱਚ ਸੁੱਟਿਆ ਜਾ ਰਿਹਾ ਹੈ। ਮੋਦੀ ਤੇ ਸ਼ਾਹ ਨਿਰੋਲ ਹਿਟਲਰਸ਼ਾਹੀ ਨੀਤੀਆਂ ਤੇ ਚੱਲ ਰਹੇ ਹਨ। ਇਸ ਲਈ ਇਸ ਦਾ ਵਿਰੋਧ ਕਰਨ ਹਿਤ ਤਹਿਸੀਲਵਾਰ ਕਮੇਟੀਆਂ ਅਤੇ ਉਨ੍ਹਾਂ ਦੇ ਇੰਚਾਰਜ ਬਣਾਏ ਗਏ। ਸਮੂਹ ਕਿਸਾਨਾਂ ਮਜ਼ਦੂਰਾਂ ਦੇ ਘਰਾਂ ਤੀਕ ਪਹੁੰਚ ਕਰਨ ਲਈ ਪਿੰਡ ਪਿੰਡ ਝੰਡਾ ਮਾਰਚ ਅਤੇ ਮੀਟਿੰਗਾਂ ਕਰਾਈਆਂ ਜਾਣਗੀਆਂ।ਉਮੀਦਵਾਰ ਦਿਨੇਸ਼ ਬੱਬੂ ਦਾ ਪਿੰਡਾਂ ਕਸਬਿਆਂ 'ਚ ਆਉਣ 'ਤੇ ਕਾਲੀਆਂ ਝੰਡੀਆਂ ਨਾਲ ਪੁਰ ਅਮਨ ਤਰੀਕੇ ਨਾਲ ਵਿਰੋਧ ਕੀਤਾ ਜਾਵੇਗਾ ਅਤੇ ਸਵਾਲ ਪੁੱਛੇ ਜਾਣਗੇ।ਵੱਡੀ ਗਿਣਤੀ ਵਿੱਚ ਐੱਸਕੇਐੱਮ ਦੀ ਪ੍ਰਸ਼ਨਾਂਵਲੀ ਛਾਪ ਕੇ ਪਰਚੇ ਵੰਡੇ ਜਾਣਗੇ। ਇਸ ਮੌਕੇ ਕਪੂਰ ਸਿੰਘ ਘੁੰਮਣ, ਬਲਪ੍ਰੀਤ ਸਿੰਘ ਪ੍ਰਿੰਸ ਘਰਾਲਾ, ਹਰਦੇਵ ਸਿੰਘ ਪਿੰਡੀ, ਪ੍ਰਿੰਸ ਆਦਿ ਬਹੁਤ ਸਾਰੇ ਆਗੂ ਹਾਜ਼ਰ ਸਨ।

# ਚੋਣ ਕਮਿਸ਼ਨ ਮੋਦੀ ਦੇ ਨਫ਼ਰਤ ਫੈਲਾਉਣ ਵਾਲੇ ਬਿਆਨਾਂ 'ਤੇ ਸਖ਼ਤ ਕਾਰਵਾਈ ਕਰੇ: ਜਾਮਾਰਾਏ/ਗੰਡੀਵਿੰਡ



ਤਰਨ ਤਾਰਨ (ਨਜ਼ਸ)-ਜਮਹੂਰੀ, ਤਰਕਸ਼ੀਲ ਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਮੁੱਖ ਚੋਣ ਕਮਿਸ਼ਨਰ ਭਾਰਤ ਦੇ ਨਾਮ ਇਕ ਮੰਗ ਪੱਤਰ ਡਿਪਟੀ ਕਮਿਸ਼ਨਰ ਦੇ ਦਫਤਰ ਵਿੱਚ ਮੌਜੂਦ ਨਾ ਹੋਣ ਕਾਰਣ ਵਧੀਕ ਡਿਪਟੀ ਕਮਿਸ਼ਨਰ ਰਾਹੀਂ ਦਿੱਤਾ ਗਿਆ ਜਿਸ ਵਿੱਚ ਮੰਗ ਕੀਤੀ ਗਈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਬੁਲਾਰੇ ਵਜੋਂ ਨਰਿੰਦਰ ਮੋਦੀ ਵੱਲੋਂ ਦੇਸ਼ ਦੇ ਘੱਟ ਗਿਣਤੀ ਭਾਈਚਾਰੇ ਨੂੰ ਫਿਰਕੂ ਅਧਾਰ ਤੇ ਨਿਸ਼ਾਨਾ ਬਣਾਉਂਦਿਆਂ ਧਾਰਮਿਕ ਭਾਵਨਾਵਾਂ ਭੜਕਾਉਣ ਵਾਲੇ ਬਿਆਨਾਂ ਦਾ ਸਖ਼ਤ ਨੋਟਿਸ ਲੈ ਕੇ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਦੇ ਦੋਸ਼ ਤਹਿਤ ਤੁਰੰਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਯਾਦ ਰਹੇ ਪ੍ਰਧਾਨ ਮੰਤਰੀ ਮੋਦੀ ਨੇ ਰਾਜਸਥਾਨ ਸੂਬੇ ਦੇ ਬਾਂਸਵਾੜਾ ਵਿੱਚ ਹਿੰਦੂ ਵੋਟਰਾਂ ਨੂੰ ਗੁੰਮਰਾਹ ਕਰਨ ਲਈ ਮੁਸਲਿਮ ਘੱਟ-ਗਿਣਤੀ ਖਿਲਾਫ ਇਤਰਾਜ਼ ਯੋਗ ਸ਼ਬਦਾਵਲੀ ਵਰਤੀ ਜਿਹੜੀ ਚੋਣ ਜ਼ਾਬਤੇ ਦੀ ਘੋਰ ਉਲੰਘਣਾ ਹੈ ਅਤੇ ਉਸ ਬਿਆਨ ਦੇ ਆਧਾਰ ਉਤੇ ਜਨ ਪ੍ਰਤੀਨਿਧ ਐਕਟ 1951 ਦੀ ਧਾਰਾ 123 (3) ਅਤੇ 3(1) ਤਹਿਤ ਕੇਸ ਦਰਜ ਕੀਤਾ ਜਾਣਾ ਚਾਹੀਦਾ ਹੈ।ਇਸ ਸਮੇਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਪ੍ਰਗਟ ਸਿੰਘ ਜਾਮਾਰਾਏ, ਸੂਬਾ ਆਗੂ ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਕਰਮਜੀਤ ਸਿੰਘ ਕਲੇਰ, ਨੱਛਤਰ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਜਮਹੂਰੀ ਅਧਿਕਾਰ ਸਭਾ ਦੇ ਸੂਬਾ ਜਥੇਬੰਦਕ ਸਕੱਤਰ ਨਰਭਿੰਦਰ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਤਰਸੇਮ ਸਿੰਘ ਲਾਲੂਘੁੰਮਣ ਆਦਿ ਹਾਜ਼ਰ ਸਨ।ਇਨ੍ਹਾਂ ਆਗੂਆਂ ਨੇ ਕਿਹਾ ਕਿ ਭਾਜਪਾ ਦੇ ਆਗੂ ਦੇਸ਼ ਭਰ ਵਿਚ ਚੋਣ ਰੈਲੀਆਂ ਵਿੱਚ ਮੁਸਲਿਮ ਭਾਈਚਾਰੇ ਨੂੰ ਦਹਿਸ਼ਤਜ਼ਦਾ ਕਰ ਰਹੇ ਹਨ ਅਤੇ ਫਿਰਕੂ ਤਣਾਅ ਵਾਲਾ ਮਾਹੌਲ ਬਣਾ ਰਹੇ ਹਨ।

ਦੇਸ਼ ਦੀਆਂ ਜਮਹੂਰੀ ਤੇ ਅਗਾਂਹਵਧੂ ਤਾਕਤਾਂ ਵੰਡੀਆਂ ਪਾਉਣ ਵਾਲੀ ਸਿਆਸਤ ਕਰਨ ਨੂੰ ਬਰਦਾਸ਼ਤ ਨਹੀਂ ਕਰਨਗੀਆਂ।ਉਨ੍ਹਾਂ ਮੰਗ ਕੀਤੀ ਕਿ ਨਰਿੰਦਰ ਮੋਦੀ ਵਿਰੁੱਧ ਫੌਰਨ ਸਖ਼ਤ ਕਾਰਵਾਈ ਕੀਤੀ ਜਾਵੇ।

# ਢਾਈ ਏਕੜ ਅਮਰੂਦਾਂ ਦਾ ਬਾਗ ਰਾਤੋ-ਰਾਤ ਨਸ਼ਟ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਲੋਕਾਂ ਨੂੰ ਕਾਨੂੰਨ ਦੀ ਕੋਈ ਪ੍ਰਵਾਹ ਨਹੀ ਹੈ ਅਤੇ ਲੋਕ ਹਰ ਹੀਲਾ ਵਰਤ ਕੇ ਰਾਤ ਬਰਾਤੇ ਸ਼ਰੇਆਮ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ ਪਰ ਸਾਡਾ ਪੁਲਸ ਪ੍ਰਸ਼ਾਸਨ ਪਤਾ ਨਹੀਂ ਕਿਥੇ ਹੈ। ਅੱਜ ਰਾਤ ਨੂੰ ਮਹਿਤਾ ਰੋਡ ਦੇ ਪਿੰਡ ਅਕਾਲਗੜ੍ਹ ਢਪੱਈਆਂ ਵਿੱਚ ਇਕ ਘਟਨਾ ਵਾਪਰੀ ਵਾਪਰੀ ਹੈ ਜਿਥੇ ਦੋ ਕਿਸਾਨਾਂ ਦੇ ਕਰੀਬ ਢਾਈ ਏਕੜ ਵਿੱਚ ਲੱਗੇ ਅਮਰੂਦ ਦੇ ਬਾਗ ਨੂੰ ਪੂਰੀ ਤਰ੍ਹਾਂ ਨਸ਼ਟ ਕਰ ਦਿੱਤਾ ਗਿਆ ਹੈ ਜਿਸ ਦੀ ਇਲਾਕੇ ਵਿੱਚ ਬੜੀ ਚਰਚਾ ਹੋ ਰਹੀ ਹੈ।

ਕਿਸਾਨ ਮਨਜੀਤ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਜੀਵਨ ਪੰਧੇਰ ਅਤੇ ਬਲਵੰਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਅਕਾਲਗੜ੍ਹ ਢਪੱਈਆਂ ਨੇ ਰਾਤ ਵੇਲੇ ਕੱਟੇ ਹੋਏ ਅਮਰੂਦਾਂ ਦੇ ਬੂਟੇ ਦਿਖਾਉਂਦਿਆਂ ਦੱਸਿਆ ਕਿ ਉਨ੍ਹਾਂ ਨੇ ਕਰੀਬ 4 ਸਾਲ ਪਹਿਲਾਂ ਇਹ ਢਾਈ ਏਕੜ ਅਮਰੂਦ ਦਾ ਬਾਗ ਲਗਾਇਆ ਸੀ ਜਿਸ ਵਿੱਚ 2 ਏਕੜ ਦੇ ਕਰੀਬ ਮਨਜੀਤ ਸਿੰਘ ਅਤੇ 4 ਕਨਾਲ਼ਾਂ ਦੇ ਕਰੀਬ ਬਲਵੰਤ ਸਿੰਘ ਦਾ ਬਾਗ ਸੀ ਜੋ 23-24 ਅਪਰੈਲ ਦੀ ਰਾਤ ਨੂੰ ਕਿਸੇ ਨੇ ਸਾਰੇ ਹੀ ਬੂਟੇ ਕੱਟ ਕੇ ਬਾਗ ਨਸ਼ਟ ਕਰ ਦਿੱਤਾ ਹੈ ਜਿਸ ਕਾਰਣ ਉਨ੍ਹਾਂ ਦਾ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਪੁਲਸ ਚੌਕੀ ਨਵਾਂ ਪਿੰਡ ਥਾਣਾ ਜੰਡਿਆਲਾ ਗੁਰੂ ਵਿੱਚ ਦਰਖਾਸਤ ਦੇ ਕੇ

ਬਾਗ ਨਸ਼ਟ ਕਰਨ ਵਾਲਿਆਂ ਦੀ ਭਾਲ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਮਨਜੀਤ ਸਿੰਘ ਅਤੇ ਬਲਵੰਤ ਸਿੰਘ ਨੇ ਡੀਐੱਸਪੀ ਜੰਡਿਆਲਾ ਗੁਰੂ ਅਤੇ ਐੱਸਐੱਸਪੀ ਅੰਮ੍ਰਿਤਸਰ ਨੂੰ ਮਿਲ ਕੇ ਆਪਣੇ ਹੋਏ ਨੁਕਸਾਨ ਤੋਂ ਜਾਣੂ ਕਰਵਾਇਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੌਕੀ ਇੰਚਾਰਜ ਹਰਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਰਖ਼ਾਸਤ ਪ੍ਰਾਪਤ ਹੋਈ ਹੈ ਅਤੇ ਇਹ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਹੈ ਅਤੇ ਜਲਦੀ ਹੀ ਇਸ ਘਟਨਾ ਨੂੰ ਅੰਜਾਮ ਦੇਣ ਵਾਲਿਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਸਿਹਤਯਾਬੀ ਬਾਰੇ ਪੁੱਛਣ ਬੀਬਾ ਗਨੀਵ ਕੌਰ ਲਾਲੀ ਮਜੀਠੀਆ ਦੇ ਘਰ ਪਹੁੰਚੇ



ਤਰਸਿੱਕਾ/ਮਜੀਠਾ, (ਤਰਸੇਮ ਸਿੰਘ ਸਾਧਪੁਰ, ਸੋਇਮ ਆਨੰਦ)-ਆਮ ਆਦਮੀ ਪਾਰਟੀ ਵੱਲੋਂ ਹਲਕਾ ਮਜੀਠਾ ਤੋਂ 2022 ਦੀਆਂ ਚੋਣਾਂ ਲੜ ਚੁੱਕੇ ਮਿਹਨਤੀ ਅਤੇ ਜੁਝਾਰੂ ਆਗੂ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਜਿਨ੍ਹਾਂ ਦੀ ਸਿਹਤ ਕੁਝ ਸਮੇਂ ਤੋਂ ਢਿੱਲੀ ਚੱਲ ਰਹੀ ਹੈ, ਦਾ ਹਾਲ-ਚਾਲ ਜਾਨਣ ਲਈ ਜਿਥੇ ਆਮ ਆਦਮੀ ਪਾਰਟੀ ਦਾ ਕੋਈ ਸੀਨੀਅਰ ਲੀਡਰ ਨਹੀਂ ਪੁੱਜਾ ਉਥੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਪਤਨੀ ਅਤੇ ਹਲਕਾ ਮਜੀਠਾ ਤੋਂ ਵਿਧਾਇਕਾ ਬੀਬਾ ਗਨੀਵ ਕੌਰ ਮਜੀਠੀਆ ਉਚੇਚੇ ਤੌਰ 'ਤੇ ਲਾਲੀ ਮਜੀਠੀਆ ਦਾ ਹਾਲ-ਚਾਲ ਜਾਨਣ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ ਜਿਨ੍ਹਾਂ ਨੇ ਲਾਲੀ ਮਜੀਠੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀ ਜਲਦ ਸਿਹਤਯਾਬੀ ਦੀ ਕਾਮਨਾ ਕੀਤੀ। ਲਾਲੀ ਮਜੀਠੀਆ ਦੀ ਪਤਨੀ ਡਾ. ਸਤਿੰਦਰ ਗਿੱਲ ਨੇ ਬੀਬਾ ਗਨੀਵ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਚੰਗੀ ਰੀਤ ਹੈ ਕਿ ਅਸੀਂ ਸਿਆਸਤ ਤੋਂ ਉਪਰ ਉਠ ਕੇ ਦੁੱਖ-ਸੁੱਖ ਵਿੱਚ ਸ਼ਰੀਕ ਹੋ ਰਹੇ ਹਾਂ, ਇਸ ਲਈ ਅਸੀਂ ਬੀਬਾ ਮਜੀਠੀਆ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਲ ਮਜੀਠੀਆ, ਜਸਮੀਤ ਸਿੰਘ ਰੰਧਾਵਾ, ਸਾਬਕਾ ਚੇਅਰਮੈਨ ਅਤੇ ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਸੁਖਵਿੰਦਰ ਸਿੰਘ ਗੋਲਡੀ, ਭਾਈ ਦਲੇਰ ਸਿੰਘ ਸਾਧਪੁਰ ਅਤੇ ਅਮਨਦੀਪ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# 'ਆਪ' ਦੀ ਜਿੱਤ ਯਕੀਨੀ ਹੈ ਬੱਸ ਐਲਾਨ ਹੋਣਾ ਬਾਕੀ: ਦੀਪਕ ਚੈਨਪੁਰੀਆ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਆਮ ਆਦਮੀ ਪਾਰਟੀ ਨੇ ਜਿੰਨਾ ਵਿਕਾਸ ਪੰਜਾਬ ਵਿੱਚ ਦੋ ਸਾਲਾਂ ਵਿੱਚ ਕੀਤਾ ਉਨਾ ਵਿਕਾਸ 50 ਸਾਲਾਂ ਵਿੱਚ ਵੀ ਪੰਜਾਬ ਵਿੱਚ ਨਹੀਂ ਹੋਇਆ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅਜਨਾਲਾ ਆਮ ਆਦਮੀ ਪਾਰਟੀ ਦੇ ਸ਼ਹਿਰੀ ਵਰਦਾਨ ਦੀਪਕ ਕੁਮਾਰ ਚੈਨਪੁਰੀਆ ਨੇ ਕੀਤਾ।

ਉਨ੍ਹਾਂ ਨੇ ਕਿਹਾ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਬਹੁਤ ਵਿਕਾਸ ਦੇ ਕੰਮ ਸ਼ੁਰੂ ਕੀਤੇ ਗਏ ਹਨ ਅਤੇ ਉਸੇ ਲੜੀ ਦੇ ਚਲਦਿਆਂ ਅਜਨਾਲਾ ਵਿੱਚ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਵੱਲੋਂ ਸ਼ਹਿਰ ਵਿੱਚ ਬਹੁਤ ਵਿਕਾਸ ਕਰਵਾਇਆ ਜਾ ਰਿਹਾ ਹੈ।ਇਸੇ ਵਿਕਾਸ ਕਾਰਜਾਂ ਨੂੰ ਮੁੱਖ ਰੱਖਦਿਆਂ ਪੰਜਾਬ ਦੇ ਲੋਕ ਅਤੇ ਅਜਨਾਲਾ ਸ਼ਹਿਰ ਦੇ ਲੋਕ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਨੂੰ ਆਪਣੀਆਂ ਵੋਟਾਂ ਪਾ ਕੇ ਕਾਮਯਾਬ ਕਰਨਗੇ। ਉਨ੍ਹਾਂ ਦੀ ਜਿੱਤ ਯਕੀਨੀ ਹੋਵੇਗੀ। 1 ਜੂਨ ਵਾਲੇ ਦਿਨ ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਵੋਟਰ ਆਪਣੀ ਇੱਕ ਇੱਕ ਕੀਮਤੀ ਵੋਟ ਕੁਲਦੀਪ ਸਿੰਘ ਧਾਲੀਵਾਲ ਨੂੰ ਪਾਉਣਗੇ। ਇਸ ਮੌਕ ਦਵਿੰਦਰ ਸਿੰਘ ਸੋਨੂ, ਬਲਾਕ ਪ੍ਰਧਾਨ ਗੁਰਨਾਮ ਸਿੰਘ, ਮੋਹਨ ਸਿੰਘ ਸਰਾਫ, ਅਮਿਤ ਪੁਰੀ, ਅਮਿਤ ਲਾਲ, ਗੁਰਦੇਵ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਰਸ਼ਪਾਲ ਸਿੰਘ ਕੋਟ ਕਾਜ਼ੀਆਂ, ਗੀਤਾ ਗਿੱਲ, ਅਜੇ ਕੁਮਾਰ, ਅਮਰਬੀਰ ਸਿੰਘ ਰਿੰਕੂ, ਰਮੇਸ਼ ਮਹਾਜਨ, ਸਾਹਿਲ ਮਹਾਜਨ, ਸੁਰਿੰਦਰ ਮਹਾਜਨ, ਵਿੱਕੀ ਸਰਾਫ, ਸੁਨੀਲ ਗਿੱਲ, ਪ੍ਰਧਾਨ ਕੇਵਲ ਸਿੰਘ, ਗੁਰਿੰਦਰ ਸਿੰਘ, ਸੁਖਦਿਆਲ ਸਿੰਘ, ਅਮਰਬੀਰ ਸਿੰਘ ਰਿੰਕੂ ਆਦਿ ਹਾਜ਼ਰ ਸਨ।

# ਰਾਜਵਿੰਦਰ ਸਮਰਾਲਾ ਦੇ ਨਾਟਕ 'ਰਾਹਾਂ ਵਿੱਚ ਅੰਗਿਆਰ ਬੜੇ ਸੀ' ਦੀ ਸਫਲ ਪੇਸ਼ਕਾਰੀ



ਬਾਬਾ ਬਕਾਲਾ ਸਾਹਿਬ 24 ਅਪ੍ਰੈਲ (ਜਸਪਾਲ ਸਿੰਘ)-ਪੰਜਾਬੀ ਲੇਖਕਾਂ ਦੀ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਪੰਜਾਬ ਨਾਟਸ਼ਾਲਾ ਵਿਖੇ ਸੁਖਵਿੰਦਰ ਅਮ੍ਰਿਤ ਦੇ ਜੀਵਨ ਤੇ ਅਧਾਰਿਤ ਨਾਟਕ 'ਰਾਹਾਂ ਵਿੱਚ ਅੰਗਿਆਰ ਬੜੇ ਸੀ' ਕਰਵਾਇਆ ਗਿਆ। ਰਾਜਵਿੰਦਰ ਸਮਰਾਲਾ ਦਾ ਲਿਖਿਆ ਅਤੇ ਅਕਸ ਰੰਗਮੰਚ ਸਮਰਾਲਾ ਦੀ ਇਸ ਨਿਵੇਕਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੰਜੋੜਿਆ।

ਰੰਗ-ਮੰਚ ਅਦਾਕਾਰਾ ਨੂਰ ਕਮਲ ਵੱਲੋਂ ਨਿਭਾਈ ਭੂਮਿਕਾ ਨੂੰ ਦਰਸ਼ਕ ਸਾਹ ਰੋਕ ਕੇ ਵੇਖਦੇ ਰਹੇ ਅਤੇ ਵਾਰ-ਵਾਰ ਅੱਖਾਂ ਪੂੰਝਦੇ ਰਹੇ। ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਇਕੀਵੀਂ ਸਦੀ ਦੀ ਚਕਾਚੌਂਧ ਜੀਵਨ ਸ਼ੈਲੀ ਤੋਂ ਬਿਲਕੁਲ ਵੱਖਰੀ ਉਸ ਔਰਤ ਦੀ ਕਹਾਣੀ ਹੈ ਜਿਹੜੀ ਪਰਿਵਾਰਕ, ਸਮਾਜਿਕ ਅਤੇ ਆਰਥਿਕ ਤੌਰ ਦੀਆਂ ਕਈ ਦੁਸ਼ਵਾਰੀਆਂ ਦਾ ਸਾਹਮਣਾ ਕਰਦਿਆਂ ਕਿਤੇ ਵੀ ਟੁੱਟਦੀ ਖਿਲਰਦੀ ਨਹੀਂ ਬਲਕਿ ਸੰਘਰਸ਼ ਕਰਦੀ ਹੈ। ਨਾਟਕ ਵੇਖਣ ਲਈ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਕੇਂਦਰੀ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਡੀਆਂ ਸੰਸਥਾਵਾਂ ਨੂੰ ਪੰਜਾਬੀ ਰੰਗਮੰਚ ਨੂੰ ਉਤਸ਼ਾਹਿਤ ਕਰਨ ਲਈ ਕੇਂਦਰੀ ਸਭਾ ਵਾਂਗ ਸਾਰਥਿਕ ਉਪਰਾਲੇ ਕਰਨੇ ਚਾਹੀਦੇ ਹਨ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸਮਾਗਮ ਕਨਵੀਨਰ ਦੀਪ ਦੇਵਿੰਦਰ ਸਿੰਘ, ਕੋ ਕਨਵੀਨਰ ਸ਼ੈਲਿੰਦਰਜੀਤ ਰਾਜਨ, ਰੰਗਕਰਮੀ ਅਤੇ ਫਿਲਮੀ ਕਲਾਕਾਰ ਜੋੜੀ ਹਰਦੀਪ ਗਿੱਲ-ਅਨੀਤਾ ਦੇਵਗਨ, ਕਮਲ ਦੁਸਾਂਝ, ਹਰਜੀਤ ਸਿੰਘ ਸੰਧੂ, ਵਜ਼ੀਰ ਸਿੰਘ ਰੰਧਾਵਾ, ਪ੍ਰਤੀਕ ਸਹਿਦੇਵ ਅਤੇ ਮੋਹਿਤ ਸਹਿਦੇਵ ਨੇ ਸ਼ਾਇਰਾ ਸੁਖਵਿੰਦਰ ਅਮ੍ਰਿਤ, ਨਾਟਕ ਦੇ ਲੇਖਕ ਰਾਜਵਿੰਦਰ ਸਮਰਾਲਾ ਅਤੇ ਅਦਾਕਾਰਾ ਨੂਰ ਕਮਲ ਨੂੰ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਡਾ: ਕੁਲਵੰਤ ਸਿੰਘ ਬਾਠ, ਜਸਪਾਲ ਸਿੰਘ ਧੂਲਕਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮੈਨੇਜਰ ਬੂਟਾ ਰਾਮ, ਸਕੱਤਰ ਸਿੰਘ ਪੁਰੇਵਾਲ, ਅਮਨਪ੍ਰੀਤ ਸਿੰਘ, ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਜਸਬੀਰ ਕੌਰ, ਕਰਤਾਰ ਸਿੰਘ ਐਮ.ਏ, ਹਰਵੰਤ ਸਿੰਘ ਭੁੱਲਰ ਆਦਿ ਨੇ ਇਸ ਸਮਾਗਮ ਦੌਰਾਨ ਭਰਵੀਂ ਹਾਜ਼ਰੀ ਭਰੀ।

# ਡੀ ਸੀ ਗੁਰਦਾਸਪੁਰ ਵੱਲੋਂ ਦਾਣਾ ਮੰਡੀ ਕਾਦੀਆਂ ਦਾ ਦੌਰਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਸ਼ੇਸ਼ ਸਾਰੰਗਲ ਨੇ ਸਥਾਨਕ ਦਾਣਾ ਮੰਡੀ ਦਾ ਦੌਰਾ ਕੀਤਾ।ਕਣਕ ਦੀ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕੀਤੀ।ਕਿਸਾਨਾਂ ਨੇ ਦੱਸਿਆਂ ਕਿ ਕਣਕ ਸਮੇਂ ਸਿਰ ਖ਼ਰੀਦੀ ਜਾ ਰਹੀ ਹੈ।ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਹੈ।ਇਸ ਮੌਕੇ ਮਜ਼ਦੂਰਾਂ ਨੇ ਦੱਸਿਆ ਕਿ ਟਰਾਂਸਪੋਰਟ ਵਾਲੇ ਇੱਕ ਰੁਪਏ ਪ੍ਰਤੀ ਬੋਰੀ ਲੋਡ ਕਰਨ ਦਾ ਚਾਰਜ ਮੰਗਦੇ ਹਨ ਜਿਸ 'ਤੇ ਡੀ ਸੀ ਗੁਰਦਾਸਪੁਰ ਨੇ ਤੁਰੰਤ ਟਰਾਂਸਪੋਰਟ ਬਾਰੇ ਰਿਪੋਰਟ ਪੇਸ਼ ਕਰ ਕੇ ਦੋਸ਼ੀ ਪਾਏ ਜਾਣ 'ਤੇ ਬਲੈਕ ਲਿਸਟ ਕੀਤੇ ਜਾਣ ਦੇ ਹੁਕਮ ਜਾਰੀ ਕੀਤੇ।ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੀਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਾਦੀਆਂ ਦਾਣਾ ਮੰਡੀ ਦੇ ਪ੍ਰਬੰਧ ਸੁਪਰ ਰਹੇ ਹਨ।ਇਹ ਪਹਿਲੀ ਮੰਡੀ ਹੈ ਜਿੱਥੇ 15 ਦਿਨ ਪਹਿਲਾਂ ਹੀ ਕਣਕ ਦੀ ਖ਼ਰੀਦ ਸ਼ੁਰੂ ਹੋ ਗਈ ਸੀ।ਉਨ੍ਹਾਂ ਦੱਸਿਆ ਕਿ ਅੱਜ ਤੱਕ 300 ਮੀਟਰਿਕ ਟਨ ਕਣਕ ਦੀ ਖ਼ਰੀਦ ਕਾਦੀਆਂ ਵਿੱਚ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਮਜ਼ਦੂਰਾਂ ਵੱਲੋਂ ਜੋ ਸ਼ਿਕਾਇਤ ਮਿਲੀ ਹੈ ਉਸ ਦੀ ਜਾਂਚ ਕਰਨ ਤੋਂ ਬਾਅਦ ਜੋ ਵੀ ਦੋਸ਼ੀ ਪਾਇਆ ਗਿਆ ਉਸ ਦੇ ਵਿਰੁੱਧ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਡੀਐੱਫ਼ਐੱਸਓ ਗੁਰਦਾਸਪੁਰ ਸੁਖਜਿੰਦਰ ਸਿੰਘ, ਵਿਕਰਮਜੀਤ ਸਿੰਘ ਮਾਰਕੀਟ ਕਮੇਟੀ, ਆੜ੍ਹਤੀ ਯੂਨੀਅਨ ਕਾਦੀਆਂ ਦੇ ਪ੍ਰਧਾਨ ਨਰਿੰਦਰ ਕੁਮਾਰ ਭਾਟੀਆ, ਸੁਮੀਤ ਕੁਮਾਰ ਸੁਪਰਵਾਈਜ਼ਰ ਮਾਰਕੀਟ ਕਮੇਟੀ ਕਾਦੀਆਂ, ਸੁਨੀਲ ਕੁਮਾਰ, ਕਮਲ ਇੰਸਪੈਕਟਰ ਫ਼ੂਡ ਸਪਲਾਈ ਕਾਦੀਆਂ ਮੌਜੂਦ ਸਨ।

# ਕੇਂਦਰੀ ਜੇਲ੍ਹ ਗੁਰਦਾਸਪਰ 'ਚੋਂ ਮਿਲੇ ਨਸ਼ੀਲੇ ਪਦਾਰਥ, ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਇਹ ਮਾਮਲਾ ਸੁਪਰਡੈਂਟ ਕੇਂਦਰੀ ਜੇਲ ਗੁਰਦਾਸਪੁਰ ਦੇ ਪੱਤਰ ਨੰਬਰ 2192 ਮਿਤੀ 22-04-24 ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਨੇ ਦੱਸਿਆ ਕਿ ਹਵਾਲਾਤੀ ਸੁਨੀਲ ਮੰਨੂੰ ਪੁੱਤਰ ਕੇਵਲ ਕ੍ਰਿਸ਼ਨ ਵਾਸੀ ਦਾਦੂਜੋਧ ਜੋ ਕਿ ਮੁਕਦਮਾ ਨੰਬਰ 16/2018 ਜੁਰਮ 21/22-61-85 ਥਾਣਾ ਘਣੀਏ ਕੇ ਬਾਂਗਰ ਅਤੇ ਹਵਾਲਾਤੀ ਸੋਨੂੰ ਪੁੱਤਰ ਬਾਵਾ ਵਾਸੀ ਰਾਮਪੁਰ ਜੋ ਕਿ ਮੁਕੱਦਮਾ ਨੰਬਰ 96/2022 ਜੁਰਮ 363, 366, 380, 411 ਥਾਣਾ ਕਾਦੀਆਂ ਅਧੀਨ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਖੇ ਬੰਦ ਹਨ।

ਉਨ੍ਹਾਂ ਪਾਸੋਂ ਮਿਤੀ 22-04-24 ਨੂੰ ਜੇਲ੍ਹ ਅੰਦਰ ਤਲਾਸ਼ੀ ਦੌਰਾਨ ਬੈਰਕ ਨੰਬਰ 3 ਵਿੱਚ ਬੰਦ ਹਵਾਲਾਤੀ ਸੁਨੀਲ ਉਰਫ ਮੰਨੂੰ ਦੀ ਤਲਾਸ਼ੀ ਕੀਤੀ ਜਿਸ ਪਾਸੋਂ 133 ਨਸ਼ੀਲੀਆਂ ਗੋਲੀਆਂ ਅਤੇ ਬੈਰਕ ਨੰਬਰ 3 ਵਿੱਚ ਬੰਦ ਹਵਾਲਾਤੀ ਸੋਨੂੰ ਪਾਸੋਂ 13 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ।

ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਉਕਤ ਦੋਸ਼ੀਆਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਚ ਸਖ਼ਤੀ ਦੇ ਬਾਵਜੂਦ ਵੀ ਕੈਦੀਆਂ ਪਾਸੋਂ ਨਸ਼ੀਲਾ ਪਦਾਰਥ ਬਰਾਮਦ ਹੋਣਾ ਕਿਤੇ ਨਾ ਕਿਤੇ ਪੁਲਸ ਪ੍ਰਸ਼ਾਸਨ 'ਤੇ ਸਵਾਲੀਆਂ ਨਿਸ਼ਾਨ ਖੜ੍ਹੇ ਕਰਦਾ ਹੈ ?

# 3 ਕਿੱਲੋ 166 ਗ੍ਰਾਮ ਹੈਰੋਇਨ ਤੇ ਡਰੋਨ ਸਮੇਤ ਨਸ਼ਾ ਸਮੱਗਲਰ ਕਾਬੂ, ਦੋ ਫ਼ਰਾਰ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਖਾਲੜਾ ਪੁਲਸ ਵੱਲੋਂ 3 ਕਿੱਲੋ 166 ਗ੍ਰਾਮ ਹੈਰੋਇਨ ਤੇ ਡਰੋਨ ਸਮੇਤ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਨ ਦੀ ਖ਼ਬਰ ਸਾਹਮਣੇ ਆਈ।ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਦੀ ਪਛਾਣ ਰਾਣਾ ਸਿੰਘ ਪੁੱਤਰ ਨਿਰਵੈਲ ਸਿੰਘ ਵਾਸੀ ਪਿੰਡ ਡੱਲ ਵਜੋਂ ਹੋਈ ਹੈ ਤੇ ਫ਼ਰਾਰ ਹੋਏ ਦੋ ਨੌਜਵਾਨਾਂ ਦੀ ਪਛਾਣ ਲਵਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਪਿੰਡ ਡੱਲ ਤੇ ਅਰਸ਼ਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਡੱਲ ਵਜੋਂ ਹੋਈ ਹੈ।ਪ੍ਰੈੱਸ ਕਾਨਫਰੰਸ ਦੌਰਾਨ ਐੱਸਐੱਸਪੀ ਤਰਨ ਤਾਰਨ ਅਸ਼ਵਨੀ ਕਪੂਰ ਨੇ ਦੱਸਿਆ ਕਿ ਉਨ੍ਹਾਂ ਨੂੰ ਪਿੰਡ ਡੱਲ 'ਚ ਡਰੋਨ ਦੀਆਂ ਗਤੀਵਿਧੀਆਂ ਸੰਬੰਧੀ ਗੁਪਤ ਜਾਣਕਾਰੀ ਮਿਲੀ ਸੀ। ਐੱਸਐੱਸਪੀ ਨੇ ਦੱਸਿਆ ਕਿ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਜਦੋਂ ਥਾਣਾ ਮੁਖੀ ਖਾਲੜਾ ਵਿਨੋਦ ਸ਼ਰਮਾ ਪੁਲਸ ਪਾਰਟੀ ਸਮੇਤ ਡੱਲ ਤੋਂ ਮਾੜੀ ਕੰਬੋਕੇ ਨੂੰ ਜਾ ਰਹੇ ਸਨ ਤਾਂ ਉਨ੍ਹਾਂ ਨੂੰ ਸਾਹਮਣੇ ਵਾਲੇ ਪਾਸਿਓਂ ਤਿੰਨ ਮੋਨੇ ਨੌਜਵਾਨ ਜਿਨ੍ਹਾਂ 'ਚੋਂ ਇੱਕ ਜਣੇ ਨੇ ਡਰੋਨ ਤੇ ਦੂਜੇ ਨੇ ਪੀਲੇ ਰੰਗ ਦਾ ਲਿਫ਼ਾਫ਼ਾ ਫੜਿਆ ਹੋਇਆ ਸੀ, ਪੈਦਲ ਆਉਂਦੇ ਦਿਖਾਈ ਦਿੱਤੇ।ਉਨ੍ਹਾਂ ਦੱਸਿਆ ਕਿ ਉਪਰੋਕਤ ਤਿੰਨੇ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਏ ਤੇ ਉਨ੍ਹਾਂ 'ਚੋਂ ਅਰਸ਼ਦੀਪ ਸਿੰਘ ਤੇ ਲਵਪ੍ਰੀਤ ਸਿੰਘ ਨਾਮਕ ਦੋ ਨੌਜਵਾਨ ਹਨੇਰੇ ਦਾ ਫਾਇਦਾ ਚੁੱਕਦਿਆਂ ਡਰੋਨ ਸੁੱਟ ਕੇ ਭੱਜ ਗਏ ਤੇ ਉਨ੍ਹਾਂ ਦੇ ਤੀਜੇ ਸਾਥੀ ਰਾਣਾ ਸਿੰਘ ਪੁੱਤਰ ਨਿਰਵੈਲ ਸਿੰਘ ਵਾਸੀ ਡੱਲ ਨੂੰ ਖਾਲੜਾ ਪੁਲਸ ਨੇ ਮੌਕੇ 'ਤੇ ਕਾਬੂ ਕਰਕੇ ਉਸ ਪਾਸੋਂ 3 ਕਿੱਲੋ 166ਗ੍ਰਾਮ ਹੈਰੋਇਨ ਤੇ ਇੱਕ ਡਰੋਨ ਬਰਾਮਦ ਕੀਤਾ ਹੈ। ਐੱਸਐੱਸਪੀ ਨੇ ਦੱਸਿਆ ਕਿ ਉਪਰੋਕਤ ਮਾਮਲੇ ਸੰਬੰਧੀ ਪੁਲਸ ਸਟੇਸ਼ਨ ਖਾਲੜਾ ਵਿਖੇ ਐੱਫਆਈਆਰ ਨੰਬਰ 45 ਤਹਿਤ ਉਪਰੋਕਤ ਤਿੰਨਾਂ ਨੌਜਵਾਨਾਂ ਵਿਰੁੱਧ ਸੰਬੰਧਤ ਧਾਰਾਵਾਂ ਹੇਠ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸ ਮੌਕੇ ਐੱਸਐੱਸਪੀ ਨੇ ਦੱਸਿਆ ਕਿ ਮੁੱਢਲੀ ਇਨਵੈਸਟੀਗੇਸ਼ਨ 'ਚ ਇਹ ਗੱਲ ਸਾਹਮਣੇ ਆਈ ਹੈ ਕਿ ਉਪਰੋਕਤ ਨੌਜਵਾਨਾਂ ਨੇ ਜ਼ਬਤ ਕੀਤਾ ਗਿਆ ਡਰੋਨ ਪਿੰਡ ਕਲਸੀਆਂ ਜੋ ਬੀਐੱਸਐੱਫ ਦੀ 71 ਬਟਾਲੀਅਨ ਅਧੀਨ ਪੈਂਦਾ ਹੈ, 'ਚ ਮੰਗਵਾਇਆ ਗਿਆ ਸੀ।ਇਸਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ।

# ਪਾਵਰਕਾਮ ਐਕਸੀਅਨ ਦਫਤਰ ਦੇ ਨਵੇਂ ਸੁਪਰਡੈਂਟ ਬਲਵਿੰਦਰ ਕੌਰ ਦਾ ਸਨਮਾਨ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪਾਵਰਕਾਮ ਐਕਸੀਅਨ ਦਫਤਰ ਧਾਰੀਵਾਲ ਵਿਖੇ ਨਵੇਂ ਆਏ ਸੁਪਰਡੈਂਟ ਬਲਵਿੰਦਰ ਕੌਰ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਦੱਸਣਯੋਗ ਹੈ ਕਿ ਉਹ (ਬਲਵਿੰਦਰ ਕੌਰ) ਅਸਿਸਟੈਂਟ ਤੋਂ ਪਦਉਨਤ ਹੋ ਕੇ ਸੁਪਰਡੈਂਟ ਬਣ ਕੇ ਬਟਾਲਾ ਤੋਂ ਬਦਲ ਕੇ ਇਥੇ ਆਏ ਹਨ।

ਇਨ੍ਹਾਂ ਤੋਂ ਪਹਿਲਾਂ ਪਾਵਰਕਾਮ ਐਕਸੀਅਨ ਦਫਤਰ ਧਾਰੀਵਾਲ ਧਾਰੀਵਾਲ ਦੇ ਪਹਿਲੇ ਸੁਪਰਡੈਂਟ ਬਲਵਿੰਦਰ ਸਿੰਘ ਬਾਜਵਾ ਦੇ 31 ਮਾਰਚ ਨੂੰ ਸੇਵਾ ਮੁਕਤ ਹੋ ਜਾਣ ਮਗਰੋਂ ਇਹ ਸੀਟ ਖਾਲੀ ਸੀ।

ਨਵੇਂ ਸੁਪਰਡੈਂਟ ਬਲਵਿੰਦਰ ਕੌਰ ਦਾ ਐਕਸੀਅਨ ਦਫਤਰ ਧਾਰੀਵਾਲ ਵਿਖੇ ਅਹੁਦਾ ਸੰਭਾਲ 'ਤੇ ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਦੇ ਸਰਕਲ ਸਕੱਤਰ ਸੁਖਵਿੰਦਰ ਸਿੰਘ ਗਿੱਲ ਅਤੇ ਮੰਡਲ ਧਾਰੀਵਾਲ ਦੇ ਸਰਪ੍ਰਸਤ ਜਸਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਸਟਾਫ ਮੈਂਬਰਾਂ ਵੱਲੋਂ ਉਨ੍ਹਾਂ ਦਾ ਸਵਾਗਤ ਕਰਦਿਆਂ ਸਿਰਪਾਓ ਪਾ ਕੇ ਸਨਮਾਨ ਕੀਤਾ ਅਤੇ ਯਾਦਗਾਰੀ ਧਾਰਮਿਕ ਤਸਵੀਰ ਭੇਟ ਕੀਤੀ।

# ਹਨੂੰਮਾਨ ਜਯੰਤੀ ਮੌਕੇ ਸ਼ਿਵ ਮੰਦਿਰ 'ਚ ਵੱਖ-ਵੱਖ ਲੀਡਰਾਂ ਨੇ ਭਰੀ ਹਾਜ਼ਰੀ



ਅਜਨਾਲਾ(ਸੁਖਜਿੰਤਰ ਸਿੰਘ ਰਾਜੂ)-ਭਗਵਾਨ ਸ਼੍ਰੀ ਹਨੂੰਮਾਨ ਦਾ ਜਨਮ ਉਤਸਵ ਅਜਨਾਲਾ ਦੇ ਸ਼ਿਵ ਮੰਦਿਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੇ ਭਗਵਾਨ ਹਨੂੰਮਾਨ ਦੇ ਜਨਮ ਦਿਹਾੜੇ 'ਤੇ ਆਈਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਮੌਕੇ ਸ਼ਿਵ ਮੰਦਿਰ ਕਮੇਟੀ ਦੇ ਪ੍ਰਧਾਨ ਰੂਪ ਲਾਲ ਤੇ ਪੰਡਤ ਮੋਹਨ ਸ਼ਾਮ ਨੇ ਸਨਮਾਨਿਤ ਕੀਤਾ।ਮੰਦਰ ਕਮੇਟੀ ਵੱਲੋਂ ਰਾਮਪਾਲ ਦੇਵਗਨ ਜਨਰਲ ਸੈਕਟਰੀ, ਕੈਸ਼ੀਅਰ ਮਾਸਟਰ ਅਜੀਤ ਰਾਮ, ਵਿੱਕੀ ਕੁੰਦਰਾ, ਸੰਜੀਵ ਲਾਡੀ, ਪੰਡਿਤ ਨਟਵਰ ਲਾਲ, ਦੀਪਕ ਕੌਸ਼ਲ ਹਾਜ਼ਰ ਸਨ।ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ, ਬੋਨੀ ਅਮਰਪਾਲ ਸਿੰਘ ਅਜਨਾਲਾ ਸਾਬਕਾ ਵਿਧਾਇਕ ਪ੍ਰਧਾਨ ਓਬੀਸੀ ਮੋਰਚਾ ਸਤਿੰਦਰ ਸਿੰਘ ਮਾਕੋਵਾਲ, ਪ੍ਰਦੀਪ ਕੁਮਾਰ ਬੰਟਾ, ਵਿਕਰਮ ਬੇਦੀ, ਦੀਪੂ ਅਰੋੜਾ, ਡਾ. ਦੀਪਕ ਸਰਪਾਲ, ਵਿਪਨ ਖੱਤਰੀ, ਲੱਕੀ ਬੇਦੀ, ਰਜੇਸ਼ ਚੌਹਾਨ, ਵਿਜੇ ਸਰੀਨ, ਧਰਮਿੰਦਰ ਸਿੰਘ, ਪ੍ਰਿੰਸ, ਵਿਨੋਦ ਸਰੀਨ, ਵਿਨੋਦ ਅਰੋੜਾ, ਐਡਵੋਕੇਟ ਸੰਦੀਪ ਕੌਸ਼ਲ, ਅਮਰਦੀਪ ਸਿੰਘ ਢਿੱਲੋਂ ਚੱਕੀ ਵਾਲੇ ਆਦਿ ਵਰਕਰਾਂ ਨੇ ਹਾਜ਼ਰੀ ਲਵਾਈ। ਇਸ ਮੌਕੇ 'ਆਪ' ਵੱਲੋਂ ਪੰਜਾਬ ਦੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਨੂੰਹ ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਸ਼ਹਿਰੀ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਦਵਿੰਦਰ ਸਿੰਘ ਸੋਨੂ ਬਲਾਕ ਪ੍ਰਧਾਨ, ਅਮਿਤ ਆਲ, ਗੁਰਨਾਮ ਸਿੰਘ, ਗੁਰਿੰਦਰ ਸਿੰਘ, ਮੈਡਮ ਗਿੱਲ, ਅਜੇ ਕੁਮਾਰ, ਦੀਪਕ ਕੁਮਾਰ ਭੱਟੀ, ਗੁਰਦੇਵ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਸੁੱਖਦਿਆਲ ਸਿੰਘ ਭੱਖਾ, ਅਮਰਦੀਪ ਸਿੰਘ ਰਿੰਕੂ, ਦਵਿੰਦਰ ਸਿੰਘ ਸੋਨੂ, ਮੋਹਨ ਸਿੰਘ, ਰਮੇਸ਼ ਮਹਾਜਨ, ਵਿੱਕੀ ਸਰਾਫ, ਪ੍ਰਧਾਨ ਕੇਵਲ ਸਿੰਘ, ਸੁਰਿੰਦਰ ਮਹਾਜਨ, ਰਮੇਸ਼ ਮਹਾਜਨ, ਸਾਹਿਲ ਗੁਪਤਾ ਹਾਜ਼ਰ ਸਨ ।ਇਸ ਮੌਕੇ ਕਾਂਗਰਸ ਪਾਰਟੀ ਵੱਲੋਂ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਡੈਮ, ਬਾਊ ਦਰਸ਼ਨ ਲਾਲ, ਅਮਰਬੀਰ ਸਿੰਘ ਬੱਲ, ਅੰਮ੍ਰਿਤ ਭੱਖਾ, ਭਾਲੂ ਸਫੇਵਾਲੀਆ ਹਾਜ਼ਰ ਸਨ ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਨਰਸਰੀ ਤੋਂ ਦਸਵੀਂ ਤੱਕ ਦੇ ਬੱਚਿਆਂ ਨੂੰ ਮੁਫ਼ਤ ਕਿਤਾਬਾਂ ਦਿੱਤੀਆਂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਦੇ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਰਹਿਮਾਈ ਹੇਠ ਅੱਜ ਨਰਸਰੀ ਕਲਾਸ ਤੋਂ ਲੈ ਕੇ ਦਸਵੀਂ ਜਮਾਤ ਤੱਕ ਸਕੂਲ ਵਿਚ ਪੜ੍ਹਨ ਵਾਲੇ ਸਾਰੇ ਹੀ ਵਿਦਿਆਰਥੀਆਂ ਨੂੰ ਮੁਫਤ ਕਿਤਾਬਾਂ ਵੰਡੀਆਂ ਗਈਆਂ।

ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਵਿੱਦਿਆ ਸਭ ਤੋਂ ਵੱਡਮੁੱਲੀ ਦਾਤ ਹੈ, ਜਿਸ ਇਸ ਨਾਲ ਸਮਾਜ ਵਿਚ ਫੈਲੀਆਂ ਕੁਰੀਤੀਆਂ ਨੂੰ ਦੂਰ ਕੀਤਾ ਜਾ ਸਕਦਾ ਹੈ।

ਪ੍ਰਿੰ. ਗੁਰਸੇਵਕ ਸਿੰਘ ਨੇ ਦੱਸਿਆ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਸੱਜਣ ਸਿੰਘ ਨੇ ਬੱਚਿਆਂ ਨੂੰ ਆਪਣੇ ਵਲੋਂ ਲੱਖਾਂ ਰੁਪਏ ਦੀਆਂ ਕਿਤਾਬਾਂ ਬਿਲਕੁਲ ਮੁਫਤ ਵੰਡੀਆਂ ਹਨ। ਇਸ ਮੌਕੇ ਗੁਰਦੇਵ ਸਿੰਘ ਯੂ. ਐੱਸ. ਏ., ਜਥੇਦਾਰ ਤਰਸੇਮ ਸਿੰਘ ਤਾਹਰਪੁਰ, ਸੁਖਵਿੰਦਰ ਸਿੰਘ ਭੀਲੋਵਾਲ, ਬਚਿੱਤਰ ਸਿੰਘ ਮੱਤੇਵਾਲ, ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਭੋਏ, ਗੁਰਮੇਜ ਸਿੰਘ ਬੁਲਾਰਾ, ਬਾਬਾ ਜੱਸਾ ਸਿੰਘ, ਸਰਪੰਚ ਸਰਬਜੀਤ ਸਿੰਘ, ਬਾਬਾ ਰਾਜਾ, ਕੋ:ਧੰਨਾ ਸਿੰਘ, ਜਸਵਿੰਦਰ ਸਿੰਘ, ਵੀਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਗਗਨਦੀਪ ਸਿੰਘ, ਮੈਡਮ ਸਿਮਰਜੀਤ ਕੌਰ, ਮੈਡਮ ਸੁਖਵਿੰਦਰ ਕੌਰ ਆਦਿ ਹਾਜ਼ਰ ਸਨ ।

# ਬਾਸਰਕੇ ਭੈਣੀ ਤੋਂ ਕਈ ਅਕਾਲੀ ਪਰਿਵਾਰ ਕਾਂਗਰਸ 'ਚ ਸ਼ਾਮਿਲ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਹੁਲਾਰਾ ਮਿਲਿਆ ਜਦੋਂ ਅਟਾਰੀ ਦੇ ਪਿੰਡ ਬਾਸਰਕੇ ਭੈਣੀ ਦੇ ਪੰਜ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਗੁਰਜੀਤ ਸਿੰਘ ਔਜਲਾ ਨੇ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਸਵਾਗਤ ਕੀਤਾ।

ਇਸ ਮੌਕੇ ਬਾਬਾ ਕੁਲਦੀਪ ਸਿੰਘ ਬਾਸਰਕੇ, ਸੁਖਦੇਵ ਸਿੰਘ ਬਾਸਰਕੇ, ਜਗਦੀਪ ਸਿੰਘ ਬਾਸਰਕੇ, ਦਿਲਬਾਗ ਸਿੰਘ ਬਾਸਰਕੇ, ਸਚਿਵ ਸਿੰਘ ਬਾਸਰਕੇ ਅਤੇ ਸੋਨੂੰ ਸਿੰਘ ਬਾਸਰਕੇ ਸ਼ਾਮਲ ਹੋਏ।

ਇਸ ਸਮੇਂ ਉਨ੍ਹਾਂ ਨਾਲ ਜੋਗਿੰਦਰ ਸਿੰਘ ਬਾਸਰਕੇ, ਕੁਲਵੰਤ ਸਿੰਘ ਬਾਸਰਕੇ, ਮਹਿੰਦਰ ਸਿੰਘ ਬਾਸਰਕੇ ਅਤੇ ਫੌਜਾ ਸਿੰਘ ਆਦਿ ਵੀ ਹਾਜ਼ਰ ਸਨ। ਉਪਰੰਤ ਗੁਰਜੀਤ ਸਿੰਘ ਔਜਲਾ ਨੇ ਗੁਰਦੁਆਰਾ ਸ਼੍ਰੀ ਪਰੋ ਸਾਹਿਬ ਪਿੰਡ ਸੁਧਾਰ ਵਿਖੇ ਮੱਥਾ ਟੇਕਿਆ ਅਤੇ ਸੰਤ ਬਾਬਾ ਵਰਿਆਮ ਸਿੰਘ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਹਨੂੰਮਾਨ ਜਯੰਤੀ 'ਤੇ ਸ਼ਹਿਰ 'ਚ ਸਜਾਈ ਸ਼ੋਭਾ ਯਾਤਰਾ



ਗੁਰਦਾਸਪੁਰ, (ਜਨਕ ਮਹਾਜਨ)-ਸ਼੍ਰੀ ਸਨਾਤਨ ਜਾਗਰਨ ਮੰਚ ਗੁਰਦਾਸਪੁਰ ਵੱਲੋਂ ਸ਼੍ਰੀ ਹਨੂਮਾਨ ਜਯੰਤੀ ਦੇ ਸ਼ੁਭ ਮੌਕੇ ਸ਼ਹਿਰ ਅੰਦਰ ਸ਼ੋਭਾ ਯਾਤਰਾ ਸਜਾਈ ਗਈ। ਇਸ ਸ਼ੋਭਾ ਯਾਤਰਾ ਦਾ ਸ਼ਰਧਾਲੂਆਂ ਵਲੋਂ ਥਾਂ-ਥਾਂ 'ਤੇ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ। ਸ਼ਰਧਾਲੂਆਂ ਦਾ ਜੋਸ਼ ਦੇਖਣ ਯੋਗ ਸੀ। ਇਸ ਮੌਕੇ ਜੈ ਸ਼੍ਰੀ ਰਾਮ ਅਤੇ ਜੈ ਹਨੂੰਮਾਨ ਦੇ ਜੈਕਾਰਿਆਂ ਨਾਲ ਸਾਰਾ ਸ਼ਹਿਰ ਗੂੰਜ ਉਠਿਆ। ਇਹ ਸ਼ੋਭਾ ਯਾਤਰਾ ਹਨੂੰਮਾਨ ਮੰਦਿਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਚੌਕਾਂ ਤੋਂ ਹੁੰਦੀ ਹੋਈ ਵਾਪਸ ਮੰਦਿਰ ਵਿਖੇ ਸਮਾਪਤ ਹੋਈ। ਲੰਗਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਸ਼ੋਭਾ ਵਿਚ ਖ਼ਾਸ ਤੌਰ 'ਤੇ ਬੀਬੀਆਂ ਵਲੋਂ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਜੈ ਹਨੂੰਮਾਨ ਦੇ ਨਾਅਰੇ ਲਗਾਉਂਦੇ ਹੋਏ ਰੈਲੀ ਕੱਢੀ ਗਈ। ਇਸ ਸ਼ੋਭਾ ਯਾਤਰਾ ਵਿੱਚ ਲੋਕ ਸਭਾ ਉਮੀਦਵਾਰ ਅਮਨ ਸ਼ੇਰ ਸਿੰਘ ਸ਼ਹਿਰੀ ਕਲਸੀ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਦਿਨੇਸ਼ ਬੱਬੂ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਕਾਂਗਰਸ ਪਾਰਟੀ ਤੋਂ ਹਲਕਾ ਵਿਧਾਇਕ ਦੇ ਪਿਤਾ ਗੁਰਮੀਤ ਸਿੰਘ ਪਾਹੜਾ, ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਅਤੇ ਵਪਾਰ ਮੰਡਲ ਪ੍ਰਧਾਨ ਦਰਸ਼ਨ ਮਹਾਜਨ, ਆਪ ਆਗੂ ਰਕੇਸ਼ ਤੁੱਲੀ, ਧਾਰੀਵਾਲ ਤੋਂ ਆਪ ਆਗੂ ਅਸ਼ਵਨੀ ਦੁੱਗਲ, ਭਾਰਤ ਵਿਕਾਸ ਪ੍ਰੀਸ਼ਦ ਦੀ ਪੂਰੀ ਟੀਮ ਸਮੇਤ ਕਈ ਧਾਰਮਿਕ ਆਗੂ ਅਤੇ ਭਾਰਤੀ ਜਨਤਾ ਪਾਰਟੀ, ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਦੀ ਵੀ ਲੀਡਰਸ਼ਿਪ ਸ਼ਾਮਿਲ ਹੋਈ।

# ਰੇਲ ਗੱਡੀ ਹੇਠਾਂ ਆਉਣ ਨਾਲ ਅਣਪਛਾਤੀ ਔਰਤ ਦੀ ਮੌਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਸੋਹਲ ਵਿਖੇ ਅੰਮ੍ਰਿਤਸਰ ਤੋਂ ਪਠਾਨਕੋਟ ਨੂੰ ਜਾ ਰਹੀ ਰੇਲਗੱਡੀ ਹੇਠਾਂ ਆਉਣ ਨਾਲ ਇਕ 36 ਸਾਲ ਦੀ ਅਣਪਛਾਤੀ ਔਰਤ ਦੀ ਮੌਕੇ 'ਤੇ ਮੌਤ ਹੋ ਗਈ। ਇਸ ਸਬੰਧੀ ਰੇਲਵੇ ਪੁਲਸ ਚੌਕੀ ਧਾਰੀਵਾਲ ਦੇ ਇੰਚਾਰਜ ਏਐੱਸਆਈ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸਵੇਰੇ ਕਰੀਬ 11 ਵਜੇ ਅੰਮ੍ਰਿਤਸਰ ਤੋਂ ਪਠਾਨਕੋਟ ਨੂੰ ਜਾ ਰਹੀ ਰਾਵੀ ਐਕਸਪ੍ਰੈੱਸ ਰੇਲਗੱਡੀ ਜਦੋਂ ਰੇਲਵੇ ਸਟੇਸ਼ਨ ਸੋਹਲ ਤੋਂ ਥੋੜੀ ਅੱਗੇ ਪਿੰਡ ਸੋਹਲ ਪੁੱਜੀ ਤਾਂ ਇਕ ਲਗਭਗ 36 ਸਾਲਾ ਔਰਤ ਦੀ ਰੇਲਗੱਡੀ ਹੇਠਾਂ ਆਉਣ ਨਾਲ ਬੁਰੀ ਤਰ੍ਹਾਂ ਨਾਲ ਕੁਚਲੇ ਜਾਣ ਨਾਲ ਮੌਕੇ ਤੇ ਮੌਤ ਹੋ ਗਈ। ਰੇਲਵੇ ਚੌਕੀ ਇੰਚਾਰਜ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਲੋੜੀਂਦੀ ਵਿਭਾਗੀ ਕਾਰਵਾਈ ਕਰਕੇ ਮ੍ਰਿਤਕਾ ਦੀ ਲਾਸ਼ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮੋਰਚਰੀ ਵਿੱਚ ਸਨਾਖਤ ਵਾਸਤੇ 72 ਘੰਟੇ ਲਈ ਰੱਖ ਦਿੱਤਾ ਹੈ। ਮ੍ਰਿਤਕਾ ਨੇ ਸਲਵਾਰ ਕਮੀਜ਼ ਪਹਿਨੀ ਹੋਈ ਹੈ।

# ਦਿੱਲੀ ਮੋਰਚੇ 'ਚ ਯੋਗਦਾਨ ਪਾਉਣ ਲਈ ਕਿਸਾਨਾਂ/ਮਜ਼ਦੂਰਾਂ ਦੀ ਲਾਮਬੰਦੀ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਵੱਲੋਂ ਦਿੱਲੀ ਦੇ ਬਾਰਡਰ ਤੇ ਚਲ ਰਹੇ ਕਿਸਾਨੀ ਅੰਦੋਲਨ ਵਿੱਚ ਲਗਾਤਾਰ ਆਪਣੀ ਹਾਜ਼ਰੀ ਵੱਡੀ ਗਿਣਤੀ ਵਿੱਚ ਭਰ ਰਿਹਾ ਹੈ। ਇਸ ਮੌਕੇ ਜੋਨ ਬਾਬਾ ਦੀਪ ਸਿੰਘ ਜੀ ਦੀ ਕੋਰ ਕਮੇਟੀ ਵੱਲੋਂ ਜ਼ੋਨ ਦੇ ਸਾਰੇ ਪਿੰਡਾਂ ਦੀਆਂ ਮੀਟਿੰਗਾਂ ਕਰਵਾਈਆਂ ਗਈਆਂ, ਜਿਸ ਦੀ ਅਗਵਾਈ ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ, ਜ਼ੋਨ ਆਗੂ ਬਲਜੀਤ ਸਿੰਘ ਰਟੌਲ ਨੇ ਕੀਤੀ। ਕਿਸਾਨ ਆਗੂਆ ਨੇ ਦੱਸਿਆ ਕਿ ਹਾੜ੍ਹੀ ਦਾ ਸੀਜ਼ਨ ਜ਼ੋਰਾਂ 'ਤੇ ਹੋਣ ਦੇ ਬਾਵਜੂਦ ਅੰਦੋਲਨ ਵਿਚ ਕਿਸੇ ਕਿਸਮ ਦੀ ਕੋਈ ਘਾਟ ਕਮਜ਼ੋਰੀ ਨਹੀਂ ਹੈ।ਅੰਦੋਲਨ ਦੀ ਅਗਵਾਈ 20 ਤਰੀਕ ਤੋਂ ਬੀਬੀਆਂ ਬੜੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ, ਜਿਸ ਨਾਲ ਕਿਸਾਨੀ ਅੰਦੋਲਨ ਬੁਲੰਦੀਆਂ ਨੂੰ ਛੂ ਰਿਹਾ ਹੈ। ਆਗੂਆਂ ਕਿਹਾ ਕਿ ਆਪੋ ਆਪਣੇ ਪਿੰਡਾਂ ਵਿੱਚ ਫੰਡ ਵੱਧ ਤੋਂ ਵੱਧ ਜਮ੍ਹਾ ਕੀਤਾ ਜਾਵੇ ਅਤੇ ਕਣਕ ਦੀ ਉਗਰਾਹੀ ਕੀਤੀ ਜਾਵੇ, ਜਿਸ ਨਾਲ ਮੋਰਚੇ ਵਿੱਚ ਦਿਨ-ਰਾਤ ਚੱਲ ਰਹੇ ਲੰਗਰ ਵਿੱਚ ਕਿਸੇ ਕਿਸਮ ਦੀ ਘਾਟ ਮਹਿਸੂਸ ਨਾ ਹੋਵੇ ਤੇ ਆਉਣ ਵਾਲੇ ਦਿਨਾਂ ਵਿੱਚ ਸਾਰੇ ਪਿੰਡਾਂ ਵਿੱਚੋਂ ਕਿਸਾਨੀ ਮੋਰਚੇ ਵਿੱਚ ਵੱਧ ਤੋਂ ਵੱਧ ਪਹੁੰਚਿਆ ਜਾਵੇ। ਇਸ ਮੌਕੇ ਪ੍ਰਧਾਨ ਗੁਰਮੀਤ ਸਿੰਘ, ਮੀਤ ਪ੍ਰਧਾਨ ਰਣਜੀਤ ਸਿੰਘ, ਸਕੱਤਰ ਗੁਰਦੇਵ ਸਿੰਘ, ਮੰਗਲ ਸਿੰਘ, ਹਰਜੀਤ ਸਿੰਘ ਅਤੇ ਰਿੰਕਾ ਹਾਜ਼ਰ ਸਨ।

25-April-PAGE-8.qxd 4/24/2024 11:03 PM Page 2



# ਬੈਂਕ ਚੋਣਾਂ ਦੌਰਾਨ ਕੈਸ਼ ਦੀ ਜਮ੍ਹਾਂ/ਨਿਕਾਸੀ 'ਤੇ ਨਜ਼ਰ ਰੱਖਣ - ਜ਼ਿਲ੍ਹਾ ਚੋਣ ਅਫਸਰ

ਨਵਾਂ ਸ਼ਹਿਰ, ( ਮਨੋਜ ਲਾਡੀ) - ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਬੈਂਕ ਪ੍ਰਬੰਧਕਾਂ ਨੂੰ ਲੋਕ ਸਭਾ ਚੋਣਾਂ-2024 ਮੱਦੇਨਜ਼ਰ ਦੌਰਾਨ ਚੁਸਤ-ਦਰੁਸਤ ਰਹਿਣ ਦੀ ਤਾਕੀਦ ਕਰਦਿਆਂ ਕਿਹਾ ਕਿ ਵੋਟਾਂ ਵਿੱਚ ਉਮੀਦਵਾਰਾਂ ਅਤੇ ਰਾਜਸੀ ਪਾਰਟੀਆਂ ਵੱਲੋਂ ਬੇ-ਅਥਾਹ ਗੈਰ ਕਾਨੂੰਨੀ ਖਰਚਾ ਰੋਕਣ ਵਿੱਚ ਬੈਂਕਾਂ ਬਹੁਤ ਵੱਡਾ ਯੋਗਦਾਨ ਪਾ ਸਕਦੀਆਂ ਹਨ।ਉਹਨਾਂ ਨੇ ਕਿਹਾ ਕਿ ਸਮੂਹ ਬੈਂਕ ਆਪਣੀਆਂ ਬਰਾਂਚਾਂ ਨੂੰ ਪਾਬੰਦ ਕਰਨਗੇ ਕਿ ਉਹ ਉਮੀਦਵਾਰਾਂ ਦੇ ਚੋਣਾਂ ਸਬੰਧੀ ਬੈਂਕ ਖਾਤਿਆਂ ਨੂੰ ਖੋਲ੍ਹਣ ਦੀ ਲੋੜੀਂਦੀ ਸਹੂਲਤ ਪਹਿਲੇ ਦੇ ਆਧਾਰ ਉੱਪਰ ਮੁਹੱਈਆ ਕਰਾਉਣ ਦੇ ਪਾਬੰਦ ਰਹਿਣ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਵੱਲੋਂ 10 ਹਜ਼ਾਰ ਰੁਪਏ ਤੋਂ ਵੱਧ ਦਾ ਕੋਈ ਵੀ ਖ਼ਰਚਾ ਚੈੱਕ, ਡਰਾਫ਼ਟ, ਆਰ.ਟੀ.ਜੀ.ਐੱਸ. ਰਾਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਦੌਰਾਨ ਕਿਸੇ ਰਾਜਨੀਤਿਕ ਪਾਰਟੀ ਜਾਂ ਉਨ੍ਹਾਂ ਦੇ ਰਿਸ਼ਤੇਦਾਰ ਜਾਂ ਸਪਾਊਸ ਦੇ ਖਾਤੇ ਵਿੱਚੋਂ ਇੱਕ ਲੱਖ ਰੁਪਏ ਤੋਂ ਵੱਧ ਦੀ ਜਮਾਂ ਰੁਪਏ ਜਾਂ ਨਿਕਾਸੀ ਜੋ ਕਿ ਅਸਾਧਾਰਨ ਜਾਂ ਸ਼ੱਕੀ ਲੱਗਦੀ ਹੋਵੇ, ਦੀ ਸੂਚਨਾ ਤੁਰੰਤ ਜ਼ਿਲ੍ਹਾ ਚੋਣ ਦਫ਼ਤਰ ਨੂੰ ਦਿੱਤੀ ਜਾਵੇ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਜੇਕਰ ਜੇਕਰ ਕਿਸੇ ਦੇ ਵੀ ਬੈਂਕ ਖਾਤੇ ਵਿੱਚੋਂ ਨਕਦ ਜਮ੍ਹਾ ਜਾਂ ਨਿਕਾਸੀ ਦੀ ਰਕਮ 10 ਲੱਖ ਰੁਪਏ ਤੋਂ ਉੱਪਰ ਹੈ ਤਾਂ ਇਸ ਦੀ ਸੂਚਨਾ ਵੀ ਜ਼ਿਲ੍ਹਾ ਚੋਣ ਦਫ਼ਤਰ ਨੂੰ ਭੇਜੀ ਜਾਵੇ ਤਾਂ ਜੋ ਇਹ ਸੂਚਨਾ ਆਮਦਨ ਕਰ ਵਿਭਾਗ ਦੇ ਨੋਡਲ ਅਫ਼ਸਰ ਨੂੰ ਇਨਕਮ ਟੈਕਸ ਲਾਅਜ਼ ਅਨੁਸਾਰ ਬਣਦੀ ਯੋਗ ਅਤੇ ਲੋੜੀਂਦੀ ਕਾਰਵਾਈ ਹਿਤ ਭੇਜੀ ਜਾ ਸਕੇ।ਉਨ੍ਹਾਂ ਕਿਹਾ ਕਿ ਬੈਂਕ ਇਹ ਗੱਲ ਯਕੀਨੀ ਬਣਾਉਣਗੇ ਕਿ ਆਊਟਸੋਰਸਡ ਏਜੰਸੀਜ਼/ਕੰਪਨੀਜ਼ ਦੀਆਂ ਕੈਸ਼ ਵੈਨਜ਼ ਜੋ ਕਿ ਬੈਂਕਾਂ ਦਾ ਕੈਸ਼ ਲੈ ਕੇ ਚੱਲਦੀਆਂ ਹਨ, ਕਿਸੇ ਵੀ ਹਾਲਤ ਵਿੱਚ ਸਿਵਾਏ ਬੈਂਕਾਂ ਤੋਂ ਕਿਸੇ ਵੀ ਥਰਡ ਪਾਰਟੀ/ਏਜੰਸੀ ਜਾਂ ਵਿਅਕਤੀ ਦਾ ਕੈਸ਼ ਲੈ ਕੇ ਨਹੀਂ ਚੱਲਣਗੀਆਂ। ਇਸ ਸਬੰਧੀ ਆਊਟਸੋਰਸ ਏਜੰਸੀਜ਼/ਕੰਪਨੀਜ਼ ਬੈਂਕ ਵੱਲੋਂ ਜਾਰੀ ਈ.ਐਸ.ਐਮ.ਐਸ. ਤੇ ਕਿਊ ਆਰ. ਰਸੀਦ ਨਾਲ ਲੈ ਕੇ ਚੱਲਣਗੀਆਂ, ਜਿਸ ਵਿੱਚ ਬੈਂਕਾਂ ਵੱਲੋਂ ਜਾਰੀ ਨਕਦੀ/ਡਰਾਈਵਰ ਆਦਿ ਦਾ ਵੇਰਵਾ ਹੋਵੇਗਾ ਅਤੇ ਇਨ੍ਹਾਂ ਕੈਸ਼ ਵੈਨਜ਼ ਵੱਲੋਂ ਏ.ਟੀ.ਐਮ. ਵਿੱਚ ਪੈਸੇ ਭਰਨ ਲਈ ਜਾਂ ਬੈਂਕ ਦੀਆਂ ਹੋਰ ਦੂਸਰੀਆਂ ਬਰਾਂਚਾਂ ਵਿੱਚ ਪੈਸੇ ਦੇਣ ਲਈ ਜਾਂ ਦੂਸਰੇ ਬੈਂਕ ਵਿੱਚ ਜਾਂ ਕਰੰਸੀ ਕੈਸ਼ ਵਿੱਚ ਪੈਸੇ ਦੇਣ ਦਾ ਪੂਰਾ ਵੇਰਵਾ ਦਿੱਤਾ ਜਾਵੇਗਾ।ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਆਊਟਸੋਰਸਡ ਏਜੰਸੀਜ਼/ਕੰਪਨੀਜ਼ ਦੀਆਂ ਕੈਸ਼ ਵੈਨਜ਼ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਉਨ੍ਹਾਂ ਦੀ ਸਬੰਧਿਤ ਏਜੰਸੀਜ਼ ਬਕਾਇਦਾ ਤੌਰ 'ਤੇ ਸ਼ਨਾਖ਼ਤੀ ਕਾਰਡ ਜਾਰੀ ਕੀਤੇ ਜਾਣਗੇ।

ਜੇਕਰ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੋਈ ਵੀ ਅਧਿਕਾਰੀ ਜੇਕਰ ਕਿਸੇ ਆਊਟਸੋਰਸ ਏਜੰਸੀ/ਕੰਪਨੀ ਦੀ ਕੈਸ਼ ਵੈਨ ਨੂੰ ਇੰਸਪੈਕਸ਼ਨ ਦੌਰਾਨ ਰੋਕ ਲੈਂਦਾ ਹੈ ਤਾਂ ਸਹਿਯੋਗ ਕਰਨਾ ਜ਼ਰੂਰੀ ਹੋਵੇਗਾ।

# ਜੱਥੇਦਾਰ ਬਾਬਾ ਹਰਬੰਸ ਸਿੰਘ ਦੇ ਬਰਸੀ ਸਮਾਗਮ 'ਤੇ ਕੀਰਤਨ ਦਰਬਾਰ




ਮੋਹਾਲੀ (ਗੁਰਜੀਤ ਬਿੱਲਾ) ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਕਾਰ ਸੇਵਾ ਦੇ ਪੁੰਜ, ਸੱਚ ਖੰਡ ਵਾਸੀ ਜਥੇਦਾਰ ਬਾਬਾ ਹਰਬੰਸ ਸਿੰਘ ਦੀ ਬਰਸੀ ਸਮਾਗਮ 'ਤੇ ਵਿਸ਼ੇਸ਼ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ। ਬਰਸੀ ਸਮਾਗਮ ਦੇ ਸੰਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ ।ਭਾਈ ਪ੍ਰਿਤਪਾਲ ਸਿੰਘ ਪੰਥਕ ਜੱਥੇ ਨੇ ਜੱਥੇਦਾਰ ਬਾਬਾ ਹਰਬੰਸ ਸਿੰਘ, ਜਿਨ੍ਹਾਂ ਦਾ ਜਨਮ 1 ਜਨਵਰੀ 1923 ਵਿੱਚ ਹੋਇਆ, ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾ ਨੇ ਜੱਥੇਦਾਰ ਬਾਬਾ ਹਰਬੰਸ ਸਿੰਘ ਦੇ ਬਿਰਧ ਉਮਰ ਵਿੱਚ ਵੀ ਸੇਵਾ ਦੇ ਜਜ਼ਬੇ ਅਤੇ ਪੰਥ ਪ੍ਰਤੀ ਕੀਤੀਆਂ ਅਮੁੱਲੀਆਂ ਕਾਰ ਸੇਵਾਵਾਂ ਬਾਰੇ ਸੰਗਤਾਂ ਨੂੰ ਵਿਸਥਾਰ ਵਿੱਚ ਜਾਣੂੰ ਕਰਵਾਇਆ। ਭਾਈ ਕੁਲਵਿੰਦਰ ਸਿੰਘ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ ਬੀਬੀ ਉੱਤਮਜੀਤ ਕੌਰ, ਭਾਈ ਗੁਰਦੀਪ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਕੁਲਦੀਪ ਸਿੰਘ, ਭਾਈ ਸਰੂਪ ਸਿੰਘ, ਭਾਈ ਮਨਜੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ ਅਤੇ ਭਾਈ ਕੁਲਤਾਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਹਰਬਖਸ਼ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਦੇ ਜੱਥਿਆਂ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ।

# ਦੇਸ਼ ਦੀ ਤਰੱਕੀ ਲਈ ਵੋਟਰ ਬਸਪਾ ਨੂੰ ਅੱਗੇ ਲਿਆਉਣਗੇ-ਸੁੰਮਨ, ਚੌਧਰੀ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ ) ਬਹੁਜਨ ਸਮਾਜ ਪਾਰਟੀ ਵਲੋਂ ਲੋਕ ਸਭਾ ਹੁਸ਼ਿਆਰਪੁਰ ਦੇ ਵਿਧਾਨ ਸਭਾ ਹਲਕਾ ਭੁਲੱਥ ਦੇ ਸੈਕਟਰ ਦਿਆਲ ਪੁਰਾ, ਨਡਾਲਾ, ਮਾਡਲ ਟਾਊਨ ਅਤੇ ਮਕਸੂਦਾਂ ਵਿਖੇ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਬਸਪਾ ਉਮੀਦਵਾਰ ਰਾਕੇਸ ਸੁੰਮਨ ਅਤੇ ਗੁਰਨਾਮ ਚੌਧਰੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਸੰਵਿਧਾਨ ਨੂੰ ਬਚਾਉਣ ਅਤੇ ਦੇਸ਼ ਦੀ ਆਰਥਿਕ ਤਰੱਕੀ,ਵਿਕਾਸ ਲਈ ਲੋਕ ਦਲ ਬਦਲੂਆਂ ਨੂੰ ਮੂੰਹ ਨਹੀਂ ਲਾਉਣਗੇ ਅਤੇ ਬਸਪਾ ਨੂੰ ਅਗੇ ਲਿਆਉਣਗੇ। ਭਾਜਪਾ, ਕਾਂਗਰਸ ਤੇ ਆਪ ਪਾਰਟੀ ਨੇ ਆਮ ਲੋਕਾਂ ਦੀਆਂ ਵੋਟਾਂ ਵਟੋਰੀਆਂ ਪਰ ਕੰਮ ਸਰਮਾਏਦਾਰਾਂ ਦੇ ਹਿੱਤਾਂ ਲਈ ਕੀਤੇ। ਉਨਾਂ ਕਿਹਾ ਮਜ਼ਦੂਰਾਂ, ਕਿਸਾਨਾਂ,ਵਪਾਰੀਆਂ, ਦਸਤਕਾਰਾਂ ਲਈ ਇਨਾਂ ਸਰਕਾਰਾਂ ਨੇ ਵੱਡੀਆਂ ਮੁਸ਼ਕਲਾਂ ਪੈਦਾ ਕੀਤੀਆਂ ਹਨ। ਮਹਿੰਗਾਈ, ਬੇਰੁਜ਼ਗਾਰੀ, ਸਿਹਤ ਸਹੂਲਤਾਂ,ਮਹਿੰਗੀ ਪੜਾਈ ਗਰੀਬ ਸਮਾਜ ਲਈ ਵੱਡੀਆਂ ਚੁਣੌਤੀਆਂ ਹਨ ਜਿਨ੍ਹਾਂ ਦਾ ਹੱਲ ਕੇਵਲ ਬਹੁਜਨ ਸਮਾਜ ਪਾਰਟੀ ਹੀ ਕਰ ਸਕਦੀ ਹੈ। ਉਨਾਂ ਕਿਹਾ ਦੇਸ਼ ਦਾ ਅੰਨਦਾਤਾ ਕਿਸਾਨ ਅਤੇ ਮਜਦੂਰ ਆਪਣੇ ਹੱਕਾਂ ਲਈ ਅੱਜ ਵੀ ਧਰਨੇ ਲਾ ਕੇ ਬੈਠਾ ਹੈ ਪਰ ਸਰਕਾਰਾਂ ਉਨਾਂ ਵੱਲ ਬਿਲਕੁੱਲ ਧਿਆਨ ਨਹੀਂ ਦੇ ਰਹੀਆਂ ਕਿਉਂਕਿ ਇਹ ਸਰਮਾਏਦਾਰ ਪੱਖੀ ਅਤੇ ਕਿਸਾਨ ਮਜਦੂਰ ਵਿਰੋਧੀ ਸਰਕਾਰਾਂ ਹਨ।

ਇਸ ਮੌਕੇ ਰਾਕੇਸ਼ ਕੁਮਾਰ ਦਾਤਾਰਪੁਰੀ, ਜਗਤਾਰ ਸਿੰਘ ਬਿੱਟੂ ਹਲਕਾ ਪ੍ਰਧਾਨ, ਗੁਰਇਕਬਾਲ ਸਿੰਘ, ਸੁਖਦੇਵ ਬਬੀ, ਕੁਲਦੀਪ ਕੁਮਾਰ, ਸਰਦਾਰ ਮਸੀਹ,ਬਿੰਦਰ ਮਸੀਹ,ਗੁਰਜੀਤ ਸਿੰਘ, ਸਿਮਰਨਜੀਤ ਸਿੰਘ, ਮੀਨੂੰ ਭੱਟੀ, ਮਲਕੀਤ ਸਿੰਘ ਢਿੱਲਵਾਂ, ਪੱਪੂ ਮਸੀਹ ਤੇ ਸੈਂਕੜੇ ਬਸਪਾ ਵਰਕਰ, ਵੋਟਰ ਹਾਜ਼ਰ ਸਨ।

# ਸਾਬਕਾ ਸਰਪੰਚ ਸਰਬ ਸੰਮਤੀ ਨਾਲ ਧਾਰਮਿਕ ਕਮੇਟੀ ਦਾ ਪ੍ਰਧਾਨ ਨਿਯੁਕਤ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਅੱਤੋਵਾਲ ਵਿਖੇ ਸਥਿਤ ਸ਼ਹੀਦ ਸਿੰਘਾਂ ਦੇ ਧਾਰਮਿਕ ਸਥਾਨ ਦੀ ਪ੍ਰਬੰਧਕ ਕਮੇਟੀ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ। ਜਿਸ ਦੌਰਾਨ ਸ਼ਹੀਦ ਸਿੰਘਾਂ ਦੇ ਇਸ ਧਾਰਮਿਕ ਸਥਾਨ ਤੇ ਪਹਿਲਾਂ ਤੋਂ ਸੇਵਾ ਨਿਭਾ ਰਹੀਆਂ ਸੰਗਤਾਂ ਵੱਲੋਂ ਸੰਤਪ੍ਰਕਾਸ਼ ਸਿੰਘ ਸਾਬਕਾ ਸਰਪੰਚ ਨੂੰ ਕਮੇਟੀ ਦੇ ਪ੍ਰਧਾਨ ਅਤੇ ਸੁਰਿੰਦਰ ਸਿੰਘ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਸਾਬਕਾ ਸਰਪੰਚ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਸਿੰਘਾਂ ਦੇ ਇਸ ਧਾਰਮਿਕ ਸਥਾਨ ਵਿੱਚ ਪਿਛਲੇ ਲੰਮੇ ਅਰਸੇ ਤੋਂ ਐਸ.ਸੀ ਭਾਈਚਾਰਾ ਸੇਵਾ ਨਿਭਾ ਰਿਹਾ ਹੈ। ਉਹਨਾਂ ਕਿਹਾ ਕਿ ਅੱਗੇ ਤੋਂ ਵੀ ਉਹੀ ਸੇਵਾਦਾਰ ਆਪਣੀਆਂ ਸੇਵਾਵਾਂ ਨਿਰੰਤਰ ਜਾਰੀ ਰੱਖਣਗੇ ਅਤੇ ਗਠਿਤ ਕੀਤੀ ਗਈ ਧਾਰਮਿਕ ਕਮੇਟੀ ਉਹਨਾਂ ਦਾ ਪੂਰਨ ਸਹਿਯੋਗ ਕਰੇਗੀ।ਇਸ ਮੌਕੇ ਹਾਜ਼ਰ ਸੰਗਤਾਂ ਨੇ ਪਿਛਲੇ ਲੰਮੇ ਅਰਸੇ ਤੋਂ ਸੇਵਾ ਨਿਭਾ ਰਹੇ ਸੰਜੀਵ ਕੁਮਾਰ, ਧਰਮੇਸ਼ ਸਿੰਘ, ਜਸਵਿੰਦਰ ਸਿੰਘ, ਸੁਖਪ੍ਰੀਤ ਸਿੰਘ, ਦੀਪਕ ਆਦਿ ਨੂੰ ਸਨਮਾਨਿਤ ਕਰਦਿਆਂ ਅੱਗੇ ਤੋਂ ਵੀ ਆਪਣੀਆਂ ਸੇਵਾਵਾਂ ਸ਼ਰਧਾ ਭਾਵਨਾ ਨਾਲ ਨਿਭਾਉਣ ਲਈ ਉਤਸ਼ਾਹਿਤ ਕੀਤਾ। ਧਾਰਮਿਕ ਕਮੇਟੀ ਦੀ ਚੋਣ ਦੌਰਾਨ ਨਵ ਨਿਯੁਕਤ ਪ੍ਰਧਾਨਾਂ ਨੂੰ ਸਮੂਹ ਸੰਗਤਾਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੁਆਰਕਾ ਸਿੰਘ, ਗੁਰਮੀਤ ਸਿੰਘ, ਸੁਰਜੀਤ ਰਾਮ, ਧਰਮਪਾਲ, ਸੁਖਦੇਵ ਸਿੰਘ, ਰਾਮ ਲਭਾਇਆ, ਭਾਈ ਸੁਰਜੀਤ ਸਿੰਘ, ਰਵਿੰਦਰ ਕੌਰ ਸਾਬਕਾ ਸਰਪੰਚ, ਕਮਲਜੀਤ ਕੌਰ ਸਾਬਕਾ ਪੰਚ, ਸੁਖਵਿੰਦਰ ਸਿੰਘ, ਹਰਜਿੰਦਰ ਪਾਲ, ਗੁਰਦਾਵਰ ਰਾਮ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਸਮੇਤ ਹੋਰ ਸੰਗਤਾਂ ਹਾਜ਼ਰ ਸਨ।

# ਵੋਟਾਂ ਮੰਗਣ ਆਏ ਨੁਮਾਇੰਦਿਆਂ ਨੂੰ ਕਰਮਚਾਰੀ ਪੁੱਛਣਗੇ ਸਵਾਲ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਪੰਜਾਬ ਦੇ ਮੁਲਾਜ਼ਮ ਵਰਗ ਵਿੱਚ ਪੰਜਾਬ ਸਰਕਾਰ ਵਿਰੁੱਧ ਭਾਰੀ ਨਰਾਜ਼ਗੀ ਪਾਈ ਜਾ ਰਹੀ ਹੈ। ਲੋਕ ਸਭਾ ਚੋਣਾਂ ਮੌਕੇ ਮੁਲਾਜ਼ਮ ਵਰਗ ਖਾਸ ਕਰਕੇ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੇ ਆਪਣੇ ਘਰਾਂ ਅੱਗੇ ਪੋਸਟਰ ਲਾ ਕੇ ਹਰ ਸਿਆਸੀ ਧਿਰ ਨੂੰ ਸਿੱਧਾ ਸੁਨੇਹਾ ਦਿੱਤਾ ਹੈ ਕਿ ਸਾਡੀ ਵੋਟ ਉਸ ਨੂੰ ਜਾਏਗੀ ਜੋ ਪੁਰਾਣੀ ਪੈਨਸ਼ਨ ਬਹਾਲ ਕਰੇਗਾ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਸਿੰਘ ਤਲਵਾੜਾ ਅਤੇ ਜਨਰਲ ਸਕੱਤਰ ਜਰਨੈਲ ਸਿੰਘ ਪੱਟੀ ਨੇ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾ ਦੌਰਾਨ ਪੰਜਾਬ ਵਿੱਚ ਭਾਰੀ ਤਦਾਦ ਵਿੱਚ ਬੈਲਟ ਪੇਪਰਾਂ ਦੀ ਵਰਤੋਂ ਕਰਦੇ ਹੋਏ ਮੁਲਾਜ਼ਮ ਵਰਗ ਨੇ ਵੋਟਾਂ ਪਾਈਆਂ ਤੇ ਸਰਕਾਰ ਬਣਾਈ। ਦੋ ਸਾਲ ਪਹਿਲਾਂ ਭਗਵੰਤ ਮਾਨ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਸਬੰਧੀ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਜੋ ਕਿ ਚਿੱਟਾ ਹਾਥੀ ਸਾਬਤ ਹੋਇਆ। ਪਿਛਲੀਆਂ ਸਰਕਾਰਾਂ ਦੀਆਂ ਸਿਆਸੀ ਧਿਰਾਂ ਤਾਂ ਜ਼ੁਬਾਨੀ ਕੀਤੇ ਵਾਅਦਿਆਂ ਤੋਂ ਮੁੱਕਰਦੇ ਰਹੇ ਆ ਪਰ ਭਗਵੰਤ ਮਾਨ ਸਰਕਾਰ ਪੰਜਾਬ ਦੇ ਇਤਿਹਾਸ ਦੀ ਪਹਿਲੀ ਸਰਕਾਰ ਹੈ ਜੋ ਆਪਣੇ ਲਿਖਤੀ ਨੋਟੀਫਿਕੇਸ਼ਨ ਨੂੰ ਲਾਗੂ ਨਹੀਂ ਕਰ ਪਾਈ। ਇਸ ਸਬੰਧੀ ਮੁਲਾਜ਼ਮ ਵਰਗ ਸੜਕਾਂ 'ਤੇ ਰਿਹਾ, ਵੱਖ ਵੱਖ ਰੈਲੀਆਂ ਕੀਤੀਆਂ। ਜਦੋਂ ਵੀ ਕੋਈ ਰੈਲੀ ਹੁੰਦੀ ਮੀਟਿੰਗ ਦਾ ਸਮਾਂ ਜ਼ਰੂਰ ਦਿੱਤਾ ਜਾਂਦਾ ਪਰ ਬਿਨਾਂ ਤਿਆਰੀ ਤੋਂ ਮੰਤਰੀ ਮੀਟਿੰਗ ਵਿੱਚ ਬੈਠਦੇ ਰਹੇ ਅਤੇ ਸਰਮਸ਼ਾਰ ਹੁੰਦੇ ਰਹੇ। ਰਾਜ ਸਰਕਾਰਾਂ ਦੇ ਅਪਣੇ ਅਧਿਕਾਰ ਹੁੰਦੇ ਹਨ। ਹਰ ਰਾਜ ਦੀ ਸਰਕਾਰ ਮੁਲਾਜਮਾਂ ਦੀਆਂ ਤਨਖਾਹਾਂ ਭੱਤੇ ਤੇ ਪੈਨਸ਼ਨ ਖੁਦ ਤੈਅ ਕਰਦੀ ਹੈ। ਪਰ ਪੰਜਾਬ ਦੀ ਇਹ ਪਹਿਲੀ ਸਰਕਾਰ ਹੈ ਜੋ ਆਪਣੇ ਲਏ ਫੈਸਲੇ ਨੂੰ ਲਾਗੂ ਨਹੀਂ ਕਰ ਪਾਈ। ਪੁਰਾਣੀ ਪੈਨਸ਼ਨ ਬਹਾਲੀ ਦੇ ਮੁੱਦੇ 'ਤੇ ਕੇਂਦਰ ਦੀ ਮੋਦੀ ਸਰਕਾਰ ਤੋਂ ਨਿਰਾਸ਼ਾ ਹੀ ਪੱਲੇ ਪਈ ਹੈ ਜਦਕਿ ਕਾਰਪੋਰੇਟਾਂ ਦੇ ਕਰੋੜਾਂ ਬੈਂਕ ਕਰਜ਼ੇ ਇੱਕ ਮਹਿਜ਼ ਐਲਾਨ ਨਾਲ ਹੀ ਮਾਫ ਕਰ ਦਿੱਤੇ ਜਾਂਦੇ ਹਨ।



ਕੁੱਝ ਗੁਆਂਢੀ ਰਾਜਾਂ ਨੇ ਪੁਰਾਣੀ ਪੈਨਸ਼ਨ ਲਾਗੂ ਕਰਕੇ ਦਮਦਾਰ ਤੇ ਤਜਰਬੇਕਾਰ ਸਰਕਾਰ ਹੋਣ ਦੀ ਮਿਸਾਲ ਕਾਇਮ ਰੱਖੀ ਹੈ। ਜਥੇਬੰਦੀ ਦੇ ਕੋ ਕਨਵੀਨਰਾਂ ਅਜੀਤਪਾਲ ਸਿੰਘ ਜੱਸੋਵਾਲ, ਜਸਵਿੰਦਰ ਸਿੰਘ ਜੱਸਾ, ਕਰਮਜੀਤ ਸਿੰਘ ਤਾਮਕੋਟ, ਲਖਵਿੰਦਰ ਸਿੰਘ ਭੌਰ, ਰਣਵੀਰ ਸਿੰਘ ਉਪਲ ਅਤੇ ਸੀਨੀਅਰ ਆਗੂਆਂ ਜਗਸੀਰ ਸਹੋਤਾ, ਵਰਿੰਦਰ ਵਿੱਕੀ, ਬਿਕਰਮ ਜੀਤ ਸਿੰਘ ਕੱਦੋਂ, ਨਿਰਮਲ ਸਿੰਘ ਮੋਗਾ ਪ੍ਰੇਮ ਸਿੰਘ ਠਾਕੁਰ, ਬਲਵਿੰਦਰ ਸਿੰਘ ਲੋਦੀਪੁਰ, ਗੁਰਿੰਦਰ ਪਾਲ ਖੇੜੀ, ਗੁਲਾਬ ਸਿੰਘ ਨੇ ਵੀ ਇਸ ਵਾਰ ਮੁਲਾਜ਼ਮ ਵਰਗ ਨੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਝੰਡੇ ਹੇਠ ਵੋਟ ਮੰਗਣ ਆ ਰਹੇ ਨੁਮਾਇੰਦਿਆਂ ਨੂੰ ਘਰ ਅੱਗੇ ਪੋਸਟਰ ਲਾ ਕੇ ਤਿੱਖੇ ਸਵਾਲ ਕਰਨ ਦਾ ਫੈਸਲਾ

# ਹਨੂੰਮਾਨ ਜੀ ਦਾ ਜਨਮ ਦਿਹਾੜਾ ਮਨਾਇਆ



ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)- ਭਗਵਾਨ ਹਨੂਮਾਨ ਦੇ ਪਾਵਨ ਉਤਸਵ ਮੌਕੇ ਸਨਾਤਨ ਧਰਮ ਸਭਾ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਮਹਾਦੇਵ ਮੰਦਰ ਉੜਮੁੜ ਵਿਖੇ ਹਨੂਮਾਨ ਜਯੰਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਤ, ਸਮਾਜ ਸੇਵੀ ਐਨ.ਆਰ ਆਈ ਸੁਰਿੰਦਰ ਬਬਲਾ, ਜਿਲ੍ਹਾ ਚੇਅਰਮੈਨ ਵਿਕਾਸ ਜਸਰਾ, ਸਮਾਜ ਸੇਵੀ ਅਸ਼ਵਨੀ ਕੁਮਾਰ, ਸੁਰਿੰਦਰ ਨਈਅਰ, ਅਸ਼ੋਕ ਬਹਿਲ, ਦਿਲਬਾਗ ਰਾਏ, ਇਲਾਕੇ ਦੀਆਂ ਧਾਰਮਿਕ, ਸਮਾਜਿਕ ਅਤੇ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਹਨੂਮਾਨ ਜੀ ਦਾ ਜਨਮ ਦਿਹਾੜਾ ਮਨਾਉਂਦੇ ਹੋਏ ਜੈ ਬਜਰੰਗ ਬਲੀ ਦੇ ਜੈਕਾਰੇ ਲਗਾਏ ਅਤੇ ਹਨੂਮਾਨ ਜੀ ਦੇ ਮੰਦਰ ਵਿੱਚ ਝੰਡਾ ਚੜਾਇਆ।ਸਵੇਰ ਤੋਂ ਹੀ ਪੰਡਤ ਰਜਿੰਦਰ ਵੱਲੋਂ ਪੂਰੀ ਵਿਧੀਪੂਰਵਕ ਭਗਵਾਨ ਹਨੂਮਾਨ ਦੀ ਪੂਜਾ ਅਰਚਨਾ ਕਰਨ ਉਪਰੰਤ ਸੁੰਦਰ ਕਾਂਡ 108 ਅਤੇ ਬਜਰੰਗ ਬਾਣ ਦਾ ਪਾਠ ਕੀਤਾ ਗਿਆ। ਇਸ ਮੌਕੇ ਜੀਵਨ ਕੁਮਾਰ ਬੱਬਲੀ, ਅਨਿਲ ਕੁਮਾਰ ਸ਼ਰਮਾ, ਸ਼ਾਮਾ ਜੋਸ਼ੀ, ਮਮਤਾ ਰਾਣੀ, ਸੁਮਨ ਨਈਅਰ, ਪਰਵੀਨ, ਨੀਲਮ ਬਹਿਲ, ਰਾਜ, ਡੇਜੀ ਨਈਅਰ, ਰਚਨਾ ਬਹਿਲ, ਪੂਜਾ ਬਹਿਲ, ਮਧੂ ਰਾਣੀ ਅਤੇ ਹੋਰ ਹਾਜ਼ਰ ਸਨ।

# ਰਿਆਤ-ਬਾਹਰਾ 'ਵਰਸਿਟੀ ਵੱਲੋਂ ਵਿਸ਼ਵ ਪੁਸਤਕ ਦਿਵਸ ਸੰਬੰਧੀ ਖੂਨਦਾਨ ਕੈਂਪ




ਮੋਹਾਲੀ/ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)-ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ ਅਲਾਈਡ ਹੈਲਥ ਸਾਇੰਸਜ਼ ਵੱਲੋਂ ਵਿਸ਼ਵ ਪੁਸਤਕ ਦਿਵਸ ਦੇ ਸਬੰਧ ਵਿੱਚ ਸਮਾਜ ਵਿੱਚ ਸਾਖਰਤਾ ਅਤੇ ਸਿਹਤ ਸੰਭਾਲ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਇੱਕ ਖੂਨਦਾਨ ਕੈਂਪ ਲਗਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵਿੱਚ ਪਰਉਪਕਾਰੀ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ।

ਵਿਸ਼ਵ ਪੁਸਤਕ ਦਿਵਸ ਦੇ ਮੌਕੇ 'ਤੇ ਆਰਬੀਯੂ ਵਿਖੇ ਲਾਇਬ੍ਰੇਰੀਅਨ ਸਾਕਸ਼ੀ ਬਹਿਲ ਦੁਆਰਾ ਮੈਡੀਕਲ ਕਿਤਾਬਾਂ ਦੀ ਇੱਕ ਪ੍ਰਦਰਸ਼ਨੀ ਲਗਾਈ ਗਈ, ਜੋ ਸਿਹਤ ਸੰਭਾਲ ਦੇ ਖੇਤਰ ਵਿੱਚ ਪੜ੍ਹਨ ਅਤੇ ਸਿੱਖਣ ਦੀ ਮਹੱਤਤਾ ਨੂੰ ਦਰਸਾਉਂਦੀ ਹੈ। ਸ਼੍ਰੀ ਸ਼ਿਵ ਕੰਵਰ ਮਹਾਸੰਘ ਚੈਰੀਟੇਬਲ ਟਰੱਸਟ, ਪੰਚਕੂਲਾ ਅਤੇ ਪੰਜਾਬ ਰੈੱਡ ਕਰਾਸ, ਸ਼ਾਖਾ, ਚੰਡੀਗੜ੍ਹ ਅਤੇ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ, ਸੈਕਟਰ 16 ਦੀ ਟ੍ਰਾਂਸਫਿਊਜ਼ਨ ਮੈਡੀਸਨ ਟੀਮ ਨੇ ਸਾਂਝੇਦਾਰੀ ਨਾਲ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਉਣ ਲਈ ਖੂਨਦਾਨ ਕੈਂਪ ਦੇ ਇੱਕ ਨੇਕ ਉਪਰਾਲੇ ਵਜੋਂ ਸੇਵਾ ਕੀਤੀ।ਇਸ ਖੂਨਦਾਨ ਕੈਂਪ ਦਾ ਉਦਘਾਟਨ ਪ੍ਰੋ.(ਡਾ.) ਆਰ.ਸੀ. ਸੋਬਤੀ, ਪੰਜਾਬ ਯੂਨੀਵਰਸਿਟੀ ਦੇ ਸਾਬਕਾ ਵੀ.ਸੀ. , ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਉਪ-ਕੁਲਪਤੀ ਡਾ. ਪਰਵਿੰਦਰ ਸਿੰਘ ਨੇ ਕੀਤਾ ।ਸਮਾਗਮ ਦੌਰਾਨ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਨਿੱਜੀ ਤੌਰ 'ਤੇ ਖੂਨਦਾਨ ਕਰਕੇ ਇੱਕ ਮਿਸਾਲੀ ਉਦਮ ਕਾਇਮ ਕੀਤਾ। ਡਾ ਪੰਕਜ ਕੌਲ, ਡੀਨ ਯੂਨੀਵਰਸਿਟੀ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ਼ ਨੇ ਵਿਦਿਆਰਥੀਆਂ ਅਤੇ ਫੈਕਲਟੀ ਦੋਵਾਂ ਦੇ ਭਰਵੇਂ ਹੁੰਗਾਰੇ ਲਈ ਧੰਨਵਾਦ ਪ੍ਰਗਟ ਕੀਤਾ, ਜਿਸ ਵਿੱਚ 53 ਤੋਂ ਵੱਧ ਵਿਅਕਤੀਆਂ ਨੇ ਖੂਨਦਾਨ ਕਰਕੇ ਇਸ ਮਾਨਵਤਾਵਾਦੀ ਕਾਰਜ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕੀਤਾ।

ਇਸ ਮੌਕੇ ਆਰਬੀਯੂ ਦੇ ਰਜਿਸਟਰਾਰ, ਪ੍ਰੋ. (ਡਾ.) ਦਿਨੇਸ਼ ਸ਼ਰਮਾ ਨੇ ਵੀ ਖੂਨਦਾਨ ਕਰਕੇ ਖੂਨਦਾਨ ਕੈਂਪ ਵਿੱਚ ਯੋਗਦਾਨ ਪਾਇਆ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਸਮਾਗਮ ਵਿੱਚ ਪ੍ਰੋ. ਐਸ. ਕੋਲੀ ਅਤੇ ਪ੍ਰੋ. ਲਲਿਤ ਕੇ ਗੁਪਤਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜਰ ਸਨ।

# ਪੰਜਾਬ ਦੇ 'ਆਪ' ਆਗੂਆਂ ਵੱਲੋਂ ਸੁਨੀਤਾ ਕੇਜਰੀਵਾਲ ਨਾਲ ਮੁਲਾਕਾਤ



ਬੰਗਾ, ਨਵਾਂਸ਼ਹਿਰ (ਅਵਤਾਰ ਕਲੇਰ, ਕੁਲਵਿੰਦਰ ਸਿੰਘ ਦੁਰਗਾਪੁਰੀਆ) ਬੀਤੇ ਦਿਨੀਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਧਰਮਪਤਨੀ ਸੁਨੀਤਾ ਕੇਜਰੀਵਾਲ ਨਾਲ ਲੋਕ ਸਭਾ ਚੋਣਾਂ ਸੰਬੰਧੀ ਮੁਲਾਕਾਤ ਕੀਤੀ।ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਬੰਗਾ ਹਲਕੇ ਦੇ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਾਈਸ ਚੇਅਰਮੈਨ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਕਾਰਪੋਰੇਸ਼ਨ ਪੰਜਾਬ ਨੇ ਦੱਸਿਆ ਕਿ ਸੁਨੀਤਾ ਕੇਜਰੀਵਾਲ ਨੇ ਲੋਕ ਸਭਾ ਚੋਣਾਂ 'ਚ ਪਾਰਟੀ ਵਰਕਰਾਂ ਅਤੇ ਲੋਕਾਂ ਨਾਲ ਘਰ ਘਰ ਜਾ ਕੇ ਰਾਬਤਾ ਕਾਇਮ ਕੀਤਾ ਜਾਵੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕੀਤਾ ਜਾਵੇ ਤਾਂ ਪਾਰਟੀ ਦੇ ਉਮੀਦਵਾਰ ਵੱਧ ਤੋਂ ਵੱਧ ਜਿੱਤ ਪ੍ਰਾਪਤ ਕਰ ਸਕਣ।ਇਸ ਮੌਕੇ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ, ਸ਼੍ਰੀ ਅਨੰਦਪੁਰ ਸਾਹਿਬ ਤੋਂ ਪਾਰਟੀ ਦੇ ਉਮੀਦਵਾਰ ਮਲਵਿੰਦਰ ਸਿੰਘ ਕੰਗ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਪੰਜਾਬ ਦੇ ਇੰਚਾਰਜ ਜਰਨੈਲ ਸਿੰਘ ਵਿਧਾਇਕ, ਕੈਬਨਿਟ ਮੰਤਰੀ ਅਨਮੋਲ ਗਗਨ ਮਾਨ, ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ, ਸ਼੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾ. ਚਰਨਜੀਤ ਸਿੰਘ, ਰੂਪਨਗਰ ਤੋਂ ਵਿਧਾਇਕ ਦਿਨੇਸ਼ ਚੱਢਾ, ਬਲਾਚੌਰ ਤੋਂ ਵਿਧਾਇਕ ਸੰਤੋਸ਼ ਕਟਾਰੀਆ, ਹਲਕਾ ਨਵਾਂਸ਼ਹਿਰ ਦੇ ਇੰਚਾਰਜ਼ ਲਲਿਤ ਮੋਹਨ ਪਾਠਕ ਸਮੇਤ ਸਮੂਹ ਸੀਨੀਅਰ ਆਗੂ ਸਾਹਿਬਾਨ ਵੀ ਮੌਜੂਦ ਸਨ।

# ਵਿਸਾਖੀ ਨੂੰ ਸਮਰਪਿਤ ਸਰੀ ਵਿਖੇ ਫ੍ਰੀ ਦਸਤਾਰ ਸਿਖਲਾਈ ਕੈਂਪ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕੈਨੇਡਾ ਦੀ ਧਰਤੀ ਬ੍ਰਿਟਿਸ਼ ਕੋਲੰਬੀਆ ਦੇ ਵੱਡੇ ਸ਼ਹਿਰ ਵੈਨਕੂਵਰ ਅਤੇ ਸਰੀ ਵਿਖੇ ਵਿਸਾਖੀ ਨੂੰ ਸਮਰਪਿਤ ਇੰਟਰਨੈਸ਼ਨਲ ਪੱਧਰ 'ਤੇ ਸਜਾਏ ਗਏ ਨਗਰ ਕੀਰਤਨ ਮੌਕੇ ਸਿੱਖ ਮੋਟਰਸਾਈਕਲ ਕਲੱਬ ਸਰੀ ਕੈਨੇਡਾ ਵੱਲੋਂ ਐੱਨਆਰਆਈ ਵੀਰਾਂ ਦੇ ਸਹਿਯੋਗ ਨਾਲ ਵੱਖ-ਵੱਖ ਜਗ੍ਹਾ ਤੇ ਤਿੰਨ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਏ ਗਏ ।ਇਸ ਮੌਕੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਸ਼ਾਹਪੁਰੀਆਂ (ਗੁਰਦਾਸਪੁਰ) ਅਤੇ ਦਸਤਾਰ ਕੋਚ ਹਰਮਨ ਸਿੰਘ ਵੱਲੋਂ ਇਨ੍ਹਾਂ ਕੈਂਪਾਂ ਵਿੱਚ 1500 ਤੋਂ ਵੱਧ ਦਸਤਾਰਾਂ ਸਜਾਉਣ ਦੀ ਸੇਵਾ ਨਿਭਾਈ ਗਈ ।ਇਸ ਮੌਕੇ ਕੈਨੇਡਾ ਸਰਕਾਰ ਦੇ ਮੰਤਰੀ ਤੇ ਵੈਨਕੂਵਰ ਸਾਊਥ ਦੇ ਮੈਂਬਰ ਪਾਰਲੀਮੈਂਟ ਹਰਜੀਤ ਸਿੰਘ ਸੱਜਣ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ ।ਇਸ ਨਗਰ ਕੀਰਤਨ ਅਤੇ ਫ੍ਰੀ ਦਸਤਾਰ ਸਿਖਲਾਈ ਕੈਂਪ ਬਾਰੇ ਫੋਨ ਰਾਹੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਜੀਤ ਸਿੰਘ ਸ਼ਾਹਪੁਰੀਏ ਨੇ ਦੱਸਿਆ ਕਿ 13 ਅਪ੍ਰੈਲ ਨੂੰ ਵੈਨਕੂਵਰ ਵਿਖੇ ਸਜਾਏ ਗਏ ਨਗਰ ਕੀਰਤਨ ਵਿੱਚ ਕਰੀਬ 4 ਲੱਖ ਤੋਂ ਵੱਧ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਦੁਨੀਆ ਦੇ ਸਭ ਤੋਂ ਵੱਡੇ 20 ਅਪ੍ਰੈਲ ਨੂੰ ਸਰੀ ਦੇ ਗੁਰਦੁਆਰਾ ਦਸਮੇਸ਼ ਦਰਬਾਰ ਤੋਂ ਸਜਾਏ ਗਏ ਨਗਰ ਕੀਰਤਨ ਵਿੱਚ 10 ਲੱਖ ਦੇ ਕਰੀਬ ਵੱਖ-ਵੱਖ ਦੇਸ਼ਾਂ ਤੋਂ ਸੰਗਤਾਂ ਨੇ ਹਾਜ਼ਰੀ ਭਰੀ ।ਸਿਖਲਾਈ ਕੈਂਪ ਵਿੱਚ ਸਿੱਖਾਂ ਤੋਂ ਇਲਾਵਾ ਗੋਰਿਆਂ, ਬਜ਼ੁਰਗਾਂ, ਛੋਟੇ-ਵੱਡੇ ਬੱਚਿਆਂ ਅਤੇ ਸਿੱਖ ਬੀਬੀਆਂ ਨੇ ਬੜੀ ਸ਼ਰਧਾ ਨਾਲ ਆਪਣੇ ਸਿਰ 'ਤੇ ਦਸਤਾਰਾਂ ਸਜਾਈਆਂ ।ਨੌਜਵਾਨਾਂ ਨੂੰ ਫ੍ਰੀ ਦਸਤਾਰਾਂ ਵੀ ਵੰਡੀਆਂ ਗਈਆਂ।ਕੈਂਪ ਦੌਰਾਨ 10 ਦੇ ਕਰੀਬ ਨੌਜਵਾਨਾਂ ਨੇ ਨਸ਼ੇ ਤਿਆਗ ਕੇ ਕੇਸ ਅਤੇ ਦਾੜ੍ਹੀ ਰੱਖਣ ਦਾ ਪ੍ਰਣ ਵੀ ਲਿਆ ਹੈ ।ਇਸ ਮੌਕੇ ਕੈਨੇਡਾ ਸਰਕਾਰ ਦੇ ਮੰਤਰੀ ਹਰਜੀਤ ਸਿੰਘ ਸੱਜਣ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨੌਜਵਾਨਾਂ ਨੂੰ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਾਬਤ ਸੂਰਤ ਸਿੱਖੀ ਰੂਪ ਧਾਰਨ ਕਰਨਾ ਚਾਹੀਦਾ ਹੈ। ਉਨ੍ਹਾਂ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਦੀ ਸ਼ਲਾਘਾ ਕੀਤੀ। ਇਸ ਕੈਂਪ ਵਿੱਚ ਜਸਕਰਨ ਸਿੰਘ,ਪਾਲ ਸਿੰਘ ਅਤਿੰਦਰ ਪਾਲ ਸਿੰਘ, ਅਭਿਨਵ ਸ਼ਰਮਾ, ਅਭਿਸ਼ੇਕ ਸ਼ਰਮਾ, ਰਮੇਸ਼ ਸ਼ਰਮਾ ਆਦਿ ਵੀਰਾਂ ਵੱਲੋਂ ਵੀ ਸੇਵਾ ਨਿਭਾਈ ਗਈ ।

# ਸ੍ਰੀ ਰਾਮ ਗਾਊਸ਼ਾਲਾ 'ਚ ਹਨੂੰਮਾਨ ਜੈਅੰਤੀ ਮਨਾਈ

ਬਿਲਗਾ (ਵਿਜੇ ਕੁਮਾਰ)- ਸ੍ਰੀ ਰਾਮ ਗਾਊਸ਼ਾਲਾ ਬਿਲਗਾ ਪੱਤੀ ਭਲਾਈ ਵਿਖੇ ਹਨੂੰਮਾਨ ਜੈਅੰਤੀ ਬੜੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਈ ਗਈ। ਇਸ ਮੌਕੇ ਸੁੰਦਰ ਕਾਂਡ ਦਾ ਪਾਠ ਤੇ ਹਵਨ ਯੱਗ ਵੀ ਕਰਵਾਇਆ ਗਿਆ। ਮਾਧਵ ਪ੍ਰੇਮੀ ਲੁਧਿਆਣਾ ਵਾਲਿਆਂ ਨੇ ਭਜਨ ਗਾਏ। ਵੱਖ ਵੱਖ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ। ਹਨੂੰਮਾਨ ਅਖਾੜੇ ਵਿੱਚ ਪਹਿਲਵਾਨਾਂ ਦੀਆਂ ਕੁਸ਼ਤੀਆਂ ਵੀ ਕਰਵਾਈਆਂ। ਪਟਕੇ ਦੀ ਕੁਸ਼ਤੀ ਇੰਸਪੈਕਟਰ ਪ੍ਰੇਮ ਦਾਸ ਵੱਲੋਂ ਆਪਣੇ ਸਵਰਗੀ ਪਿਤਾ ਮਹੰਤ ਗੁਰਦਿਆਲ ਦਾਸ ਦੀ ਯਾਦ ਵਿੱਚ ਸਪਾਂਸਰ ਕੀਤੀ ਗਈ ਅਤੇ ਐਲਾਨ ਕੀਤਾ ਕਿ ਹਰ ਸਾਲ ਪਟਕੇ ਦੀ ਕੁਸ਼ਤੀ ਉਨ੍ਹਾਂ ਦੇ ਪਰਵਾਰ ਵਲੋਂ ਸਪਾਂਸਰ ਕੀਤੀ ਜਾਵੇਗੀ। ਸਾਰੀਆਂ ਪਟਕੇ ਦੀ ਕੁਸ਼ਤੀ ਅਭੀ ਜੋਸ਼ੀ ਅਤੇ ਪਠਾਨ ਸ਼ੰਕਰ ਵਿਚਕਾਰ ਖੇਡੀ ਗਈ ਤੇ ਪਟਕੇ ਦੀ ਕੁਸ਼ਤੀ ਦਾ ਤਾਜ ਅਭੀ ਜੋਸ਼ੀ ਸਿਰ ਸਜਿਆ। ਪਹਿਲਵਾਨਾਂ ਨੂੰ ਨਗਦ ਇਨਾਮ ਦਿੱਤੇ ਗਏ। ਸ੍ਰੀ ਰਾਮ ਗਾਊਸ਼ਾਲਾ ਵਿਚ ਇਕ ਕਮਿਊਨਿਟੀ ਹਾਲ ਬਣਾਇਆ ਗਿਆ ਹੈ ਜੋ ਕਿ ਆਮ ਪਬਲਿਕ ਲਈ ਫ਼ਰੀ ਵਰਤਣ ਲਈ ਹੈ। ਇਸ ਹਾਲ ਵਿਚ ਹਰ ਕੋਈ ਪ੍ਰੋਗਰਾਮ ਕਰਵਾ ਸਕਦਾ ਹੈ।





# ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਨੇ ਡਾ. ਰਾਜ ਦੇ ਹੱਕ 'ਚ ਕੀਤੀ ਵਿਸ਼ਾਲ ਰੈਲੀ



ਹੁਸ਼ਿਆਰਪੁਰ ( ਓਮ ਪ੍ਰਕਾਸ਼ ਰਾਣਾ ) ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ. ਰਾਜ ਕੁਮਾਰ ਦੇ ਹੱਕ ਵਿੱਚ ਟਾਂਡਾ ਦੇ ਪਿੰਡ ਸਾਹਿਬਾਜਪੁਰ ਵਿਖੇ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਹਰਮੀਤ ਸਿੰਘ ਔਲਖ ਦੀ ਅਗਵਾਈ ਹੇਠ ਇਕੱਠੇ ਹੋਏ ਹਜ਼ਾਰਾ ਨੌਜਵਾਨਾਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਡਾ. ਰਾਜ ਦੇ ਨਾਲ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਵੀ ਮੌਜੂਦ ਸਨ।ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਨੌਜਵਾਨਾਂ ਦੇ ਸਮੂਹ ਨੂੰ ਸੰਬੋਧਨ ਕਰਦਿਆਂ ਡਾ. ਰਾਜ ਨੇ ਕਿਹਾ ਕਿ 'ਆਪ' ਸਰਕਾਰ ਪੰਜਾਬ ਵਿੱਚ ਨੌਜਵਾਨਾਂ ਲਈ ਬਹੁਤ ਉਪਰਾਲੇ ਕਰ ਰਹੀ ਹੈ।ਸਰਕਾਰੀ ਨੌਕਰੀਆਂ ਦੇ ਨਾਲ-ਨਾਲ ਸਰਕਾਰ ਵੱਲੋਂ ਨਵੇਂ ਉਦਯੋਗ ਲਗਾ ਕੇ ਰੁਜ਼ਗਾਰ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਦੋਂ ਕੇਂਦਰ ਵਿੱਚ ਵੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਨੁਮਾਇੰਦਗੀ ਹੋਵੇਗੀ ਤਾਂ ਅਸੀਂ ਆਪਣੇ ਪੰਜਾਬ ਅਤੇ ਇਸ ਦੇ ਨੌਜਵਾਨਾਂ ਲਈ ਹੋਰ ਵੀ ਵਧੀਆ ਉਪਰਾਲੇ ਕਰ ਸਕਾਂਗੇ।ਇਸ ਮੌਕੇ ਹਰਮੀਤ ਸਿੰਘ ਔਲਖ ਨੇ ਸਾਹਿਬਾਜਪੁਰ ਨਿਵਾਸੀਆਂ ਦਾ ਪਹੁੰਚਣ 'ਤੇ ਡਾ. ਰਾਜ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਇਹ ਸਾਰੇ ਨੌਜਵਾਨ ਤੁਹਾਡੀ ਕਾਰਜਸ਼ੈਲੀ ਤੋਂ ਬਹੁਤ ਪ੍ਰਭਾਵਿਤ ਹੋਏ ਹਨ ਅਤੇ ਸਾਰੇ ਤੁਹਾਡੇ ਸਮਰਥਨ ਵਿੱਚ ਖੜੇ ਹਨ।ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਹੀ ਉਮੀਦਵਾਰ ਚੁਣਨ ਜੋ ਉਨ੍ਹਾਂ ਦੀ ਗੱਲ ਸੁਣੇ ਅਤੇ ਉਨ੍ਹਾਂ ਦੇ ਮੁੱਦੇ ਕੇਂਦਰ ਅੱਗੇ ਉਠਾਏ।

ਇਸ ਮੌਕੇ ਗੁਰਵਿੰਦਰ ਸਿੰਘ ਪਾਬਲਾ ਜ਼ਿਲ੍ਹਾ ਪ੍ਰਧਾਨ, ਕੇਸ਼ਵ, ਗੁਰਦੀਪ ਹੈਪੀ, ਕੁਲਦੀਪ ਮਿੰਟੂ, ਲਖਵੀਰ ਖਾਲਸਾ, ਜਸਵੰਤ ਮਠਾਰੂ, ਪ੍ਰੇਮ ਜੈਨ, ਸਤਨਾਮ ਪਟਵਾਰੀ, ਬਿੱਲਾ, ਸਾਬੀ ਕੋਟਲੀ, ਪਰਮਜੀਤ ਗਿੱਲ, ਹਰਪ੍ਰੀਤ ਹੈਰੀ, ਜਗਜੋਤ, ਗੋਲਡੀ ਵਰਮਾ ਤੋਂ ਇਲਾਵਾ ਸਾਹਿਬਾਜ਼ ਧੁੱਗਾ ਆਦਿ ਹਾਜ਼ਰ ਸਨ।

# ਗਿਆਨੀ ਦਿੱਤ ਸਿੰਘ ਦਾ ਜਨਮ ਦਿਨ ਉਤਸ਼ਾਹ ਨਾਲ ਮਨਾਇਆ



ਕਾਲਾ ਸੰਘਿਆਂ (ਮਨਜੀਤ ਮਾਨ) ਸ੍ਰੀ ਗੁਰੂ ਰਵਿਦਾਸ ਫੈਡਰੇਸ਼ਨ ਪੰਜਾਬ ਦੇ ਸਹਿਯੋਗ ਨਾਲ ਪਿੰਡ ਬੀਰਮੀ ਵਿਖੇ ਡਾ. ਭੀਮ ਰਾਓ ਅੰਬੇਡਕਰ ਇੰਟਰਨੈਸ਼ਨਲ ਸੰਗਠਨ ਵੱਲੋਂ ਸਿੱਖ ਕੌਮ ਦੇ ਕੋਹਿਨੂਰ ਹੀਰੇ ਗਿਆਨੀ ਦਿੱਤ ਸਿੰਘ ਦਾ ਜਨਮ ਦਿਨ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸੰਗਠਨ ਦੇ ਕੌਮੀ ਪ੍ਰਧਾਨ ਹਰਦੇਵ ਸਿੰਘ ਬੋਪਾਰਾਏ ਨੇ ਗਿਆਨੀ ਦਿੱਤ ਸਿੰਘ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੁਨੀਆ ਵਿੱਚ ਪੰਜਾਬੀ ਦੇ ਪਹਿਲੇ ਪ੍ਰੋਫੈਸਰ, ਗਿਆਨੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਪਹਿਲੇ ਵਿਦਿਆਰਥੀ, ਸਿੰਘ ਸਭਾ ਲਹਿਰ ਦੇ ਮੋਢੀ, ਪੰਜਾਬੀ ਪੱਤਰਕਾਰੀ ਦੇ ਪਿਤਾਮਾ, 51 ਸਾਲ ਦੀ ਉਮਰ ਵਿੱਚ 52 ਕਿਤਾਬਾਂ ਦੇ ਲਿਖਾਰੀ, ਖਾਲਸਾ ਕਾਲਜ ਅੰਮ੍ਰਿਤਸਰ ਦੇ ਸੰਸਥਾਪਕ ਮੈਂਬਰ ਰਹਿ ਚੁੱਕੇ ਸਨ। ਇਸ ਮੌਕੇ ਉਹਨਾਂ ਤੋਂ ਇਲਾਵ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਲਵੀਰ ਸਿੰਘ ਹੈਡ ਗ੍ਰੰਥੀ ਬਾਬਾ ਚਮਕੌਰ ਸਿੰਘ ਮੀਤ ਪ੍ਰਧਾਨ ਸ਼ੇਰ ਸਿੰਘ, ਹਰਦੇਵ ਸਿੰਘ ਬੀਰਮੀ, ਰਾਮ ਕ੍ਰਿਸ਼ਨ ਸਿੰਘ, ਜਸਵੰਤ ਸਿੰਘ, ਕਰਤਾਰ ਸਿੰਘ, ਮੇਜਰ ਸਿੰਘ, ਮੇਜਰ ਸਿੰਘ, ਬਲਵੀਰ ਸਿੰਘ, ਵੀਰਾ, ਗੁਰਮੀਤ ਸਿੰਘ, ਇਆਲੀ ਆਦਿ ਆਗੂ ਇਸ ਮੌਕੇ ਹਾਜ਼ਰ ਸਨ।

## ਸਤਲੁਜ ਦਰਿਆ ਤੇ ਬਿਸਤ ਦੁਆਬ ਨਹਿਰ 'ਚ ਨਹਾਉਣ ਦੀ ਮਨਾਹੀ

ਨਵਾਂਸ਼ਹਿਰ, (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟ੍ਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਪੈਂਦੇ ਦਰਿਆ ਸਤਲੁਜ ਅਤੇ ਬਿਸਤ ਦੁਆਬ ਨਹਿਰ 'ਚ ਨਹਾਉਣ 'ਤੇ ਪਾਬੰਦੀ ਲਗਾਈ ਹੈ।ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦੇ ਐਕਟ 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਨਾਲ ਕੀਤੀ ਇਹ ਮਨਾਹੀ, ਇਨ੍ਹਾਂ ਦੋਵਾਂ ਥਾਂਵਾਂ 'ਤੇ ਨਹਾਉਣ ਵਾਲਿਆਂ ਦੇ ਡੂੰਘੇ ਪਾਣੀ 'ਚ ਜਾਣ ਅਤੇ ਪਾਣੀ ਦੇ ਵਿੱਚ ਡੁੱਬਣ ਨਾਲ ਹੋਈਆਂ ਅਣਸੁਖਾਵੀਂਆਂ ਘਟਨਾਵਾਂ ਦੇ ਮੱਦੇਨਜ਼ਰ ਕੀਤੀ ਹੈ।ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਵਾਪਰਨ ਕਾਰਨ ਪਰਿਵਾਰ ਦੇ ਨਾਲ-ਨਾਲ ਜ਼ਿਲ੍ਹਾ ਪ੍ਰਸ਼ਾਸਨ ਵੀ ਦੁੱਖ ਮਹਿਸੂਸ ਕਰਦਾ ਹੈ, ਜਿਸ ਲਈ ਇਹ ਰੋਕ ਲਾਈ ਜਾਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਮੌਕੇ 'ਤੇ ਨਹਾਉਂਦਾ ਪਕੜਿਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਜ਼ਿਲ੍ਹਾ ਮੈਜਿਸਟ੍ਰੇਟ ਦੇ ਹੁਕਮਾਂ ਦੀ ਉਲੰਘਣਾ ਤਹਿਤ ਪੁਲਿਸ ਵਿਭਾਗ ਨੂੰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਹ ਹੁਕਮ 21 ਜੂਨ 2024 ਤੱਕ ਲਾਗੂ ਰਹਿਣਗੇ।

## ਕਰਨਵੀਰ ਸਿੰਘ ਚੰਦੀ ਵੱਲੋਂ ਕਾਲਾ ਸੰਘਿਆਂ 'ਚ ਆਪ ਵਲੰਟੀਅਰ ਨਾਲ ਮੀਟਿੰਗ



ਕਾਲਾ ਸੰਘਿਆਂ (ਮਨਜੀਤ ਮਾਨ) ਆ ਰਹੀਆਂ ਲੋਕ ਸਭਾ ਦੀਆਂ ਚੋਣਾਂ ਦੇ ਸੰਬੰਧ ਵਿੱਚ ਪਿੰਡ ਆਲਮਗੀਰ ਕਾਲਾ ਸੰਘਿਆਂ ਵਿੱਚ, ਕਰਨਵੀਰ ਸਿੰਘ ਚੰਦੀ ਵੱਲੋਂ ਆਪ ਵਲੰਟੀਅਰ ਨਾਲ ਨੁਕੜ ਮੀਟਿੰਗਾਂ ਕੀਤੀਆਂ ਗਈਆਂ। ਕਰਨਵੀਰ ਸਿੰਘ ਚੰਦੀ ਵੱਲੋਂ ਹਲਕਾ ਖਡੂਰ ਤੋਂ ਆਪ ਦੇ ਉਮੀਦਵਾਰ, ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਨੂੰ ਵੋਟਾਂ ਪਾ ਕੇ ਕਾਮਯਾਬ ਕਰਨ ਲਈ ਕਿਹਾ ਪ੍ਰੇਰਿਤ ਕੀਤਾ ਇਸ ਮੌਕੇ, ਨਰਿੰਦਰ ਸਿੰਘ ਸੰਘਾ, ਸਰਵਨ ਸਿੰਘ ਸੰਘਾ, ਸੁਲੱਖਣ ਸਿੰਘ ਬਿੱਲੂ ਸ਼ਹਿਰੀਆ, ਡਾ. ਬਲਕਾਰ ਸਿੰਘ ਲਾਲਕਾ ਜ਼ਿਲ੍ਹਾ ਜਨਰਲ ਸਕੱਤਰ ਵਿਮੁਕਤ ਜਾਤੀਆਂ, ਡੀ ਐਸ ਪੀ ਕਰਨੈਲ ਸਿੰਘ, ਦੌਲਤੀ ਰਾਮ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਦੇ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਨੂੰ ਭਾਰੀ ਲੀਡ ਨਾਲ ਜਿੱਤਾਉਣਗੇ ।

## ਠੰਢੀ ਮਿੱਠੀ ਲੱਸੀ ਦੇ ਲੰਗਰ ਲਗਾਏ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਬੇਆਸਰਿਆ ਦਾ ਆਸਰਾ ਸਰਬੱਤ ਭਲਾ ਆਸ਼ਰਮ ਪਿੰਡ ਨੰਦਾਚੌਰ ਵਿਖੇ ਪੂਰਨਮਾਸ਼ੀ ਦੇ ਦਿਹਾੜੇ ਸ਼ਰਧਾ ਪੂਰਵਕ ਮਨਾਏ ਗਏ।ਪਹਿਲਾਂ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋ ਸਹਿਜ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਸ੍ਰੀ ਓਮ ਦਰਬਾਰ ਨੰਦਾਚੌਰ ਦੇ ਥੜ੍ਹਾ ਸਾਹਿਬ ਦੇ ਬੀਬੀਆਂ ਦੇ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਭਾਈ ਸਾਹਿਬ ਸੰਦੀਪ ਸਿੰਘ ਨੇ ਵੀ ਇੱਕ ਸ਼ਬਦ ਦੀ ਹਾਜ਼ਰੀ ਲਗਵਾਈ। ਇਸ ਮੌਕੇ ਸੰਤ ਬਾਬਾ ਜਗੀਰ ਸਿੰਘ ਨੇ ਸੰਗਤਾਂ ਨੂੰ ਸਤਿਗੁਰੂ ਜੀ ਦੀ ਬਾਣੀ ਨਾਲ ਜੋੜਦਿਆਂ ਸੇਵਾ ਸਿਮਰਨ, ਪਰਉਪਕਾਰ ਕਰਦਿਆਂ ਜ਼ਿੰਦਗੀ ਜਿਉਣ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਡੇਰੇ ਦੇ ਸੇਵਾਦਾਰਾਂ ਵੱਲੋਂ ਠੰਡੀ ਮਿੱਠੀ ਲੱਸੀ ਦੇ ਲੰਗਰ ਲਗਾਏ ਗਏ। ਇਸ ਮੌਕੇ ਨਰਿੰਦਰ ਸਿੰਘ, ਸੰਦੀਪ ਸਿੰਘ, ਹਰਜਿੰਦਰ ਗੁਲੂ, ਰਾਣਾ, ਸੰਦੀਪ ਪਲੰਬਰ, ਹਰਮਨ ਸਿੰਘ, ਹੈਪੀ, ਵਰਿੰਦਰ ਕੁਮਾਰ, ਨਿਸ਼ੂ, ਮਨਜੀਤ, ਬਚਿੱਤਰ ਸਿੰਘ, ਅਮਰੀਕ ਸਿੰਘ, ਗੁਰਪ੍ਰੀਤ ਸਿੰਘ, ਗੁਰਤੇਜ ਸਿੰਘ, ਸੰਨੀ, ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।


ਜਨਮ ਦਿਨ ਮੁਬਾਰਕ



ਅਭੈ ਪ੍ਰਤਾਪ ਸਿੰਘ (ਅੰਮ੍ਰਿਤਸਰ)

ਵਰ੍ਹੇਗੰਢ ਮੁਬਾਰਕ



ਚਰਨਜੀਤ ਪੜਬੱਗਾ ਤੇ ਕਿਰਨ ਪੜਬੱਗਾ ਵਾਸੀ ਪਿੰਡ ਕੰਧਾਲਾ ਜੱਟਾਂ, ਹੁਸ਼ਿਆਰਪੁਰ ਨੇ ਵਿਆਹ ਦੀ 12ਵੀਂ ਵਰ੍ਹੇਗੰਢ ਮਨਾਈ।


# ਰਾਜੂ ਨਈਅਰ ਨੇ ਲਵ-ਕੁਸ਼ ਟਿਊਸ਼ਨ ਸੈਂਟਰ ਲਈ 1 ਲੱਖ ਰੁਪਏ ਦੇਣ ਦਾ ਕੀਤਾ ਐਲਾਨ




ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ) ਆਪਣੀ ਜਨਮ ਭੂਮੀ ਵਿਖੇ ਫੇਰੀ ਲਾਉਣ ਯੂ ਐਸ ਏ ਤੋਂ ਵਿਸ਼ੇਸ਼ ਤੌਰ 'ਤੇ ਨੂਰਮਹਿਲ ਪਹੁੰਚੇ ਦਿਨੇਸ਼ ਨਈਅਰ ਰਾਜੂ ਨੇ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਸਹਿਯੋਗ ਰਾਸ਼ੀ ਭੇਟ ਕੀਤੀ। ਮਹਾਂਰਿਸ਼ੀ ਵਾਲਮੀਕਿ ਮੰਦਰ ਵਾਲਮੀਕਿ ਗੇਟ ਨੂਰਮਹਿਲ ਵਿਖੇ ਮਨੀਸ਼ ਗਿੱਲ ਕਾਲੀ ਦੀ ਪ੍ਰਧਾਨਗੀ ਹੇਠ ਚਲਾਏ ਜਾ ਰਹੇ ਟਿਊਸ਼ਨ ਸੈਂਟਰ ਲਈ ਉਹਨਾਂ ਨੇ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਤਾਂ ਜੋ ਟਿਊਸ਼ਨ ਪੜ੍ਹ ਰਹੇ ਵਿਦਿਆਰਥੀਆਂ ਨੂੰ ਚੰਗੀਆਂ ਵਿਦਿਅਕ ਸੁਵਿਧਾਵਾਂ ਦਿੱਤੀਆਂ ਜਾ ਸਕਣ।ਇਸ ਤੋਂ ਪਹਿਲਾਂ ਵਾਲਮੀਕੀ ਨੌਜਵਾਨ ਸਭਾ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਸਮਾਜ ਸੇਵੀ ਰਜਿੰਦਰ ਕਾਲੜਾ ਨੇ ਦਿਨੇਸ਼ ਨਈਅਰ ਰਾਜੂ ਨੂੰ ਦੱਸਿਆ ਕਿ ਇਸ ਟਿਊਸ਼ਨ ਸੈਂਟਰ ਵਿੱਚ ਪੜ੍ਹਾਈ ਦੀ ਸੁਵਿਧਾ ਬਿਲਕੁਲ ਫਰੀ ਦਿੱਤੀ ਜਾ ਰਹੀ ਹੈ।ਅਖੀਰ ਵਿੱਚ ਵਾਲਮੀਕਿ ਨੌਜਵਾਨ ਸਭਾ ਵੱਲੋਂ ਨਈਅਰ ਨੂੰ ਮਹਾਂਰਿਸ਼ੀ ਵਾਲਮੀਕ ਜੀ ਦਾ ਇੱਕ ਮਨਮੋਹਕ ਚਿੱਤਰ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਕੌਂਸਲਰ ਜੰਗ ਬਹਾਦਰ ਕੋਹਲੀ, ਕੌਂਸਲਰ ਨੰਦ ਕਿਸ਼ੋਰ ਗਿੱਲ, ਬੱਬੂ ਗਿੱਲ, ਦਿਨੇਸ਼ ਗਿੱਲ, ਟੇਕ ਚੰਦ ਢੀਗੜਾ, ਰਾਜਕੁਮਾਰ ਸਹੋਤਾ, ਆਸ਼ੀਸ਼ ਗਿੱਲ, ਮਨੀਸ਼ ਗਿੱਲ ਕਾਲੀ ਤੋਂ ਇਲਾਵਾ ਟਿਊਸ਼ਨ ਪੜ੍ਹਾਉਣ ਵਾਲੀਆਂ ਅਧਿਆਪਕਾਂਵਾਂ ਅਤੇ ਵਿਦਿਆਰਥੀ ਹਾਜ਼ਰ ਸਨ।

# ਬਹੁਜਨ ਸਮਾਜ ਨੂੰ ਆਪਣੀ ਤਾਕਤ ਪਛਾਨਣ ਦੀ ਲੋੜ : ਗੜ੍ਹੀ



ਬੰਗਾ (ਅਵਤਾਰ ਕਲੇਰ) ਬਹੁਜਨ ਸਮਾਜ ਪਾਰਟੀ ਦੇ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਬਹੁਜਨ ਸਮਾਜ ਨੂੰ ਆਪਣੀ ਤਾਕਤ ਦੀ ਪਹਿਚਾਣ ਕਰਨ ਦੀ ਜ਼ਰੂਰਤ ਹੈ ਕਿਉਂਕਿ ਚੋਣਾਂ 'ਚ ਬਹੁਤ ਥੋੜ੍ਹਾ ਸਮਾਂ ਰਹਿ ਗਿਆ ਹੈ ਇਸ ਲਈ ਸਾਨੂੰ ਹਰੇਕ ਗਲੀ ਮੁਹੱਲੇ ਅਤੇ ਘਰ ਘਰ ਜਾਣਾ ਪੈਣਾ ਹੈ। ਹਰੇਕ ਵੋਟਰ ਤੱਕ ਪਹੁੰਚ ਕਰਨ ਦੀ ਜ਼ਰੂਰਤ ਹੈ।ਆਪਣੇ ਲੋਕਾਂ ਵਿੱਚ ਇਹ ਗੱਲ ਦੱਸੋਂ ਕਿ ਇਸ ਵਾਰ ਪ੍ਰਧਾਨ ਮੰਤਰੀ ਭੈਣ ਮਾਇਆਵਤੀ ਜੀ ਨੂੰ ਬਣਾਉਣਾ ਹੈ। ਕਿਉਂਕਿ ਆਜ਼ਾਦੀ ਤੋਂ ਲੈਕੇ ਹੁਣ ਤੱਕ ਕਿਸੇ ਦਲਿਤ ਨੂੰ ਪ੍ਰਧਾਨ ਮੰਤਰੀ ਨਹੀਂ ਬਣਾਇਆ ਇਸ ਲਈ ਹੁਣ ਸਾਰੀ ਜ਼ੁਮੇਵਾਰੀ ਵਰਕਰਾਂ ਦੀ ਹੈ ਕਿ ਉਹ ਕਿਸੇ ਨਾਂ ਕਿਸੇ ਤਰ੍ਹਾਂ ਵੋਟਾਂ ਆਪਣੀਂ ਪਾਰਟੀ ਨੂੰ ਪਾਵਾਉਣ ਲਈ ਕਮਰਕਸੇ ਕਸ ਲੈਣ। ਉਨ੍ਹਾਂ ਦਾ ਕਹਿਣਾ ਸੀ ਕਿ ਕਿਸੇ ਵਰਕਰ ਵਿੱਚੋਂ ਹੀ ਤੁਹਾਡੇ ਉਮੀਦਵਾਰ ਹੋਣਗੇ।ਡਾ. ਨਛੱਤਰ ਪਾਲ ਐਮ ਐਲ ਏ ਹਲਕਾ ਨਵਾਂਸ਼ਹਿਰ ਨੇ ਕਿਹਾ ਕਿ ਬਸਪਾ ਦੇਸ਼ ਵਿੱਚ ਤੀਸਰੇ ਨੰਬਰ ਦੀ ਪਾਰਟੀ ਹੈ। ਸਾਹਿਬ ਸ਼੍ਰੀ ਕਾਂਸ਼ੀ ਰਾਮ ਜੀ ਨੇ ਆਪਣੀ ਪਾਰਟੀ ਖਾਤਰ ਬਹੁਤ ਸੰਘਰਸ਼ ਕੀਤਾ ਹੈ। ਇਸ ਮੌਕੇ ਪ੍ਰਵੀਨ ਬੰਗਾ ਇੰਚਾਰਜ ਹਲਕਾ ਬੰਗਾ, ਮਨੋਹਰ ਕਮਾਮ ਸਰਪੰਚ,ਜੈ ਪਾਲ ਸੁੰਡਾ ਪ੍ਰਧਾਨ ਬਸਪਾ ਹਲਕਾ ਬੰਗਾ, ਵਿਜੇ ਗੁਣਾਚੌਰ ਜਿਲ੍ਹਾ ਸਕੱਤਰ, ਮਿਸ਼ਨਰੀ ਲੇਖਕ ਸਤਪਾਲ ਸਾਹਲੋ, ਹਰਮੇਸ਼ ਵਿਰਦੀ ਸਾਬਕਾ ਚੇਅਰਮੈਨ ਬਲਾਕ ਸੰਮਤੀ ਬੰਗਾ ,ਪ੍ਰਕਾਸ਼ ਚੰਦ ਸ਼ਹਿਰੀ ਪ੍ਰਧਾਨ ਬਸਪਾ ਬੰਗਾ, ਸੁਰਜੀਤ ਸਿੰਘ ਝਿੰਗੜ, ਸੁਰਿੰਦਰ ਸਿੰਘ ਛਿੰਦਾ, ਪ੍ਰਕਾਸ਼ ਚੰਦ ਫਰਾਲਾ, ਚਰਨਜੀਤ ਮੰਢਾਲੀ , ਰਾਮੇਸ਼ ਚੱਕ ਕਲਾਲ, ਅਸ਼ੋਕ ਕੁਮਾਰ ਸਰਪੰਚ ਖੋਥੜਾ, ਧਰਮਪਾਲ ਤਲਵੰਡੀ, ਇੰਦਰਜੀਤ ਅਟਾਰੀ, ਮਹੇਸ਼ ਅਟਾਰੀ, ਚਰਨਜੀਤ ਲੰਬਰਦਾਰ, ਮਿਸ਼ਨਰੀ ਗਾਇਕ ਰਾਜ ਦਦਰਾਲ,ਕੋਚ ਸਾਹਿਬ ਦੀਸ਼ਾ, ਗੁਰਦਿਆਲ, ਦੁਸਾਂਝ,ਸੋਹਣ ਸਹਿਜਲ, ਤੀਰਥ ਸਿੰਘ ਭਰੋਮਜਾਰਾ, ਕੁਲਦੀਪ ਬਹਿਰਾਮ, ਸਤਨਾਮ ਸਿੰਘ, ਸਤਪਾਲ ਸਿੰਘ ਅਤੇ ਹੋਰ ਬਹੁਤ ਸਾਰੇ ਪਾਰਟੀ ਵਰਕਰ ਹਾਜ਼ਰ ਸਨ।